ਸੋਮਵਾਰ, 29 ਜਨਵਰੀ, 2024
16 ਮਾਘ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 239

# ਨਵਾਂ ਜ਼ਮਾਨਾ

DAILY NAWAN ZAMANA • MONDAY, 29 JANUARY, 2024 — ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

# ਗਿਰਗਿਟ ਤਾਂ ਐਵੇਂ ਬਦਨਾਮ

**ਅਬ ਮਰ ਜਾਨਾ ਕੁਬੂਲ ਹੈ, ਲੇਕਿਨ ਬੀ ਜੇ ਪੀ ਕੇ ਸਾਥ ਜਾਨਾ ਕਭੀ ਕੁਬੂਲ ਨਹੀਂ ਹੈ।**

(ਇਹ ਬਿਆਨ 30 ਜਨਵਰੀ 2023 ਨੂੰ ਪਟਨਾ ਦੇ ਗਾਂਧੀ ਘਾਟ 'ਤੇ ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ ਦੇਣ ਪਹੁੰਚੇ ਨਿਤੀਸ਼ ਕੁਮਾਰ ਨੇ ਦਿੱਤਾ ਸੀ।)

## ਨਿਤੀਸ਼ ਨੌਵੀਂ ਵਾਰ ਮੁੱਖ ਮੰਤਰੀ, ਭਾਜਪਾ ਦੇ ਦੋ ਉਪ ਮੁੱਖ ਮੰਤਰੀਆਂ ਤੇ 6 ਮੰਤਰੀਆਂ ਨੇ ਵੀ ਸਹੁੰ ਚੁੱਕੀ



**ਪਟਨਾ :** ਨਿਤੀਸ਼ ਕੁਮਾਰ ਨੇ ਐਤਵਾਰ ਸ਼ਾਮ ਨੌਵੀਂ ਵਾਰ ਬਿਹਾਰ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ। ਰਾਜਪਾਲ ਰਜਿੰਦਰ ਵਿਸ਼ਵਨਾਥ ਆਰਲੇਕਰ ਨੇ ਉਨ੍ਹਾ ਤੋਂ ਇਲਾਵਾ ਭਾਜਪਾ ਦੇ ਸੂਬਾ ਪ੍ਰਧਾਨ ਸਮਰਾਟ ਚੌਧਰੀ ਤੇ ਆਪੋਜ਼ੀਸ਼ਨ ਆਗੂ ਰਹੇ ਵਿਜੇ ਸਿਨਹਾ ਨੂੰ ਉਪ ਮੁੱਖ ਮੰਤਰੀ ਵਜੋਂ ਸਹੁੰ ਚੁਕਾਈ। ਇਨ੍ਹਾਂ ਤੋਂ ਇਲਾਵਾ ਭਾਜਪਾ ਦੇ ਡਾ. ਪ੍ਰੇਮ ਕੁਮਾਰ ਅਤੇ ਜਨਤਾ ਦਲ (ਯੂ) ਦੇ ਬਿਜੇਂਦਰ ਪ੍ਰਸਾਦ, ਸ਼੍ਰਵਣ ਕੁਮਾਰ ਤੇ ਵਿਜੇ ਕੁਮਾਰ ਚੌਧਰੀ, ਹਿੰਦੁਸਤਾਨੀ ਆਵਾਮ ਮੋਰਚਾ (ਸੈਕੂਲਰ) ਦੇ ਸੰਤੋਸ਼ ਕੁਮਾਰ ਸੁਮਨ ਤੇ ਆਜ਼ਾਦ ਸੁਮਿਤ ਸਿੰਘ ਨੇ ਮੰਤਰੀਆਂ ਵਜੋਂ ਸਹੁੰ ਚੁੱਕੀ। ਰਾਜ ਭਵਨ ਵਿਚ ਮੋਦੀ-ਮੋਦੀ ਦੇ ਨਾਅਰੇ ਵੀ ਲੱਗੇ। ਸਹੁੰ ਚੁੱਕ ਸਮਾਗਮ ਵਿਚ ਭਾਜਪਾ ਪ੍ਰਧਾਨ ਜੇ ਪੀ ਨੱਢਾ ਤੇ ਲੋਕ ਜਨਸ਼ਕਤੀ ਪਾਰਟੀ (ਰਾਮ ਵਿਲਾਸ) ਦੇ ਪ੍ਰਧਾਨ ਚਿਰਾਗ ਪਾਸਵਾਨ ਵੀ ਮੌਜੂਦ ਸਨ।

ਇਸ ਤੋਂ ਪਹਿਲਾਂ ਨਿਤੀਸ਼ ਨੇ ਦਿਨੇ ਰਾਜਪਾਲ ਨੂੰ ਅਸਤੀਫਾ ਦਿੱਤਾ ਤੇ ਕਿਹਾ ਕਿ ਰਾਜਦ ਦੀ ਅਗਵਾਈ ਵਾਲਾ ਮਹਾਂਗੱਠਬੰਧਨ ਠੀਕ ਨਹੀਂ ਚੱਲ ਰਿਹਾ ਸੀ। ਭਾਜਪਾ ਦੀ ਬੈਠਕ ਵਿਚ ਸਮਰਾਟ ਚੌਧਰੀ ਨੂੰ ਵਿਧਾਇਕ ਦਲ ਦਾ ਆਗੂ ਚੁਣਿਆ ਗਿਆ। ਫਿਰ ਭਾਜਪਾ ਵਿਧਾਇਕ ਹਮਾਇਤ ਦਾ ਪੱਤਰ ਲੈ ਕੇ ਨਿਤੀਸ਼ ਕੋਲ ਪੁੱਜੇ ਤੇ ਨਿਤੀਸ਼ ਨੇ 128 ਹਮਾਇਤੀ ਵਿਧਾਇਕਾਂ ਦਾ ਪੱਤਰ ਰਾਜਪਾਲ ਨੂੰ ਸੌਂਪਿਆ। ਅਸੰਬਲੀ 243 ਮੈਂਬਰਾਂ ਦੀ ਹੈ।

ਨਿਤੀਸ਼ 2000 ਵਿਚ ਪਹਿਲੀ ਵਾਰ ਸੱਤਾ ਵਿਚ ਆਏ ਸਨ ਤੇ ਉਦੋਂ ਸਰਕਾਰ 7 ਦਿਨ ਹੀ ਚੱਲੀ ਸੀ। 2005 ਵਿਚ ਲਾਲੂ ਦੇ 'ਜੰਗਲਰਾਜ' ਨੂੰ ਮੁੱਦਾ ਬਣਾ ਕੇ ਐੱਨ ਡੀ ਏ ਨਾਲ ਮਿਲ ਕੇ ਚੋਣ ਲੜੀ ਤੇ ਦੂਜੀ ਵਾਰ ਮੁੱਖ ਮੰਤਰੀ ਬਣੇ। 2010 ਵਿਚ ਐੱਨ ਡੀ ਏ ਨਾਲ ਮਿਲ ਕੇ ਤੀਜੀ ਵਾਰ ਸੱਤਾ ਵਿਚ ਆਏ। 2013 ਵਿਚ ਭਾਜਪਾ ਨੇ 2014 ਦੀਆਂ ਲੋਕ ਸਭਾ ਚੋਣਾਂ ਲਈ ਨਰਿੰਦਰ ਮੋਦੀ ਨੂੰ ਪ੍ਰਧਾਨ ਮੰਤਰੀ ਦਾ ਚਿਹਰਾ ਬਣਾਇਆ ਤਾਂ ਨਿਤੀਸ਼ ਨਾਰਾਜ਼ ਹੋ ਗਏ ਅਤੇ ਭਾਜਪਾ ਨਾਲੋਂ ਨਾਤਾ ਤੋੜ ਲਿਆ। ਲੋਕ ਸਭਾ ਚੋਣਾਂ ਵਿਚ ਖਾਸ ਸਫਲਤਾ ਨਾ ਮਿਲੀ ਤਾਂ ਅਹੁਦਾ ਛੱਡ ਦਿੱਤਾ ਤੇ ਜੀਤਨ ਰਾਮ ਮਾਂਝੀ ਨੂੰ ਮੁੱਖ ਮੰਤਰੀ ਬਣਾ ਦਿੱਤਾ। ਮਾਂਝੀ ਨੇ ਬਚਿਆ ਕਾਰਜਕਾਲ ਪੂਰਾ ਕੀਤਾ। 2015 ਵਿਚ ਲਾਲੂ ਦੀ ਪਾਰਟੀ ਰਾਜਦ ਤੇ ਕਾਂਗਰਸ ਨਾਲ ਮਹਾਂਗੱਠਬੰਧਨ ਬਣਾਇਆ ਤੇ ਪੰਜਵੀਂ ਵਾਰ ਮੁੱਖ ਮੰਤਰੀ ਬਣ ਗਏ। ਤੇਜਸਵੀ ਯਾਦਵ ਨੂੰ ਉਪ ਮੁੱਖ ਮੰਤਰੀ ਬਣਾਇਆ। 2017 ਵਿਚ ਤੇਜਸਵੀ 'ਤੇ ਸੀ ਬੀ ਆਈ ਛਾਪਿਆਂ ਤੋਂ ਬਾਅਦ ਮਹਾਂਗੱਠਬੰਧਨ ਤੋੜ ਕੇ ਭਾਜਪਾ ਨਾਲ ਮਿਲ ਕੇ ਛੇਵੀਂ ਵਾਰ ਮੁੱਖ ਮੰਤਰੀ ਬਣੇ। 2019 ਦੀਆਂ ਲੋਕ ਸਭਾ ਚੋਣਾਂ ਵਿਚ ਭਾਜਪਾ ਨਾਲ ਮਿਲ ਕੇ ਲੜੇ ਅਤੇ ਐੱਨ ਡੀ ਏ ਨੇ 40 ਵਿੱਚੋਂ 39 ਸੀਟਾਂ ਜਿੱਤੀਆਂ। ਇਕ ਸਾਲ ਬਾਅਦ 2020 ਦੀਆਂ ਅਸੰਬਲੀ ਚੋਣਾਂ ਵਿਚ ਐੱਨ ਡੀ ਏ ਵਿਚ ਹੀ ਰਹੇ। ਸੀਟਾਂ ਘੱਟ ਮਿਲੀਆਂ, ਪਰ ਭਾਜਪਾ ਨੇ ਨਿਤੀਸ਼ ਨੂੰ ਹੀ ਸੱਤਵੀਂ ਵਾਰ ਮੁੱਖ ਮੰਤਰੀ ਬਣਾਇਆ। ਦੋ ਸਾਲ ਬਾਅਦ 2022 ਵਿਚ ਐੱਨ ਡੀ ਏ ਨਾਲੋਂ ਅੱਡ ਹੋ ਗਏ ਤੇ ਰਾਜਦ ਨਾਲ ਮਿਲ ਕੇ ਸਰਕਾਰ ਬਣਾ ਲਈ। ਉਦੋਂ ਅੱਠਵੀਂ ਵਾਰ ਮੁੱਖ ਮੰਤਰੀ ਬਣੇ। ਇਹ ਸਰਕਾਰ ਵੀ ਕਰੀਬ ਡੇਢ ਸਾਲ ਹੀ ਟਿਕ ਸਕੀ।

# ਅਸੰਬਲੀ ਚੋਣਾਂ 'ਚ ਨਿਤੀਸ਼ ਨੂੰ 20 ਸੀਟਾਂ ਵੀ ਨਹੀਂ ਮਿਲਣੀਆਂ : ਪ੍ਰਸ਼ਾਂਤ ਕਿਸ਼ੋਰ



**ਪਟਨਾ :** ਸਿਆਸੀ ਰਣਨੀਤੀਕਾਰ ਪ੍ਰਸ਼ਾਂਤ ਕਿਸ਼ੋਰ ਨੇ ਨਿਤੀਸ਼ ਕੁਮਾਰ ਨੂੰ ਚਾਲਬਾਜ਼ ਕਰਾਰ ਦਿੰਦਿਆਂ ਕਿਹਾ ਕਿ ਉਹ ਬਿਹਾਰ ਦੇ ਲੋਕਾਂ ਨੂੰ ਬੇਵਕੂਫ ਬਣਾ ਰਹੇ ਹਨ। ਉਨ੍ਹਾ ਇਹ ਵੀ ਕਿਹਾ ਕਿ ਨਿਤੀਸ਼ ਦਾ ਭਾਜਪਾ ਨਾਲ ਗੱਠਜੋੜ 2025 ਵਿਚ ਹੋਣ ਵਾਲੀਆਂ ਅਸੰਬਲੀ ਚੋਣਾਂ ਤੱਕ ਨਹੀਂ ਨਿਭੇਗਾ। ਉਹ ਅਸੰਬਲੀ ਚੋਣ ਭਾਜਪਾ ਨਾਲ ਜਾਂ ਰਾਜਦ ਨਾਲ ਮਿਲ ਕੇ ਲੜਨ, ਉਨ੍ਹਾ ਦੀ ਪਾਰਟੀ ਨੂੰ 20 ਸੀਟਾਂ ਵੀ ਨਹੀਂ ਮਿਲਣੀਆਂ। ਜੇ 20 ਤੋਂ ਵੱਧ ਮਿਲ ਗਈਆਂ ਤਾਂ ਉਹ (ਪ੍ਰਸ਼ਾਂਤ) ਆਪਣੇ ਕੰਮ ਤੋਂ ਸੰਨਿਆਸ ਲੈ ਲੈਣਗੇ, ਲਿਖ ਕੇ ਰੱਖ ਲਓ। ਬਿਹਾਰ ਦੇ ਲੋਕ ਨਿਤੀਸ਼ ਨੂੰ ਵਿਆਜ ਸਣੇ ਭਾਜੀ ਮੋੜਨਗੇ। ਅਸੰਬਲੀ ਚੋਣਾਂ ਵਿਚ ਰਾਜਦ ਨੂੰ ਬਹੁਮਤ ਮਿਲ ਸਕਦਾ ਹੈ।

ਉਨ੍ਹਾ ਅੱਗੇ ਕਿਹਾ—ਇਸ ਵੇਲੇ ਬਿਹਾਰ ਵਿਚ ਦੋ ਧਿਰਾਂ ਹਨ। ਇਕ ਭਾਜਪਾ ਦੀ ਹਮਾਇਤ ਵਾਲਾ ਨਿਤੀਸ਼ ਦਾ ਚਿਹਰਾ ਤੇ ਦੂਜੀ ਰਾਜਦ ਤੇ ਹੋਰ ਪਾਰਟੀਆਂ। ਬਿਹਾਰ ਅਸੰਬਲੀ ਚੋਣਾਂ ਵਰਤਮਾਨ ਸਮੀਕਰਨ ਮੁਤਾਬਕ ਨਹੀਂ ਹੋਣਗੀਆਂ। ਉਸ ਤੋਂ ਪਹਿਲਾਂ ਕਈ ਕੌਤਕ ਹੋਣਗੇ। ਲੋਕ ਸਭਾ ਚੋਣਾਂ ਦੇ ਛੇ ਮਹੀਨਿਆਂ ਬਾਅਦ ਇਹ ਕੌਤਕ ਹੋਣਗੇ। ਉਦੋਂ ਤੱਕ ਭਾਜਪਾ-ਨਿਤੀਸ਼ ਦਾ ਗੱਠਜੋੜ ਚਲਦਾ ਰਹੇਗਾ।

ਉਨ੍ਹਾ ਕਿਹਾ—ਜੇ ਤੁਸੀਂ ਮੇਰੇ ਪਿਛਲੇ ਇਕ ਸਾਲ ਦੇ ਬਿਆਨ ਪੜ੍ਹੇ ਹੋਣ ਤਾਂ ਤੁਸੀਂ ਦੇਖੋਗੇ ਕਿ ਮੈਂ ਹੀ ਇਕੱਲਾ ਸੀ, ਜਿਹੜਾ ਕਹਿ ਰਿਹਾ ਸੀ ਕਿ ਨਿਤੀਸ਼ ਕਿਸੇ ਵੇਲੇ ਵੀ ਪਲਟੀ ਮਾਰ ਸਕਦੇ ਹਨ, ਪਰ ਅੱਜ ਦੇ ਘਟਨਾਕ੍ਰਮ ਤੋਂ ਬਾਅਦ ਸਾਬਤ ਹੋ ਗਿਆ ਕਿ ਨਰਿੰਦਰ ਮੋਦੀ ਤੇ ਅਮਿਤ ਸ਼ਾਹ ਵੀ ਪਲਟੂ ਰਾਮ ਅੱਲ ਲਈ ਠੀਕ ਹਨ।

## ਲੋਕਾਂ ਨਾਲ ਵਿਸ਼ਵਾਸਘਾਤ : ਕਾਂਗਰਸ

**ਨਵੀਂ ਦਿੱਲੀ :** ਕਾਂਗਰਸ ਨੇ ਕਿਹਾ ਕਿ ਨਿਤੀਸ਼ ਕੁਮਾਰ ਨੇ ਰੰਗ ਬਦਲਣ 'ਚ 'ਗਿਰਗਿਟ' ਨੂੰ ਵੀ ਪਿੱਛੇ ਛੱਡ ਦਿੱਤਾ ਹੈ। ਬਿਹਾਰ ਦੇ ਲੋਕ ਨਿਤੀਸ਼ ਕੁਮਾਰ ਨੂੰ ਉਨ੍ਹਾ ਦੇ ਇਸ ਵਿਸ਼ਵਾਸਘਾਤ ਲਈ ਕਦੇ ਮੁਆਫ ਨਹੀਂ ਕਰਨਗੇ। ਕਾਂਗਰਸ ਆਗੂ ਜੈਰਾਮ ਰਮੇਸ਼ ਨੇ ਕਿਹਾ ਕਿ ਸਾਫ ਹੈ ਕਿ ਇਹ ਸਾਰਾ 'ਸਿਆਸੀ ਡਰਾਮਾ' ਭਾਰਤ ਜੋੜੋ ਨਿਆਏ ਯਾਤਰਾ ਤੋਂ ਧਿਆਨ ਵੰਡਾਉਣ ਲਈ ਕੀਤਾ ਗਿਆ ਹੈ। ਸਾਫ ਹੋ ਗਿਆ ਹੈ ਕਿ ਪ੍ਰਧਾਨ ਮੰਤਰੀ ਤੇ ਭਾਜਪਾ ਰਾਹੁਲ ਗਾਂਧੀ ਦੀ ਅਗਵਾਈ 'ਚ ਕੱਢੀ ਜਾ ਰਹੀ ਯਾਤਰਾ ਤੋਂ ਡਰਦੇ ਹਨ, ਜੋ ਜਲਦੀ ਹੀ ਬਿਹਾਰ ਵਿਚ ਦਾਖਲ ਹੋਣ ਜਾ ਰਹੀ ਹੈ। ਰਮੇਸ਼ ਨੇ ਕਿਹਾ—ਨਿਤੀਸ਼ ਕੁਮਾਰ, ਜੋ ਅਕਸਰ ਆਪਣੇ ਸਿਆਸੀ ਭਾਈਵਾਲ ਬਦਲਦੇ ਰਹਿੰਦੇ ਹਨ, ਨੇ ਰੰਗ ਬਦਲਣ ਵਿਚ ਗਿਰਗਿਟ ਨੂੰ ਵੀ ਮਾਤ ਪਾ ਦਿੱਤੀ ਹੈ।

## ਫਿਰ ਕੁੰਜ ਲਾਹੀ : ਰੋਹਿਣੀ



**ਪਟਨਾ :** ਲਾਲੂ ਦੀ ਬੇਟੀ ਰੋਹਿਣੀ ਆਚਾਰੀਆ ਨੇ ਆਪਣੇ ਪਿਤਾ ਦੀ 2017 ਦੀ ਪੋਸਟ ਸਾਂਝੀ ਕੀਤੀ ਹੈ, ਜਿਸ ਵਿਚ ਲਾਲੂ ਨੇ ਨਿਤੀਸ਼ ਦੀ ਤੁਲਨਾ ਸੱਪ ਨਾਲ ਕੀਤੀ ਸੀ। ਲਾਲੂ ਨੇ ਕਿਹਾ ਸੀ—ਨਿਤੀਸ਼ ਕੁਮਾਰ ਸੱਪ ਵਰਗਾ ਹੈ। ਜਿਵੇਂ ਸੱਪ ਕੁੰਜ ਲਾਹੁੰਦਾ ਹੈ, ਨਿਤੀਸ਼ ਵੀ ਹਰ ਦੋ ਸਾਲ ਬਾਅਦ ਕੁੰਜ ਲਾਹੁੰਦਾ ਹੈ। ਕਿਸੇ ਨੂੰ ਕੋਈ ਸ਼ੱਕ ? ਰੋਹਿਣੀ ਨੇ ਐਤਵਾਰ ਕਿਹਾ ਕਿ ਕੂੜਾ ਮੁੜ ਕੂੜੇਦਾਨ ਵਿਚ ਚਲੇ ਗਿਆ। ਕੂੜੇਦਾਨ ਨੂੰ ਸਭ ਤੋਂ ਬਦਬੂਦਾਰ ਕੂੜੇ ਨੂੰ ਸਮਾਉਣ ਲਈ ਵਧਾਈਆਂ।

## ਅਯੁੱਧਿਆ ਬਨਾਮ ਪਟਨਾ

**ਨਵੀਂ ਦਿੱਲੀ :** ਰਾਜ ਸਭਾ ਦੇ ਮੈਂਬਰ ਕਪਿਲ ਸਿੱਬਲ ਨੇ ਕਿਹਾ ਕਿ ਅਯੁੱਧਿਆ ਵਿਚ ਰਾਮ ਲੱਲਾ ਦੀ ਪ੍ਰਾਣ ਪ੍ਰਤਿਸ਼ਠਾ ਵੇਲੇ ਰਾਮ ਰਾਜ ਦੀਆਂ ਗੱਲਾਂ ਕੀਤੀਆਂ ਗਈਆਂ ਤੇ ਪਟਨਾ ਵਿਚ ਆਇਆ ਰਾਮ, ਗਿਆ ਰਾਮ ਦਾ ਪ੍ਰਦਰਸ਼ਨ। ਮੋਦੀ ਜੀ, ਕੀ ਖਿਆਲ ਹੈ ਤੁਹਾਡਾ ?

## ਖੇਡ ਅਜੇ ਖਤਮ ਨਹੀਂ ਹੋਈ : ਤੇਜਸਵੀ



**ਪਟਨਾ :** ਸਾਬਕਾ ਉਪ ਮੁੱਖ ਮੰਤਰੀ ਤੇਜਸਵੀ ਯਾਦਵ ਨੇ ਕਿਹਾ—ਨਿਤੀਸ਼ ਕੁਮਾਰ ਨੂੰ ਵੀ ਪਤਾ ਨਹੀਂ ਕਿ ਉਹ ਕੀ ਕਹਿ ਰਹੇ ਹਨ। ਮੇਰੇ ਸ਼ਬਦ ਨੋਟ ਕਰ ਲਓ ਕਿ ਜਨਤਾ ਦਲ (ਯੂ) 2024 ਵਿਚ ਖਤਮ ਹੋ ਜਾਵੇਗਾ। ਉਹ ਜੋ ਮਰਜ਼ੀ ਕਰਨ, ਪਰ ਲੋਕ ਸਾਡੇ ਨਾਲ ਹਨ। ਮੈਂ ਨਿਤੀਸ਼ ਨੂੰ ਲਿਜਾਣ ਲਈ ਭਾਜਪਾ ਦਾ ਧੰਨਵਾਦੀ ਹਾਂ। ਨਿਤੀਸ਼ ਪ੍ਰਤੀ ਮੇਰੀ ਨਿੱਜੀ ਨਾਰਾਜ਼ਗੀ ਨਹੀਂ, ਪਰ ਉਹ ਥੱਕ ਚੁੱਕੇ ਮੁੱਖ ਮੰਤਰੀ ਹਨ। ਉਹ ਕਹਿੰਦੇ ਹੁੰਦੇ ਸਨ ਕਿ ਸਰਕਾਰੀ ਨੌਕਰੀਆਂ ਪੈਦਾ ਕਰਨੀਆਂ ਅਸੰਭਵ ਹਨ, ਪਰ ਜਦੋਂ ਅਸੀਂ ਉਨ੍ਹਾ ਨਾਲ ਮਿਲ ਕੇ ਸਰਕਾਰ ਬਣਾਈ ਤਾਂ 17 ਮਹੀਨਿਆਂ ਵਿਚ ਰਿਕਾਰਡ ਨੌਕਰੀਆਂ ਪੈਦਾ ਕੀਤੀਆਂ। ਇਹ ਨੌਕਰੀਆਂ ਪੈਦਾ ਕਰਨ ਦਾ ਸਿਹਰਾ ਅਸੀਂ ਕਿਉਂ ਨਾ ਲਈਏ। ਉਨ੍ਹਾ ਕਿਹਾ ਕਿ 2022 ਵਿਚ ਮਹਾਂਗਠਬੰਧਨ ਕਈ ਆਸਾਂ ਨਾਲ ਕਾਇਮ ਕੀਤਾ ਗਿਆ ਸੀ, ਪਰ ਨਿਤੀਸ਼ ਨੇ ਸਭ ਕਤਲ ਕਰ ਦਿੱਤੀਆਂ। ਮੈਂ ਪਿਛਲੀਆਂ ਗੱਲਾਂ ਵਿਚ ਨਹੀਂ ਪੈਣਾ ਚਾਹੁੰਦਾ ਤੇ ਅਸੀਂ ਅੱਗੇ ਵੱਲ ਦੇਖ ਰਹੇ ਹਾਂ। ਲੋਕ ਸਾਡੇ ਨਾਲ ਹਨ ਤੇ ਖੇਡ ਅਜੇ ਖਤਮ ਨਹੀਂ ਹੋਈ। ਲਾਲੂ ਦੇ ਵੱਡੇ ਬੇਟੇ ਤੇਜ ਪ੍ਰਤਾਪ ਯਾਦਵ ਨੇ ਨਿਤੀਸ਼ ਨੂੰ ਪਲਟਿਸ ਕੁਮਾਰ ਦੱਸਦਿਆਂ ਕਿਹਾ ਕਿ ਉਨ੍ਹਾ ਨੂੰ ਗਿਰਗਿਟ ਰਤਨ ਨਾਲ ਸਨਮਾਨਤ ਕੀਤਾ ਜਾਣਾ ਚਾਹੀਦਾ ਹੈ।

## ਯਾਤਰਾ ਫਿਰ ਸ਼ੁਰੂ

**ਸਿਲੀਗੁੜੀ :** ਰਾਹੁਲ ਗਾਂਧੀ 'ਭਾਰਤ ਜੋੜੋ ਨਿਆਏ ਯਾਤਰਾ' ਵਿਚ ਸ਼ਾਮਲ ਹੋਣ ਲਈ ਐਤਵਾਰ ਸਵੇਰੇ ਪੱਛਮੀ ਬੰਗਾਲ ਪੁੱਜੇ ਤੇ ਦੋ ਦਿਨਾਂ ਦੀ ਬਰੇਕ ਮਗਰੋਂ ਯਾਤਰਾ ਮੁੜ ਸ਼ੁਰੂ ਹੋ ਗਈ। ਸਿਲੀਗੁੜੀ ਦੇ ਬਾਗਡੋਗਰਾ ਹਵਾਈ ਅੱਡੇ 'ਤੇ ਰਾਹੁਲ ਦਾ ਪੱਛਮੀ ਬੰਗਾਲ ਕਾਂਗਰਸ ਦੇ ਪ੍ਰਧਾਨ ਅਧੀਰ ਰੰਜਨ ਚੌਧਰੀ ਨੇ ਸਵਾਗਤ ਕੀਤਾ।

## ਨਿਆਂਇਕ ਪ੍ਰਣਾਲੀ ਨਵੇਂ ਯੁੱਗ 'ਚ ਦਾਖਲ : ਮੋਦੀ

**ਨਵੀਂ ਦਿੱਲੀ :** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਕਿਹਾ ਕਿ ਸਰਕਾਰ ਮੌਜੂਦਾ ਸੰਦਰਭ ਅਤੇ ਵਿਧਾਨਕ



ਕਾਰਵਾਈ ਮੁਤਾਬਕ ਕਾਨੂੰਨਾਂ ਦਾ ਆਧੁਨਿਕੀਕਰਨ ਕਰ ਰਹੀ ਹੈ। ਸੁਪਰੀਮ ਕੋਰਟ ਦੀ 75ਵੀਂ ਵਰ੍ਹੇਗੰਢ ਮੌਕੇ ਕਰਵਾਏ ਸਮਾਗਮ ਨੂੰ ਸੰਬੋਧਨ ਕਰਦਿਆਂ ਉਨ੍ਹਾ ਕਿਹਾ ਕਿ ਤਿੰਨ ਨਵੇਂ ਫੌਜਦਾਰੀ ਨਿਆਂਇਕ ਕਾਨੂੰਨਾਂ ਦੇ ਲਾਗੂ ਹੋਣ ਨਾਲ ਭਾਰਤ ਦਾ ਕਾਨੂੰਨ ਪ੍ਰਬੰਧ, ਪੁਲਸ ਅਤੇ ਜਾਂਚ ਪ੍ਰਣਾਲੀ ਨਵੇਂ ਯੁੱਗ 'ਚ ਦਾਖਲ ਹੋ ਗਈ ਹੈ। ਪ੍ਰਧਾਨ ਮੰਤਰੀ ਨੇ ਕਿਹਾ—ਮਜ਼ਬੂਤ ਨਿਆਂਇਕ ਪ੍ਰਣਾਲੀ ਵਿਕਸਤ ਭਾਰਤ ਦਾ ਹਿੱਸਾ ਹੈ। ਭਰੋਸੇਮੰਦ ਨਿਆਂ ਪ੍ਰਣਾਲੀ ਬਣਾਉਣ ਲਈ ਸਰਕਾਰ ਲਗਾਤਾਰ ਕੰਮ ਕਰ ਰਹੀ ਹੈ ਤੇ ਕਈ ਫੈਸਲੇ ਲੈ ਰਹੀ ਹੈ। ਜਨ ਵਿਸ਼ਵਾਸ ਬਿੱਲ ਇਸ ਦਿਸ਼ਾ 'ਚ ਚੁੱਕਿਆ ਗਿਆ ਕਦਮ ਹੈ। ਭਵਿੱਖ 'ਚ ਇਸ ਨਾਲ ਨਿਆਂ ਪ੍ਰਣਾਲੀ 'ਤੇ ਬੇਲੋੜਾ ਬੋਝ ਘਟੇਗਾ। ਉਨ੍ਹਾ ਕਿਹਾ ਕਿ ਸੁਪਰੀਮ ਕੋਰਟ ਨੇ ਭਾਰਤ ਦੀ ਵੰਨ-ਸੁਵੰਨੀ ਜਮਹੂਰੀਅਤ ਨੂੰ ਮਜ਼ਬੂਤ ਕੀਤਾ ਹੈ ਅਤੇ ਵਿਅਕਤੀ ਵਿਸ਼ੇਸ਼ ਦੇ ਅਧਿਕਾਰਾਂ ਤੇ ਪ੍ਰਗਟਾਵੇ ਦੀ ਆਜ਼ਾਦੀ ਬਾਰੇ ਕਈ ਅਹਿਮ ਫੈਸਲੇ ਦਿੱਤੇ ਹਨ, ਜਿਨ੍ਹਾਂ ਸਮਾਜਿਕ-ਸਿਆਸੀ ਮਾਹੌਲ ਨੂੰ ਇੱਕ ਨਵੀਂ ਦਿਸ਼ਾ ਦਿੱਤੀ ਹੈ। ਉਨ੍ਹਾ ਕਿਹਾ ਕਿ ਸਰਕਾਰ ਨੇ ਪਿਛਲੇ ਹਫਤੇ ਸੁਪਰੀਮ ਕੋਰਟ ਦੀ ਇਮਾਰਤ ਦੇ ਵਾਧੇ ਲਈ 800 ਕਰੋੜ ਰੁਪਿਆਂ ਨੂੰ ਮਨਜ਼ੂਰੀ ਦਿੱਤੀ ਹੈ।

# ਪੇਂਡੂ ਭਾਰਤ ਬੰਦ ਦੀ ਸਫਲਤਾ ਲਈ ਵਿਉਂਤਬੰਦੀ



**ਸ਼ਾਹਕੋਟ/ਲੁਧਿਆਣਾ (ਗਿਆਨ ਸੈਦਪੁਰੀ, ਐੱਮ ਐੱਸ ਭਾਟੀਆ)**

ਸੰਯੁਕਤ ਕਿਸਾਨ ਮੋਰਚਾ ਤੇ ਟਰੇਡ ਯੂਨੀਅਨਾਂ ਦੇ ਤਾਲਮੇਲ ਵੱਲੋਂ ਦਿੱਤੇ 16 ਫਰਵਰੀ ਦੇ ਭਾਰਤ ਬੰਦ ਦੇ ਸੱਦੇ ਨੂੰ ਸਫਲ ਬਣਾਉਣ ਲਈ ਜ਼ੋਰਦਾਰ ਤਿਆਰੀਆਂ ਵਿੱਢਣ ਖਾਤਰ ਐਤਵਾਰ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਪੰਜਾਬ ਦੀਆਂ 32 ਕਿਸਾਨ ਜਥੇਬੰਦੀਆਂ ਦੇ ਪੰਜਾਬ ਚੈਪਟਰ ਦੀ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਬਲਵੀਰ ਸਿੰਘ ਰਾਜੇਵਾਲ, ਨਿਰਭੈ ਸਿੰਘ ਢੁੱਡੀਕੇ ਅਤੇ ਜੰਗਵੀਰ ਸਿੰਘ ਚੌਹਾਨ ਨੇ ਕੀਤੀ। ਮੀਟਿੰਗ ਦੀ ਸ਼ੁਰੂਆਤ ਵਿੱਚ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਧਰਮ ਪਤਨੀ ਬੀਬੀ ਹਰਜੀਤਇੰਦਰ ਕੌਰ ਅਤੇ ਕਿਸਾਨ ਆਗੂ ਭੁਪਿੰਦਰ ਸਿੰਘ ਦੇ ਅਕਾਲ ਚਲਾਣੇ ਉੱਪਰ ਸ਼ੋਕ ਮਤਾ ਪਾ ਕੇ ਸ਼ਰਧਾਂਜਲੀ ਭੇਟ ਕੀਤੀ ਗਈ।

ਮੀਟਿੰਗ ਨੇ ਸਰਬਸੰਮਤੀ ਨਾਲ ਫੈਸਲਾ ਕਰਕੇ 16 ਫਰਵਰੀ ਦੇ ਬੰਦ ਨੂੰ ਸਫਲ ਬਣਾਉਣ ਖਾਤਰ ਵੱਖ-ਵੱਖ ਪ੍ਰੋਗਰਾਮ ਉਲੀਕਦਿਆਂ ਕਿਸਾਨ ਆਗੂਆਂ ਦੀਆਂ ਜ਼ਿੰਮੇਵਾਰੀਆਂ ਲਗਾਈਆਂ। ਸਮਾਜ ਦੇ ਸਾਰੇ ਵਰਗਾਂ ਅਤੇ ਜਥੇਬੰਦੀਆਂ ਨਾਲ ਤਾਲਮੇਲ ਕਰਨ ਤੇ ਸਹਿਯੋਗ ਲੈਣ ਲਈ ਕਿਸਾਨ ਤੇ ਟਰੇਡ ਜਥੇਬੰਦੀਆਂ ਨੇ ਮਿਲ ਕੇ 31 ਜਨਵਰੀ ਨੂੰ ਲੁਧਿਆਣਾ ਦੇ ਕਰਨੈਲ ਸਿੰਘ ਈਸੜੂ ਭਵਨ ਵਿਖੇ 11 ਵਜੇ ਇੱਕ ਵੱਡੀ ਮੀਟਿੰਗ ਸੱਦੀ ਹੈ। ਮੀਟਿੰਗ ਵਿੱਚ ਸ਼ਾਮਲ ਹੋਣ ਲਈ ਆੜ੍ਹਤੀ ਐਸੋਸੀਏਸ਼ਨਾਂ, ਟਰਾਂਸਪੋਰਟ ਨਾਲ ਜੁੜੀਆਂ ਜਥੇਬੰਦੀਆਂ, ਟਰੇਡ ਯੂਨੀਅਨਾਂ, ਵਿਦਿਆਰਥੀ, ਨੌਜਵਾਨ, ਔਰਤ ਅਤੇ ਮੁਲਾਜ਼ਮ ਜਥੇਬੰਦੀਆਂ ਨੂੰ ਸੱਦਾ ਭੇਜਿਆ ਗਿਆ ਹੈ। ਤਾਲਮੇਲ ਨੂੰ ਹੋਰ ਵਿਆਪਕ ਬਣਾਉਣ ਲਈ ਇਸੇ ਤਰ੍ਹਾਂ ਦੀਆਂ ਮੀਟਿੰਗਾਂ ਅੱਗੇ ਜ਼ਿਲ੍ਹਾ ਪੱਧਰ 'ਤੇ 2 ਫਰਵਰੀ ਅਤੇ ਤਹਿਸੀਲ ਪੱਧਰ 'ਤੇ 5 ਫਰਵਰੀ ਨੂੰ ਕੀਤੀਆਂ ਜਾਣਗੀਆਂ। ਮੋਰਚੇ ਨੇ 16 ਫਰਵਰੀ ਲਈ ਸਮਰਥਨ ਲੈਣ ਖਾਤਰ ਸੂਬੇ ਭਰ ਵਿੱਚ ਵੱਖ-ਵੱਖ ਵਪਾਰ ਮੰਡਲਾਂ ਤੱਕ ਪਹੁੰਚ ਕਰਨ ਦਾ ਫੈਸਲਾ ਵੀ ਕੀਤਾ ਹੈ।

ਕਿਸਾਨਾਂ ਦੀ ਪਿੰਡ ਪੱਧਰ ਤੱਕ ਵਿਸ਼ਾਲ ਲਾਮਬੰਦੀ ਖਾਤਰ 9

● ਬਾਕੀ ਸਫ਼ਾ 2 'ਤੇ

# ਸੀਟਾਂ ਦੀ ਵੰਡ ਬਾਰੇ ਕੁਝ ਭਾਈਵਾਲਾਂ ਨਾਲ ਸਹਿਮਤੀ ਬਣੀ ਤੇ ਕੁਝ ਨਾਲ ਬਣਨ ਦੇ ਨੇੜੇ : ਖੜਗੇ



ਦੇਹਰਾਦੂਨ ਵਿਚ ਖੜਗੇ ਨੂੰ ਕਟਾਰ ਪੇਸ਼ ਕਰਦੇ ਕਾਰਕੁਨ।

**ਕਲਬੁਰਗੀ (ਕਰਨਾਟਕ) :** ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਿਹਾ ਹੈ ਕਿ ਉਨ੍ਹਾ ਦੀ ਪਾਰਟੀ ਨੇ ਲੋਕ ਸਭਾ ਚੋਣਾਂ ਲਈ ਸੀਟਾਂ ਦੀ ਵੰਡ ਬਾਰੇ 'ਇੰਡੀਆ' ਗੱਠਜੋੜ ਵਿਚ ਸ਼ਾਮਲ ਸਾਰੀਆਂ ਪਾਰਟੀਆਂ ਨਾਲ ਗੱਲ ਕੀਤੀ ਹੈ ਅਤੇ ਕੁਝ ਨਾਲ ਸਮਝ ਬਣ ਗਈ ਹੈ, ਜਦਕਿ ਹੋਰਨਾਂ ਨਾਲ ਗੱਲਬਾਤ ਆਖਰੀ ਪੜਾਵਾਂ 'ਤੇ ਹੈ।

ਉਨ੍ਹਾ ਕਿਹਾ ਕਿ ਕਾਂਗਰਸ ਰਾਹੁਲ ਗਾਂਧੀ ਦੀ 'ਭਾਰਤ ਜੋੜੋ ਨਿਆਏ ਯਾਤਰਾ' ਤੇ ਉਨ੍ਹਾ ਦੇ ਆਪਣੇ ਦੌਰਿਆਂ ਨਾਲ ਚੋਣਾਂ ਦੀਆਂ ਤਿਆਰੀਆਂ ਪਹਿਲਾਂ ਹੀ ਕਰ ਚੁੱਕੀ ਹੈ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਖੜਗੇ ਨੇ ਕਿਹਾ—ਸਾਡੀ ਪਾਰਟੀ ਦੀ 'ਭਾਰਤ ਜੋੜੋ ਨਿਆਏ ਯਾਤਰਾ' ਚੱਲ ਰਹੀ ਹੈ। ਮੈਂ ਤਿਲੰਗਾਨਾ ਦਾ ਦੌਰਾ ਕੀਤਾ ਹੈ ਅਤੇ ਓਡੀਸ਼ਾ, ਬਿਹਾਰ, ਦਿੱਲੀ, ਕੇਰਲਾ ਤੇ ਹੋਰਨਾਂ ਥਾਂਵਾਂ ਦਾ ਕਰਨਾ ਹੈ। ਮੇਰੇ ਦੌਰਿਆਂ ਦੀਆਂ ਤਰੀਕਾਂ ਤੈਅ ਹੋ ਗਈਆਂ ਹਨ। ਕੁਝ ਥਾਂਵਾਂ 'ਤੇ ਰਾਹੁਲ ਵੀ ਰਲਣਗੇ। ਅਸੀਂ ਆਪਣੀਆਂ ਤਿਆਰੀਆਂ ਪਹਿਲਾਂ ਹੀ ਸ਼ੁਰੂ ਕਰ ਚੁੱਕੇ ਹਾਂ।

ਭਾਈਵਾਲਾਂ ਨਾਲ ਸੀਟਾਂ ਦੀ ਵੰਡ ਬਾਰੇ ਉਨ੍ਹਾ ਕਿਹਾ ਕਿ ਉਨ੍ਹਾ ਮੁਕੁਲ ਵਾਸਨਿਕ ਦੀ ਅਗਵਾਈ ਵਿਚ ਛੇ ਮੈਂਬਰੀ ਕਮੇਟੀ ਬਣਾਈ ਹੋਈ ਹੈ। ਕਮੇਟੀ ਬਿਹਾਰ ਦੇ ਭਾਈਵਾਲਾਂ ਤੋਂ ਇਲਾਵਾ ਆਪ, ਟੀ ਐੱਮ ਸੀ ਤੇ ਹੋਰਨਾਂ ਨਾਲ ਗੱਲ ਕਰ ਚੁੱਕੀ ਹੈ। ਕੁਝ ਮਾਮਲਿਆਂ ਵਿਚ ਸਹਿਮਤੀ ਬਣ ਗਈ ਹੈ ਤੇ ਕੁਝ ਹੋਰਨਾਂ ਵਿਚ ਅੰਤਮ ਪੜਾਅ ਵਿਚ ਹੈ।

## ਰਾਹੁਲ ਕਰਕੇ ਮੋਦੀ ਨੂੰ ਨੀਂਦ ਨਹੀਂ ਆਉਂਦੀ

**ਦੇਹਰਾਦੂਨ :** ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਐਤਵਾਰ ਇੱਥੇ ਕਿਹਾ ਕਿ ਰਾਹੁਲ ਗਾਂਧੀ ਕਾਰਨ ਅੱਜਕੱਲ੍ਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਨੀਂਦ ਨਹੀਂ ਆਉਂਦੀ। ਉਨ੍ਹਾ ਦੇ ਸੁਫਨੇ ਵਿਚ ਪਹਿਲਾਂ ਨਹਿਰੂ, ਰਾਜੀਵ ਤੇ ਸੋਨੀਆ ਆਉਂਦੇ ਸਨ। ਭਾਜਪਾ ਦੇ ਲੋਕ ਉਨ੍ਹਾ ਨੂੰ ਵਿਸ਼ਨੂ ਦਾ 11ਵਾਂ ਅਵਤਾਰ ਬਣਾਉਣ ਵਿਚ ਲੱਗੇ ਹੋਏ ਹਨ। ਲੋਕ ਸਭਾ ਚੋਣਾਂ ਦੀਆਂ ਤਿਆਰੀਆਂ ਦੇ ਹਿੱਸੇ ਵਜੋਂ ਕਾਰਕੁਨਾਂ ਦੇ ਸੰਮੇਲਨ ਵਿਚ ਖੜਗੇ ਨੇ ਕਿਹਾ ਕਿ ਕਾਂਗਰਸ ਨੇ ਦੇਸ਼ ਲਈ ਕੁਰਬਾਨੀਆਂ ਦਿੱਤੀਆਂ, ਜਦਕਿ ਭਾਜਪਾ ਲੁੱਟ ਰਹੀ ਹੈ।

# 'ਆਪ' ਸਰਕਾਰ ਨੇ ਦਿੱਲੀ ਤੇ ਪੰਜਾਬ 'ਚ ਭ੍ਰਿਸ਼ਟਾਚਾਰ ਖਤਮ ਕੀਤਾ : ਮਾਨ

## ਵਿਧਾਨ ਸਭਾ ਚੋਣਾਂ 'ਚ ਹਰਿਆਣਾ ਦੀਆਂ ਸਾਰੀਆਂ 90 ਸੀਟਾਂ ਲੜਾਂਗੇ : ਕੇਜਰੀਵਾਲ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਐਤਵਾਰ ਹਰਿਆਣਾ ਦੇ ਜੀਂਦ ਵਿੱਚ ਚੋਣ ਰੈਲੀ ਕੀਤੀ। ਰੈਲੀ ਵਿੱਚ ਆਮ ਆਦਮੀ ਪਾਰਟੀ ਹਰਿਆਣਾ ਇਕਾਈ ਦੇ ਸਾਰੇ ਆਗੂ ਅਤੇ ਇੱਕ ਲੱਖ ਤੋਂ ਵੱਧ ਲੋਕ ਹਾਜ਼ਰ ਸਨ।

ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਏਨੀ ਠੰਢ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਲੋਕਾਂ ਦੀ ਹਾਜ਼ਰੀ ਇਸ ਗੱਲ ਦਾ ਸਬੂਤ ਹੈ ਕਿ ਹਰਿਆਣਾ ਦੇ ਲੋਕ ਇਸ ਵਾਰ ਨਵੀਂ ਕਹਾਣੀ ਲਿਖਣ ਲਈ ਤਿਆਰ ਹਨ। ਮਾਨ ਨੇ ਅਰਵਿੰਦ ਕੇਜਰੀਵਾਲ ਨੂੰ 'ਹਰਿਆਣਾ ਦਾ ਪੁੱਤ' ਦੱਸਦਿਆਂ ਕਿਹਾ ਕਿ ਕੇਜਰੀਵਾਲ ਸਿਆਸਤ 'ਚੋਂ ਭ੍ਰਿਸ਼ਟਾਚਾਰ ਖਤਮ ਕਰਨ ਆਇਆ ਹੈ। ਉਨ੍ਹਾ ਦਿੱਲੀ ਵਿੱਚ ਭ੍ਰਿਸ਼ਟਾਚਾਰ



ਨੂੰ ਖਤਮ ਕੀਤਾ, ਇਸ ਲਈ ਦਿੱਲੀ ਦੇ ਲੋਕਾਂ ਨੇ ਦੋ ਵਾਰ ਭਾਰੀ ਬਹੁਮਤ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਈ। ਜਦੋਂ ਉਨ੍ਹਾ ਦੇ ਕੰਮਾਂ ਦੀ ਗੂੰਜ ਪੰਜਾਬ ਤੱਕ ਪਹੁੰਚੀ ਤਾਂ 2022 ਵਿੱਚ ਪੰਜਾਬ ਦੇ ਲੋਕਾਂ ਨੇ ਵੀ 117 ਵਿੱਚੋਂ 92 ਸੀਟਾਂ ਜਿੱਤ ਕੇ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਈ। ਹੁਣ ਹਰਿਆਣਾ ਦੀ ਵਾਰੀ ਹੈ। ਇਸ ਵਾਰ ਹਰਿਆਣਾ ਵਿੱਚ ਵੀ ਦਿੱਲੀ ਅਤੇ ਪੰਜਾਬ ਵਾਂਗ 'ਆਪ' ਦੀ ਸਰਕਾਰ ਭਾਰੀ ਬਹੁਮਤ ਨਾਲ ਬਣੇਗੀ।

ਕੇਜਰੀਵਾਲ ਅਤੇ ਮਾਨ ਪੰਜਾਬ ਦੇ ਕਰੀਬ ਇੱਕ ਲੱਖ ਲੋਕਾਂ ਦੇ ਜ਼ੀਰੋ ਬਿਜਲੀ ਬਿੱਲ ਲੈ ਕੇ ਜੀਂਦ ਰੈਲੀ ਵਿੱਚ ਪਹੁੰਚੇ ਸਨ। ਉਨ੍ਹਾਂ ਵਿੱਚੋਂ ਕੁਝ ਦੇ ਬਿਜਲੀ ਬਿੱਲ ਦਿਖਾਉਂਦੇ ਹੋਏ ਮਾਨ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਚੋਣਾਂ

● ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਮੁੜ ਕੇ ਪਾਕਿ-ਈਰਾਨ ਹਨ ਫਸੇ ਫਿਰਦੇ,
ਮਰਨ-ਮਾਰਨ ਦਾ ਚੱਲ ਰਿਹਾ ਦੌਰ ਬੇਲੀ।
ਦੋਵਾਂ ਮੁਲਕਾਂ ਵਿੱਚ ਨੇੜਤਾ ਕਾਇਮ ਹੈ ਸੀ,
ਇੱਕ ਦਮ ਬਦਲ ਗਏ ਜਾਪਦੇ ਤੌਰ ਬੇਲੀ।
ਮਸਲੇ ਨਿੱਕੇ, ਪਰ ਵੱਡੇ ਸਨ ਗਏ ਬਣਦੇ,
ਕੀਤਾ ਕਿਸੇ ਨਹੀਂ ਸਮੇਂ ਸਿਰ ਗੌਰ ਬੇਲੀ।
ਮਰਨ ਪਏ ਲੋਕ, ਤਨਾਅ ਕੁਝ ਵਧੀ ਜਾਵੇ,
ਬਣਦੀ ਹਾਲਤ ਜਿਹੀ ਔਰ ਦੀ ਔਰ ਬੇਲੀ।
ਕਦੀ ਪਾਕਿ-ਅਫਗਾਨ ਵਿੱਚ ਜੰਗ ਛਿੜਦੀ,
ਕਦੀ ਫਿਰ ਪਾਕਿ-ਈਰਾਨ ਦੀ ਜੰਗ ਬੇਲੀ।
ਨਿੱਤ ਵਿਹੜਿਆਂ ਵਿੱਚ ਸੱਥਰ ਵਿਛੀ ਜਾਂਦੇ,
ਕਦੇ ਨਹੀਂ ਆਗੂਆਂ ਨੂੰ ਆਈ ਸੰਗ ਬੇਲੀ।

-ਤੀਸ ਮਾਰ ਖਾਂ

# ਭਿੰਡਰਾਂਵਾਲੇ ਦੀ ਤਸਵੀਰ ਉਤਾਰਨ ਦੀ ਵੀਡੀਓ ਵਾਇਰਲ ਹੋਣ ਮਗਰੋਂ ਵਿਵਾਦ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**

ਬਾਬਾ ਦੀਪ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ ਇਤਿਹਾਸਕ ਨਗਰ ਪਿੰਡ ਪਹੂਵਿੰਡ ਸਾਹਿਬ ਵਿਖੇ ਚੱਲ ਰਹੇ ਜੋੜ ਮੇਲੇ 'ਚੋਂ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੀ ਤਸਵੀਰ ਉਤਾਰਨ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋਣ ਮਗਰੋਂ ਵਿਵਾਦ ਛਿੜ ਗਿਆ ਹੈ। ਕਥਿਤ ਤੌਰ 'ਤੇ ਵਾਇਰਲ ਵੀਡੀਓ ਵਿੱਚ ਕੁਝ ਨੌਜਵਾਨ ਜੋ ਮੇਲੇ 'ਚ ਲੱਗੇ ਪੰਡਾਲ ਵਿੱਚ ਸੰਗਤਾਂ ਦੀਆਂ ਜੁੱਤੀਆਂ ਗੰਢਣ ਦੀ ਸੇਵਾ ਕਰਨ ਆਏ ਸਨ, ਵੱਲੋਂ ਪੰਡਾਲ 'ਚ ਭਿੰਡਰਾਂਵਾਲੇ ਦੀ ਫੋਟੋ ਲਗਾਈ ਗਈ ਸੀ, ਜਿਸ ਨੂੰ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਜ਼ਬਰਦਸਤੀ ਉਤਰਵਾ ਦਿੱਤਾ ਗਿਆ ਸੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਜ਼ਿਲ੍ਹਾ ਤਰਨ ਤਰਨ ਦੇ ਪ੍ਰਧਾਨ ਹਰਪਾਲ ਸਿੰਘ ਬਲੇਰ ਤੇ ਸਤਿਕਾਰ ਕਮੇਟੀ ਦੇ ਆਗੂ ਰਣਜੀਤ ਸਿੰਘ ਉਦੋਕੇ ਨੇ ਫੋਟੋ ਨੂੰ ਜ਼ਬਰਦਸਤੀ ਉਤਰਵਾਉਣ ਨੂੰ ਬੇਹੱਦ ਨਿੰਦਣਯੋਗ ਕਰਾਰ ਦਿੱਤਾ ਹੈ। ਉਪਰੋਕਤ ਆਗੂਆਂ ਨੇ ਕਿਹਾ ਕਿ ਵੀਡੀਓ ਵਿੱਚ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਨੂੰ ਆਪਣੀ ਨਿੱਜੀ ਜਾਇਦਾਦ ਦੱਸਣਾ ਵੀ ਬੇਹੱਦ ਨਿੰਦਣਯੋਗ ਹੈ। ਉਨ੍ਹਾਂ ਦੱਸਿਆ ਕਿ ਉਕਤ ਪ੍ਰਬੰਧਕ ਕਮੇਟੀ ਦੇ ਵਤੀਰੇ ਸੰਬੰਧੀ ਪ੍ਰਸ਼ਾਸਨ ਨੂੰ ਦਰਖਾਸਤ ਦੇ ਕੇ ਕਾਰਵਾਈ ਕਰਵਾਈ ਜਾਵੇਗੀ ਅਤੇ ਜੇਕਰ ਪ੍ਰਸ਼ਾਸਨ ਨੇ ਕੱਲ੍ਹ ਤੱਕ ਕੋਈ ਕਾਰਵਾਈ ਅਮਲ ਵਿੱਚ ਨਾ ਲਿਆਂਦੀ ਤਾਂ ਉਹ ਸਮੂਹ ਸਿੱਖ ਜਥੇਬੰਦੀਆਂ ਨਾਲ ਵਿਚਾਰ-ਵਟਾਂਦਰਾ ਕਰਨ ਮਗਰੋਂ ਅਗਲਾ ਕਦਮ ਚੁੱਕਣਗੇ। ਉੱਧਰ ਇਸ ਮਾਮਲੇ ਸੰਬੰਧੀ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਮੁੱਖ ਮੈਨੇਜਰ ਪ੍ਰਭਜੋਤ ਸਿੰਘ ਤੇ ਕਰਨਲ ਹਰੀਸਿਮਰਨ ਸਿੰਘ ਨੇ ਪੱਤਰਕਾਰਾਂ ਰਾਹੀਂ ਆਪਣਾ ਪੱਖ ਰੱਖਦਿਆਂ ਕਿਹਾ ਕਿ ਉਨ੍ਹਾਂ ਸੇਵਾ ਕਰ ਰਹੇ ਸਿੰਘਾਂ ਨੂੰ ਕੋਈ ਵੀ ਅੱਪਸਬਦ ਨਹੀਂ ਬੋਲਿਆ। ਉਹਨਾਂ ਕਿਹਾ ਕਿ ਉਨ੍ਹਾਂ ਵੱਲੋਂ ਨੌਜਵਾਨਾਂ ਨੂੰ ਜੁੱਤੀਆਂ ਗੰਢਣ ਵਾਲੀ ਥਾਂ 'ਤੇ ਭਿੰਡਰਾਂਵਾਲੇ ਦੀ ਫੋਟੋ ਨਾ ਲਗਾਉਣ ਅਤੇ ਪ੍ਰਬੰਧਕ ਕਮੇਟੀ ਦੀ ਆਗਿਆ ਤੋਂ ਬਿਨ੍ਹਾਂ ਰਸਤੇ ਵਿੱਚ ਤੰਬੂ ਲਗਾਉਣ ਬਾਰੇ ਕਿਹਾ ਸੀ, ਪ੍ਰੰਤੂ ਉਪਰੋਕਤ ਨੌਜਵਾਨਾਂ ਨੇ ਵੀਡੀਓ ਨੂੰ ਤੋੜ-ਮਰੋੜ ਕੇ ਸੋਸ਼ਲ ਮੀਡੀਆ 'ਤੇ ਵਾਇਰਲ ਕਰ ਦਿੱਤਾ, ਜਿਸ ਕਾਰਨ ਸਿੱਖ ਸੰਗਤਾਂ ਦੇ ਮਨਾਂ ਵਿੱਚ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਪ੍ਰਤੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸੋਸ਼ਲ ਮੀਡੀਆ 'ਤੇ ਵਾਇਰਲ ਕੀਤੀ ਗਈ ਵੀਡੀਓ ਵਿੱਚ ਤੱਥਾਂ ਨਾਲ ਛੇੜਛਾੜ ਕੀਤੀ ਗਈ ਹੈ। ਉਹਨਾਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਤਰਫੋਂ ਦੇਸ਼-ਵਿਦੇਸ਼ ਵਿੱਚ ਬੈਠੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਜੇਕਰ ਸੰਗਤਾਂ ਨੂੰ ਇਸ ਤੋੜ-ਮਰੋੜ ਕੇ ਪਾਈ ਗਈ ਵੀਡੀਓ ਨਾਲ ਠੇਸ ਪਹੁੰਚੀ ਹੈ ਤਾਂ ਉਹ ਸਮੂਹ ਸਿੱਖ ਸੰਗਤਾਂ ਤੋਂ ਮੁਆਫੀ ਮੰਗਦੇ ਹਨ। ਦੱਸਣਯੋਗ ਹੈ ਕਿ ਜਦੋਂ ਉਪਰੋਕਤ ਮਾਮਲੇ ਸੰਬੰਧੀ ਸਿੱਖ ਜਥੇਬੰਦੀਆਂ ਦੇ ਆਗੂ ਮੇਲੇ ਦੇ ਚੱਲਦਿਆਂ ਗੁਰਦੁਆਰਾ ਸਾਹਿਬ ਅੰਦਰ ਡਿਊਟੀ 'ਤੇ ਤਾਇਨਾਤ ਅਫਸਰ ਨੂੰ ਮੈਮੋਰੰਡਮ ਸੌਂਪ ਕੇ ਬਾਹਰ ਆਏ ਤਾਂ ਗੁੱਸੇ ਵਿੱਚ ਭੀੜ ਨੇ ਪੁਲਸ ਮੁਲਾਜ਼ਮ ਦੀ ਗੱਡੀ, ਜਿਸ ਵਿੱਚ ਕਰਨਲ ਹਰੀਸਿਮਰਨ ਸਿੰਘ ਸਵਾਰ ਸਨ, 'ਤੇ ਹਮਲਾ ਕਰ ਦਿੱਤਾ। ਹਮਲੇ ਦੌਰਾਨ ਭੀੜ ਨੇ ਕਰਨਲ ਹਰੀਸਿਮਰਨ ਸਿੰਘ ਨੂੰ ਜ਼ਖਮੀ ਕਰ ਦਿੱਤਾ ਅਤੇ ਗੱਡੀ ਦੀ ਬੁਰੀ ਤਰ੍ਹਾਂ ਭੰਨ-ਤੋੜ ਕਰ ਦਿੱਤੀ। ਡੀ ਐੱਸ ਪੀ ਭਿੱਖੀਵਿੰਡ ਪ੍ਰੀਤਇੰਦਰ ਸਿੰਘ ਨੇ ਕਿਹਾ ਕਿ ਇਸ ਮਾਮਲੇ ਦੀ ਸੰਵੇਦਨਸ਼ੀਲਤਾ ਨੂੰ ਦੇਖਦਿਆਂ ਉਨ੍ਹਾ ਵੱਲੋਂ ਸੋਮਵਾਰ ਦੋਵਾਂ ਧਿਰਾਂ ਨੂੰ ਬੁਲਾ ਕੇ ਸਾਰੇ ਮਨ-ਮੁਟਾਅ ਦੂਰ ਕਰਵਾਏ ਜਾਣਗੇ। ਉਨ੍ਹਾ ਸਮੂਹ ਸਿੱਖ ਸੰਗਤਾਂ ਨੂੰ ਸ਼ਾਂਤ ਰਹਿਣ ਦੀ ਅਪੀਲ ਕੀਤੀ ਹੈ।





## ਟਰੈਕਟਰਾ ਨਾਲ ਕਿਸਾਨਾਂ ਵੱਲੋਂ ਪਰੇਡ



**ਬੁਢਲਾਡਾ (ਅਸ਼ੋਕ ਲਾਕੜਾ)**-ਗਣਤੰਤਰ ਦਿਵਸ ਮੌਕੇ ਸੰਯੁਕਤ ਕਿਸਾਨ ਮੋਰਚਾ ਭਾਰਤ ਵੱਲੋਂ ਦਿੱਤੇ ਸੱਦੇ ਅਨੁਸਾਰ ਬੁਢਲਾਡਾ ਸ਼ਹਿਰ ਵਿਖੇ ਪੂਰੀ ਤਹਿਸੀਲ ਵਿੱਚੋਂ ਇਕੱਤਰ ਹੋਏ ਸੈਂਕੜਿਆਂ ਦੀ ਗਿਣਤੀ ਵਿੱਚ ਕਿਸਾਨਾਂ ਵੱਲੋਂ ਟਰੈਕਟਰਾਂ ਸਮੇਤ ਪ੍ਰੇਡ ਕੀਤੀ ਗਈ, ਜਿਸ ਵਿੱਚ ਸੰਯੁਕਤ ਕਿਸਾਨ ਮੋਰਚੇ ਦੀਆਂ ਗਿਆਰਾਂ ਜਥੇਬੰਦੀਆਂ ਸਮੇਤ ਭਰਾਤਰੀ ਜਥੇਬੰਦੀਆਂ ਤੇ ਟ੍ਰੇਡ ਯੂਨੀਅਨਾਂ ਵੀ ਸ਼ਾਮਲ ਹੋਈਆਂ।ਬੁਢਲਾਡਾ ਦੀ ਬਾਹਰਲੀ ਅਨਾਜ ਮੰਡੀ ਵਿੱਚ ਟ੍ਰੈਕਟਰ ਸੈਕੜੇ ਪਿੰਡਾਂ 'ਚੋਂ ਮਾਰਚ ਕਰਦੇ ਹੋਏ ਪੁੱਜੇ ਤੇ ਉੱਥੋਂ ਇਕੱਠੇ ਹੋ ਕੇ ਬੈਨਰਾਂ ਸਮੇਤ ਸ਼ਹਿਰ ਵਿੱਚ ਭਾਰੀ ਰੋਸ ਪ੍ਰਦਰਸ਼ਨ ਕੀਤਾ ਗਿਆ।ਪ੍ਰਦਰਸ਼ਨਕਾਰੀਆਂ ਵੱਲੋਂ ਮੋਰਚੇ ਪੱਖੀ ਤੇ ਸਰਕਾਰ ਵਿਰੋਧੀ ਨਾਹਰੇਬਾਜ਼ੀ ਕੀਤੀ ਗਈ।ਇਸ ਮੌਕੇ ਮਾਰਚ ਵਿੱਚ ਭਾਕਿਯੂ ਡਕੌਂਦਾ ਧਨੇਰ ਦੇ ਕੁਲਵੰਤ ਸਿੰਘ ਕਿਸ਼ਨਗੜ੍ਹ, ਦੇਵੀ ਰਾਮ ਰੰਘੜਿਆਲ, ਜਮਹੂਰੀ ਕਿਸਾਨ ਸਭਾ ਦੇ ਅਮਰੀਕ ਫਫੜੇ, ਬੱਲਮ ਫਫੜੇ, ਭਾਕਿਯੂ ਡਕੌਂਦਾ ਬੁਰਜ ਗਿੱਲ ਦੇ ਰਾਜ ਅਕਲੀਆ, ਦਰਸ਼ਨ ਗੁਰਨੇ, ਭਾਕਿਯੂ ਕਾਦੀਆਂ ਕੁਲਦੀਪ ਸਿੰਘ ਚੱਕ ਭਾਈਕੇ, ਸ਼ਿੰਗਾਰਾ ਦੋਦੜਾ, ਭਾਕਿਯੂ ਲੱਖੋਵਾਲ ਦੇ ਪਰਸ਼ੋਤਮ ਉੱਡਤ, ਜਸਕਰਨ ਸ਼ੇਰਖਾਨ, ਭਾਕਿਯੂ ਮਾਲਵਾ ਦੇ ਅਵਤਾਰ ਢੈਪਈ, ਪੰਜਾਬ ਕਿਸਾਨ ਯੂਨੀਅਨ ਗੁਰਨਾਮ ਭੀਖੀ, ਗੁਰਤੇਜ ਵਰ੍ਹੇ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਜੁਗਰਾਜ ਨਵਾਂ ਗਾਉਂ, ਕੁੱਲ ਹਿੰਦ ਕਿਸਾਨ ਸਭਾ ਦੇ ਮਲਕੀਤ ਮੰਦਰਾਂ, ਗੁਰਦਾਸ ਟਾਹਲੀਆਂ, ਭਾਕਿਯੂ ਰਾਜੇਵਾਲ ਦੇ ਦਿਲਬਾਗ ਗੱਗੀ ਤੇ ਮੈਡੀਕਲ ਪ੍ਰੈਕਟੀਸ਼ਨਰ ਦੇ ਗੁਰਜੀਤ ਵਰ੍ਹੇ, ਪ੍ਰੇਮ ਸਿੰਘ ਤੇ ਸੁਖਪਾਲ ਬੋਹਾ, ਖੇਤ ਮਜ਼ਦੂਰ ਸਭਾ ਦੇ ਸੀਤਾ ਰਾਮ ਗੋਬਿੰਦਪੁਰਾ, ਏਟਕ ਵੱਲੋਂ ਅਸ਼ੋਕ ਲਾਕੜਾ ਹਰਮੀਤ ਬੋੜਾਵਾਲ ਆਦਿ ਆਗੂਆਂ ਸਮੇਤ ਵਰਕਰ ਸ਼ਾਮਲ ਹੋਏ।

# ਸੁਰਜੀਤ ਅਰਮਾਨੀ ਨੂੰ ਵੱਖ-ਵੱਖ ਜਥੇਬੰਦੀਆਂ ਵੱਲੋਂ ਇਨਕਲਾਬੀ ਸ਼ਰਧਾਂਜਲੀਆਂ



**ਮਾਨਸਾ (ਆਤਮਾ ਸਿੰਘ)**-ਮਾਨਸਾ ਜ਼ਿਲ੍ਹੇ ਦਾ ਪਿੰਡ ਬੁਰਜ ਢਿੱਲਵਾਂ 1960-70ਵਿਆਂ 'ਚ ਦੇਸ਼ 'ਚ ਚੱਲੀ ਹਥਿਆਰਬੰਦ ਇਨਕਲਾਬੀ ਵਿਚਾਰਧਾਰਕ ਨਕਸਲੀ ਲਹਿਰ ਦੇ ਪ੍ਰਭਾਵਿਤ ਪੰਜਾਬ ਦੇ ਪਿੰਡਾਂ ਚੋਂ ਇਕ ਪ੍ਰਸਿੱਧ ਪਿੰਡ ਰਿਹਾ ਹੈ। ਲੋਕ ਪੱਖੀ ਇਨਕਲਾਬੀ ਨਿਜ਼ਾਮ ਸਿਰਜਣ ਦਾ ਸੁਪਨਾ ਲੈ ਕੇ ਚੱਲੀ ਇਸ ਵਿਲੱਖਣ ਲਹਿਰ 'ਚ ਸਰਗਰਮ ਨੌਜਵਾਨਾਂ ਨੂੰ ਸਮੇਂ ਦੀ ਹਕੂਮਤ ਨੇ ਚੁਣ ਚੁਣ ਕੇ ਝੂਠੇ ਪੁਲਸ ਮੁਕਾਬਲੇ ਬਣਾ ਕੇ ਨਹਿਰਾਂ ਕੱਸੀਆਂ ਦੇ ਪੁਲਾਂ ਤੇ ਦਰੱਖ਼ਤਾਂ ਨਾਲ ਬੰਨ੍ਹ ਕੇ, ਕੋਹ ਕੋਹ ਕੇ ਸ਼ਹੀਦ ਕਰ ਦਿੱਤਾ ਗਿਆ ਸੀ। ਲਗਪਗ 75 ਦੇ ਕਰੀਬ ਨੌਜਵਾਨ ਜਿਨ੍ਹਾਂ ਵਿਚ ਬਾਬਾ ਬੂਝਾ ਸਿੰਘ ਤੇ ਮਰਗਿੰਦ ਵਰਗੇ 72 ਸਾਲਾ ਬਜ਼ੁਰਗ ਵੀ ਸ਼ਾਮਲ ਸਨ, ਇਸ ਕਹਿਰ ਦਾ ਸ਼ਿਕਾਰ ਹੋਏ। ਮਾਸਟਰ ਸੁਰਜੀਤ ਅਰਮਾਨੀ ਇਸ ਲਹਿਰ ਦੇ ਪੱਕੇ ਸਮਰਥਕਾਂ ਚੋਂ ਅਤੇ ਸਰਗਰਮ ਕਲਮਕਾਰ ਅਧਿਆਪਕ ਤੇ ਕਵੀ ਰਹੇ। ਜਿਸ ਨੂੰ ਸਮੇਂ ਦੀ ਸਰਕਾਰ ਵਲੋਂ ਚਾਰ ਵਾਰ ਜੇਲ੍ਹ ਦੀਆਂ ਸਲਾਖਾਂ ਪਿੱਛੇ ਡੱਕਿਆ ਗਿਆ ਅਤੇ ਐਮਰਜੈਂਸੀ ਦੌਰਾਨ ਵੀ ਜੇਲ੍ਹ ਦੀਆਂ ਚੱਕੀਆਂ ਵਿੱਚ ਬੰਦ ਰੱਖਿਆ ਗਿਆ। ਇਸ ਦੌਰ ਦੌਰਾਨ ਪਰਵਾਰਕ ਮੈਂਬਰਾਂ ਨੂੰ ਵੀ ਅੰਨ੍ਹੇ ਪੁਲਸ ਤਸ਼ੱਦਦ ਦਾ ਕਹਿਰ ਝੱਲਣਾ ਪਿਆ। ਮਾਸਟਰ ਸੁਰਜੀਤ ਅਰਮਾਨੀ ਉਮਰ ਭਰ ਇਸ ਲਹਿਰ ਦਾ ਸਮਰਥਕ ਰਿਹਾ। 21ਜਨਵਰੀ 2024 ਨੂੰ ਇਹ ਵਿਲੱਖਣ ਸ਼ਖ਼ਸੀਅਤ ਸਾਨੂੰ ਸਭ ਨੂੰ ਸਦੀਵੀ ਅਲਵਿਦਾ ਕਹਿ ਗਈ। 28 ਦਸੰਬਰ 2011 ਨੂੰ ਉਨ੍ਹਾ ਵਲੋਂ ਲਿਖੀ ਵਸੀਅਤ ਮੁਤਾਬਕ ਜਿਸ ਵਿੱਚ ਕੋਈ ਧਾਰਮਿਕ ਰਸਮ ਨਾ ਕਰਨ ਲਈ ਹੀ ਨਹੀਂ ਕਿਹਾ ਸੀ ਸਗੋਂ ਆਪਣਾ ਮ੍ਰਿਤਕ ਸਰੀਰ ਵੀ ਮੈਡੀਕਲ ਖੋਜ ਕਾਰਜਾਂ ਲਈ ਦਾਨ ਕਰਨ ਵਰਗਾ ਅਨੋਖਾ ਰਸਤਾ ਚੁਣਿਆ ਗਿਆ। 25 ਜਨਵਰੀ ਨੂੰ ਉਨ੍ਹਾ ਦੇ ਹਮਖਿਆਲੀ/ਵਿਚਾਰਧਾਰਕ ਮਿੱਤਰ ਪਰਵਾਰ, ਰਿਸ਼ਤੇਦਾਰ, ਦੋਸਤਾਂ ਮਿੱਤਰਾਂ ਵਲੋਂ ਇੱਕ ਸਧਾਰਨ ਸਮਾਗਮ ਵਿੱਚ ਉਨ੍ਹਾਂ ਨੂੰ ਸ਼ਰਧਾਂਜਲੀ ਅਰਪਿਤ ਕਰਨ ਲਈ ਸਰਗਰਮ ਸ਼ਮੂਲੀਅਤ ਕੀਤੀ। ਸਮਾਗਮ 'ਚ ਪਹੁੰਚੇ ਅਦੇਸ਼ ਮੈਡੀਕਲ ਕਾਲਜ ਬਠਿੰਡਾ ਦੀ ਡਾਕਟਰੀ ਟੀਮ ਵੱਲੋਂ ਖੋਜ ਕਾਰਜਾਂ ਲਈ ਸਰੀਰ ਦਾਨ ਕਰਨ ਬਦਲੇ ਉਨ੍ਹਾ ਦੇ ਪਰਵਾਰ ਨੂੰ ਜਾਰੀ ਕੀਤਾ ਪ੍ਰਸ਼ੰਸਾ ਪੱਤਰ ਵੀ ਭੇਟ ਕੀਤਾ ਗਿਆ। ਸਮਾਗਮ ਸਮੇਂ ਪੰਜਾਬ ਸਟੂਡੈਂਟਸ ਯੂਨੀਅਨ ਦੇ ਸਾਬਕਾ ਜਨਰਲ ਸਕੱਤਰ ਪ੍ਰੋਫੈਸਰ ਅਜਾਇਬ ਸਿੰਘ ਟਿਵਾਣਾ ਨੇ ਮਾਸਟਰ ਸੁਰਜੀਤ ਅਰਮਾਨੀ ਦੀ ਸ਼ਖ਼ਸੀਅਤ ਦੇ ਬਹੁਤ ਸਾਰੇ ਪੱਖਾਂ ਤੋਂ ਇਲਾਵਾ ਰਿਕਾਰਡ ਕੀਤੀ ਉਨ੍ਹਾ ਦੀ ਇੰਟਰਵਿਊ ਵਿੱਚੋਂ ਵੀ ਕੁਝ ਅੰਸ਼ ਸਾਂਝੇ ਕੀਤੇ। ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਪ੍ਰਧਾਨ ਮਾਸਟਰ ਰਜਿੰਦਰ ਸਿੰਘ ਭਦੌੜ ਨੇ ਸੁਰਜੀਤ ਅਰਮਾਨੀ ਦੀ ਵਸੀਅਤ ਤੇ ਸ਼ਖ਼ਸੀਅਤ ਨੂੰ ਕਹਿਣੀ ਅਤੇ ਕਰਨੀ ਦਾ ਸੁਮੇਲ ਕਹਿੰਦਿਆਂ ਸਵਰਗ ਨਰਕ ਦੇ ਫਲਸਫੇ ਦਾ ਖੰਡਨ ਕਰਕੇ ਹਾਜ਼ਰੀਨ ਨੂੰ ਵਿਗਿਆਨਕ ਸੋਚ ਅਪਣਾਉਣ ਦਾ ਸੱਦਾ ਦਿੱਤਾ। ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਭਗਵੰਤ ਸਮਾਓ ਨੇ ਉਨਾਂ ਦੇ ਪਰਵਾਰ ਰਿਸ਼ਤੇਦਾਰ ਵੱਲੋਂ ਚੱਲਦੇ ਸੰਘਰਸ਼ 'ਚ ਪਾਏ ਜਾ ਰਹੇ ਯੋਗਦਾਨ ਦੀ ਪ੍ਰਸ਼ੰਸਾ ਕੀਤੀ। ਲੋਕ ਕਵੀ ਸੰਤ ਰਾਮ ਉਦਾਸੀ ਦੀ ਬੇਟੀ ਇਕਬਾਲ ਕੌਰ ਉਦਾਸੀ ਨੇ ਅਰਮਾਨੀ ਦੇ ਸੰਘਰਸ਼ ਮਈ ਜੀਵਨ ਲਈ ਉਨ੍ਹਾ ਸਲਾਮ ਪੇਸ਼ ਕੀਤੀ। ਲਿਬਰੇਸ਼ਨ ਦੇ ਆਗੂ ਰਾਵਿੰਦਰ ਰਾਣਾ ਨੇ ਕਿਹਾ ਕਿ ਜਮਾਤੀ ਦ੍ਰਿਸ਼ਟੀਕੋਣ, ਜਮਾਤੀ ਸੰਘਰਸ਼ ਕਰਨਾ ਹੀ ਮਾਸਟਰ ਸੁਰਜੀਤ ਅਰਮਾਨੀ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਪੰਜਾਬ ਕਿਸਾਨ ਯੂਨੀਅਨ ਦੀ ਸੂਬਾਈ ਪ੍ਰਧਾਨ ਰੁਲਦੂ ਸਿੰਘ ਮਾਨਸਾ ਨੇ ਕਿਹਾ ਕਿ ਮਾਸਟਰ ਸੁਰਜੀਤ ਅਰਮਾਨੀ ਦਾ ਸਮੁੱਚਾ ਜੀਵਨ ਹੀ ਸੰਘਰਸ਼ਾਂ ਦੀ ਇੱਕ ਲੰਬੀ ਦਾਸਤਾਂ ਹੈ। ਐਸ. ਸੀ ਐਸ. ਟੀ ਕਮਿਸ਼ਨ ਹਰਿਆਣਾ ਸਰਕਾਰ ਦੇ ਮੌਜੂਦਾ ਚੇਅਰਮੈਨ ਅਤੇ ਸਾਬਕਾ ਵਿਧਾਇਕ ਰਤੀਆ, ਪ੍ਰੋਫੈਸਰ ਰਵਿੰਦਰ ਸਿੰਘ ਬਲਿਆਲਾ ਨੇ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ। ਸਮਾਗਮ ਦੇ ਅਖੀਰ 'ਚ ਉਨ੍ਹਾਂ ਦੇ ਛੋਟੇ ਭਰਾ ਆਤਮਾ ਸਿੰਘ ਪਮਾਰ ਵੱਲੋਂ ਸਮੁੱਚੇ ਹਾਜ਼ਰੀਨ ਦਾ ਇਸ ਦੁੱਖ ਦੀ ਘੜੀ ਵਿੱਚ ਸ਼ਰੀਕ ਹੋਣ 'ਤੇ ਧੰਨਵਾਦ ਵੀ ਕੀਤਾ। ਇਸ ਸਮੇਂ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ, ਰਾਮ ਨਿਰਮਾਣ ਬਠਿੰਡਾ, ਬਲਰਾਜ ਮੌੜ ਦਰਸ਼ਨ ਮੌੜ, ਸੁਖਦੇਵ ਪਾਂਧੀ, ਮੱਖਣ ਸਿੰਘ ਰਾਮਗੜ੍ਹ, ਧੰਨਾ ਮੱਲ ਗੋਇਲ, ਹਰਗਿਆਨ ਸਿੰਘ ਢਿੱਲੋਂ, ਐਡਵੋਕੇਟ ਬਲਵੰਤ ਭਾਟੀਆ, ਅਜੀਤ ਉਪ ਦਾਫਤਰ ਦੇ ਇੰਚਾਰਜ ਬਲਵਿੰਦਰ ਸਿੰਘ ਧਾਲੀਵਾਲ, ਹਰਗਿਆਨ ਸਿੰਘ ਢਿੱਲੋਂ, ਜਗਸੀਰ ਸਿੰਘ ਜੀਦਾ, ਹਰਬੰਸ ਸਿੰਘ ਸਹੋਤਾ ਸੇਵਾ ਮੁਕਤ ਵਧੀਕ ਸੁਪਰਡੈਂਟ ਇੰਜੀਨੀਅਰ, ਮੇਜਰ ਸਿੰਘ ਢਿੱਲੋਂ, ਹਰਬੰਸ ਸਿੰਘ ਢਿੱਲੋਂ, ਕੇਵਲ ਜੀਦਾ, ਕਾਮਰੇਡ ਨਰਭਿੰਦਰ ਸਿੰਘ, ਲਾਭ ਸਿੰਘ ਅਕਲੀਆ, ਹਰਵਿੰਦਰ ਸੇਮਾ, ਜਗਰਾਜ ਧੌਲਾ, ਅਜਮੇਰ ਸਿੰਘ ਅਕਲੀਆ ਤੋਂ ਇਲਾਵਾ ਵੱਡੀ ਗਿਣਤੀ ਨਗਰ ਨਿਵਾਸੀ, ਦੋਸਤ ਮਿੱਤਰ, ਰਿਸ਼ਤੇਦਾਰ ਅਤੇ ਵੱਖ ਵੱਖ ਜਥੇਬੰਦੀਆਂ ਦੇ ਆਗੂ ਤੇ ਵਰਕਰ ਵੀ ਹਾਜ਼ਰ ਸਨ।

## ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵੱਲੋਂ ਚਿੱਪ ਵਾਲੇ ਮੀਟਰਾਂ ਦਾ ਵਿਰੋਧ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**

ਪੰਜਾਬ ਸਰਕਾਰ ਵੱਲੋਂ ਬਿਜਲੀ ਬੋਰਡ ਨੂੰ ਪਿੰਡਾਂ ਤੇ ਸ਼ਹਿਰਾਂ ਵਿੱਚ ਚਿੱਪ ਵਾਲੇ ਮੀਟਰ ਲਾਉਣ ਲਈ ਹੁਕਮ ਜਾਰੀ ਕੀਤੇ ਗਏ ਹਨ, ਪਰ ਇਨ੍ਹਾਂ ਚਿੱਪ ਵਾਲੇ ਮੀਟਰਾਂ ਦੇ ਲਾਉਣ ਨੂੰ ਲੈ ਕੇ ਹਰ ਥਾਂ ਬਿਜਲੀ ਬੋਰਡ ਦੇ ਮੁਲਾਜ਼ਮਾਂ ਦਾ ਵਿਰੋਧ ਕੀਤਾ ਜਾ ਰਿਹਾ ਹੈ। ਇਸ ਤਰ੍ਹਾਂ ਹੀ ਝੋਕ ਮੋਹੜੇ ਬਲਾਕ ਦੇ ਪਿੰਡ ਅੱਲਫੂ ਕੇ ਵਿਖੇ ਲੱਗੇ ਚਿੱਪ ਵਾਲੇ ਮੀਟਰ ਉਤਾਰ ਕੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੀ ਇਕਾਈ ਤੇ ਸਮੂਹ ਪਿੰਡ ਵਾਸੀਆਂ ਵੱਲੋਂ ਸਖਤ ਵਿਰੋਧ ਕੀਤਾ ਗਿਆ ਤੇ ਪੰਜਾਬ ਸਰਕਾਰ ਤੇ ਬਿਜਲੀ ਬੋਰਡ ਦੇ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਤੇ ਪਿੰਡ 'ਚ ਚਿੱਪ ਵਾਲੇ ਮੀਟਰ ਲਾਉਣ ਆਏ ਮੁਲਾਜ਼ਮਾਂ ਦਾ ਵਿਰੋਧ ਕੀਤਾ ਜਾਵੇਗਾ। ਸੂਬਾ ਪ੍ਰੈਸ ਸਕੱਤਰ ਅਵਤਾਰ ਮਹਿਮਾ ਨੇ ਸਖਤ ਲਹਿਜ਼ੇ ਵਿੱਚ ਚਿਤਾਵਨੀ ਦਿੱਤੀ ਕਿ ਇਹ ਮੀਟਰ ਇੱਕ ਪਿੰਡ ਵਿਚੋਂ ਹੀ ਨਹੀਂ, ਸਾਰੇ ਪਿੰਡਾਂ ਵਿਚੋਂ ਉਤਾਰੇ ਜਾਣਗੇ ਅਤੇ ਪੰਜਾਬ ਵਿੱਚ ਨਵੀਂ ਬਣੀ ਸਰਕਾਰ ਦੀਆਂ ਕਿਸਾਨ ਮਜ਼ਦੂਰ ਵਪਾਰ ਮਾਰੂ ਨੀਤੀਆਂ ਨੂੰ ਲਾਗੂ ਨਹੀਂ ਹੋਣ ਦੇਵਾਂਗੇ। ਪੰਜਾਬ ਸਰਕਾਰ ਬਿਜਲੀ ਬੋਰਡ ਸਮਾਰਟ ਮੀਟਰ ਦੀ ਜਗ੍ਹਾ ਪੁਰਾਣੇ ਸਧਾਰਨ ਮੀਟਰ ਮੁਹੱਈਆ ਕਰਾਏ, ਨਹੀਂ ਤਾਂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਸਖਤ ਕਦਮ ਚੁੱਕੇਗੀ। ਇਹ ਮੀਟਰ ਪਿੰਡ 'ਚੋਂ ਉਤਾਰ ਕੇ ਬਿਜਲੀ ਬੋਰਡ ਝੋਕ ਟਹਿਲ ਸਿੰਘ ਵਾਲੇ ਗਰਿਡ ਦੇ ਮੁਲਾਜ਼ਮ ਕਰਨੈਲ ਸਿੰਘ ਨੂੰ ਜਮ੍ਹਾਂ ਕਰਾਏ ਤੇ ਦੂਜੇ ਮੀਟਰ ਲਾਉਣ ਲਈ ਮੰਗ ਪੱਤਰ ਦਿੱਤਾ।

## ਮਿਡ ਡੇਅ ਮੀਲ 'ਚ ਆਂਡੇ ਸ਼ਾਮਲ ਕਰੇ ਪੰਜਾਬ ਸਰਕਾਰ : ਡਾ. ਦੀਪ



**ਨਿਹਾਲ ਸਿੰਘ ਵਾਲਾ (ਨਛੱਤਰ ਸੰਧੂ)**-ਕਸਬਾ ਨਿਹਾਲ ਸਿੰਘ ਵਾਲਾ ਦੇ ਸਮਾਜ ਸੇਵੀ ਤੇ ਸੀਨੀਅਰ ਡਾਕਟਰ ਦੀਪ ਮਾਲਿਕ ਅਤੇ ਸੰਚਾਲਕ ਦੀਪ ਹਸਪਤਾਲ ਅਤੇ ਪੋਆਇਜ਼ਨ ਟਰੀਟਮੈਂਟ ਸੈਂਟਰ ਨੇ ਮੌਜੂਦਾ ਪੰਜਾਬ ਸਰਕਾਰ ਨੂੰ ਸਲਾਹ ਰੂਪੀ ਬੇਨਤੀ ਕੀਤੀ ਹੈ ਕਿ ਸਰਕਾਰੀ ਸਕੂਲਾਂ ਅਤੇ ਆਂਗਣਵਾੜੀਆਂ ਵਿੱਚ ਜਿਹੜੀਆਂ ਕਿ ਪੰਜਾਬ ਸਰਕਾਰ ਤੇ ਅਧਿਕਾਰ ਖੇਤਰ ਵਿੱਚ ਆਉਂਦੀਆਂ ਹਨ। ਉਨ੍ਹਾਂ ਵਿੱਚ ਪੂੜੀਆਂ ਜਾਂ ਕੇਲਿਆਂ ਦੀ ਥਾਂ ਉੱਬਲੇ ਹੋਏ ਆਂਡੇ ਨੂੰ ਮਿਡ-ਡੇ ਮੀਲ ਵਿੱਚ ਭੋਜਨ ਵਜੋਂ ਸ਼ਾਮਲ ਕੀਤਾ ਜਾਵੇ। ਅੱਜ-ਕੱਲ੍ਹ ਦੀ ਭਾਰੀ ਸਰਦੀ ਦੇ ਸਮੇਂ ਵਿੱਚ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਗ਼ਰੀਬ ਘਰਾਂ ਦੇ ਬੱਚਿਆਂ ਲਈ ਇਹ ਭੋਜਨ ਬਹੁਤ ਲਾਭਦਾਇਕ ਸਿੱਧ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪਿਛਲੇ 70-75 ਸਾਲਾਂ ਤੋਂ ਗ਼ੈਰ ਵਿਗਿਆਨਕ, ਗੈਰ ਤਰਕਵਾਦੀ ਤੇ ਅਮੀਰਵਾਦੀ ਸਰਕਾਰਾਂ ਹੀ ਬਣਦੀਆਂ ਰਹੀਆਂ ਹਨ, ਜਿਨ੍ਹਾਂ ਦਾ ਮੁੱਖ ਕਾਰਜ ਗ਼ਰੀਬਾਂ, ਮਜ਼ਦੂਰਾਂ, ਦਲਿਤਾਂ, ਸੋਸ਼ਿਤਾਂ, ਪਿਛੜਿਆਂ ਤੇ ਔਰਤਾਂ ਨੂੰ ਮੂਰਖ ਬਣਾ ਕੇ ਭੰਬਲਭੂਸੇ ਵਿੱਚ ਪਾਈ ਰੱਖਣਾ ਹੀ ਸੀ। ਇਸ ਵਾਸਤੇ ਉਹਨਾਂ ਯੋਜਨਾਬੱਧ ਤਰੀਕੇ ਨਾਲ ਲਗਾਤਾਰ ਪੌਸ਼ਟਿਕ ਭੋਜਨ ਨੂੰ ਪੰਜਾਬੀ ਗ਼ਰੀਬ ਜਨਤਾ ਤੋਂ ਦੂਰ ਕੀਤਾ। ਪੌਸ਼ਟਿਕ ਭੋਜਨ ਦੀ ਲਗਾਤਾਰ ਘਾਟ ਕਾਰਨ, ਪੰਜਾਬੀ ਗ਼ਰੀਬ ਜਨਤਾ ਦੇ ਮਾਨਸਿਕ ਵਿਕਾਸ ਵਿੱਚ ਅਤੇ ਸਰੀਰਕ ਬਣਤਰ ਵਿੱਚ ਤਬਦੀਲੀਆਂ ਆਈਆਂ। ਪੰਜਾਬੀ ਗ਼ਰੀਬ ਲੋਕਾਂ ਦੇ ਸਰੀਰ ਕਮਜ਼ੋਰ ਹੋ ਗਏ। ਉਨ੍ਹਾਂ ਦੇ ਕੱਦ ਛੋਟੇ ਰਹਿ ਗਏ ਤੇ ਮਾਨਸਿਕ ਤੌਰ 'ਤੇ ਵੀ ਉਨ੍ਹਾਂ ਦੇ ਸੁਭਾਅ 'ਚੋਂ ਸਿਰੜ, ਦਲੇਰੀ, ਦ੍ਰਿੜਤਾ ਘਟਦੀ ਗਈ।

## ਬੀਪੀਈਓ ਕੰਚਨ ਬਾਲਾ ਤੇ ਸੀਐੱਚਟੀ ਸਵਰਨਜੀਤ ਸਿੰਘ ਸਨਮਾਨਤ



**ਕੋਟ ਈਸੇ ਖਾਂ (ਅਰੋੜਾ)**-ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਰੋਹ ਵਿੱਚ ਪੰਜਾਬ ਕੈਬਨਿਟ ਮੰਤਰੀ ਬਲਕਾਰ ਸਿੰਘ ਵੱਲੋਂ ਬਲਾਕ ਧਰਮਕੋਟ-2 ਦੇ ਬੀਪੀਈਓ ਕੰਚਨ ਬਾਲਾ ਨੂੰ ਬਿਹਤਰੀਨ ਸੇਵਾਵਾਂ ਨਿਭਾਉਣ ਲਈ ਸਨਮਾਨਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਬਲਾਕ ਧਰਮਕੋਟ-2 ਆਪਣੇ ਚੰਗੇਰੇ ਪ੍ਰਦਰਸ਼ਨ ਕਰਕੇ ਪੰਜਾਬ ਦੇ ਮੋਹਰੀ ਸਿੱਖਿਆ ਬਲਾਕਾਂ ਵਿੱਚੋਂ ਇੱਕ ਹੈ। ਇਸ ਮੌਕੇ ਵਿਦਿਆਰਥੀਆਂ ਨੂੰ ਆਨਲਾਈਨ ਪੜ੍ਹਾਈ ਲਈ ਸੈਂਕੜਿਆਂ ਦੀ ਗਿਣਤੀ ਵਿੱਚ ਵੀਡੀਓ ਬਣਾਉਣ ਵਾਲੇ ਸੈਂਟਰ ਹੈੱਡ ਟੀਚਰ ਸਵਰਨਜੀਤ ਸਿੰਘ ਮਹਿਲ ਨੂੰ ਵੀ ਮੰਤਰੀ ਸਾਹਿਬ ਵੱਲੋਂ ਸਨਮਾਨਤ ਕੀਤਾ ਗਿਆ। ਇਹ ਬਲਾਕ ਧਰਮਕੋਟ-2 ਦੇ ਲਈ ਬਹੁਤ ਹੀ ਮਾਣਮੱਤੀ ਪ੍ਰਾਪਤੀ ਬੀ ਪੀ ਈ ਓ ਕੰਚਨ ਬਾਲਾ ਨੇ ਦੱਸਿਆ ਕਿ ਸਮੂਹ ਬਲਾਕ ਧਰਮਕੋਟ 2 ਭਵਿੱਖ ਵਿੱਚ ਵੀ ਇਸੇ ਤਰ੍ਹਾਂ ਹੀ ਅਣਥੱਕ ਯਤਨ ਕਰਦਾ ਰਹੇਗਾ ਤਾਂ ਜੁ ਹਰ ਬੱਚਾ ਮਿਆਰੀ ਤੇ ਸਮੇਂ ਦੀ ਲੋੜ ਅਨੁਸਾਰ ਬਿਹਤਰ ਸਿੱਖਿਆ ਪ੍ਰਾਪਤ ਕਰ ਸਕੇ।

# 31 ਨੂੰ ਬਲਾਕ ਤੇ 16 ਨੂੰ ਜ਼ਿਲ੍ਹਾ ਪੱਧਰੀ ਧਰਨੇ ਦੇਣ ਦਾ ਐਲਾਨ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸਿਹਤ ਵਿਭਾਗ ਅਧੀਨ ਕੰਮ ਕਰਨ ਵਾਲੀਆਂ ਆਸ਼ਾ ਤੇ ਫੈਸੀਲੇਟਰ ਵਰਕਰਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਦੀ ਲੜੀ ਤਹਿਤ ਐਸਐਮਓ ਦਾ ਲਵਕੇਸ਼ ਕੁਮਾਰ ਨੂੰ ਮੰਗ ਪੱਤਰ ਸੌਂਪਿਆ ਗਿਆ। ਆਸ਼ਾ ਵਰਕਰ ਅਤੇ ਫੈਸੀਲੇਟਰ ਨਿਰੋਲ ਯੂਨੀਅਨ ਦੀ ਬਲਾਕ ਪ੍ਰਧਾਨ ਜਸਵਿੰਦਰ ਕੌਰ ਤੇ ਜਨਰਲ ਸਕੱਤਰ ਅਮਨਦੀਪ ਕੌਰ ਵਿਰਕ ਨੇ ਦੱਸਿਆ ਕਿ ਕੇਂਦਰ ਸਰਕਾਰ ਦੇ ਸਿਹਤ ਵਿਭਾਗ ਨੂੰ ਦੀ ਸਕੀਮ ਤਹਿਤ ਆਸ਼ਾ ਅਤੇ ਫੈਸਿਲੀਟੇਟਰ ਕਈ ਕਈ ਸਾਲਾਂ ਤੋਂ ਕੰਮ ਕਰਦੇ ਆ ਰਹੇ ਹਨ, ਪਰ ਸਰਕਾਰ ਵੱਲੋਂ ਨਿਗੂਣੇ ਮਾਣਭੱਤੇ ਉੱਤੇ ਕੰਮ ਲੈ ਕੇ ਉਨ੍ਹਾਂ ਦਾ ਸੋਸ਼ਣ ਕੀਤਾ ਜਾ ਰਿਹਾ ਹੈ। ਆਗੂਆਂ ਨੇ ਮੰਗ ਕੀਤੀ ਕਿ ਆਸ਼ਾ ਤੇ ਆਸ਼ਾ ਫੈਸਿਲੀਟੇਟਰ ਵਰਕਰਾਂ ਦੀ ਸਿਹਤ ਕੇਂਦਰਾਂ ਵਿੱਚ ਹਾਜ਼ਰੀ ਯਕੀਨੀ ਬਣਾਉਣ ਦੇ ਨਾਲ ਨਾਲ ਟੂਰ ਤੇ ਇਨਸੈਂਟਿਵ ਵਿੱਚ ਵਾਧਾ ਕੀਤਾ ਜਾਵੇ, ਜ਼ਮੀਨੀ ਪੱਧਰ ਉੱਤੇ ਕੰਮ ਕਰਨ ਕਰਕੇ ਵਿਭਾਗੀ ਮੁਲਾਜ਼ਮ ਦਾ ਦਰਜਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਜਥੇਬੰਦੀ ਮੰਗ ਕਰਦੀ ਹੈ ਕਿ ਆਸ਼ਾ ਅਤੇ ਫੈਸੀਲੇਟਰ ਵਰਕਰਾਂ ਨੂੰ ਘੱਟੋ-ਘੱਟ 21 ਹਜ਼ਾਰ ਰੁਪਏ ਪ੍ਰਤੀ ਮਹੀਨਾ ਤਨਖਾਹ ਦੇਣ ਦੇ ਨਾਲ ਨਾਲ ਸੇਵਾਮੁਕਤੀ ਉਪਰੰਤ ਆਰਥਿਕ ਸਹਾਇਤਾ ਦਾ ਪ੍ਰਬੰਧ ਕਰਨ ਦੇ ਨਾਲ ਸੇਵਾਮੁਕਤੀ ਲਈ ਉਮਰ ਹੱਦ 70 ਸਾਲ ਕੀਤੀ ਜਾਵੇ। ਆਗੂਆਂ ਨੇ ਦੱਸਿਆ ਕਿ 31 ਜਨਵਰੀ ਨੂੰ ਬਲਾਕ ਪੱਧਰ ਉੱਤੇ ਧਰਨਾ ਦੇ ਕੇ ਆਸ਼ਾ ਅਤੇ ਫੈਸਿਲੀਟੇਟਰ ਵਰਕਰਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਕੇਂਦਰੀ ਸਿਹਤ ਮੰਤਰੀ ਦੇ ਨਾਂਅ ਮੰਗ ਪੱਤਰ ਸੌਂਪਿਆ ਜਾਵੇਗਾ ਅਤੇ 16 ਫਰਵਰੀ ਨੂੰ ਜ਼ਿਲ੍ਹਾ ਪੱਧਰੀ ਧਰਨੇ ਦਿੱਤੇ ਜਾਣਗੇ।



ਮੰਗ ਪੱਤਰ ਦਿੰਦੇ ਹੋਏ ਆਸ਼ਾ ਵਰਕਰ ਤੇ ਫੈਸੀਲੇਟਰ ਨਿਰੋਲ ਯੂਨੀਅਨ ਦੀਆਂ ਵਰਕਰਾਂ।

## ਅਧਿਆਪਕ ਮਲਕੀਤ ਸਿੰਘ ਦਾ ਗਣਤੰਤਰ ਦਿਵਸ ਮੌਕੇ ਵਿਸ਼ੇਸ਼ ਸਨਮਾਨ

**ਧੂਰੀ (ਸੁਖਦੇਵ ਧੂਰੀ)**-ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ ਦੌਰਾਨ ਸਿੱਖਿਆ ਵਿਭਾਗ ਵਿੱਚ ਤਨਦੇਹੀ ਨਾਲ ਸੇਵਾਵਾਂ ਨਿਭਾਉਣ ਬਦਲੇ ਸਰਕਾਰੀ ਮਿਡਲ ਸਕੂਲ ਹਸਨਪੁਰ ਦੇ ਸਰੀਰਕ ਸਿੱਖਿਆ ਅਤੇ ਖੇਡਾਂ ਦੇ ਅਧਿਆਪਕ ਮਲਕੀਤ ਸਿੰਘ ਨੂੰ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੁਆਰਾ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਹ ਸਨਮਾਨ ਉਹਨਾਂ ਨੂੰ ਆਪਣੇ ਪਿੱਤਰੀ ਸਕੂਲ ਦੀ ਤਰੱਕੀ ਵਿੱਚ ਨਿਭਾਏ ਯੋਗਦਾਨ ਸਦਕਾ ਅਤੇ ਜ਼ਿਲ੍ਹਾ ਖੇਡ ਕਮੇਟੀ ਵਿੱਚ ਕੀਤੀ ਅਣਥੱਕ ਸੇਵਾ ਸਦਕਾ ਕੀਤਾ ਗਿਆ। ਮਲਕੀਤ ਸਿੰਘ ਜ਼ਿਲ੍ਹਾ ਖੇਡ ਕਮੇਟੀ ਵਿੱਚ ਲੰਗਰ ਦੀ ਸੇਵਾ ਬੜੀ ਨਿਮਰਤਾ ਤੇ ਸੇਵਾ ਭਾਵ ਨਾਲ ਨਿਭਾਉਂਦੇ ਹਨ ਅਤੇ ਹਰੇਕ ਨੂੰ ਖਿੜੇ ਮੱਥੇ ਅਤੇ ਸਤਿਕਾਰ ਨਾਲ ਮਿਲਦੇ ਹਨ। ਇਸ ਮੌਕੇ ਹਲਕਾ ਵਿਧਾਇਕ ਮੈਡਮ ਨਰਿੰਦਰ ਕੌਰ ਭਰਾਜ, ਡਿਪਟੀ ਕਮਿਸਨਰ ਜਤਿੰਦਰ ਜੋਰਵਾਲ, ਸੀਨੀਅਰ ਪੁਲਿਸ ਕਪਤਾਨ ਸਰਤਾਜ ਸਿੰਘ ਚਹਿਲ, ਗਊ ਸੇਵਾ ਕਮਿਸ਼ਨ ਪੰਜਾਬ ਦੇ ਪ੍ਰਧਾਨ ਅਸ਼ੋਕ ਕੁਮਾਰ ਲੱਖਾ ਸਮੇਤ ਅਨੇਕਾਂ ਸ਼ਖ਼ਸੀਅਤਾਂ ਹਾਜ਼ਰ ਸਨ।



## ਕੱਟੇ ਰਾਸ਼ਨ ਕਾਰਡ ਬਹਾਨ ਕਰਾਉਣ 'ਤੇ ਧੰਨਵਾਦ ਕੀਤਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪਰਮਜੀਤ ਸਿੰਘ, ਪੂਜਾ)**-ਪਿੰਡ ਚੱਕ ਕਾਲਾ ਸਿੰਘ ਵਾਲਾ ਦੀਆਂ ਔਰਤਾਂ ਨੇ ਸਮਾਗਮ ਰੱਖਿਆ, ਜਿਸ ਦੌਰਾਨ ਇਸਤਰੀ ਅਕਾਲੀ ਦਲ ਦੇ ਕੌਮੀ ਪ੍ਰਧਾਨ ਹਰਗੋਬਿੰਦ ਕੌਰ ਨੂੰ ਸਨਮਾਨਤ ਕੀਤਾ। ਔਰਤਾਂ ਨੇ ਕਿਹਾ ਕਿ ਉਹ ਹਰਗੋਬਿੰਦ ਕੌਰ ਦਾ ਬਹੁਤ ਧੰਨਵਾਦ ਕਰਦੀਆਂ ਹਨ, ਜਿਨ੍ਹਾਂ ਨੇ ਉਨ੍ਹਾਂ ਦੇ ਹੱਕ ਵਿੱਚ ਕੱਟੇ ਹੋਏ ਰਾਸ਼ਨ ਕਾਰਡਾਂ ਨੂੰ ਮੁੜ ਬਹਾਲ ਕਰਾਉਣ ਲਈ ਜ਼ੋਰਦਾਰ ਆਵਾਜ਼ ਉਠਾਈ ਅਤੇ ਪੰਜਾਬ ਸਰਕਾਰ ਨੂੰ ਇਹ ਕੱਟੇ ਹੋਏ ਰਾਸ਼ਨ ਕਾਰਡਾਂ ਨੂੰ ਬਹਾਲ ਕਰਨ ਲਈ ਮਜਬੂਰ ਹੋਣਾ ਪਿਆ। ਇਸ ਸਮੇਂ ਹਰਗੋਬਿੰਦ ਕੌਰ ਨੇ ਉਥੇ ਜੁੜੀਆਂ ਹੋਈਆਂ ਔਰਤਾਂ ਨੂੰ ਵਿਸ਼ਵਾਸ ਦਿਵਾਇਆ ਕਿ ਜੋ ਵੀ ਸਕੀਮਾਂ ਪੰਜਾਬ ਸਰਕਾਰ ਬੰਦ ਕਰੀ ਬੈਠੀ ਹੈ, ਉਨ੍ਹਾਂ ਨੂੰ ਚਾਲੂ ਕਰਾਉਣ ਲਈ ਉਹ ਪੂਰਾ ਜ਼ੋਰ ਲਾਉਣਗੇ। ਉਨ੍ਹਾਂ ਕਿਹਾ ਕਿ ਗਰੀਬ ਅਤੇ ਮੱਧ ਵਰਗ ਪਰਵਾਰਾਂ ਨੂੰ ਹਜ਼ਾਰਾਂ ਰੁਪਏ ਬਿਜਲੀ ਦੇ ਬਿੱਲ ਆ ਰਹੇ ਹਨ। ਆਉਣ ਵਾਲੇ ਦਿਨਾਂ ਵਿੱਚ ਇਸ ਖਿਲਾਫ਼ ਵੀ ਜ਼ੋਰਦਾਰ ਆਵਾਜ਼ ਉਠਾਈ ਜਾਵੇਗੀ। ਉਨ੍ਹਾਂ ਕਿਹਾ ਕਿ ਔਰਤਾਂ ਨੂੰ ਹਜ਼ਾਰ-ਹਜ਼ਾਰ ਰੁਪਏ ਦੇਣ ਦਾ ਵਾਅਦਾ ਕਰਨ ਵਾਲੇ ਹੁਣ ਦੋ ਸਾਲ ਹੋ ਗਏ, ਕਿੱਥੇ ਲੁਕੇ ਬੈਠੇ ਹਨ। ਇਸ ਮੌਕੇ ਪਿੰਡ ਚੱਕ ਕਾਲਾ ਸਿੰਘ ਵਾਲਾ ਵਿਖੇ ਇਸਤਰੀ ਅਕਾਲੀ ਦਲ ਦੀ ਸਰਬਸੰਮਤੀ ਨਾਲ ਚੋਣ ਕਰਾਈ ਗਈ, ਜਿਸ ਦੌਰਾਨ ਵੀਰਪਾਲ ਕੌਰ ਨੂੰ ਇਕਾਈ ਪ੍ਰਧਾਨ ਤੇ ਮਨਪ੍ਰੀਤ ਕੌਰ ਨੂੰ ਜਨਰਲ ਸਕੱਤਰ ਬਣਾਇਆ ਗਿਆ। ਇਸ ਮੌਕੇ ਸਰਬਜੀਤ ਕੌਰ, ਗਿਆਨੋ, ਸਰੋਜ, ਜਸਵਿੰਦਰ ਕੌਰ, ਪਰਮਜੀਤ ਕੌਰ, ਰਣਜੀਤ ਕੌਰ, ਅਮਨਦੀਪ ਕੌਰ, ਸੁਖਪ੍ਰੀਤ ਕੌਰ, ਅਜੀਤ ਕੌਰ, ਗੁਰਪ੍ਰੀਤ ਕੌਰ, ਮਨਰੀਤ ਕੌਰ ਤੇ ਗੁਰਮੀਤ ਕੌਰ ਆਦਿ ਮੌਜੂਦ ਸਨ।

## ਖੱਤਰੀ ਨਰੋਤਮ ਪੁਰੀ ਜ਼ਿਲ੍ਹਾ ਪ੍ਰਧਾਨ ਬਣਨ 'ਤੇ ਸਨਮਾਨਤ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਖੱਤਰੀ ਮਹਾਂਸਭਾ ਦੇ ਪ੍ਰਧਾਨ ਐਡਵੋਕੇਟ ਵਿਜੈ ਧੀਰ ਮੋਗਾ ਤੇ ਸਰਪ੍ਰਸਤ ਖੱਤਰੀ ਮਹਾਂਸਭਾ ਪੰਜਾਬ ਸ਼੍ਰੀ ਅਸ਼ੋਕ ਥਾਪਰ ਦੀ ਦੇਖ-ਰੇਖ ਹੇਠ ਸ਼੍ਰੀ ਨਰੋਤਮ ਪੁਰੀ ਨੂੰ ਜ਼ਿਲ੍ਹਾ ਮੋਗਾ ਖੱਤਰੀ ਸਭਾ ਦਾ ਪ੍ਰਧਾਨ ਥਾਪਿਆ ਗਿਆ, ਜਿਸ ਦੀ ਹਰ ਖੇਤਰ ਵਿੱਚ ਖੁਸ਼ੀ ਜ਼ਾਹਰ ਕੀਤੀ ਜਾ ਰਹੀ ਹੈ। ਇਸ ਨਿਯੁਕਤੀ 'ਤੇ ਖੱਤਰੀ ਬਰਾਦਰੀ ਵੱਲੋਂ ਵੀ ਖੁਸ਼ੀ ਪ੍ਰਗਟ ਕਰਦੇ ਹੋਏ ਖੱਤਰੀ ਨਰੋਤਮ ਪੁਰੀ ਜ਼ਿਲ੍ਹਾ ਪ੍ਰਧਾਨ ਖੱਤਰੀ ਸਭਾ ਨੂੰ ਸਨਮਾਨਤ ਕੀਤਾ ਗਿਆ। ਨਰੋਤਮ ਪੁਰੀ ਦੁਆਰਾ ਸੰਬੋਧਨ ਕੀਤਾ ਗਿਆ ਕਿ ਲੋੜਵੰਦ ਖੱਤਰੀ ਪਰਵਾਰਾਂ ਨੂੰ ਹਰ ਸੰਭਵ ਮੱਦਦ ਕੀਤੀ ਜਾਵੇਗੀ। ਖੱਤਰੀ ਬਰਾਦਰੀ ਦੇ ਮਾਨ ਸਨਮਾਨ ਨੂੰ ਚੰਗੀ ਤਰ੍ਹਾਂ ਬਹਾਲ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਬਾਘਾਪੁਰਾਣਾ ਦੇ ਖੱਤਰੀ ਪਰਵਾਰਾਂ ਦੀ ਸਹਿਮਤੀ ਨਾਲ ਬਾਘਾਪੁਰਾਣਾ ਵਿਖੇ ਇੱਕ ਆਦਰਸ਼ ਖੱਤਰੀ ਸਭਾ ਦਾ ਜਲਦੀ ਗਠਨ ਕੀਤਾ ਜਾਵੇਗਾ। ਇਸ ਮੌਕੇ ਐਡਵੋਕੇਟ ਵਿਜੈਧੀਰ ਪ੍ਰਧਾਨ ਖੱਤਰੀ ਸਭਾ ਪੰਜਾਬ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਵਧਾਈ ਦੇਣ ਵਾਲਿਆਂ ਵਿੱਚ ਤਿਲਕ ਰਾਜ ਸੋਨੀ, ਨਰੇਸ਼ ਜੈਦਕਾ, ਚੇਅਰਮੈਨ ਅਮਰਜੀਤ ਸਿੰਘ ਸੰਭਰਵਾਲ, ਰਾਜ ਕੁਮਾਰ ਲੂੰਬਾ, ਸ਼ਹਿਰੀ ਪ੍ਰਧਾਨ ਅਕਾਲੀ ਦਲ ਪਵਨ ਢੰਡ, ਡਾਇਰੈਕਟਰ ਪੰਜਾਬ ਕੋ-ਐਜੂਕੇਸ਼ਨ ਸਕੂਲ ਸ਼੍ਰੀ ਸੰਦੀਪ ਮਹਿਤਾ, ਰਵਿੰਦਰ ਕੁਮਾਰ ਵਰਮਾ, ਪ੍ਰਦੀਪ ਤਲਵਾੜ ਜ਼ਿਲ੍ਹਾ ਸੈਕਟਰੀ ਬੀ.ਜੇ.ਪੀ. ਮੋਗਾ, ਰਜਿੰਦਰ ਵਰਮਾ ਬਿਜਲੀ ਵਾਲਾ, ਅਜੈ ਪੁਰੀ, ਵਰੁਣ ਜੈਦਕਾ ਆਦਿ ਹਾਜ਼ਰ ਸਨ।

## ਕਾਂਗਰਸੀ ਆਗੂ ਨੂੰ ਸਦਮਾ, ਭਰਜਾਈ ਦਾ ਦੇਹਾਂਤ

**ਭਗਤਾ ਭਾਈ ਕਾ (ਰਾਜੀਵ ਗੋਇਲ)**-ਸਥਾਨਕ ਸ਼ਹਿਰ ਦੇ ਟਕਸਾਲੀ ਆਗੂ ਪਰਮਜੀਤ ਬਿਦਰ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ, ਜਦੋਂ ਉਹਨਾਂ ਦੇ ਭਰਜਾਈ ਬਚਨ ਕੌਰ ਪਤਨੀ ਗੁਰਬਚਨ ਸਿੰਘ ਬਿਦਰ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗੁਰੂ ਚਰਨਾਂ ਵਿੱਚ ਜਾ ਬਿਰਾਜੇ। ਮ੍ਰਿਤਕ ਬਚਨ ਕੌਰ ਭਿਆਨਕ ਬਿਮਾਰੀ ਤੋਂ ਪੀੜਤ ਸਨ। ਇਸ ਦੁੱਖ ਦੀ ਘੜੀ ਵਿੱਚ ਸਮੂਹ ਬਿਦਰ ਪਰਿਵਾਰ ਨਾਲ ਇੰਦਰਜੀਤ ਸਿੰਘ ਮਾਨ ਚੇਅਰਮੈਨ ਪੰਜਾਬ ਖਾਦੀ ਤੇ ਗ੍ਰਾਮ ਉਦਯੋਗ ਬੋਰਡ, ਵਿਧਾਇਕ ਬਲਕਾਰ ਸਿੱਧੂ, ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ, ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ, ਕਾਂਗਰਸੀ ਆਗੂ ਜਸ਼ਨ ਚਹਿਲ, ਬੂਟਾ ਸਿੰਘ ਸਿੱਧੂ ਪ੍ਰਧਾਨ ਨਗਰ ਪੰਚਾਇਤ, ਲਖਵੀਰ ਸਿੱਧੂ, ਗਗਨਦੀਪ ਗਰੇਵਾਲ ਸਾ. ਚੇਅਰਮੈਨ, ਰਾਕੇਸ਼ ਕੁਮਾਰ ਸਾ.ਪ੍ਰਧਾਨ, ਸ਼ੰਮਾ ਸਿੱਧੂ, ਵਿਜੈ ਕੁਮਾਰ ਪੱਪੂ ਪ੍ਰਧਾਨ ਆੜ੍ਹਤੀਆ ਯੂਨੀਅਨ, ਗੁਰਬਿੰਦਰ ਸਿੱਧੂ ਭਾਜਪਾ ਆਗੂ, ਕੁਲਵੰਤ ਸਿੰਘ ਮਲੂਕਾ ਚੇਅਰਮੈਨ ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ, ਗਗਨ ਬਰਾੜ ਚੇਅਰਮੈਨ ਆਕਸਫੋਰਡ ਸਕੂਲ, ਹਰਦੇਵ ਸਿੰਘ ਬਰਾੜ, ਜਗਸੀਰ ਪੰਨੂ, ਪਵਨ ਗਰਗ, ਰਾਜਿੰਦਰ ਕੁਮਾਰ, ਰਾਕੇਸ਼ ਸਿੰਗਲਾ, ਬਬਲੇਸ਼ ਕੁਮਾਰ ਸਿੰਗਲਾ, ਜਗਸੀਰ ਸਿੰਘ ਪੱਪੂ, ਰਾਮ ਕੁਮਾਰ ਬੁਰਜ ਵਾਲੇ, ਸੁਖਜਿੰਦਰ ਸਿੰਘ, ਅਜਾਇਬ ਸਿੰਘ, ਇੰਦਰਜੀਤ ਸਿੰਘ ਸਰਪੰਚ ਭੋਡੀਪੁਰਾ, ਹਰਜਿੰਦਰ ਸਿੰਘ ਕਿੰਗਰਾ, ਡਾ. ਸੋਮ ਖਾਨ ਕੋਠਾਗੁਰੂ, ਰਾਜਿੰਦਰ ਸਿੰਘ ਸਰਪੰਚ, ਰਘੂਬੀਰ ਸਿੰਘ ਮਲੂਕਾ, ਮਹਿੰਦਰ ਕਮਰਾ, ਤੀਰਥ ਸਿੱਧੂ ਦਿਆਲਪੁਰਾ ਮਿਰਜ਼ਾ, ਇੰਦਰਜੀਤ ਨਾਗਪਾਲ, ਨਿਰਮਲ ਸਿੰਘ ਹੁੰਜਨ,ਜਗਸੀਰ ਸਿੰਘ ਪੰਮਾ ਮਾਸਟਰ,ਹਰਿੰਦਰ ਸਿੰਘ ਬਰਾੜ,ਕਮਲਜੀਤ ਸਿੰਘ ਪਨੇਸਰ ਸਮੇਤ ਸਵ.ਜਗਦੀਸ ਚੰਦਰ ਭਦੌੜੀਆ ਦੇ ਸਮੂਹ ਪਰਿਵਾਰ ਵੱਲੋਂ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ ਹੈ।



## ਇੰਸਪੈਕਟਰ ਮੋਹਿਤ ਕੁਮਾਰ ਨੇ ਥਾਣਾ ਭਿੱਖੀਵਿੰਡ ਦੇ ਮੁਖੀ ਵਜੋਂ ਅਹੁਦਾ ਸੰਭਾਲਿਆ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਇੰਸਪੈਕਟਰ ਮੋਹਿਤ ਕੁਮਾਰ ਨੇ ਥਾਣਾ ਭਿੱਖੀਵਿੰਡ ਦੇ ਮੁਖੀ ਵਜੋਂ ਚਾਰਜ ਸੰਭਾਲ ਕੇ ਕੰਮਕਾਜ ਆਰੰਭ ਕਰ ਦਿੱਤਾ ਹੈ। ਜ਼ਿਕਰਯੋਗ ਹੈ ਕਿ ਇੰਸਪੈਕਟਰ ਮੋਹਿਤ ਕੁਮਾਰ ਥਾਣਾ ਸਿਟੀ ਅੰਮ੍ਰਿਤਸਰ ਵਿੱਚ ਬਤੌਰ ਐੱਸਐੱਚਓ ਵਧੀਆ ਸੇਵਾਵਾਂ ਦੇਣ ਮਗਰੋਂ ਥਾਣਾ ਭਿੱਖੀਵਿੰਡ 'ਚ ਇੰਸਪੈਕਟਰ ਗੁਰਚਰਨ ਸਿੰਘ ਦੇ ਸਥਾਨ 'ਤੇ ਆਏ ਹਨ। ਚਾਰਜ ਸੰਭਾਲਣ ਉਪਰੰਤ ਰੋਜ਼ਾਨਾ ਨਵਾਂ ਜ਼ਮਾਨਾ ਅਖਬਾਰ ਦੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਐੱਸਐੱਚਓ ਮੋਹਿਤ ਕੁਮਾਰ ਨੇ ਕਿਹਾ ਕਿ ਥਾਣਾ ਭਿੱਖੀਵਿੰਡ ਅਧੀਨ ਆਉਂਦੇ ਪਿੰਡਾਂ ਅੰਦਰ ਅਮਨ-ਸ਼ਾਂਤੀ ਕਾਇਮ ਰੱਖਣਾ ਅਤੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਉਨ੍ਹਾਂ ਦਾ ਮੁੱਖ ਟੀਚਾ ਹੈ। ਇਸ ਮੌਕੇ ਉਨ੍ਹਾਂ ਨੇ ਇਲਾਕੇ ਅੰਦਰ ਮੌਜੂਦ ਬੁਰੇ ਕੰਮ ਕਰਨ ਵਾਲਿਆਂ ਨੂੰ ਸਖ਼ਤ ਤਾੜਨਾ ਕਰਦਿਆਂ ਕਿਹਾ ਕਿ ਉਹ ਆਪਣੀਆਂ ਹਰਕਤਾਂ ਤੋਂ ਬਾਜ਼ ਆਉਣ ਨਹੀਂ ਤਾਂ ਉਨ੍ਹਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਇਸਦੇ ਨਾਲ ਹੀ ਉਨ੍ਹਾਂ ਨੇ ਨਸ਼ੇ ਦੇ ਆਦੀ ਹੋ ਚੁੱਕੇ ਨੌਜਵਾਨਾਂ ਨੂੰ ਕਿਹਾ ਕਿ ਜੇਕਰ ਉਹ ਪੰਜਾਬ ਸਰਕਾਰ ਦੁਆਰਾ ਖੋਲ੍ਹੇ ਗਏ ਨਸ਼ਾ ਮੁਕਤੀ ਕੇਂਦਰਾਂ 'ਚ ਇਲਾਜ ਕਰਵਾ ਕੇ ਸਮਾਜ ਦੀ ਮੁੱਖ ਧਾਰਾ ਵਿੱਚ ਆਉਣਾ ਚਾਹੁੰਦੇ ਹਨ ਤਾਂ ਪੁਲਸ ਪ੍ਰਸ਼ਾਸਨ ਉਨ੍ਹਾਂ ਦਾ ਪੂਰਨ ਰੂਪ ਵਿੱਚ ਸਾਥ ਦੇਵੇਗਾ। ਨਵ-ਨਿਯੁਕਤ ਥਾਣਾ ਮੁਖੀ ਨੇ ਕਿਹਾ ਕਿ ਉਨ੍ਹਾਂ ਨੂੰ ਐੱਸ. ਐੱਸ. ਪੀ. ਅਸ਼ਵਨੀ ਕਪੂਰ ਤੇ ਸਬ ਡਵੀਜ਼ਨ ਭਿੱਖੀਵਿੰਡ ਦੇ ਡੀ. ਐੱਸ. ਪੀ. ਪ੍ਰੀਤ ਇੰਦਰ ਸਿੰਘ ਵੱਲੋਂ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸਨੂੰ ਉਹ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ। ਇਸ ਮੌਕੇ ਥਾਣਾ ਮੁਖੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਆਲਾ-ਦੁਆਲਾ ਸੁਰੱਖਿਅਤ ਬਣਾਉਣ ਲਈ ਸ਼ੱਕੀ ਵਿਅਕਤੀਆਂ ਤੇ ਸਮਾਜ ਵਿਰੋਧੀ ਅਨਸਰਾਂ ਦੀ ਇਤਲਾਹ ਤੁਰੰਤ ਥਾਣੇ ਦੇਣ ਤਾਂ ਜੋ ਅਜਿਹੇ ਸਮਾਜ ਵਿਰੋਧੀ ਅਨਸਰਾਂ 'ਤੇ ਨਕੇਲ ਕੱਸੀ ਜਾ ਸਕੇ। ਇਸ ਮੌਕੇ ਥਾਣਾ ਭਿੱਖੀਵਿੰਡ ਦੇ ਮੁੱਖ ਮੁਨਸ਼ੀ ਅਰਸਦੀਪ ਸਿੰਘ, ਏ. ਐੱਸ. ਆਈ. ਸਲਵਿੰਦਰ ਸਿੰਘ, ਐੱਚ. ਸੀ. ਪ੍ਰਦੀਪ ਕੁਮਾਰ ਆਦਿ ਹਾਜ਼ਰ ਸਨ।

## 'ਆਪ' ਦੇ ਪੁਰਾਣੇ ਆਗੂ ਨੇ ਫਰੋਲੇ ਦੁਖੜੇ, ਕਿਹਾ-ਨਹੀਂ ਕੋਈ ਸਾਡੀ ਸੁਣਵਾਈ



**ਭਗਤਾ ਭਾਈ ਕਾ (ਰਾਜੀਵ ਗੋਇਲ)**-ਆਮ ਆਦਮੀ ਪਾਰਟੀ ਦੇ ਇੱਕ ਪੁਰਾਣੇ ਆਗੂ ਵੱਲੋਂ ਦੁੱਖੜੇ ਫਰੋਲਦੇ ਹੋਏ ਆਪਣੀ ਹੀ ਪਾਰਟੀ ਵਿੱਚ ਕੋਈ ਸੁਣਵਾਈ ਨਾ ਹੋਣ ਦੇ ਦੋਸ਼ ਲਾਏ ਗਏ ਹਨ। ਇਸ ਮੌਕੇ ਰਾਮਾ ਪੇਂਟਰ ਵੱਲੋਂ ਕਿਹਾ ਗਿਆ ਕਿ ਉਹ ਕਰੀਬ 10 ਸਾਲਾਂ ਤੋਂ ਆਮ ਆਦਮੀ ਪਾਰਟੀ ਨਾਲ ਜੁੜੇ ਹੋਏ ਹਨ ਤੇ ਪਹਿਲੀ ਵਾਰ ਜਦੋਂ ਪ੍ਰੋ. ਸਾਧੂ ਸਿੰਘ ਵੱਲੋਂ ਪਾਰਲੀਮੈਂਟ ਚੋਣ ਲੜੀ ਗਈ ਸੀ ਤਾਂ ਉਨ੍ਹਾਂ ਵੱਲੋਂ ਦਿਨ ਰਾਤ ਇੱਕ ਕਰਕੇ ਪਾਰਟੀ ਲਈ ਮਿਹਨਤ ਕੀਤੀ ਗਈ ਸੀ, ਪਰ ਉਨ੍ਹਾਂ ਕਿਹਾ ਕਿ ਪਾਰਟੀ ਲਈ ਏਨੀ ਮਿਹਨਤ ਕਰਨ ਦੇ ਬਾਵਜੂਦ ਉਨ੍ਹਾਂ ਦੀ ਪਾਰਟੀ ਅੰਦਰ ਕੋਈ ਸੁਣਵਾਈ ਨਹੀਂ ਹੈ। ਉਨ੍ਹਾਂ ਕਿਹਾ ਕਿ ਲੋਕ ਉਨ੍ਹਾਂ ਪਾਸੋਂ ਸਵਾਲ ਪੁੱਛਦੇ ਹਨ ਕਿ ਸੁਣਵਾਈ ਕਿਉਂ ਨਹੀਂ ਹੋ ਰਹੀ। ਉਨ੍ਹਾਂ ਦੁਖੀ ਮਨ ਕਿਹਾ ਕਿ ਉਹ ਪਾਰਟੀ ਤੋਂ ਨਰਾਜ਼ ਹੋ ਕੇ ਘਰ ਬੈਠਣ ਨੂੰ ਮਜਬੂਰ ਹੋ ਗਏ ਹਨ। ਉਨ੍ਹਾਂ ਇੱਥੋਂ ਤੱਕ ਕਿਹਾ ਕਿ ਭਵਿੱਖ ਵਿੱਚ ਉਹ ਪਾਰਟੀ ਨੂੰ ਅਲਵਿਦਾ ਕਹਿਣ ਲਈ ਵੀ ਮਜਬੂਰ ਹੋ ਸਕਦੇ ਹਨ।

## ਆਮ ਆਦਮੀ ਪਾਰਟੀ ਵੱਲੋਂ ਵੱਖ-ਵੱਖ ਵਿੰਗਾਂ 'ਤੇ ਅਹੁਦੇਦਾਰਾਂ ਦੀਆਂ ਨਿਯੁਕਤੀਆਂ



**ਜਲੰਧਰ (ਨ ਜ਼ ਸ)**-ਪੰਜਾਬ ਵਿੱਚ ਹੋਣ ਜਾ ਰਹੀਆਂ ਚੋਣਾਂ ਦੇ ਮੱਦੇਨਜ਼ਰ 'ਆਪ' ਦੇ ਕੌਮੀ ਕਨਵੀਨਰ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਜਨਰਲ ਸਕੱਤਰ ਸੰਦੀਪ ਪਾਠਕ, ਪੰਜਾਬ ਕਾਰਜਕਾਰੀ ਪ੍ਰਧਾਨ ਪ੍ਰਿੰਸੀਪਲ ਬੁੱਧਰਾਮ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੰਜਾਬ ਅੰਦਰ ਵੱਖ ਵੱਖ ਵਿੰਗਾਂ 'ਤੇ ਅਹੁਦੇਦਾਰ ਨਿਯੁਕਤ ਕੀਤੇ ਗਏ। ਪੰਜਾਬ 'ਚ ਰਾਜਭਾਗ ਸੰਭਾਲ ਰਹੀ ਆਮ ਆਦਮੀ ਪਾਰਟੀ (ਆਪ) ਇਲੈਕਸ਼ਨ ਮੋਡ ਵਿਚ ਆ ਗਈ ਹੈ। ਇਸੇ ਸਾਲ ਹੋਣ ਵਾਲੇ ਇੱਕ ਦੇ ਬਾਅਦ ਇੱਕ ਅਹਿਮ ਚੋਣਾਂ ਲਈ ਪਾਰਟੀ ਨੇ ਸੰਗਠਨ ਨੂੰ ਮਜ਼ਬੂਤ ਕਰਨ ਦੀ ਕੋਸ਼ਿਸ਼ ਕੀਤੀ ਹੈ ਨਾਲ ਹੀ ਪੰਜਾਬ ਪੱਧਰ 'ਤੇ ਵੱਖ ਵੱਖ ਸੰਗਠਨਾਂ ਦੀਆਂ ਕਮੇਟੀਆਂ ਦਾ ਐਲਾਨ ਕਰ ਦਿੱਤਾ ਗਿਆ ਹੈ। ਇਸੇ ਲੜੀ ਤਹਿਤ ਪਾਰਟੀ ਨੇ ਪੰਜਾਬ ਐਸ.ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨਾਂ ਤੇ ਸਕੱਤਰਾਂ ਦਾ ਐਲਾਨ ਕੀਤਾ। ਜਿਸ ਵਿੱਚ ਪ੍ਰਮੁੱਖ ਤੌਰ 'ਤੇ ਜਲੰਧਰ ਜ਼ਿਲ੍ਹੇ ਤੋਂ ਐਸ ਸੀ ਵਿੰਗ ਦੀ ਕਮਾਨ ਹੰਸਰਾਜ ਰਾਣਾ ਦੇ ਹੱਥ ਦਿੱਤੀ ਗਈ ਹੈ ਤੇ ਬੀਰ ਚੰਦ ਸਰੀਲਾ ਰੰਧਾਵਾ ਮਸੰਦਾਂ (ਐਸ ਸੀ ਕੋਆਰਡੀਨੇਟਰ ਕਰਤਾਰਪੁਰ) ਨੂੰ ਸਕੱਤਰ ਨਿਯੁਕਤ ਕੀਤਾ ਗਿਆ। ਇਸ ਮੌਕੇ ਨੰਬਰਦਾਰ ਬੀਰ ਚੰਦ ਸੁਰੀਲਾ ਨੇ ਪਾਰਟੀ ਹਾਈਕਮਾਨ ਦੇ ਨਾਲ ਨਾਲ ਬਲਕਾਰ ਸਿੰਘ ਕੈਬਨਿਟ ਮੰਤਰੀ ਪੰਜਾਬ, ਭੈਣ ਰਾਜਵਿੰਦਰ ਕੌਰ ਥਿਆੜਾ, ਸਟੀਵਨ ਕਲੇਰ ਆਦਿ ਦਾ ਵੀ ਧੰਨਵਾਦ ਕੀਤਾ ਜਿਨ੍ਹਾਂ ਨੇ ਮੇਰੇ ਉੱਪਰ ਭਰੋਸਾ ਜਤਾਉਂਦਿਆਂ ਇੱਕ ਵੱਡੀ ਜ਼ਿੰਮੇਵਾਰੀ ਮੈਨੂੰ ਸੌਂਪੀ ਹੈ।

# ਐੱਲ ਪੀ ਆਈ/ਬੀ ਐੱਸ ਐੱਫ ਅਧਿਕਾਰੀਆਂ ਨੇ ਮਨਾਇਆ ਗਣਤੰਤਰ ਦਿਹਾੜਾ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਟਰਮੀਨਲ ਡੇਰਾ ਬਾਬਾ ਨਾਨਕ ਵਿਖੇ ਲੈਂਡ ਪੋਰਟ ਅਥਾਰਟੀ ਆਫ ਇੰਡੀਆ ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਬੀਐੱਸਐੱਫ ਦੇ ਜਵਾਨਾਂ ਵੱਲੋਂ 75ਵਾਂ ਗਣਤੰਤਰ ਦਿਵਸ ਬੜੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਲੀਗਲ ਐਡਵਾਈਜ਼ਰ ਲੈਂਡ ਪੋਰਟ ਅਥਾਰਟੀ ਆਫ ਇੰਡੀਆ ਦਿੱਲੀ ਹੈੱਡ ਕਵਾਟਰ ਰਜਿੰਦਰ ਬਾਬੂ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਰਜਿੰਦਰ ਬਾਬੂ ਸ਼ਰਮਾ ਨੇ ਲੈਂਡ ਪੋਰਟ ਅਥਾਰਟੀ ਆਫ ਇੰਡੀਆ ਅਤੇ ਬੀਐੱਸਐੱਫ ਜਵਾਨਾਂ, ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ 75ਵੇਂ ਗਣਤੰਤਰ ਦਿਵਸ ਦੀ ਵਧਾਈ ਦਿੱਤੀ ਤੇ ਕਿਹਾ ਕਿ ਅਸੀਂ ਬੜੇ ਵਡਭਾਗੇ ਹਾਂ ਜੋ ਸਾਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਡੇਰਾ ਬਾਬਾ ਨਾਨਕ ਵਿਖੇ ਝੰਡਾ ਲਹਿਰਾਉਣ ਦਾ ਸੁਭਾਗ ਪ੍ਰਾਪਤ ਹੋਇਆ ਹੈ। ਰਜਿੰਦਰ ਬਾਬੂ ਸ਼ਰਮਾ ਨੇ ਕਿਹਾ ਕਿ ਸਾਨੂੰ ਆਪਣੀ ਡਿਊਟੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣੀ ਚਾਹੀਦੀ ਹੈ। ਇਸ ਮੌਕੇ ਐਲ. ਪੀ. ਆਈ. ਜਨਰਲ ਮੈਨੇਜਰ ਟਿੱਕਾ ਰਾਮ ਸ਼ਰਮਾ, ਬੀਐੱਸਐੱਫ ਦੀ 24 ਬਟਾਲੀਅਨ ਦੇ ਕਮਾਡੈਂਟ ਰਾਜੇਸ਼ ਕੁਮਾਰ ਯਾਦਵ, ਮੈਨੇਜਰ ਮਨਜੀਤ ਕੁਮਾਰ, ਜਸਵੰਤ ਸਿੰਘ ਤੋਂ ਇਲਾਵਾ ਬੀਐੱਸਐੱਫ ਦੀ 24 ਬਟਾਲੀਅਨ ਦੇ ਜਵਾਨ ਅਤੇ ਲੈਂਡ ਪੋਰਟ ਅਥਾਰਟੀ ਆਫ ਇੰਡੀਆ ਦੇ ਸਮੂਹ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।



## ...ਸ.ਫਾ 1 ਦੇ ਬਾਕੀ

### ਪੇਂਡੂ ਭਾਰਤ ਬੰਦ ਦੀ...

ਫਰਵਰੀ ਨੂੰ ਤਹਿਸੀਲ ਪੱਧਰ 'ਤੇ ਰੋਸ ਮਾਰਚ ਕਰਨ ਦਾ ਫੈਸਲਾ ਵੀ ਕੀਤਾ ਗਿਆ। 32 ਕਿਸਾਨ ਜਥੇਬੰਦੀਆਂ ਨੇ ਬੰਦ ਨੂੰ ਸਫਲ ਕਰਨ ਲਈ 16 ਫਰਵਰੀ ਵਾਲੇ ਦਿਨ ਜ਼ਿਲ੍ਹਾ ਤੇ ਤਹਿਸੀਲ ਕੇਂਦਰਾਂ, ਪ੍ਰਮੁੱਖ ਸੜਕਾਂ ਅਤੇ ਚੌਕਾਂ 'ਤੇ ਵੱਡੇ ਇਕੱਠ ਕਰਕੇ ਜਾਮ ਕਰਨ ਦਾ ਫੈਸਲਾ ਵੀ ਕੀਤਾ। ਇਸ ਮੌਕੇ ਬਰਾਤਾਂ, ਮਰੀਜ਼ਾਂ ਅਤੇ ਮਰਗਤ ਨਾਲ ਸੰਬੰਧਤ ਮਾਮਲਿਆਂ ਵਿੱਚ ਸ਼ਾਮਲ ਲੋਕਾਂ ਨੂੰ ਛੋਟ ਦੇਣ ਦਾ ਫੈਸਲਾ ਕਰਦੇ ਹੋਏ ਜਲਦੀ ਹੀ ਇਸ ਸੰਬੰਧੀ ਦਿਸ਼ਾ ਨਿਰਦੇਸ਼ ਦਿੰਦਾ ਇੱਕ ਪੱਤਰ ਹਰੇਕ ਇਕਾਈ ਪੱਧਰ ਤੱਕ ਜਾਰੀ ਕੀਤਾ ਜਾਵੇਗਾ।

ਮੀਟਿੰਗ ਵਿੱਚ ਫਰਾਂਸ, ਜਰਮਨੀ ਅਤੇ ਪੋਲੈਂਡ ਸਮੇਤ ਯੂਰਪ ਦੇ ਵੱਖ-ਵੱਖ ਦੇਸ਼ਾਂ ਵਿੱਚ ਚੱਲ ਰਹੇ ਕਿਸਾਨੀ ਸੰਘਰਸ਼ਾਂ ਨਾਲ ਇਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ ਦੁਨੀਆ ਭਰ 'ਚ ਖੇਤੀ ਖੇਤਰ ਉੱਪਰ ਕਾਰਪੋਰੇਟ ਦੇ ਹਮਲੇ ਵਿਰੁੱਧ ਕਿਸਾਨੀ ਸੰਘਰਸ਼ਾਂ ਦੇ ਉਭਾਰ ਨੂੰ ਜੀ ਆਇਆਂ ਕਿਹਾ ਗਿਆ। ਮੀਟਿੰਗ ਵਿੱਚ ਖੇਤੀ ਸੰਦਾਂ ਵਿੱਚ ਹੋਏ ਘਪਲੇ ਦੇ ਮਾਮਲੇ ਸੰਬੰਧੀ ਛੋਟੇ ਮੁਲਾਜ਼ਮਾਂ 'ਤੇ ਕਾਰਵਾਈ ਦੀ ਨੀਤੀ ਨੂੰ ਮਾਮਲੇ ਤੋਂ ਧਿਆਨ ਭਟਕਾਉਣ ਦੇ ਤੁੱਲ ਦੱਸਦਿਆਂ ਇਸ ਘਪਲੇ ਦੇ ਅਸਲ ਦੋਸ਼ੀਆਂ ਤੱਕ ਪਹੁੰਚਣ ਲਈ ਨਿਰਪੱਖ ਜਾਂਚ-ਪੜਤਾਲ ਦੀ ਮੰਗ ਵੀ ਕੀਤੀ ਗਈ। ਮੀਟਿੰਗ ਨੇ ਸਰਬ ਸੰਮਤੀ ਨਾਲ ਫੈਸਲਾ ਕਰਕੇ ਐਲਾਨ ਕੀਤਾ ਕਿ ਪੰਜਾਬ ਦੇ ਪਾਣੀਆਂ ਅਤੇ ਵਾਤਾਵਰਨ ਨਾਲ ਸੰਬੰਧਤ ਮੁੱਦਿਆਂ, ਕਰਜ਼ਾ ਮੁਕਤੀ, ਸੰਘੀ ਢਾਂਚੇ ਉੱਪਰ ਹੋ ਰਹੇ ਹਮਲਿਆਂ ਕਾਰਨ ਸੂਬੇ ਦੇ ਅਧਿਕਾਰਾਂ 'ਤੇ ਵੱਜ ਰਹੀ ਸੱਟ ਅਤੇ ਐੱਮ ਐੱਸ ਪੀ ਦੇ ਸਵਾਲ ਤੇ ਭਵਿੱਖੀ ਸੰਘਰਸ ਦੀ ਅਗਲੀ ਰਣਨੀਤੀ ਘੜਨ ਲਈ 18 ਫਰਵਰੀ ਨੂੰ ਚੰਡੀਗੜ੍ਹ ਵਿਖੇ ਮੀਟਿੰਗ ਕੀਤੀ ਜਾਵੇਗੀ। ਇਕ ਮਤਾ ਪਾ ਕੇ ਸੁਪਰੀਮ ਕੋਰਟ ਦੇ ਵਕੀਲ ਭਾਨੂੰ ਪ੍ਰਤਾਪ ਸਿੰਘ ਵੱਲੋਂ ਪਾਰਦਰਸ਼ੀ ਚੋਣਾਂ ਲਈ ਈ ਵੀ ਐੱਮ ਦੀ ਥਾਂ ਬੈਲਟ ਪੇਪਰਾਂ ਰਾਹੀ ਚੋਣਾਂ ਕਰਵਾਉਣ ਲਈ ਛੇੜੀ ਗਈ ਮੁਹਿੰਮ ਦਾ ਸਮਰਥਨ ਕੀਤਾ ਗਿਆ। ਮੀਟਿੰਗ ਵਿੱਚ ਡਾ. ਦਰਸ਼ਨ ਪਾਲ, ਪਰਮਿੰਦਰ ਸਿੰਘ ਪਾਲ ਮਾਜਰਾ, ਬਲਦੇਵ ਸਿੰਘ ਨਿਹਾਲਗੜ੍ਹ, ਬੂਟਾ ਸਿੰਘ ਬੁਰਜਗਿੱਲ, ਵੀਰਪਾਲ ਸਿੰਘ ਢਿੱਲੋਂ, ਡਾ. ਸਤਨਾਮ ਸਿੰਘ ਅਜਨਾਲਾ, ਦਵਿੰਦਰ ਸਿੰਘ, ਮਨਜੀਤ ਸਿੰਘ ਧਨੇਰ, ਬਿੰਦਰ ਸਿੰਘ ਗੋਲੇਵਾਲਾ, ਨਛੱਤਰ ਸਿੰਘ ਜੈਤੋ, ਸੁੱਖਗਿੱਲ ਮੋਗਾ, ਰੁਲਦੂ ਸਿੰਘ ਮਾਨਸਾ, ਵੀਰ ਸਿੰਘ ਬੜਵਾ, ਰੂਪਬਸੰਤ ਸਿੰਘ, ਹਰਜਿੰਦਰ ਸਿੰਘ ਟਾਂਡਾ, ਹਰਜੀਤ ਸਿੰਘ ਰਵੀ, ਹਰਬੰਸ ਸਿੰਘ ਸੰਘਾ, ਪ੍ਰੇਮ ਸਿੰਘ ਭੰਗੂ, ਹਰਦੇਵ ਸਿੰਘ ਸੰਧੂ, ਕੰਵਲਪ੍ਰੀਤ ਸਿੰਘ ਪੰਨੂ, ਕਿਰਨਜੀਤ ਸੇਖੋਂ, ਬੋਘ ਸਿੰਘ ਮਾਨਸਾ, ਰਾਜਵਿੰਦਰ ਕੌਰ ਰਾਜੂ, ਅਵਤਾਰ ਸਿੰਘ ਮੇਹਲੋ, ਮੁਕੇਸ਼ ਚੰਦਰ, ਬਲਦੇਵ ਸਿੰਘ ਲਤਾਲਾ, ਅਵਤਾਰ ਸਿੰਘ ਮਹਿਮਾ, ਗੁਰਨਾਮ ਸਿੰਘ ਭੀਖੀ ਅਤੇ ਰਾਮਿੰਦਰ ਸਿੰਘ ਪਟਿਆਲਾ ਆਦਿ ਮੌਜੂਦ ਸਨ।

### 'ਆਪ' ਸਰਕਾਰ ਨੇ ਦਿੱਲੀ ...

ਦੌਰਾਨ ਅਸੀਂ ਗਾਰੰਟੀ ਦਿੱਤੀ ਸੀ ਕਿ ਉਹ ਸਾਨੂੰ ਇੱਕ ਮੌਕਾ ਦੇਣ। ਸਰਕਾਰ ਬਣਨ ਤੋਂ ਬਾਅਦ ਅਸੀਂ ਸਾਰੇ ਲੋਕਾਂ ਲਈ 300 ਯੂਨਿਟ ਪ੍ਰਤੀ ਮਹੀਨਾ ਬਿਜਲੀ ਦੇ ਬਿੱਲ ਮੁਫਤ ਕਰ ਦੇਵਾਂਗੇ ਅਤੇ ਸਰਕਾਰ ਬਣਨ ਦੇ ਤਿੰਨ ਮਹੀਨਿਆਂ ਦੇ ਅੰਦਰ-ਅੰਦਰ ਪੰਜਾਬ ਦੇ ਲੋਕਾਂ ਨੂੰ ਜੁਲਾਈ 2022 ਤੋਂ ਜ਼ੀਰੋ ਬਿਜਲੀ ਦੇ ਬਿੱਲ ਮਿਲਣੇ ਸ਼ੁਰੂ ਹੋ ਜਾਣਗੇ। ਉਨ੍ਹਾਂ ਕਿਹਾ ਕਿ ਜੇਕਰ ਤੁਹਾਨੂੰ ਇਸ ਬਿੱਲ 'ਤੇ ਭਰੋਸਾ ਨਹੀਂ ਹੈ ਤਾਂ ਪੰਜਾਬ ਹਰਿਆਣਾ ਤੋਂ ਬਿਲਕੁਲ ਅੱਗੇ ਹੈ। ਤੁਸੀਂ ਆਪਣੇ ਰਿਸ਼ਤੇਦਾਰਾਂ ਜਾਂ ਫੋਨ 'ਤੇ ਜਾਣ-ਪਛਾਣ ਵਾਲੇ ਲੋਕਾਂ ਨਾਲ ਗੱਲ ਕਰਕੇ ਇਹ ਪੁੱਛ ਸਕਦੇ ਹੋ। ਅਸੀਂ ਭਾਜਪਾ ਵਾਂਗ ਜੁਮਲੇ ਨਹੀਂ ਕਹਿੰਦੇ, ਅਸੀਂ ਜੋ ਵਾਅਦਾ ਕਰਦੇ ਹਾਂ, ਉਹ ਪੂਰਾ ਕਰਦੇ ਹਾਂ। ਮਾਨ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਵੀ ਨਿਸ਼ਾਨਾ ਸਾਧਦਿਆਂ ਕਿਹਾ ਕਿ ਮੋਦੀ ਬਚਪਨ 'ਚ ਰੇਲ ਗੱਡੀਆਂ 'ਚ ਚਾਹ ਵੇਚਦੇ ਸਨ ਅਤੇ ਪ੍ਰਧਾਨ ਮੰਤਰੀ ਬਣਨ ਤੋਂ ਬਾਅਦ ਉਨ੍ਹਾ ਰੇਲਵੇ ਨੂੰ ਵੇਚ ਦਿੱਤਾ। ਮੋਦੀ ਸਰਕਾਰ ਨੇ ਦੇਸ਼ ਦੀਆਂ ਦਰਜਨਾਂ ਸਰਕਾਰੀ ਕੰਪਨੀਆਂ ਵੇਚ ਦਿੱਤੀਆਂ। ਉਨ੍ਹਾ ਸਿਰਫ ਆਪਣੇ ਕਾਰਪੋਰੇਟ ਦੋਸਤਾਂ ਲਈ ਕੰਮ ਕੀਤਾ।

ਕੇਜਰੀਵਾਲ ਨੇ ਐਲਾਨ ਕੀਤਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 'ਚ ਆਮ ਆਦਮੀ ਪਾਰਟੀ ਹਰਿਆਣਾ ਦੀਆਂ ਸਾਰੀਆਂ 90 ਸੀਟਾਂ 'ਤੇ ਚੋਣ ਲੜੇਗੀ। ਉਨ੍ਹਾ ਹਰਿਆਣਾ ਦੇ ਲੋਕਾਂ ਨੂੰ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਹਰਿਆਣਾ ਦੇ ਇੱਕ ਪਾਸੇ ਦਿੱਲੀ ਹੈ ਅਤੇ ਦੂਜੇ ਪਾਸੇ ਪੰਜਾਬ ਹੈ। ਦੋਵਾਂ ਸੂਬਿਆਂ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੈ। ਇਸ ਲਈ ਇਸ ਵਾਰ ਇੱਥੇ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਬਣਨੀ ਚਾਹੀਦੀ ਹੈ।

## ਸੋਨਾਲੀਕਾ ਟਰੈਕਟਰ ਡੀਲਰਜ਼ ਐਸੋਸੀਏਸ਼ਨ ਨੇ ਟਰਾਂਸਪੋਰਟ ਮੰਤਰੀ ਨਾਲ ਕੀਤੀ ਮੀਟਿੰਗ



**ਸੰਗਰੂਰ (ਪ੍ਰਵੀਨ ਸਿੰਘ)**-ਗਣਤੰਤਰ ਦਿਵਸ ਸਮਾਗਮ ਉਪਰੰਤ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਸੋਨਾਲੀਕਾ ਟਰੈਕਟਰ ਏਜੰਸੀ ਦੇ ਸ਼ੋਅ ਰੂਮ ਵਿਖੇ ਪਹੁੰਚਣ 'ਤੇ ਟਰੈਕਟਰ ਸੋਨਾਲੀਕਾ ਏਜੰਸੀ ਦੇ ਮਾਲਿਕ ਸ੍ਰੀ ਇੰਦਰ ਸੈਨ ਭੱਠੇ ਵਾਲੇ, ਸੋਨੂ ਬਾਂਸਲ ਤੇ ਅਕਸ਼ੈ ਕੁਮਾਰ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਸੋਨੂੰ ਬਾਂਸਲ ਨੇ ਕਿਹਾ ਕਿ ਸੋਨਾਲੀਕਾ ਟਰੈਕਟਰ ਏਜੰਸੀ ਮਾਲਕ ਨੂੰ ਆਰਸੀ ਫੀਸ ਜਿਹੜੀ 5 ਲੱਖ ਰੁਪਏ ਕਰ ਦਿੱਤੀ ਸੀ, ਉਸ ਕਾਰਨ ਭਾਰੀ ਮੁਸ਼ਕਲ ਟਰੈਕਟਰ ਵਿਕਰੀ ਵਿੱਚ ਆ ਰਹੀ ਸੀ। ਉਨ੍ਹਾਂ ਮਸਲੇ ਨੂੰ ਸੁਣ ਕੇ ਫੀਸ 1 ਲੱਖ ਕਰ ਦਿੱਤੀ। ਇਸ ਨਾਲ ਡੀਲਰਜ ਅਤੇ ਕਿਸਾਨ ਸਭ ਨੂੰ ਲਾਭ ਹੋਇਆ। ਉਨ੍ਹਾਂ ਦੀ ਐਸੋਸੀਏਸ਼ਨ ਵੱਲੋਂ ਟਰਾਂਸਪੋਰਟ ਮੰਤਰੀ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਸਾਨੂੰ ਕਾਫੀ ਰਾਹਤ ਮਿਲੇਗੀ। ਇਸ ਸਮੇਂ ਭੱਠਾ ਐਸੋਸੀਏਸ਼ਨ ਦੇ ਪ੍ਰਧਾਨ ਹਰਵਿੰਦਰ ਸਿੰਘ ਸੇਖੋਂ ਅਤੇ ਫਤਿਹ ਪ੍ਰਭਾਕਰ ਨੇ ਭੱਠਾ ਸਨਅਤ ਜਿਹੜੇ ਪੇਂਡੂ ਖੇਤਰ ਵਿੱਚ ਲੋਕਾਂ ਨੂੰ ਰੁਜ਼ਗਾਰ ਦਿੰਦੀ ਹੈ ਤੇ ਵਿਕਾਸ ਵਿੱਚ ਭਰਵਾਂ ਯੋਗਦਾਨ ਪਾਉਂਦੀ ਆ ਰਹੀ ਹੈ, ਉਹ ਉਸ ਸਮੇਂ ਜਿੱਥੇ ਹੋਰ ਸੰਕਟਾਂ ਦਾ ਸਾਹਮਣੇ ਕਰਦੀ ਆ ਰਹੀ ਹੈ, ਉੱਥੇ ਸਰਕਾਰ ਵੱਲੋਂ ਭੱਠਿਆਂ ਵਿੱਚ ਝੋਨੇ ਦੀ ਪਰਾਲੀ ਸਾੜਨ ਦੇ ਹੁਕਮਾਂ ਕਾਰਨ ਮੁਸ਼ਕਲ ਦੌਰ ਵਿੱਚ ਲੰਘ ਰਹੀ ਹੈ। ਉਨ੍ਹਾਂ ਸਰਕਾਰ ਦੇ ਇਸ ਨੋਟੀਫਿਕੇਸ਼ਨ ਨੂੰ ਵਾਪਸ ਲੈਣ ਦੀ ਮੰਗ ਕੀਤੀ।

## ਵਿਧਾਇਕ ਬਾਜ਼ੀਗਰ ਆਪ ਵਿਮੁਕਤ ਜਾਤੀਆਂ ਵਿੰਗ ਦੇ ਸੂਬਾ ਪ੍ਰਧਾਨ ਬਣੇ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਆਪ ਵੱਲੋਂ ਸੰਗਠਨ ਦੀ ਮਜ਼ਬੂਤੀ ਨੂੰ ਲੈ ਕੇ ਕੀਤੀਆਂ ਗਈਆਂ ਨਿਯੁਕਤੀਆਂ ਦੌਰਾਨ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੂੰ ਆਪ ਦੇ ਵਿਮੁਕਤ ਜਾਤੀ ਵਿੰਗ ਦਾ ਸੂਬਾ ਪ੍ਰਧਾਨ ਬਣਾਏ ਜਾਣ ਨੂੰ ਲੈ ਕੇ ਹਲਕਾ ਸੁਤਰਾਣਾ ਦੇ ਵਰਕਰਾਂ ਵਿੱਚ ਖੁਸ਼ੀ ਪਾਈ ਜਾ ਰਹੀ ਹੈ। ਪਾਰਟੀ ਵੱਲੋਂ ਕੀਤੀ ਗਈ ਨਿਯੁਕਤੀ ਨੂੰ ਲੈ ਕੇ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕੀਤਾ ਹੈ। ਆਪ ਵਿਮੁਕਤ ਜਾਤੀ ਵਿੰਗ ਦਾ ਹਲਕਾ ਵਿਧਾਇਕ ਨੂੰ ਸੂਬਾ ਪ੍ਰਧਾਨ ਬਣਾਏ ਜਾਣ ਉੱਤੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਜ਼ਿਲ੍ਹਾ ਪ੍ਰਧਾਨ ਕਰਨੈਲ ਸਿੰਘ ਦੁਤਾਲ, ਸੀਨੀਅਰ ਆਪ ਆਗੂ ਸਰਪੰਚ ਗੁਲਾਬ ਸਿੰਘ ਹਰਿਆਊ, ਬਲਾਕ ਪ੍ਰਧਾਨ ਮਹਿੰਗਾ ਸਿੰਘ ਬਰਾੜ, ਕੁਲਦੀਪ ਸਿੰਘ ਥਿੰਦ, ਬੂਟਾ ਸਿੰਘ ਸੁਤਰਾਣਾ ਆਦਿ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਦੇ ਸਾਰੇ ਵਰਗਾਂ ਦੀ ਬੇਹਤਰੀ ਲਈ ਲਗਾਤਾਰ ਯਤਨਸ਼ੀਲ ਹੈ, ਆਪਣੇ ਇਸ ਮਕਸਦ ਦੀ ਪੂਰਤੀ ਲਈ ਪਾਰਟੀ ਵੱਲੋਂ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਅਤੇ ਇਸੇ ਲੜੀ ਤਹਿਤ ਵੱਖ-ਵੱਖ ਵਿੰਗਾਂ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ ਹੈ।

## ਬਿਜਲੀ ਕਾਮੇ ਅੱਜ ਪਾਵਰ ਮੈਨੇਜਮੈਂਟ ਨੂੰ ਸੌਂਪਣਗੇ ਮੰਗ ਪੱਤਰ : ਮਾਜਰੀ/ਗੰਡੀਵਿੰਡ

**ਤਰਨ ਤਾਰਨ (ਨ ਜ਼ ਸ)**

ਪਾਵਰ ਮੈਨੇਜਮੈਂਟ ਦੀ ਲਾਰੇ ਲੱਪੇ ਲਾ ਕੇ ਡੰਗ ਟਪਾਉਣ ਵਾਲੀ ਮੁਲਾਜ਼ਮ ਵਿਰੋਧੀ ਨੀਤੀ ਦੇ ਖਿਲਾਫ ਬਿਜਲੀ ਕਾਮਿਆਂ ਦੀ ਨੁਮਾਇੰਦਗੀ ਕਰਦੀਆਂ ਦੋ ਧਿਰਾਂ ਦੀ ਪਿਛਲੇ ਦਿਨਾਂ ਵਿੱਚ ਮੰਗਾਂ ਦੀ ਪ੍ਰਾਪਤੀ ਲਈ ਸਾਂਝੇ ਸੰਘਰਸ ਕਰਨ ਬਾਰੇ ਬਣੀ ਸਹਿਮਤੀ ਦੇ ਮੱਦੇਨਜ਼ਰ ਅੱਜ 29 ਜਨਵਰੀ ਨੂੰ ਪੀਐੱਸਈਬੀ ਇੰਪਲਾਈਜ਼ ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸੂਬਾਈ ਆਗੂ ਪਾਵਰ ਮੈਨੇਜਮੈਂਟ ਨੂੰ ਸਾਂਝਾ ਮੰਗ ਪੱਤਰ ਦੇ ਕੇ ਮਸਲਿਆਂ ਦਾ ਟੇਬਲ 'ਤੇ ਬੈਠ ਕੇ ਗੱਲਬਾਤ ਰਾਹੀਂ ਨਿਪਟਾਰਾ ਕਰਨ ਦੀ ਮੰਗ ਕਰਨਗੇ। ਇਸ ਸਬੰਧੀ ਦੋਵਾਂ ਧਿਰਾਂ ਦੇ ਆਗੂਆਂ ਰਤਨ ਸਿੰਘ ਮਾਜਰੀ ਅਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਸਾਂਝੇ ਤੌਰ 'ਤੇ ਪ੍ਰੈੱਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਪਾਵਰ ਮੈਨੇਜਮੈਂਟ ਜਾਣਬੁੱਝ ਕੇ ਲੰਮੇ ਅਰਸੇ ਤੋਂ ਮੁਲਾਜ਼ਮਾਂ ਦੇ ਵਾਜਿਬ ਮਸਲਿਆਂ ਨੂੰ ਵੱਟੇ ਖਾਤੇ ਪਾ ਕੇ ਬਹੁਤ ਤੇਜ਼ੀ ਨਾਲ ਮੁਲਾਜ਼ਮ ਵਿਰੋਧੀ ਨੀਤੀਆਂ ਨੂੰ ਵਿਭਾਗ ਵਿੱਚ ਲਾਗੂ ਕਰ ਰਹੀ ਹੈ ਜਿਸ ਨਾਲ ਕਾਮਿਆਂ ਵਿੱਚ ਬੈਚੇਨੀ ਵੱਧ ਰਹੀ ਹੈ ਕਿਉਂਕਿ ਕਾਮਿਆਂ ਦੇ ਵੱਡੇ ਪੱਧਰ ਤੇ ਸੇਵਾਮੁਕਤ ਹੋਣ ਕਰਕੇ ਖਾਲੀ ਹੋ ਰਹੀਆਂ ਪੋਸਟਾਂ ਨੂੰ ਧੜੱਲੇ ਨਾਲ ਖਤਮ ਕਰਕੇ ਜਿੱਥੇ ਕੰਮ ਕਰਦੇ ਕਾਮਿਆਂ ਤੇ ਲਗਾਤਾਰ ਕੰਮ ਦਾ ਭਾਰ ਵਧਾਇਆ ਜਾ ਰਿਹਾ ਹੈ ਉੱਥੇ ਨਿੱਜੀਕਰਨ ਅਤੇ ਆਊਟਸੋਰਸਿੰਗ ਦੀ ਮੁਲਾਜਮ/ਲੋਕ ਵਿਰੋਧੀ ਨੀਤੀ ਨੂੰ ਲਾਗੂ ਕਰਨ ਸਮੇਤ ਇੱਕਤਰਫਾ ਤੌਰ 'ਤੇ ਵਿਭਾਗ ਦੀ ਸਫ ਲਪੇਟਣ ਵਾਲੀਆਂ ਨੀਤੀਆਂ ਨੂੰ ਬੜ੍ਹਾਵਾ ਦਿੱਤਾ ਜਾ ਰਿਹਾ ਹੈ। ਮੁਲਾਜ਼ਮ ਆਗੂਆਂ ਨੇ ਕਿਹਾ ਕਿ ਜੇਕਰ ਮੈਨੇਜਮੈਂਟ ਨੇ ਪਹਿਲਾਂ ਦੀ ਤਰ੍ਹਾਂ ਹੀ ਟਾਲਮਟੋਲ ਦੀ ਨੀਤੀ ਜਾਰੀ ਰੱਖੀ ਤਾਂ ਜਥੇਬੰਦੀਆਂ ਸਾਂਝੇ ਤੌਰ 'ਤੇ ਤਿੱਖਾ ਅਤੇ ਸਿਰੜੀ ਸੰਘਰਸ਼ ਸ਼ੁਰੂ ਕਰਨਗੀਆਂ । ਆਗੂਆਂ ਨੇ ਕਿਹਾ ਕਿ ਅੱਜ ਪਾਵਰ ਮੈਨੇਜਮੈਂਟ ਨੂੰ ਮੰਗ ਪੱਤਰ ਦੇਣ ਸਮੇਂ ਜਥੇਬੰਦੀਆਂ ਸੂਬਾ ਪੱਧਰ ਦੇ ਆਗੂਆਂ ਕਲਵਿੰਦਰ ਸਿੰਘ ਢਿੱਲੋਂ, ਗੁਰਵੇਲ ਸਿੰਘ ਬੱਲਪੁਰੀਆਂ, ਦਵਿੰਦਰ ਸਿੰਘ ਪਿਸ਼ੌਰ, ਮਹਿੰਦਰ ਸਿੰਘ ਰੂੜੇਕੇ, ਸਰਿੰਦਰ ਪਾਲ ਲਾਹੌਰੀਆ, ਜਗਜੀਤ ਸਿੰਘ ਕੋਟਲੀ, ਬੀ. ਐੱਸ. ਸੇਖੋਂ, ਜਰਨੈਲ ਸਿੰਘ, ਬਲਦੇਵ ਸਿੰਘ ਮੰਡਾਲੀ, ਮਨਜੀਤ ਸਿੰਘ ਚਾਹਲ ਆਦਿ ਦੀ ਅਗਵਾਈ ਹੇਠ ਮੈਨੇਜਮੈਂਟ ਨੂੰ ਮੰਗ ਪੱਤਰ ਦੇ ਕੇ ਮਸਲਿਆਂ ਦਾ ਨਿਪਟਾਰਾ ਕਰਨ ਦੀ ਮੰਗ ਕਰਨਗੀਆਂ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri
ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

29-JAN-PAGE-3.qxd 1/28/2024 10:28 PM Page 1



# ਤਰਕਸ਼ੀਲ ਆਗੂ ਭੁਪਿੰਦਰ ਫੌਜੀ ਦੀ ਗ੍ਰਿਫ਼ਤਾਰੀ ਵਿਚਾਰ ਪ੍ਰਗਟਾਵੇ ਦੀ ਆਜ਼ਾਦੀ 'ਤੇ ਹਮਲਾ ਕਰਾਰ

## ਧਾਰਾ 295 ਤਹਿਤ ਦਰਜ ਕੇਸ ਤੁਰੰਤ ਰੱਦ ਕੀਤੇ ਜਾਣ ਦੀ ਮੰਗ

**ਬਰਨਾਲਾ (ਨਜ਼ਸ)**—ਤਰਕਸ਼ੀਲ ਸੁਸਾਇਟੀ ਪੰਜਾਬ ਨੇ ਬੀਤੇ ਦਿਨੀਂ ਭੀਖੀ ਇਕਾਈ ਦੇ ਤਰਕਸ਼ੀਲ ਆਗੂ ਭੁਪਿੰਦਰ ਫੌਜੀ ਨੂੰ ਤੱਥਾਂ ਦੀ ਜਾਂਚ ਪੜਤਾਲ ਕੀਤੇ ਬਗੈਰ ਪੰਜਾਬ ਪੁਲਸ ਵੱਲੋਂ ਧਾਰਾ 295 ਤਹਿਤ ਗ੍ਰਿਫਤਾਰ ਕਰਨ ਦਾ ਸਖਤ ਵਿਰੋਧ ਕਰਦਿਆਂ ਇਸ ਕਾਰਵਾਈ ਨੂੰ ਕੌਮੀ ਪੱਧਰ ਤੇ ਫਿਰਕੂ ਸੰਗਠਨਾਂ ਵੱਲੋਂ ਫਿਰਕੂ ਲਾਮਬੰਦੀ ਹੇਠ ਬੁੱਧੀਜੀਵੀਆਂ, ਲੇਖਕਾਂ, ਪੱਤਰਕਾਰਾਂ, ਵਕੀਲਾਂ ਅਤੇ ਤਰਕਸ਼ੀਲ ਸਮਾਜਿਕ ਕਾਰਕੁਨਾਂ ਦੀ ਕੀਤੀ ਜਾ ਰਹੀ ਜ਼ੁਬਾਨਬੰਦੀ ਅਤੇ ਅਣਐਲਾਨੀ ਐਮਰਜੈਂਸੀ ਕਰਾਰ ਦਿੱਤਾ ਹੈ ਅਤੇ ਸਮੂਹ ਲੋਕ-ਪੱਖੀ ਜਨਤਕ ਜੱਥੇਬੰਦੀਆਂ ਨੂੰ ਦਿਨੋਂ-ਦਿਨ ਵਧ ਰਹੇ ਅਜਿਹੇ ਫਿਰਕੂ ਮਾਹੌਲ ਦੇ ਖਿਲਾਫ ਆਵਾਜ਼ ਬੁਲੰਦ ਕਰਨ ਦੀ ਜ਼ੋਰਦਾਰ ਅਪੀਲ ਵੀ ਕੀਤੀ ਹੈ। ਇਸ ਸਬੰਧੀ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾਈ ਆਗੂਆਂ ਮਾਸਟਰ ਰਾਜਿੰਦਰ ਭਦੌੜ, ਬਲਬੀਰ ਲੌਂਗੋਵਾਲ, ਰਾਜਪਾਲ ਸਿੰਘ, ਜਸਵਿੰਦਰ ਫਗਵਾੜਾ, ਰਾਮ ਸਵਰਨ ਲੱਖੇਵਾਲੀ ਅਤੇ ਸੁਮੀਤ ਅੰਮ੍ਰਿਤਸਰ ਨੇ ਇਕ ਵਿਸ਼ੇਸ਼ ਮੀਟਿੰਗ ਉਪਰੰਤ ਤਰਕਸ਼ੀਲ ਭਵਨ ਬਰਨਾਲਾ ਤੋਂ ਜਾਰੀ ਇਕ ਬਿਆਨ ਵਿਚ ਦੋਸ਼ ਲਾਇਆ ਕਿ ਪੁਲਸ ਵਲੋਂ ਅਕਸਰ ਤੱਥਾਂ ਦੀ ਜਾਂਚ ਪੜਤਾਲ ਕੀਤੇ ਬਗੈਰ ਹੀ ਫਿਰਕੂ ਸੰਗਠਨਾਂ ਦੇ ਦਬਾਅ ਹੇਠ ਸਮਾਜ ਨੂੰ ਚੇਤਨ ਕਰਨ ਵਾਲੇ ਅਗਾਂਹਵਧੂ ਲੇਖਕਾਂ, ਪੱਤਰਕਾਰਾਂ ਅਤੇ ਸਮਾਜਿਕ ਕਾਰਕੁਨਾਂ ਖਿਲਾਫ ਧਾਰਾ 295 ਏ ਤਹਿਤ ਕੇਸ ਦਰਜ ਕਰਕੇ ਗ੍ਰਿਫਤਾਰ ਕਰ ਲਿਆ ਜਾਂਦਾ



ਹੈ ਅਤੇ ਤਰਕਸ਼ੀਲ ਆਗੂ ਖਿਲਾਫ ਦਰਜ ਮੌਜੂਦਾ ਕੇਸ ਵੀ ਦੇਸ਼ ਵਿਚ ਵਧ ਰਹੀ ਇਸੇ ਫਿਰਕੂ ਸਿਆਸਤ ਦਾ ਇਕ ਹਿੱਸਾ ਹੈ। ਉਨ੍ਹਾਂ ਕਿਹਾ ਕਿ ਪੁਲਸ ਦੀ ਅਜਿਹੀ ਕਾਰਵਾਈ ਭਾਰਤੀ ਸੰਵਿਧਾਨ ਦੀ ਧਾਰਾ 19 ਤਹਿਤ ਮਿਲੇ ਨਾਗਰਿਕਾਂ ਦੇ ਵਿਚਾਰ ਪ੍ਰਗਟਾਵੇ ਦੀ ਆਜ਼ਾਦੀ ਦੇ ਬੁਨਿਆਦੀ ਹੱਕ ਦੀ ਸਿੱਧੀ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਤਰਕਸ਼ੀਲ ਆਗੂ ਖਿਲਾਫ ਕੇਸ ਰੱਦ ਕਰਵਾਉਣ ਲਈ ਜਨਤਕ ਜੱਥੇਬੰਦੀਆਂ ਦਾ ਇਕ ਵਫਦ ਅਗਲੇ ਹਫਤੇ ਮਾਨਸਾ ਦੇ ਸੀਨੀਅਰ ਸੁਪਰਡੈਂਟ ਪੁਲਸ ਨੂੰ ਮਿਲੇਗਾ। ਉਨ੍ਹਾਂ ਪੁਲਸ ਕਮਿਸ਼ਨਰ ਮਾਨਸਾ ਤੋਂ ਤਰਕਸ਼ੀਲ ਆਗੂ ਭੁਪਿੰਦਰ ਫੌਜੀ ਦੇ ਖਿਲਾਫ ਕੇਸ ਰੱਦ ਕਰਨ ਦੀ ਮੰਗ ਕਰਦਿਆਂ ਦੋਸ਼ ਲਾਇਆ ਕਿ ਹਿੰਦੂਤਵੀ ਫਿਰਕੂ ਤਾਕਤਾਂ ਵਲੋਂ ਆਪਣੇ ਕੋਝੇ ਫਿਰਕੂ ਅਤੇ ਫਾਸ਼ੀਵਾਦੀ ਸਿਆਸੀ ਮਨਸੂਬਿਆਂ ਹੇਠ ਧਾਰਾ 295 ਅਤੇ 295 ਏ ਦਾ ਗਲਤ ਇਸਤੇਮਾਲ ਕਰਕੇ ਅੰਧ ਵਿਸ਼ਵਾਸਾਂ, ਰੂੜੀਵਾਦ, ਬਾਬਾਵਾਦ ਅਤੇ ਫਿਰਕਾਪ੍ਰਸਤੀ ਦੇ ਖਿਲਾਫ ਵਿਗਿਆਨਕ ਵਿਚਾਰਧਾਰਾ ਰਾਹੀਂ ਸਮਾਜ ਨੂੰ ਚੇਤਨ ਕਰਨ ਵਾਲੇ ਤਰਕਸ਼ੀਲ ਅਤੇ ਜਮਹੂਰੀ ਅਧਿਕਾਰਾਂ ਦੇ ਸਮਾਜਿਕ ਕਾਰਕੁਨਾਂ ਉਤੇ ਜਾਣ ਬੁੱਝ ਕੇ ਝੂਠੇ ਕੇਸ ਦਰਜ ਕਰਵਾਏ ਜਾ ਰਹੇ ਹਨ ਅਤੇ 22 ਜਨਵਰੀ ਦੇ ਅਯੁੱਧਿਆ ਸਮਾਗਮ ਤੋਂ ਬਾਅਦ ਇਕ ਯੋਜਨਾਬੱਧ ਸਾਜਿਸ਼ ਹੇਠ ਦੇਸ਼ ਵਿਚ ਫਿਰਕੂ ਨਫਰਤ ਦਾ ਮਾਹੌਲ ਪੈਦਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਸਮੁੱਚੀਆਂ ਤਰਕਸ਼ੀਲ, ਅਗਾਂਹਵਧੂ, ਜਮਹੂਰੀ ਅਤੇ ਇਨਸਾਫ ਪਸੰਦ ਜਨਤਕ ਜੱਥੇਬੰਦੀਆਂ ਵੱਲੋਂ ਮੌਜੂਦਾ ਫਿਰਕੂ ਨਫਰਤ ਦੇ ਖਿਲਾਫ ਅਤੇ ਵਿਚਾਰ ਪ੍ਰਗਟਾਵੇ ਦੀ ਆਜ਼ਾਦੀ ਅਤੇ ਭਾਈਚਾਰਕ ਸਾਂਝ ਯਕੀਨੀ ਬਣਾਉਣ ਦੇ ਹੱਕ ਵਿੱਚ ਸਮੁੱਚੇ ਪੰਜਾਬ ਵਿੱਚ ਇੱਕ ਲਗਾਤਾਰ ਜਨਤਕ ਮੁਹਿੰਮ ਚਲਾਈ ਜਾਵੇਗੀ। ਉਨ੍ਹਾਂ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਕਿ ਵਿਗਿਆਨਕ ਵਿਚਾਰਧਾਰਾ ਦੇ ਪ੍ਰਚਾਰ ਪ੍ਰਸਾਰ ਅਤੇ ਵਿਚਾਰ ਪ੍ਰਗਟਾਵੇ ਦੀ ਆਜ਼ਾਦੀ ਦੇ ਜਮਹੂਰੀ ਅਧਿਕਾਰਾਂ ਦੀ ਖਿਲਾਫਵਰਜ਼ੀ ਕਰਦੀਆਂ ਧਾਰਾਵਾਂ 295 ਅਤੇ 295 -ਏ ਨੂੰ ਭਾਰਤੀ ਦੰਡਾਵਲੀ 'ਚੋਂ ਮੁੱਢਲੇ ਪੱਧਰ 'ਤੇ ਰੱਦ ਕੀਤਾ ਜਾਵੇ ਅਤੇ ਫਿਰਕੂ ਤਾਕਤਾਂ ਵੱਲੋਂ ਸਿਆਸੀ ਵਿਰੋਧੀਆਂ ਦੇ ਖਿਲਾਫ ਇਨ੍ਹਾਂ ਦੀ ਲਗਾਤਾਰ ਕੀਤੀ ਜਾ ਰਹੀ ਦੁਰਵਰਤੋਂ ਉਤੇ ਸਖਤ ਰੋਕ ਲਗਾਈ ਜਾਵੇ।

## ਆਰ ਡੀ ਖੋਸਲਾ ਸਕੂਲ ਦੀ ਲੜਕੀਆਂ ਦੀ ਕ੍ਰਿਕਟ ਟੀਮ ਅੱਵਲ ਰਹੀ

**ਬਟਾਲਾ (ਡਾ. ਮਲਵਿੰਦਰ ਸਿੰਘ)**-ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੀ ਲੜਕੀਆਂ ਦੀ ਕ੍ਰਿਕਟ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜ਼ਿਲ੍ਹਾ ਪੱਧਰ 'ਤੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਇਨ੍ਹਾਂ ਲੜਕੀਆਂ ਦੇ ਪ੍ਰਦਰਸ਼ਨ ਦੀ ਸੂਬਾ ਪੱਧਰ 'ਤੇ ਵੀ ਸ਼ਲਾਘਾ ਕੀਤੀ ਗਈ।



ਕਪਤਾਨ ਪ੍ਰਾਚੀ ਅਤੇ ਉਪ ਕਪਤਾਨ ਪ੍ਰਿਆਂਸ਼ੀ ਦੀ ਅਗਵਾਈ 'ਚ ਭਾਵਨਾ, ਰੂਹਾਨੀ, ਹਰਨੂਰ, ਹਰਸ਼, ਨਾਜ਼ਪ੍ਰੀਤ ਕੌਰ, ਨਵਨੀਤ ਕੌਰ, ਇਸ਼ਿਕਾ, ਵਰਣਿਕਾ ਅਤੇ ਅੰਕਿਤ ਜੋਤ ਦੀ ਸਕੂਲੀ ਲੜਕੀਆਂ ਦੀ ਕ੍ਰਿਕਟ ਟੀਮ ਨੇ ਜ਼ਿਲ੍ਹਾ ਪੱਧਰ 'ਤੇ ਖੇਡਦਿਆਂ ਪਹਿਲਾ ਸਥਾਨ ਹਾਸਲ ਕੀਤਾ। ਪ੍ਰਾਚੀ, ਪ੍ਰਿਆਂਸ਼ੀ, ਭਾਵਨਾ, ਰੂਹਾਨੀ, ਹਰਨੂਰ, ਹਰਸ਼ ਅਤੇ ਨਾਜ਼ਪ੍ਰੀਤ ਰਾਜ ਪੱਧਰੀ ਟੀਮ ਵਿੱਚ ਚੁਣੀਆਂ ਗਈਆਂ। ਮਾਤਾ ਗੁਜਰੀ ਕਾਲਜ ਫਤਿਹਗੜ੍ਹ ਸਾਹਿਬ ਵਿਖੇ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੀਆਂ ਟੀਮਾਂ ਵਿੱਚ ਇਨ੍ਹਾਂ ਵਿਦਿਆਰਥਣਾਂ ਦਾ ਪ੍ਰਦਰਸ਼ਨ ਸ਼ਲਾਘਾਯੋਗ ਰਿਹਾ। ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ: ਬਿੰਦੂ ਭੱਲਾ ਨੇ ਮੁਕਾਬਲੇ ਵਿਚ ਭਾਗ ਲੈਣ ਵਾਲੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਸ੍ਰੇਸ਼ਠਾ ਸ਼ਰਮਾ ਨੂੰ ਹਾਰਦਿਕ ਵਧਾਈ ਅਤੇ ਸ਼ੁੱਭ ਕਾਮਨਾਵਾਂ ਦਿੰਦਿਆਂ ਕਿਹਾ ਕਿ ਅੱਜ ਲੜਕੀਆਂ ਖੇਡਾਂ ਵਿਚ ਅੱਗੇ ਵੱਧ ਰਹੀਆਂ ਹਨ। ਉਹ ਖੇਡਾਂ ਵਿਚ ਚੰਗੀ ਤਰ੍ਹਾਂ ਭਾਗ ਲੈ ਰਹੀਆਂ ਹਨ ਅਤੇ ਮਾਣ ਮਹਿਸੂਸ ਕਰ ਰਹੀਆਂ ਹਨ।

ਸਕੂਲ ਵਿੱਚ ਵਿਦਿਆਰਥਣਾਂ ਨੂੰ ਵੱਖ-ਵੱਖ ਖੇਡਾਂ ਵਿੱਚ ਭਾਗ ਲੈਣ ਅਤੇ ਕੈਰੀਅਰ ਬਣਾਉਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ। ਖੇਡਾਂ ਵਿੱਚ ਭਾਗ ਲੈਣ ਨਾਲ ਵਿਦਿਆਰਥੀਆਂ ਦਾ ਸਰਬਪੱਖੀ ਵਿਕਾਸ ਹੁੰਦਾ ਹੈ, ਉਨ੍ਹਾਂ ਵਿੱਚ ਜਿੱਤ ਅਤੇ ਹਾਰ ਨੂੰ ਸਵੀਕਾਰ ਕਰਨ ਅਤੇ ਇੱਕ ਟੀਮ ਦੇ ਰੂਪ ਵਿੱਚ ਇਕੱਠੇ ਖੇਡਣ ਦੀ ਭਾਵਨਾ ਪੈਦਾ ਹੁੰਦੀ ਹੈ।

## ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵਿਖੇ 25 ਜਨਵਰੀ ਦਿਨ ਵੀਰਵਾਰ ਨੂੰ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਵੇਰ ਦੀ ਸਭਾ ਵਿੱਚ ਬੱਚਿਆਂ ਵੱਲੋਂ ਸ਼ਬਦ ਗਾਇਨ ਕਰਕੇ ਹਰ ਜਸ ਕੀਰਤਨ ਦਾ ਆਨੰਦ ਮਾਣਿਆ ਗਿਆ। ਉਪਰੰਤ ਮੈਡਮ ਮਨਿੰਦਰ ਕੌਰ ਵੱਲੋਂ ਬਾਬਾ ਦੀਪ ਸਿੰਘ ਜੀ ਦੀ ਜੀਵਨੀ ਅਤੇ ਸ਼ਖਸੀਅਤ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਗਿਆ। ਧਰਮ ਪ੍ਰਚਾਰ ਕਮੇਟੀ (ਚੀਫ ਖਾਲਸਾ ਦੀਵਾਨ) ਵੱਲੋਂ 12 ਜਨਵਰੀ ਨੂੰ ਗੁਰਦੁਆਰਾ ਕਲਗੀਧਰ ਜੀ. ਟੀ. ਰੋਡ ਅੰਮ੍ਰਿਤਸਰ ਵਿਖੇ ਅੰਮ੍ਰਿਤਪਾਨ ਕਰਵਾਇਆ ਗਿਆ ਸੀ ਜਿਸ ਵਿੱਚ ਸਕੂਲ ਦੇ ਜੂਨੀਅਰ ਅਤੇ ਸੀਨੀਅਰ ਵਿੰਗ ਵਿੱਚੋਂ ਸੱਤ ਵਿਦਿਆਰਥੀਆਂ ਨੇ ਅੰਮ੍ਰਿਤਪਾਨ ਕੀਤਾ ਸੀ। ਸਕੂਲ ਵੱਲੋਂ ਇਨਾਂ ਵਿਦਿਆਰਥੀਆਂ ਨੂੰ ਇਸ ਸ਼ੁਭ ਮੌਕੇ ਸਨਮਾਨਿਤ ਕੀਤਾ ਗਿਆ। ਸਕੂਲ ਦੀ ਸਮੂਹ ਮੈਨੇਜਮੈਂਟ ਅਤੇ ਪ੍ਰਿੰਸੀਪਲ ਵੱਲੋਂ ਵਿਦਿਆਰਥੀਆਂ ਨੂੰ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੱਤੀ ਗਈ ਅਤੇ ਸਕੂਲ ਦੇ ਪ੍ਰਿੰ. ਅਨੁਰੀਤ ਬਾਵਾ ਨੇ ਵਿਦਿਆਰਥੀਆਂ ਨੂੰ ਬਾਬਾ ਦੀਪ ਸਿੰਘ ਜੀ ਵੱਲੋਂ ਪਾਏ ਹੋਏ ਪੂਰਨਿਆਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ।

## ਡੇਰਾ ਬਾਬਾ ਨਾਨਕ ਵਿਖੇ ਐੱਸ ਡੀ ਐੱਮ ਅਸ਼ਵਨੀ ਅਰੋੜਾ ਨੇ ਲਹਿਰਾਇਆ ਕੌਮੀ ਝੰਡਾ

**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**-ਸਬ ਡਵੀਜ਼ਨ ਡੇਰਾ ਬਾਬਾ ਨਾਨਕ ਦੀ ਦਾਣਾ ਮੰਡੀ ਵਿਖੇ 75ਵਾਂ ਗਣਤੰਤਰ ਦਿਵਸ ਬੜੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਡੇਰਾ ਬਾਬਾ ਨਾਨਕ ਦੇ ਐੱਸਡੀਐੱਮ ਅਸ਼ਵਨੀ ਅਰੋੜਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਜਿਨ੍ਹਾਂ ਨੇ ਕੌਮੀ ਝੰਡਾ ਲਹਿਰਾਇਆ। ਪਰੇਡ ਤੋਂ ਸਲਾਮੀ ਲਈ ਗਈ। ਇਸ ਮੌਕੇ ਪੰਜਾਬ ਪੁਲਸ ਦੀ ਟੁਕੜੀ ਤੇ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵੱਲੋਂ ਮਾਰਚ ਪਾਸਟ ਕਰਦੇ ਹੋਏ ਕੌਮੀ ਝੰਡੇ ਨੂੰ ਸਲਾਮੀ ਦਿੱਤੀ ਗਈ। ਇਸ ਮੌਕੇ ਐੱਸਡੀਐੱਮ ਅਸ਼ਵਨੀ ਅਰੋੜਾ ਨੇ ਪਰੇਡ ਦਾ ਮੁਆਇਨਾ ਕੀਤਾ ਅਤੇ ਦੇਸ਼ ਵਾਸੀਆਂ ਦੇ ਨਾਮ ਸੰਦੇਸ਼ ਪੜ੍ਹ ਕੇ ਸੁਣਾਇਆ ਤੇ ਗਣਤੰਤਰ ਦਿਵਸ ਦੀ ਵਧਾਈ ਦਿੱਤੀ।



ਇਸ ਮੌਕੇ ਪ੍ਰਭਾਵਸ਼ਾਲੀ ਸਮਾਗਮ ਵੀ ਕਰਵਾਇਆ ਗਿਆ, ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵੱਲੋਂ ਗਿੱਧਾ, ਭੰਗੜਾ, ਕੋਰੀਓਗ੍ਰਾਫੀ ਤੇ ਰੰਗਾ-ਰੰਗ ਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਇਸ ਸਮਾਗਮ ਮੌਕੇ ਐੱਸਡੀਐੱਮ ਅਸ਼ਵਨੀ ਅਰੋੜਾ ਤੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਗੁਰਦੀਪ ਸਿੰਘ ਰੰਧਾਵਾ ਵੱਲੋਂ ਆਈਆਂ ਹੋਈਆਂ ਵਿਸ਼ੇਸ਼ ਸ਼ਖਸੀਅਤਾਂ, ਸਤੰਤਰਤਾ ਸੰਗਰਾਮੀਆਂ ਤੇ ਵੱਖ-ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੇ ਵਿਅਕਤੀਆਂ, ਪੱਤਰਕਾਰੇ ਭਾਈਚਾਰੇ ਤੋਂ ਇਲਾਵਾ ਸਮਾਗਮ ਦੌਰਾਨ ਸਭਿਆਚਾਰਕ ਪ੍ਰੋਗਰਾਮ ਵਿੱਚ ਹਿੱਸਾ ਲੈਣ ਵਾਲੇ ਸਕੂਲੀ ਬੱਚਿਆਂ ਨੂੰ ਪ੍ਰਸੰਸਾ ਪੱਤਰ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਗੁਰਦੀਪ ਸਿੰਘ ਰੰਧਾਵਾ, ਤਹਿਸੀਲਦਾਰ ਹਰਸਿਮਰਨ ਸਿੰਘ, ਨਾਇਬ ਤਹਿਸੀਲਦਾਰ ਅਵਤਾਰ ਸਿੰਘ, ਡੀਐੱਸਪੀ ਮਨਿੰਦਰਪਾਲ ਸਿੰਘ, ਪ੍ਰਿੰ. ਮੈਡਮ ਰੁਪਿੰਦਰਜੀਤ ਧਾਲੀਵਾਲ, ਐੱਸਐੱਚਓ ਬਿਕਰਮ ਸਿੰਘ, ਆਪ ਆਗੂ ਜਸਬੀਰ ਸਿੰਘ ਕਾਹਲੋਂ, ਬਲਾਕ ਖੇਤੀਬਾੜੀ ਅਫਸਰ ਡਾ. ਬਲਜਿੰਦਰ ਸਿੰਘ ਭੁੱਲਰ, ਬਿਕਰਮ ਸਿੰਘ ਸਕੱਤਰ ਮਾਰਕੀਟ ਕਮੇਟੀ, ਸੀਡੀਪੀਓ ਮੈਡਮ ਕੁਸਮ ਸ਼ਰਮਾ, ਮਨਪ੍ਰੀਤ ਸਿੰਘ ਬੰਦੇਸਾ, ਹਰਪ੍ਰੀਤ ਸਿੰਘ ਲਾਲੀ, ਰੀਡਰ ਤਹਿਸੀਲਦਾਰ ਸਰਬਜੀਤ ਸਿੰਘ, ਮਾਸਟਰ ਪਲਵਿੰਦਰ ਸਿੰਘ ਰੰਧਾਵਾ ਸਮੇਤ ਵੱਖ ਵੱਖ ਸਕੂਲਾਂ ਦੇ ਬੱਚਿਆ ਸਮੇਤ ਵੱਡੀ ਗਿਣਤੀ ਵਿਚ ਇਲਾਕੇ ਦੇ ਲੋਕ ਤੇ ਸਕੂਲਾਂ ਦੇ ਬੱਚੇ ਹਾਜ਼ਰ ਸਨ।

# ਕਲਾਨੌਰ 'ਚ ਐੱਸ ਡੀ ਐੱਮ ਸੇਖੋਂ ਨੇ ਲਹਿਰਾਇਆ ਤਿਰੰਗਾ

**ਕਲਾਨੌਰ (ਮਨਦੀਪ ਕੋਹਲੀ)**-ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਕਲਾਨੌਰ ਵਿਖੇ ਗਣਤੰਤਰ ਦਿਵਸ ਮੌਕੇ ਉਪ ਮੰਡਲ ਮੈਜਿਸਟਰੇਟ ਕਲਾਨੌਰ ਰਾਜਪਾਲ ਸਿੰਘ ਸੇਖੋਂ ਨੇ ਤਿਰੰਗਾ ਲਹਿਰਾਉਣ ਦੀ ਰਸਮ ਨਿਭਾਈ। ਇਸ ਮੌਕੇ ਪੁਲਸ ਪਾਰਟੀ ਏਐੱਸ ਆਈ ਵੈਸ਼ਨੋ ਦਾਸ ਦੀ ਟੁਕੜੀ ਵੱਲੋਂ ਤਿਰੰਗੇ ਨੂੰ ਸਲਾਮੀ ਦਿੱਤੀ ਗਈ। ਉਦਘਾਟਨੀ ਭਾਸ਼ਣ ਵਿੱਚ ਐੱਸਡੀਐੱਮ ਨੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਕਲਾਨੌਰ, ਭਾਈ ਲਛਮਣ ਸਿੰਘ ਧਾਰੋਵਾਲੀ ਕਾਲਜ ਕਲਾਨੌਰ ਅਤੇ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਸੀਨੀਅਰ ਸੈਕੰਡਰੀ ਸਕੂਲ ਕਲਾਨੌਰ ਦੇ ਵਿਦਿਆਰਥੀਆਂ ਨੇ ਦੇਸ਼ ਭਗਤੀ ਸਬੰਧੀ ਕੋਰੀਓਗ੍ਰਾਫੀ, ਡਾਂਸ, ਗਿੱਧਾ, ਭੰਗੜਾ ਆਦਿ ਰੰਗਾ ਰੰਗ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।ਇਸ ਮੌਕੇ ਵੱਖ-ਵੱਖ ਖੇਤਰ ਵਿੱਚ ਉਪਲਬਧੀਆਂ ਹਾਸਲ ਕਰਨ ਵਾਲਿਆਂ ਨੂੰ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਤਹਿਸੀਲਦਾਰ ਕਲਾਨੌਰ ਰਾਮ ਚੰਦ, ਨਾਇਬ ਤਹਿਸੀਲਦਾਰ ਸੁਖਵਿੰਦਰ ਸਿੰਘ, ਬੀਡੀਪੀਓ ਕਲਾਨੌਰ ਮਿੱਤਰਮਾਨ ਸਿੰਘ ਸਰਚੂਰ, ਐੱਸਐੱਮਓ ਕਲਾਨੌਰ ਡਾਕਟਰ ਸੁਖਦੀਪ ਸਿੰਘ, ਐੱਸਐੱਚਓ ਕਲਾਨੌਰ ਮੇਜਰ ਸਿੰਘ, ਸੀਡੀਪੀਓ ਮੈਡਮ ਸੁਦੇਸ਼ ਕੁਮਾਰੀ, ਵਾਟਰ ਸਪਲਾਈ ਤੋਂ ਸੰਦੇਸ਼ ਖੰਨਾ, ਫੂਡ ਸਪਲਾਈ ਇੰਸਪੈਕਟਰ ਰਮਨ ਕੁਮਾਰ, ਚੇਅਰਮੈਨ ਮਾਰਕੀਟ ਕਮੇਟੀ ਰਣਜੇਤ ਸਿੰਘ ਬਾਠ, ਬਿਜਲੀ ਬੋਰਡ ਤੋਂ ਐੱਸਡੀਓ ਖਜਾਨ ਸਿੰਘ ਖਹਿਰਾ, ਕੁਲਬੀਰ ਸਿੰਘ ਕਾਨੂੰਗੋ, ਭੁਪਿੰਦਰ ਸਿੰਘ ਗਿਰਦੌਰ, ਜਸਕਰਨ ਸਿੰਘ ਪਟਵਾਰੀ, ਗੁਰਦੇਵ ਸਿੰਘ ਪਟਵਾਰੀ, ਡਾਕਟਰ ਰਣਬੀਰ ਸਿੰਘ ਰਾਣਾ, ਸੈਕਟਰੀ ਮਾਰਕੀਟ ਕਮੇਟੀ ਸੁਰਿੰਦਰ ਸਿੰਘ, ਰਮਨਜੀਤ ਸਿੰਘ ਮੁੱਖ ਲੇਖਾਕਾਰ, ਐੱਸਸੀਪੀਓ ਗੁਰਇਕਬਾਲ ਸਿੰਘ, ਪ੍ਰੋ. ਗੁਰਮੀਤ ਸਿੰਘ ਬਾਜਵਾ, ਪ੍ਰਿੰ. ਮੈਡਮ ਗੁਰਮਨਜੀਤ ਕੌਰ ਬਾਜਵਾ, ਸੰਜੀਵ ਤੁੱਲੀ, ਅਮਰਜੀਤ ਸਿੰਘ ਉਦੋਵਾਲੀ, ਇੰਦਰਜੀਤ ਭਾਰਲ, ਚੰਚਲ ਕੁਮਾਰ, ਲਛਮਣ ਸਿੰਘ ਧਾਰੋਵਾਲੀ ਕਾਲਜ ਦੇ ਪ੍ਰਿੰ. ਡਾ. ਕਮਲ ਕਿਸ਼ੋਰ ਅਤਰੀ, ਸੰਦੀਪ ਚੰਚਲ, ਹਰਪ੍ਰੀਤ ਸਿੰਘ, ਗੁਰਸ਼ਰਨ ਸਿੰਘ ਪੁਰੇਵਾਲ, ਹਰਭਜਨ ਸਿੰਘ ਠੇਕੇਦਾਰ ਆਦਿ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਨੁਮਾਇੰਦੇ ਹਾਜ਼ਰ ਹੋਏ।




## ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਨੇ ਟਰੈਕਟਰ ਮਾਰਚ ਕੱਢਿਆ

**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਸੰਯੁਕਤ ਕਿਸਾਨ ਮੋਰਚੇ ਦੇ ਹੁਕਮਾਂ 'ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਯੂਨੀਅਨ ਵੱਲੋ ਹਰੀਕੇ ਪੱਤਣ ਤੋਂ ਵੱਡੀ ਗਿਣਤੀ ਵਿਚ ਟਰੈਕਟਰ ਮਾਰਚ ਕੀਤਾ ਗਿਆ ਜਿਸ ਦੀ ਅਗਵਈ ਕਰਮ ਸਿੰਘ ਖਾਰਾ, ਜਰਨੈਲ ਸਿੰਘ ਕਿੜੀਆਂ ਨੇ ਕੀਤੀ। ਇਸ ਸਮੇਂ ਜ਼ਿਲਾ ਪ੍ਰਧਾਨ ਨਿਰਪਾਲ ਸਿੰਘ ਜੌਣੇਕੇ ਨੇ ਟਰੈਕਟਰ ਮਾਰਚ ਕਰਨ ਤੋਂ ਪਹਿਲਾਂ ਸਾਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਮਾਰਚ ਸੰਯੁਕਤ ਕਿਸਾਨ ਮੋਰਚੇ ਦੇ ਦਿਸ਼ਾ ਨਿਰਦੇਸ਼ਾਂ 'ਤੇ ਕੀਤਾ ਗਿਆ। ਮੋਦੀ ਸਰਕਾਰ ਦੁਆਰਾ ਕਿਸਾਨਾਂ ਨਾਲ ਕੀਤੇ ਵਾਅਦੇ ਤੋਂ ਮੁੱਕਰਨਾ, ਐੱਮਐੱਸਪੀ ਗਰੰਟੀ ਕਾਨੂੰਨ ਨਾ ਬਣਾਉਣਾ, ਕਿਸਾਨੀ ਅੰਦੋਲਨ ਦੌਰਾਨ ਕਿਸਾਨਾਂ ਉਪਰ ਹੋਏ ਝੂਠੇ ਪਰਚੇ ਰੱਦ ਨਾ ਕਰਨਾ, ਲਖੀਮਪੁਰ ਖੀਰੀ ਦੇ ਸ਼ਹੀਦ ਹੋਏ ਕਿਸਾਨਾਂ ਦੇ ਦੋਸ਼ੀ ਕੇਂਦਰੀ ਮੰਤਰੀ ਟੈਨੀ ਵਰਗਿਆਂ ਨੂੰ ਸਖਤ ਸਜ਼ਾਵਾਂ ਨਾ ਦੇਣਾ, ਕਰਜ਼ਾ ਮੁਕਤੀ ਵਰਗੇ ਮਸਲਿਆਂ ਨੂੰ ਨਜ਼ਰਅੰਦਾਜ਼ ਕਰਨਾ ਵਰਗੇ ਮਸਲਿਆਂ ਨੂੰ ਹੱਲ ਨਾ ਕਰਨਾ ਅਸਲ 'ਚ ਲੰਬੇ ਤੇ ਤਿੱਖੇ ਸੰਘਰਸ਼ ਦੀ ਹੀ ਮੰਗ ਕਰਦਾ। ਅਲੱਗ-ਅਲੱਗ ਪਿੰਡਾਂ ਵਿਚੋਂ ਲੰਘਦਾ ਮਾਰਚ ਪੱਟੀ ਪਹੁੰਚਿਆ। ਅੱਗੇ ਜੋ ਵੀ ਸੰਯੁਕਤ ਕਿਸਾਨ ਮੋਰਚੇ ਦੀ ਕਾਲ ਆਵੇਗੀ ਉਸ 'ਤੇ ਪਹਿਰ ਦਿੱਤਾ ਜਾਵੇਗਾ। ਇਸ ਸਮੇਂ ਬਾਬਾ ਦਿਲਬਾਗ ਸਿੰਘ, ਰਛਪਾਲ ਸਿੰਘ ਕਿੜੀਆਂ, ਜਗਜੀਤ ਸਿੰਘ, ਜਸਕਰਨ ਸਿੰਘ, ਅਮਰਜੀਤ ਸਿੰਘ ਹਰੀਕੇ, ਬਲਕਾਰ ਸਿੰਘ, ਹਰਦਿਆਲ ਸਿੰਘ ਗੰਡੀਵਿੰਡ, ਸੁਖਵੰਤ ਸਿੰਘ ਧੱਤਲ, ਮੇਲਾ ਸਿੰਘ ਅਲੀਪੁਰ, ਬਲਜਿੰਦਰ ਸਿੰਘ ਠੱਠੀਆਂ ਮਹੰਤਾਂ, ਰਣਧੀਰ ਸਿੰਘ, ਨਛੱਤਰ ਸਿੰਘ ਕੰਬੋਅ ਢਾਏਵਾਲਾ ਆਦਿ ਹਾਜ਼ਰ ਸਨ।



## ਸ਼੍ਰੋਮਣੀ ਕਮੇਟੀ ਚੋਣਾਂ ਲਈ ਹਰ ਸਿੱਖ ਵੋਟ ਬਣਾਉਣ ਦੀ ਆਪਣੀ ਜ਼ਿੰਮੇਵਾਰੀ ਸਮਝੇ : ਧਾਮੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ ਵੋਟਾਂ ਬਣਾਉਣ ਦੀ ਚੱਲ ਰਹੀ ਮੱਠੀ ਪ੍ਰਕਿਰਿਆ 'ਤੇ ਡੂੰਘੀ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਆਖਿਆ ਕਿ ਸਾਡੇ ਵਡੇਰਿਆਂ ਦੀਆਂ ਕੁਰਬਾਨੀਆਂ ਨਾਲ ਹੋਂਦ ਵਿਚ ਆਈ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਮਰੱਥ ਸਿੱਖ ਸੰਸਥਾ ਵਜੋਂ ਕਾਇਮ-ਦਾਇਮ ਰੱਖਣ ਅਤੇ ਦੇਸ਼ 'ਚ ਇਕ ਘੱਟ-ਗਿਣਤੀ ਕੌਮ ਵਜੋਂ ਸਿੱਖਾਂ ਦੇ ਸਰਬਪੱਖੀ ਹਿਤਾਂ ਦੀ ਸੁਰੱਖਿਆ ਲਈ ਹਰੇਕ ਸਿੱਖ ਨੂੰ ਗੁਰਦੁਆਰਾ ਚੋਣ ਲਈ ਆਪਣੀ ਵੋਟ ਜ਼ਰੂਰ ਬਣਾਉਣੀ ਚਾਹੀਦੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੋਟਾਂ ਬਣਾਉਣ ਦੇ ਫਾਰਮ ਜਮ੍ਹਾ ਕਰਵਾਉਣ ਦੀ ਆਖ਼ਰੀ ਮਿਤੀ 29 ਫਰਵਰੀ ਹੈ ਪਰ ਅਜੇ ਤੱਕ ਵੋਟਾਂ ਬਣਾਉਣ ਦਾ ਰੁਝਾਨ ਨਿਰਾਸ਼ਾਜਨਕ ਹੈ। ਜੇਕਰ ਇਸ ਵਾਰ 2011 ਦੀਆਂ ਚੋਣਾਂ ਨਾਲੋਂ ਘੱਟ ਵੋਟਾਂ ਬਣੀਆਂ ਤਾਂ ਸਿੱਖਾਂ ਦੀ ਗਿਣਤੀ ਦੇ ਅਧਿਕਾਰਤ ਅੰਕੜਿਆਂ ਵਿਚ ਵੱਡੀ ਗੜਬੜੀ ਪੈਦਾ ਹੋਵੇਗੀ, ਜੋ ਭਾਰਤ ਅੰਦਰ ਇਕ ਘੱਟ-ਗਿਣਤੀ ਕੌਮ ਵਜੋਂ ਸਿੱਖਾਂ ਦੀ ਰਾਜਨੀਤਕ, ਸਮਾਜਿਕ ਅਤੇ ਭੂਗੋਲਿਕ ਦਸ਼ਾ ਤੇ ਦਿਸ਼ਾ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰੇਗੀ। ਇਸ ਕਰਕੇ ਹਰੇਕ ਸਾਬਤ-ਸੂਰਤ ਸਿੱਖ ਸ਼੍ਰੋਮਣੀ ਕਮੇਟੀ ਚੋਣਾਂ ਲਈ ਆਪਣੀ ਅਹਿਮ ਕੌਮੀ ਜ਼ਿੰਮੇਵਾਰੀ ਨੂੰ ਸਮਝਦਿਆਂ ਆਪਣੀ ਅਤੇ ਆਪਣੇ ਪਰਿਵਾਰ ਦੀ ਵੋਟ ਜ਼ਰੂਰ ਬਣਾਵੇ।

## ਵਾਈਸ ਆਫ਼ ਧਾਰੀਵਾਲ ਨੇ ਬੜੇ ਉਤਸ਼ਾਹ ਨਾਲ ਮਨਾਇਆ 75ਵਾਂ ਗਣਤੰਤਰ ਦਿਵਸ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸਮਾਜਸੇਵੀ ਸੰਸਥਾ ਵਾਈਸ ਆਫ਼ ਧਾਰੀਵਾਲ ਵੱਲੋਂ ਬੱਸ ਸਟੈਂਡ ਨੇੜੇ ਸ਼ਹੀਦ ਭਗਤ ਸਿੰਘ ਚੌਕ ਵਿੱਚ 75ਵਾਂ ਗਣਤੰਤਰ ਦਿਵਸ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸ਼ਹਿਰ ਦੇ ਵੱਖ ਵੱਖ ਧਾਰਮਿਕ, ਸਮਾਜਸੇਵੀ ਅਤੇ ਰਾਜਨੀਤਿਕ ਜਥੇਬੰਦੀਆਂ ਦੇ ਨੁਮਾਇੰਦੇ ਸਾਮਲ ਹੋਏ। ਇਸ ਮੌਕੇ ਸੰਸਥਾ ਦੇ ਕਨਵੀਨਰ ਡਾਕਟਰ ਕਮਲਜੀਤ ਸਿੰਘ ਕੇਜੇ ਦੁਆਰਾ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨ ਉਪਰੰਤ ਸਮੁੱਚੀ ਟੀਮ ਨੇ ਰਾਸ਼ਟਰੀ ਗੀਤ ਗਾਇਨ ਕੀਤਾ। ਇਸ ਮੌਕੇ ਅਜ਼ਾਦੀ ਦੇ ਸ਼ਹੀਦੀ ਪ੍ਰਵਾਨਿਆਂ ਅਤੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਨੂੰ ਯਾਦ ਕੀਤਾ ਅਤੇ ਗਣਤੰਤਰ ਦਿਵਸ ਦੀ ਖੁਸ਼ੀ ਵਿੱਚ ਲੱਡੂ ਵੰਡੇ। ਇਸ ਮੌਕੇ ਡਾ. ਕਮਲਜੀਤ ਸਿੰਘ ਕੇ ਜੇ ਨੇ 75ਵੇਂ ਗਣਤੰਤਰ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਸਾਡਾ ਭਾਰਤ ਦੇਸ਼ ਵਿਸ਼ਵ ਦਾ ਸਭ ਤੋਂ ਵੱਡਾ ਲੋਕਤੰਤਰੀ ਦੇਸ਼ ਹੈ। ਉਨ੍ਹਾਂ ਕਿਹਾ ਸਾਡਾ ਦੇਸ਼ ਭਾਵੇਂ 15 ਅਗਸਤ 1947 ਨੂੰ ਅਜ਼ਾਦ ਹੋ ਗਿਆ ਸੀ ਪਰ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਯਤਨਾਂ ਸਦਕਾ 26 ਜਨਵਰੀ 1950 ਨੂੰ ਸਾਡੇ ਦੇਸ ਦਾ ਸੰਵਿਧਾਨ ਲਾਗੂ ਹੋਣ ਉਪਰੰਤ ਸਾਡਾ ਦੇਸ ਪੂਰਨ ਗਣਰਾਜ ਬਣਿਆ। ਉਨ੍ਹਾਂ ਕਿਹਾ ਭਾਰਤੀ ਸੰਵਿਧਾਨ ਹਰ ਦੇਸ਼ ਵਾਸੀ ਨੂੰ ਅਜ਼ਾਦੀ ਤੇ ਬਰਾਬਰੀ ਦਾ ਹੱਕ ਦਿੰਦਾ ਹੈ। ਡਾ. ਕੇ ਜੇ ਨੇ ਕਿਹਾ ਅਜ਼ਾਦੀ ਦੇ ਸ਼ਹੀਦੀ ਪਰਵਾਨਿਆਂ ਦੇ ਸੁਪਨਿਆਂ ਦਾ ਦੇਸ਼ ਸਿਰਜਣ ਲਈ ਸਾਨੂੰ ਸਾਰਿਆਂ ਨੂੰ ਬਿਨਾ ਕਿਸੇ ਡਰ ਭੈਅ ਦੇ ਆਪਣੇ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰਕੇ ਇਮਾਨਦਾਰ ਤੇ ਉਸਾਰੂ ਸੋਚ ਵਾਲੀਆਂ ਸਖਸ਼ੀਅਤਾਂ ਨੂੰ ਰਾਜ ਸਤਾ ਵਿੱਚ ਭੇਜਣਾ ਚਾਹੀਦਾ ਹੈ। ਇਸ ਮੌਕੇ ਵਾਈਸ ਆਫ ਧਾਰੀਵਾਲ ਕਨਵੀਨਰ ਡਾਕਟਰ ਕਮਲਜੀਤ ਸਿੰਘ ਕੇ ਜੇ, ਚਰਨ ਸਿੰਘ ਚਾਹਲ, ਇੰਜ. ਜੇਪੀ ਸਿੰਘ, ਰਾਮ ਪਾਲ ਬੱਲ, ਸੁਖਵਿੰਦਰ ਕੌਰ ਬਾਜਵਾ, ਇਮੈਨੁਅਲ ਮਸੀਹ, ਸਰਬਜੀਤ ਕੌਰ, ਦਲਜੀਤ ਸਿੰਘ ਛੋਟੇਪੁਰ, ਐਡਵੋਕੇਟ ਸ਼ਿਵਚਰਨ ਸਿੰਘ ਮਾਨ, ਬਲਵਿੰਦਰ ਸਿੰਘ ਮੱਲੀ, ਰਾਮ ਸਿੰਘ ਮੱਲੀ, ਕੁਲਬੀਰ ਸਿੰਘ ਰਿਆੜ, ਜਾਨੂੰ ਜਸਜੀਤ ਸਿੰਘ, ਵਿਜੇ ਕੁਮਾਰ ਵਰਮਾ, ਕੋਚ ਵਿਪਨ ਕੁਮਾਰ, ਪਵਨ ਮਸੀਹ, ਅਜਮੇਰ ਸਿੰਘ, ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।



## ਪਿੰਡ-ਪਿੰਡ ਵੱਡੇ ਇਕੱਠ ਕਰਕੇ ਕੀਤੀ ਦਿੱਲੀ ਮੋਰਚੇ ਦੀ ਤਿਆਰੀ: ਮਨਜਿੰਦਰ ਸਿੰਘ ਗੋਹਲਵੜ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨ ਤਾਰਨ ਦੇ ਜ਼ੋਨ ਬਾਬਾ ਦੀਪ ਸਿੰਘ ਜੀ ਦੇ ਅਨੇਕਾਂ ਪਿੰਡਾਂ ਵਿੱਚ ਜ਼ੋਨ ਪ੍ਰਧਾਨ ਮਨਜਿੰਦਰ ਸਿੰਘ ਗੋਹਲਵੜ ਦੀ ਅਗਵਾਈ ਹੇਠ ਮੀਟਿੰਗਾਂ ਲਗਾ ਕੇ ਦਿੱਲੀ ਮੋਰਚੇ ਦੀਆਂ ਤਿਆਰੀਆਂ ਕੀਤੀਆਂ।



ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲਾ ਆਗੂ ਹਰਪਾਲ ਸਿੰਘ ਸਿੱਧਵਾਂ, ਜ਼ੋਨ ਸਕੱਤਰ ਹਰਦੀਪ ਸਿੰਘ ਜੌਹਲ, ਜ਼ੋਨ ਮੀਤ ਪ੍ਰਧਾਨ ਅੰਗਰੇਜ਼ ਸਿੰਘ ਦੋਬੁਰਜੀ, ਜ਼ੋਨ ਵਲੰਟੀਅਰ ਸੁਪਰਵਾਈਜ਼ਰ ਦਰਬਾਰਾ ਸਿੰਘ ਗੋਹਲਵੜ, ਪ੍ਰਧਾਨ ਨਵਜੀਤ ਸਿੰਘ ਗੋਹਲਵੜ ਨੇ ਕਿਹਾ ਕਿ ਦਿੱਲੀ ਮੋਰਚੇ ਲਈ ਪਿੰਡੋਂ-ਪਿੰਡੀ ਵੱਡੇ ਪੱਧਰ 'ਤੇ ਤਿਆਰੀਆਂ ਕਰਵਾਈਆ ਜਾ ਰਹੀਆ ਹਨ। ਪਿੰਡ ਬਾਲਾਚੱਕ, ਗੋਹਲਵੜ, ਦੋਬੁਰਜੀ, ਠੱਠੀ, ਖਾਰਾ, ਪੰਡੋਰੀ ਸਿੱਧਵਾਂ ਆਦਿ 'ਚ ਸੈਂਕੜੇ ਨੌਜਵਾਨ, ਕਿਸਾਨ, ਬੀਬੀਆਂ, ਮਜ਼ਦੂਰ ਹਾਜ਼ਰ ਹੋ ਰਹੇ ਹਨ। ਕਿਸਾਨ ਆਗੂਆਂ ਨੇ ਕਿਹਾ ਲੋਕਾਂ ਦੀ ਜ਼ਿੰਦਗੀ ਬੱਦ ਤੋਂ ਬਦਤਰ ਹੁੰਦੀ ਜਾ ਰਹੀ ਹੈ। ਆਗੂਆਂ ਨੇ ਲਟਕਦੀਆਂ ਕਿਸਾਨੀ ਮੰਗਾਂ ਮੰਨਵਾਉਣ ਲਈ ਦਿੱਲੀ ਅੰਦੋਲਨ ਦਾ ਵੱਧ-ਚੜ੍ਹ ਕੇ ਸਾਥ ਦੇਣ ਦੀ ਅਪੀਲ ਕੀਤੀ। ਇਸ ਮੌਕੇ ਪਿੰਡਾਂ ਵਿੱਚੋਂ ਆਗੂ, ਪ੍ਰਧਾਨ ਸਤਵਿੰਦਰ ਸਿੰਘ ਪੰਡੋਰੀ ਸਿੱਧਵਾਂ, ਪ੍ਰਧਾਨ ਪਾਲ ਸਿੰਘ ਠੱਠੀ, ਪ੍ਰਧਾਨ ਹਰਪ੍ਰੀਤ ਸਿੰਘ ਠੱਠੀ, ਪ੍ਰਧਾਨ ਗੁਰਬਖ਼ਸ਼ ਸਿੰਘ ਖਾਰਾ, ਪ੍ਰਧਾਨ ਅਮਰੀਕ ਸਿੰਘ ਬਾਲਾਚੱਕ, ਗੁਰਜੰਟ ਸਿੰਘ, ਸਵਿੰਦਰ ਸਿੰਘ, ਸੁਰਜੀਤ ਸਿੰਘ ਆਦਿ ਸੈਂਕੜੇ ਨੌਜਵਾਨ, ਬਜ਼ੁਰਗ, ਬੀਬੀਆਂ ਹਾਜ਼ਰ ਸਨ।

## ਸਰਹੱਦੀ ਪ੍ਰੈੱਸ ਕਲੱਬ ਅਜਨਾਲਾ ਦੇ ਪੱਤਰਕਾਰਾਂ ਵੱਲੋਂ ਰੋਸ ਪ੍ਰਦਰਸ਼ਨ

**ਅਜਨਾਲਾ (ਸੁਖਜਿੰਦਰ ਸਿੰਘ ਰਾਜੂ)**-ਸਰਹੱਦੀ ਪ੍ਰੈੱਸ ਕਲੱਬ ਅਜਨਾਲਾ ਵੱਲੋਂ ਗਣਤੰਤਰ ਦਿਵਸ ਸਮਾਰੋਹ ਦੌਰਾਨ ਸਟੇਜ ਸਕੱਤਰ ਸਰਬਜੀਤ ਸਿੰਘ ਮੱਛੀ ਪਾਲਣ ਵਿਭਾਗ ਅਤੇ ਅਜਨਾਲਾ ਸਰਕਾਰੀ ਕਾਲਜ ਦੀ ਕਰਮਚਾਰੀ ਆਰਤੀ ਸ਼ਰਮਾ ਵੱਲੋਂ ਪੱਤਰਕਾਰਾਂ ਦੀ ਸੀਨੀਆਰਟੀ ਨੂੰ ਦਰਕਿਨਾਰ ਕਰਕੇ ਆਪਣੇ ਕੁਝ ਚਹੇਤੇ ਪੱਤਰਕਾਰਾਂ ਨੂੰ ਖ਼ੁਸ਼ ਕਰਨ ਦੇ ਮਕਸਦ ਨਾਲ ਸਨਮਾਨਿਤ ਕਰਨ 'ਤੇ ਸਰਹੱਦੀ ਪ੍ਰੈੱਸ ਕਲੱਬ ਅਜਨਾਲਾ ਦੇ ਪੱਤਰਕਾਰਾਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ। ਸਮੂਹ ਪੱਤਰਕਾਰਾਂ ਨੇ ਕਿਹਾ ਕਿ ਇਸ ਘਟਨਾ ਸਬੰਧੀ ਅੰਮ੍ਰਿਤਸਰ ਦੇ ਕਮਿਸ਼ਨਰ ਤੇ ਐੱਸਡੀਐੱਮ ਅਜਨਾਲਾ ਨੂੰ ਮੰਗ ਪੱਤਰ ਰਾਹੀਂ ਪ੍ਰਸ਼ਾਸਨਿਕ ਅਧਿਕਾਰੀਆਂ 'ਤੇ ਬਣਦੀ ਕਾਰਵਾਈ ਕਰਨ ਲਈ ਕਿਹਾ ਜਾਵੇਗਾ। ਜੇਕਰ ਕਾਰਵਾਈ ਨਾ ਕੀਤੀ ਗਈ ਤਾਂ ਐੱਸਡੀਐੱਮ ਅਜਨਾਲਾ ਦੇ ਦਫ਼ਤਰ ਦਾ ਸਰਹੱਦੀ ਪ੍ਰੈੱਸ ਕਲੱਬ ਅਜਨਾਲਾ ਵੱਲੋਂ ਘਿਰਾਓ ਕੀਤਾ ਜਾਵੇਗਾ। ਇਸ ਮੌਕੇ ਅਵਤਾਰ ਸਿੰਘ ਫਰਿਆਦ, ਜੁਗਰਾਜ ਸਿੰਘ ਰਿਆੜ, ਸਤਿੰਦਰ ਸਿੰਘ ਰਾਜੂ, ਦਵਿੰਦਰ ਕੁਮਾਰ ਪੁਰੀ, ਕੁਲਬੀਰ ਸਿੰਘ ਢਿੱਲੋਂ, ਵਰਿੰਦਰ ਕੁਮਾਰ ਸ਼ਰਮਾ, ਮਨੀਸ਼ ਉੱਪਲ, ਸੁਰਜੀਤ ਕੁਮਾਰ ਦੇਵਗਨ ਅਤੇ ਜਸਬੀਰ ਸਿੰਘ ਔਲਖ ਆਦਿ ਹਾਜ਼ਰ ਸਨ।



# ਸਰਕਾਰ ਦੀਆਂ ਕੋਸ਼ਿਸ਼ਾਂ ਸਦਕਾ ਪੰਜਾਬ 'ਚ 64 ਹਜ਼ਾਰ ਕਰੋੜ ਦਾ ਨਿਵੇਸ਼ ਹੋਇਆ : ਅਮਨ ਅਰੋੜਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਕੈਬਨਿਟ ਮੰਤਰੀ ਅਮਨ ਅਰੋੜਾ ਨੇ 75ਵੇਂ ਗਣਤੰਤਰ ਦਿਵਸ ਮੌਕੇ ਦੇਸ਼-ਵਿਦੇਸ਼ ਵਿੱਚ ਵਸਦੇ ਸਾਰੇ ਭਾਰਤੀਆਂ ਖ਼ਾਸ ਤੌਰ 'ਤੇ ਪੰਜਾਬੀਆਂ ਨੂੰ ਤਹਿ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਮੈਂ ਦੇਸ਼ ਦੀਆਂ ਤਿੰਨੋ ਸੈਨਾਵਾਂ ਅਤੇ ਹਥਿਆਰਬੰਦ ਬਲਾਂ ਦੇ ਬਹਾਦਰ ਸੂਰਬੀਰਾਂ ਨੂੰ ਸਲਾਮ ਕਰਦਾ ਹਾਂ, ਜੋ ਸਾਡੇ ਦੇਸ਼ ਦੀ ਪ੍ਰਭੂਸੱਤਾ ਅਤੇ ਅਖੰਡਤਾ ਦੀ ਰਾਖੀ ਕਰ ਰਹੇ ਹਨ। ਉਨ੍ਹਾਂ ਇਸ ਮੌਕੇ ਵਿਸ਼ੇਸ਼ ਤੌਰ ਤੇ ਸ਼ਹੀਦ ਊਧਮ ਸਿੰਘ ਦੀ ਕੁਰਬਾਨੀ ਨੂੰ ਯਾਦ ਕਰਦੇ ਹੋਰ ਆਜ਼ਾਦੀ ਘੁਲਾਟੀਆਂ ਵੱਲੋਂ ਪਾਏ ਯੋਗਦਾਨ ਅਤੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਵੱਡਮੁੱਲੇ ਯੋਗਦਾਨ ਨੂੰ ਸਿਜਦਾ ਕੀਤਾ। ਉਨ੍ਹਾਂ ਕਿਹਾ ਕਿ ਇਨਾਂ ਦੀ ਘਾਲਣਾ ਸਦਕਾ ਹੀ ਭਾਰਤੀ ਗਣਰਾਜ ਦੀ ਸਥਾਪਨਾ ਹੋਈ ਅਤੇ ਸਾਨੂੰ ਦੁਨੀਆ ਵਿੱਚ ਸਭ ਤੋਂ ਵੱਡੀ ਜਮਹੂਰੀਅਤ ਹੋਣ ਦਾ ਮਾਣ ਹਾਸਲ ਹੋਇਆ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਾਡੀ ਸਰਕਾਰ ਸ਼ਹੀਦਾਂ ਨੂੰ ਪ੍ਰਣਾਈ ਹੋਈ ਹੈ। ਮੌਜੂਦਾ ਸਰਕਾਰ ਵੱਲੋਂ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਪਿੰਡ ਖਟਕੜ ਕਲਾਂ ਦੀ ਪਵਿੱਤਰ ਧਰਤੀ ਤੋਂ ਸਹੁੰ ਚੁੱਕਣ ਨਾਲ ਹੀ ਸੂਬੇ ਦੀ ਭਲਾਈ ਲਈ ਕਾਰਜਾਂ ਦੀ ਸ਼ੁਰੂਆਤ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ 22 ਮਹੀਨੇ ਦੇ ਕਾਰਜਕਾਲ ਦੌਰਾਨ ਅਨੇਕਾਂ ਲੋਕ-ਪੱਖੀ ਪਹਿਲਕਦਮੀਆਂ ਕੀਤੀਆਂ ਹਨ। ਸਾਡੀ ਸਰਕਾਰ ਫ਼ੌਜੀ ਜਵਾਨਾਂ, ਸ਼ਹੀਦਾਂ ਦੇ ਪਰਿਵਾਰਾਂ ਅਤੇ ਸਾਬਕਾ ਫ਼ੌਜੀਆਂ ਦੀ ਭਲਾਈ ਲਈ ਦ੍ਰਿੜ੍ਹ ਹੈ ਅਤੇ ਸਰਕਾਰ ਨੇ ਸ਼ਹੀਦ ਜਵਾਨਾਂ ਦੇ ਵਾਰਿਸਾਂ ਲਈ ਐਕਸ-ਗ੍ਰੇਸ਼ੀਆ ਰਾਸ਼ੀ 50 ਲੱਖ ਰੁਪਏ ਤੋਂ ਵਧਾ ਕੇ 1 ਕਰੋੜ ਰੁਪਏ ਕੀਤੀ ਹੈ।

ਇਸ ਵਿੱਤੀ ਸਹਾਇਤਾ ਸਕੀਮ ਅਧੀਨ ਅਗਨੀਵੀਰਾਂ ਨੂੰ ਵੀ ਸ਼ਾਮਲ ਕੀਤਾ ਹੈ। ਇਸੇ ਤਰਾਂ ਪਹਿਲੀ ਤੇ ਦੂਜੀ ਵਿਸ਼ਵ ਜੰਗ ਵਿੱਚ ਹਿੱਸਾ ਲੈਣ ਵਾਲੇ 65 ਸਾਲ ਤੋਂ ਵੱਧ ਉਮਰ ਵਾਲੇ ਸਾਬਕਾ ਸੈਨਿਕਾਂ/ਜੰਗੀ ਵਿਧਵਾਵਾਂ ਜਿਨ੍ਹਾਂ ਨੂੰ ਬਿਨਾਂ ਕਿਸੇ ਪੈਨਸ਼ਨ ਲਾਭ ਦੇ ਘਰ ਭੇਜ ਦਿੱਤਾ ਸੀ, ਦੀ ਵਿੱਤੀ ਸਹਾਇਤਾ 10,000 ਰੁਪਏ ਪ੍ਰਤੀ ਮਹੀਨਾ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਨੇ ਆਪਣੇ ਮਹਿਜ਼ 22 ਮਹੀਨਿਆਂ ਦੇ ਕਾਰਜਕਾਲ ਦੌਰਾਨ ਨੌਜਵਾਨਾਂ ਨੂੰ 39 ਹਜ਼ਾਰ 406 ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ ਅਤੇ 12 ਹਜ਼ਾਰ 710 ਮੁਲਾਜ਼ਮਾਂ ਨੂੰ ਪੱਕਾ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਭਗਵੰਤ ਮਾਨ ਸਰਕਾਰ, ਤੁਹਾਡੇ ਦੁਆਰ' ਸਕੀਮ ਤਹਿਤ 43 ਨਾਗਰਿਕ ਕੇਂਦਰਿਤ ਸੇਵਾਵਾਂ ਲੋਕਾਂ ਨੂੰ ਉਨ੍ਹਾਂ ਦੇ ਦਰਾਂ 'ਤੇ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸ ਯੋਜਨਾ ਤਹਿਤ ਸੂਬੇ ਦੇ ਨਾਗਰਿਕ ਘਰ ਬੈਠੇ ਹੈਲਪਲਾਈਨ ਨੰਬਰ 1076 ਉਤੇ ਕਾਲ ਕਰਕੇ ਇਹ ਸੇਵਾਵਾਂ ਹਾਸਲ ਕਰ ਸਕਦੇ ਹਨ। ਮਾਨ ਸਰਕਾਰ ਦੀ ਇਸ ਪਹਿਲ ਨਾਲ 4000 ਤੋਂ ਵੱਧ ਨੌਜਵਾਨਾਂ ਨੂੰ ਰੋਜ਼ਗਾਰ ਵੀ ਮਿਲਿਆ ਹੈ। 664 ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ ਗਏ ਹਨ ਅਤੇ ਸੌ ਹੋਰ ਆਮ ਆਦਮੀ ਕਲੀਨਿਕ ਖੋਲ੍ਹਣ ਦੀ ਤਿਆਰੀ ਹੈ। 117 ਸਕੂਲ ਆਫ਼ ਐਮੀਨੈਂਸ ਦੀ ਸ਼ੁਰੂਆਤ ਕੀਤੀ ਹੈ। 200 ਪ੍ਰਿੰਸੀਪਲਾਂ ਨੂੰ ਸਿੰਗਾਪੁਰ ਦੀਆਂ ਦੋ ਨਾਮੀ ਵਿੱਦਿਅਕ ਸਿਖਲਾਈ ਸੰਸਥਾਵਾਂ ਤੋਂ ਅਤੇ 100 ਮੁੱਖ ਅਧਿਆਪਕਾਂ ਨੂੰ ਆਈ.ਆਈ.ਐਮ. ਅਹਿਮਦਾਬਾਦ ਤੋਂ ਸਿਖਲਾਈ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਨਿਵੇਸ਼ ਅਤੇ ਸੈਰ-ਸਪਾਟੇ ਨੂੰ ਹੋਰ ਹੁਲਾਰਾ ਦੇਣ ਦੇ ਮਕਸਦ ਨਾਲ ਪ੍ਰਗਤੀਸ਼ੀਲ ਨਿਵੇਸ਼ਕ ਸੰਮੇਲਨ ਅਤੇ ਸੈਰ-ਸਪਾਟਾ ਸੰਮੇਲਨ ਕਰਵਾਏ ਗਏ, ਜਿਸ ਸਦਕਾ ਸੂਬੇ ਵਿੱਚ ਬੀਤੇ 22 ਮਹੀਨਿਆਂ ਦੌਰਾਨ 4125 ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ ਹਨ ਜਿਸ ਰਾਹੀਂ 64 ਹਜ਼ਾਰ 114 ਕਰੋੜ ਰੁਪਏ ਦਾ ਨਿਵੇਸ਼ ਹੋਇਆ ਹੈ। ਇਸ ਨਾਲ ਸੂਬੇ ਵਿੱਚ 3 ਲੱਖ 14 ਹਜ਼ਾਰ 572 ਦੇ ਕਰੀਬ ਸਿੱਧੇ ਅਤੇ ਅਸਿੱਧੇ ਰੋਜ਼ਗਾਰ ਦੇ ਮੌਕੇ ਪੈਦਾ ਹੋਣਗੇ। ਇਸ ਮੌਕੇ ਮਾਣਯੋਗ ਜ਼ਿਲ੍ਹਾ ਤੇ ਸ਼ੈਸ਼ਨ ਜੱਜ ਹਰਪ੍ਰੀਤ ਕੌਰ ਰੰਧਾਵਾ, ਵਿਧਾਇਕ ਡਾ. ਅਜੈ ਕੁਮਾਰ ਗੁਪਤਾ, ਵਿਧਾਇਕ ਮੈਡਮ ਜੀਵਨ ਜੋਤ ਕੌਰ, ਵਿਧਾਇਕ ਡਾ. ਜਸਬੀਰ ਸਿੰਘ ਸੰਧੂ, ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ, ਏਡੀਜੀਪੀ ਪੀ. ਕੇ. ਸਿਨਹਾ, ਆਈ. ਜੀ. ਨਰਿੰਦਰ ਭਾਰਗਵ, ਸੈਕਟਰੀ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਰਛਪਾਲ ਸਿੰਘ, ਡੀਸੀ ਘਨਸ਼ਾਮ ਥੋਰੀ, ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ, ਸਾਬਕਾ ਮੰਤਰੀ ਲਕਸ਼ਮੀਕਾਂਤਾ ਚਾਵਲਾ, ਮਨੀਸ਼ ਅਗਰਵਾਲ ਅਤੇ ਹੋਰ ਸ਼ਖਸੀਅਤਾਂ ਹਾਜ਼ਰ ਸਨ।



## ਦਿੱਲੀ ਮੋਰਚੇ ਦੀਆਂ ਤਿਆਰੀਆਂ ਸੰਬੰਧੀ ਕਿਸਾਨਾਂ ਦੀ ਮੀਟਿੰਗ

**ਮੀਆਂਵਿੰਡ (ਰਵੀ ਖਹਿਰਾ)**-ਕਿਸਾਨ ਮਜ਼ਦੂਰ ਸੰਘਰਸ਼ (ਕਮੇਟੀ) ਪੰਜਾਬ ਦੇ ਜ਼ੋਨ ਖਡੂਰ ਸਾਹਿਬ ਅਧੀਨ ਆਉਂਦੇ ਨਗਰ ਅਲੋਵਾਲ ਫੁੱਟਬਾਲ ਗਰਾਊਂਡ ਵਿਖੇ ਦਿੱਲੀ ਮੋਰਚੇ ਦੀਆਂ ਵੱਡੀਆਂ ਤਿਆਰੀਆਂ ਕਰਵਾਉਣ ਸਬੰਧੀ ਮੀਟਿੰਗ ਕੀਤੀ ਗਈ ਜਿਸ ਵਿੱਚ ਜ਼ਿਲ੍ਹਾ ਮੀਤ ਪ੍ਰਧਾਨ ਦਿਆਲ ਸਿੰਘ ਜੀ ਮੀਆਂਵਿੰਡ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਦੌਰਾਨ (ਸੀਨੀਅਰ ਮੀਤ ਪ੍ਰਧਾਨ) ਸੁਖਚੈਨ ਸਿੰਘ ਅਲੋਵਾਲ ਨੇ ਕਿਹਾ ਕਿ ਕਿਵੇਂ ਸੈਂਟਰ ਅਤੇ ਪੰਜਾਬ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਪੰਜਾਬ ਦੇ ਲੋਕਾਂ ਉੱਪਰ ਹਾਵੀ ਹੋ ਰਹੀਆਂ ਹਨ। ਪੰਜਾਬ ਦੇ ਲੋਕਾਂ ਕੋਲੋਂ ਖੇਤੀਯੋਗ ਜ਼ਮੀਨਾਂ ਖੋਹ ਕੇ ਕਾਰਪੋਰੇਟ ਘਰਾਣਿਆਂ ਨੂੰ ਦੇ ਕੇ ਸਾਡੇ ਤੋਂ ਰੋਟੀ ਰੋਜ਼ੀ ਖੋਹ ਕੇ ਸਾਨੂੰ ਬੇਰੁਜ਼ਗਾਰ ਕਰਨਾ ਚਾਹੁੰਦੇ ਹਨ ਜੋ ਕਿ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਲਈ ਵੱਡੀਆਂ ਤਿਆਰੀਆਂ ਸ਼ੁਰੂ ਕਰਨ ਲਈ ਪਿੰਡ ਪਿੰਡ ਜਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ। ਇਸ ਦੌਰਾਨ ਗੁਰਜਿੰਦਰ ਸਿੰਘ ਅਲੋਵਾਲ, ਇਕਾਈ ਪ੍ਰਧਾਨ ਅਜੀਤ ਸਿੰਘ, ਗੁਰਵਿੰਦਰ ਸਿੰਘ ਕੋਟਲੀ, ਇਕਾਈ ਪ੍ਰਧਾਨ ਸਰਬਜੀਤ ਕੌਰ ਆਲੋਵਾਲ, ਹਰਜਿੰਦਰ ਸਿੰਘ ਨੰਬਰਦਾਰ, ਕੇਵਲ ਸਿੰਘ, ਹਰਜਿੰਦਰ ਸਿੰਘ, ਦਲਬੀਰ ਸਿੰਘ, ਸ਼ਿੰਦਰ ਸਿੰਘ, ਪਾਲ ਸਿੰਘ, ਸਰਦੂਲ ਸਿੰਘ, ਗੁਰਭੇਜ ਸਿੰਘ, ਜਗਦੀਸ਼ ਸਿੰਘ, ਸੰਦੀਪ ਸਿੰਘ, ਬਲਵਿੰਦਰ ਸਿੰਘ ਨਿਹੰਗ, ਬਖ਼ਸ਼ੀਸ਼ ਕੌਰ ਆਦਿ ਹਾਜ਼ਰ ਸਨ।



## 'ਇਨਵੈਸਟਰ ਅਵੇਅਰਨੈੱਸ' ਵਿਸ਼ੇ 'ਤੇ ਸੈਮੀਨਾਰ ਕਰਵਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਖ਼ਾਲਸਾ ਕਾਲਜ ਫ਼ਾਰ ਵੂਮੈਨ ਦੇ ਪਲੇਸਮੈਂਟ ਸੈੱਲ ਵੱਲੋਂ ਸਕਿਓਰਿਟੀਜ਼ ਐਂਡ ਐਕਸਚੇਂਜ ਬੋਰਡ ਆਫ਼ ਇੰਡੀਆ (ਐੱਸਈਬੀਆਈ) ਅਤੇ ਨੈਸ਼ਨਲ ਸਟਾਕ ਐਕਸਚੇਂਜ ਦੇ ਸਹਿਯੋਗ ਨਾਲ 'ਇਨਵੈਸਟਰ ਅਵੇਅਰਨੈੱਸ ਪ੍ਰੋਗਰਾਮ' ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਸੁਰਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ 'ਤੇ ਕਰਵਾਏ ਇਸ ਪ੍ਰੋਗਰਾਮ 'ਚ ਸੇਬੀ (ਐੱਸਈਬੀਆਈ) ਦੇ ਐਗਜ਼ੈਕਟਿਵ ਡਾਇਰੈਕਟਰ ਐੱਸ. ਵੀ. ਮੁਰਲੀਧਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਪ੍ਰਿੰ: ਡਾ. ਸੁਰਿੰਦਰ ਕੌਰ ਨੇ ਮੁਰਲੀਧਰ ਨੂੰ ਪੌਦਾ ਭੇਟ ਕਰਦੇ ਰਸਮੀ ਤੌਰ 'ਤੇ ਜੀ ਆਇਆਂ ਕਿਹਾ। ਇਸ ਮੌਕੇ ਮੁਰਲੀਧਰ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਆਰਥਿਕ ਵਿੱਦਿਆ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸੇਬੀ ਦੇ ਇਨਵੈਸਟਰ ਦੀ ਪੂੰਜੀ ਦੇ ਸਹੀ ਨਿਵੇਸ਼ ਲਈ ਯੋਗਦਾਨ ਪ੍ਰਤੀ ਸੁਚੇਤ ਕੀਤਾ। ਉਨ੍ਹਾਂ ਨੇ ਵਿਦਿਆਰਥਣਾਂ ਨੂੰ ਮਿਊਚਲ ਫੰਡ ਅਤੇ ਸਿਪ (ਐੱਸਆਈਪੀ) ਬਾਰੇ ਵੀ ਜਾਣਕਾਰੀ ਦਿੱਤੀ। ਇਸ ਮੌਕੇ ਐੱਨਆਰ ਓ-ਐੱਨਐੱਸਈ ਦੇ ਰੀਜਨਲ ਹੈੱਡ ਜੋਗਿੰਦਰ ਸਿੰਘ ਨੇ ਵਿਦਿਆਰਥਣਾਂ ਨੂੰ ਕੰਪਾਊਂਡਿੰਗ ਅਤੇ ਹੋਰ ਨਿਵੇਸ਼ ਯੋਜਨਾਵਾਂ ਪ੍ਰਤੀ ਜਾਗਰੂਕ ਕੀਤਾ। ਸੈਮੀਨਾਰ ਦੇ ਅੰਤਲੇ ਸੈਸ਼ਨ 'ਚ ਵਿਦਿਆਰਥਣਾਂ ਦੇ ਸਵਾਲਾਂ ਦੇ ਜਵਾਬ ਦਿੱਤੇ ਗਏ। ਇਸ ਦੌਰਾਨ ਪ੍ਰਿੰ: ਡਾ. ਸੁਰਿੰਦਰ ਕੌਰ ਨੇ ਵਿਦਵਾਨ ਬੁਲਾਰਿਆਂ ਦਾ ਧੰਨਵਾਦ ਕਰਦਿਆਂ ਵਿਦਿਆਰਥਣਾਂ ਨੂੰ ਇਹੋ ਜਿਹੇ ਵਿਸ਼ਿਆਂ 'ਤੇ ਕਰਵਾਏ ਜਾਣ ਵਾਲੇ ਸੈਮੀਨਾਰ ਤੇ ਗਿਆਨ ਹਾਸਲ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਾਲਜ ਸਟਾਫ਼ ਤੋਂ ਇਲਾਵਾ ਵਿਦਿਆਰਥਣਾਂ ਹਾਜ਼ਰ ਸਨ।

## 75ਵੇਂ ਗਣਤੰਤਰ ਦਿਵਸ 'ਤੇ ਡਾ. ਹਰਨੂਰ ਕੌਰ ਢਿੱਲੋਂ ਨੇ ਲਹਿਰਾਇਆ ਮਜੀਠਾ 'ਚ ਤਿਰੰਗਾ



**ਮਜੀਠਾ (ਸੋਇਮ ਆਨੰਦ)**-ਮਜੀਠਾ ਵਿਖੇ 75ਵੇਂ ਗਣਤੰਤਰ ਦਿਵਸ ਮੌਕੇ ਐੱਸਡੀਐੱਮ ਮਜੀਠਾ ਡਾ. ਹਰਨੂਰ ਕੌਰ ਢਿੱਲੋਂ ਵੱਲੋਂ ਤਿਰੰਗਾ ਲਹਿਰਾਇਆ ਗਿਆ। ਪੁਲਸ ਟੁਕੜੀ ਵਲੋਂ ਸਲਾਮੀ ਤੇ ਮਾਰਚ ਪਾਸਟ ਕੀਤਾ ਗਿਆ। ਸਮਾਗਮ ਦੌਰਾਨ ਮਜੀਠਾ ਬਲਾਕ ਦੇ ਵੱਖ-ਵੱਖ ਸਰਕਾਰੀ ਤੇ ਨਿੱਜੀ ਸਕੂਲਾਂ ਦੇ ਵਿਦਿਆਰਥੀਆਂ ਵਲੋਂ ਸਮਾਗਮ ਵਿੱਚ ਹਿੱਸਾ ਲੈ ਕੇ ਦੇਸ਼ ਭਗਤੀ ਦੇ ਅਧਾਰਤ ਗੀਤਾਂ 'ਤੇ ਕੋਰੀਓਗਰਾਫੀ ਤੇ ਸਿਕਟਾਂ, ਪੰਜਾਬ ਦਾ ਲੋਕ ਨਾਚ ਗਿੱਧਾ, ਭੰਗੜਾ ਤੇ ਰਾਸ਼ਟਰੀ ਗੀਤ ਗਾਇਨ ਕੀਤਾ ਗਿਆ। ਸਮਾਗਮ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਦੇ ਇੰਚਾਰਜ ਸੁਖਜਿੰਦਰ ਰਾਜ ਸਿੰਘ ਲਾਲੀ ਮਜੀਠੀਆ ਵਲੋਂ ਉਨ੍ਹਾਂ ਦੀ ਧਰਮ ਪਤਨੀ ਡਾ. ਸਤਿੰਦਰ ਕੌਰ ਮਜੀਠੀਆ ਵਿਸ਼ੇਸ਼ ਤੌਰ 'ਤੇ ਪਹੁੰਚੇ।ਸਮਾਗਮ ਦੌਰਾਨ ਵੱਖ-ਵੱਖ ਮਹਿਕਮਿਆਂ ਵਿੱਚ ਚੰਗੀਆਂ ਸੇਵਾਵਾਂ ਨਿਭਾਉਣ ਵਾਲੇ ਅਧਿਕਾਰੀਆਂ, ਮੁਲਾਜ਼ਮਾਂ ਤੇ ਪੱਤਰਕਾਰਾਂ ਨੂੰ ਸਨਮਾਨ ਪੱਤਰ ਤੇ ਚਿੰਨ੍ਹ ਦੇ ਕੇ ਸਨਮਾਨਿਆ ਵੀ ਗਿਆ।ਸਟੇਜ ਦੀ ਭੂਮਿਕਾ ਕੁਲਦੀਪ ਸਿੰਘ ਕਾਹਲੋਂ ਵਲੋਂ ਨਿਭਾਈ ਗਈ।ਇਸ ਮੌਕੇ ਡਾ. ਢਿਲੋਂ ਤੋਂ ਇਲਾਵਾ ਤਹਿਸੀਲਦਾਰ ਮਜੀਠਾ ਰਤਨਜੀਤ ਖੁੱਲਰ, ਡੀਐਸਪੀ ਮਜੀਠਾ ਕਵਲਪ੍ਰੀਤ ਸਿੰਘ, ਪੁਲਸ ਥਾਣਾ ਮਜੀਠਾ ਦੇ ਐੱਸਐੱਚਓ ਅਨਮੋਲਕ ਸਿੰਘ, ਬੀਡੀਪੀਓ ਮਜੀਠਾ ਵਰਿੰਦਰ ਭਾਟੀਆ, ਰੀਡਰ ਐੱਸਡੀਐੱਮ ਮੇਜਰ ਸਿੰਘ ਤੋਂ ਇਲਾਵਾ ਸੈਕਟਰੀ ਮਾਰਕੀਟ ਕਮੇਟੀ ਮਜੀਠਾ, ਪ੍ਰਿਤਪਾਲ ਸਿੰਘ ਬੱਲ ਮਜੀਠਾ, ਐਸ ਆਈ ਜੰਗ ਬਹਾਦਰ ਸਿੰਘ, ਬਲਵਿੰਦਰ ਸਿੰਘ ਮਰੜੀ, ਪ੍ਰਿੰ. ਮੋਨਾ ਕੌਰ, ਸਮਾਜ ਸੇਵੀ ਜੋਗਾ ਸਿੰਘ ਅਠਵਾਲ ਤੇ ਬਹੁਤ ਸਾਰੇ ਸਕੂਲਾਂ ਦੇ ਮੁਖੀ, ਅਧਿਆਪਕ ਤੇ ਮਜੀਠਾ ਨਿਵਾਸੀ ਸ਼ਾਮਲ ਸਨ।

## ਰਿਆੜਕੀ ਪਬਲਿਕ ਸਕੂਲ ਤੁਗਲਵਾਲਾ 'ਚ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸ਼ਹੀਦਾਂ ਮਿਸਲ ਦੇ ਮੁਖੀ, ਸੂਰਬੀਰ ਅਤੇ ਨਿਰਭੈ ਯੋਧੇ, ਉੱਚੇ ਸਿੱਖ ਵਿਦਵਾਨ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਗੁਰਪੁਰਬ ਮੌਕੇ ਜ਼ਿਲ੍ਹਾ ਗੁਰਦਾਸਪੁਰ ਦੀ ਮਾਣਮੱਤੀ ਸੰਸਥਾ ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਸਮਾਗਮ ਕਰਵਾਏ ਗਏ। ਇਸ ਮੌਕੇ ਸੰਸਥਾ ਦੇ ਬੱਚਿਆਂ ਵੱਲੋਂ ਬਾਬਾ ਦੀਪ ਸਿੰਘ ਜੀ ਦੀ ਯਾਦ ਵਿੱਚ ਸੁਖਮਨੀ ਸਾਹਿਬ ਦੇ ਪਾਠ ਕੀਤੇ ਗਏ। ਉਪਰੰਤ ਵਿਦਿਆਰਥੀ ਜਥੇ ਦੁਆਰਾ ਸਬਦ ਕੀਰਤਨ ਕੀਤਾ ਗਿਆ। ਇਸ ਤੋਂ ਇਲਾਵਾ ਸੰਸਥਾ ਵਿੱਚ ਬਾਬਾ ਦੀਪ ਸਿੰਘ ਜੀ ਦੇ ਜੀਵਨ ਦੀ ਪੇਸ਼ਕਾਰੀ ਕਰਦੇ ਹੋਏ ਬਲੈਕ ਬੋਰਡ ਲਿਖੇ ਗਏ। ਸੰਸਥਾ ਦੀਆਂ ਵਿਦਿਆਰਥਣਾਂ ਰੂਪਨੀਤ ਕੌਰ, ਜਸਨਪ੍ਰੀਤ ਕੌਰ, ਮਨਜੋਤ ਕੌਰ, ਸਨੇਹਪ੍ਰੀਤ ਕੌਰ ਅਤੇ ਜਸਵਿੰਦਰ ਕੌਰ ਨੇ ਆਪਣੇ ਲੈਕਚਰਾਂ ਅਤ ਕਵਿਤਾਵਾਂ ਰਾਹੀਂ ਬਾਬਾ ਦੀਪ ਸਿੰਘ ਜੀ ਦੇ ਮੁੱਢਲੇ ਜੀਵਨ, ਉਨ੍ਹਾਂ ਦੇ ਬਚਪਨ ਅਤ ਬਹਾਦਰੀ ਬਾਰੇ ਵਿਦਿਆਰਥੀਆਂ ਨੂੰ ਵੇਰਵੇ ਨਾਲ ਜਾਣਕਾਰੀ ਦਿੱਤੀ। ਦਸਵੀਂ ਜਮਾਤ ਦੀ ਵਿਦਿਆਰਥਣ ਸ਼ਰੇਆ ਠਾਕੁਰ ਨੇ ਆਪਣੇ ਲੈਕਚਰ ਰਾਹੀਂ ਬਾਬਾ ਦੀਪ ਸਿੰਘ ਜੀ ਦੁਆਰਾ ਕੌਮ ਦੇ ਲਈ ਕੀਤੇ ਗਏ ਸਾਹਿਤਿਕ ਅਤੇ ਸੂਰਮਤਾ ਵਾਲ ਕਾਰਜਾਂ ਦੀ ਸਾਂਝ ਪਾਈ। ਰੂਪਨੀਤ ਕੌਰ ਨੇ ਦੱਸਿਆ ਕਿ ਕਿਵੇਂ ਅਹਿਮਦ ਸ਼ਾਹ ਅਬਦਾਲੀ ਦੁਆਰਾ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਸਰੋਵਰ ਦੀ ਕੀਤੀ ਗਈ ਬੇਅਦਬੀ ਦਾ ਬਦਲਾ ਬੜੀ ਬਹਾਦਰੀ ਅਤੇ ਵੀਰਤਾ ਦੇ ਨਾਲ ਬਾਬਾ ਦੀਪ ਸਿੰਘ ਜੀ ਨੇ ਆਪਣੇ ਸਾਥੀਆਂ ਦੇ ਨਾਲ ਦੇ ਨਾਲ ਲਿਆ। ਇਸ ਮੌਕੇ ਸੰਸਥਾ ਦੇ ਪ੍ਰਬੰਧਕ ਗਗਨਦੀਪ ਸਿੰਘ ਵਿਰਕ ਨੇ ਬਾਬਾ ਦੀਪ ਸਿੰਘ ਜੀ ਨੂੰ ਨਤਮਸਤਕ ਹੁੰਦੇ ਹੋਏ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕੀਤੇ। ਮੈਡਮ ਮਨਪ੍ਰੀਤ ਕੌਰ ਨੇ ਦੱਸਿਆ ਕਿ ਕਿਵੇਂ ਬਾਬਾ ਦੀਪ ਸਿੰਘ ਜੀ ਬਲਵਾਨ, ਯੋਧੇ, ਸੰਤ, ਸਿਪਾਹੀ ਸਨ, ਜਿੰਨਾ ਕਈ ਕਈ ਘੰਟੇ ਸ੍ਰੀ ਦਮਦਮਾ ਸਾਹਿਬ ਵਿਖੇ ਆਪਣੀ ਹੱਥ ਲਿਖਤ ਨਾਲ ਕਈ ਬੀੜਾਂ ਨੂੰ ਸੰਪੂਰਨ ਕੀਤਾ। ਸਮਾਗਮ ਦੇ ਅੰਤ ਵਿੱਚ ਵਿਚਾਰਾਂ ਦੀ ਪੇਸ਼ਕਾਰੀ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੁਆਰਾ ਬਾਬਾ ਦੀਪ ਸਿੰਘ ਜੀ ਦੇ ਜੀਵਨ ਦੇ ਗੁਣ ਆਪਣੇ ਵਿੱਚ ਧਾਰਨ ਕਰਨ ਅਤੇ ਗੁਰਬਾਣੀ ਪੜ੍ਹਨ ਦਾ ਪ੍ਰਣ ਲਿਆ। ਇਸ ਮੌਕੇ ਸੰਸਥਾ ਦੇ ਪ੍ਰਿੰ. ਮੈਡਮ ਇੰਦਰਜੀਤ ਕੌਰ ਸੈਣੀ, ਕੋਆਰਡੀਨੇਟਰ ਸੁਖਦੀਪ ਕੌਰ ਰਿਆੜ, ਬਲਜੀਤ ਕੌਰ ਰਿਆੜ, ਹਰਕਿੰਦਰਬੀਰ ਸਿੰਘ, ਸੁਰਜੀਤ ਕੌਰ, ਪਵਨਦੀਪ ਕੌਰ, ਰੁਪਿੰਦਰਜੀਤ ਕੌਰ, ਸੁਮਨਦੀਪ ਕੌਰ ਅਤੇ ਸੁਖਮਨਪ੍ਰੀਤ ਕੌਰ ਹਾਜ਼ਰ ਸਨ।



ਨਵਾਂ ਜ਼ਮਾਨਾ
ਸੋਮਵਾਰ, 29 ਜਨਵਰੀ 2024

# ਮੋਦੀ ਦਾ ਇਕ ਹੋਰ ਖੋਖਲਾ ਨਾਅਰਾ

*ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਗਲੀਆਂ ਲੋਕ ਸਭਾ ਚੋਣਾਂ ਲਈ 'ਵਿਕਸਤ ਭਾਰਤ' ਨੂੰ ਆਪਣੇ ਪ੍ਰਚਾਰ ਦਾ ਮੁੱਖ ਥੀਮ ਬਣਾਇਆ ਹੈ। ਉਹ 2047 ਤੱਕ (ਜਦੋਂ ਬ੍ਰਿਟਿਸ਼ ਰਾਜ ਤੋਂ ਭਾਰਤ ਦੀ ਆਜ਼ਾਦੀ ਦੇ ਸੌ ਸਾਲ ਪੂਰੇ ਹੋਣਗੇ) ਭਾਰਤ ਨੂੰ ਵਿਕਸਤ ਦੇਸ਼ ਬਣਾ ਦੇਣ ਦਾ ਇਰਾਦਾ ਰੱਖਦੇ ਹਨ। ਇਸ ਤੋਂ ਪਹਿਲਾਂ 2014 ਵਿਚ ਮੋਦੀ ਨੇ 'ਅੱਛੇ ਦਿਨ ਆਏਂਗੇ' ਦਾ ਨਾਅਰਾ ਉਛਾਲਿਆ ਸੀ। ਰਾਜਨੀਤੀ ਸ਼ਾਸਤਰੀ ਅਰਨੈਸਤੋ ਲੇਕਲਾਊ ਨੇ ਚੋਣ ਰਾਜਨੀਤੀ ਦੀ ਵਿਆਖਿਆ ਕਰਦਿਆਂ ਦੱਸਿਆ ਸੀ ਕਿ ਇਹ ਨਾਅਰੇ ਇਸ ਹੱਦ ਤੱਕ ਅਸਪੱਸ਼ਟ ਹੁੰਦੇ ਹਨ ਕਿ ਵੱਖ-ਵੱਖ ਵਿਅਕਤੀ ਤੇ ਭਾਈਚਾਰੇ ਉਸ ਦਾ ਆਪਣੇ ਢੰਗ ਨਾਲ ਅਰਥ ਕੱਢ ਸਕਣ। ਮਸਲਨ 'ਅੱਛੇ ਦਿਨ ਆਏਂਗੇ' ਵਾਲੇ ਨਾਅਰੇ ਨਾਲ ਹਰ ਵਿਅਕਤੀ ਜਾਂ ਤਬਕੇ ਨੂੰ ਮਹਿਸੂਸ ਹੋਇਆ ਕਿ ਉਨ੍ਹਾਂ ਦਾ ਭਵਿੱਖ ਬਿਹਤਰ ਹੋਵੇਗਾ। ਜੋ ਹੋਇਆ, ਸਭ ਜਾਣਦੇ ਹਨ। ਉਸੇ ਅੰਦਾਜ਼ ਵਿਚ ਮੋਦੀ 'ਵਿਕਸਤ ਭਾਰਤ' ਦਾ ਨਾਅਰਾ ਉਛਾਲ ਰਹੇ ਹਨ, ਪਰ ਕਿਸੇ ਦੇਸ਼ ਦੇ ਵਿਕਸਤ, ਵਿਕਾਸਸ਼ੀਲ ਜਾਂ ਅਵਿਕਸਤ ਹੋਣ ਦੀਆਂ ਕੁਝ ਠੋਸ ਕਸੌਟੀਆਂ ਦੁਨੀਆ ਵਿਚ ਤੈਅ ਹਨ। ਸਭ ਤੋਂ ਆਮ ਪੈਮਾਨਾ ਪ੍ਰਤੀ ਵਿਅਕਤੀ ਕੁਲ ਘਰੇਲੂ ਉਤਪਾਦ (ਜੀ ਡੀ ਪੀ) ਦਾ ਹੈ। ਵਿਸ਼ਵ ਬੈਂਕ ਦੇ ਮੁਤਾਬਕ 2023 ਵਿਚ ਭਾਰਤ ਦੀ ਪ੍ਰਤੀ ਵਿਅਕਤੀ ਜੀ ਡੀ ਪੀ 2411 ਡਾਲਰ ਸੀ। ਉਹ ਵਿਸ਼ਵ ਬੈਂਕ ਦੀ 209 ਦੇਸ਼ਾਂ ਦੀ ਸੂਚੀ ਵਿਚ 159ਵੇਂ ਨੰਬਰ 'ਤੇ ਸੀ। ਇਸ ਲਿਹਾਜ਼ ਨਾਲ ਉਹ ਨਿਮਨ ਮੱਧ ਆਮਦਨ ਵਰਗ ਦੀ ਸ਼੍ਰੇਣੀ ਵਾਲੇ ਦੇਸ਼ਾਂ ਵਿਚ ਸੀ। ਜੀਵਨ ਪੱਧਰ ਦੇ ਪੈਮਾਨੇ ਵਿਚ ਜਿਹੜੀਆਂ ਗੱਲਾਂ ਦੇਖੀਆਂ ਜਾਂਦੀਆਂ ਹਨ, ਉਨ੍ਹਾਂ ਵਿਚ ਮਨੁੱਖੀ ਵਿਕਾਸ ਸੂਚਕ ਅੰਕ 'ਤੇ ਦੇਸ਼ ਦਾ ਦਰਜਾ, ਉਮਰ ਹੱਦ ਤੇ ਬਾਲ ਮੌਤ ਦਰ ਸ਼ਾਮਲ ਹਨ। ਜ਼ਿਆਦਾਤਰ ਵਿਕਸਤ ਦੇਸ਼ਾਂ ਵਿਚ ਪ੍ਰਤੀ 1000 ਜਨਮ ਦਰ 'ਤੇ ਬਾਲ ਮੌਤ ਦਰ 10 ਤੋਂ ਘੱਟ ਹੈ, ਜਦਕਿ ਵਿਅਕਤੀਆਂ ਦੀ ਜੀਵਨ ਉਮਰ 75 ਸਾਲ ਤੋਂ ਉੱਪਰ ਹੈ। ਆਮ ਸਮਝ ਹੈ ਕਿ ਜਿਸ ਦੇਸ਼ ਦਾ ਮਨੁੱਖੀ ਵਿਕਾਸ ਸੂਚਕ ਅੰਕ 0.9 ਜਾਂ ਉਸ ਤੋਂ ਉੱਪਰ ਹੋਵੇ, ਉਸ ਨੂੰ ਵਿਕਸਤ ਦੇਸ਼ ਦੀ ਸ਼੍ਰੇਣੀ ਵਿਚ ਰੱਖਿਆ ਜਾਂਦਾ ਹੈ। ਭਾਰਤ ਦਾ 0.633 ਹੈ ਤੇ ਉਹ 132ਵੇਂ ਨੰਬਰ 'ਤੇ ਸੀ। ਭਾਰਤ ਵਿਚ 2023 ਵਿਚ ਜੀਵਨ ਮਿਆਦ 70.3 ਸਾਲ ਸੀ। ਬਾਲ ਮੌਤ ਦਰ 25 ਸੀ। 2023-24 ਵਿਚ ਭਾਰਤ ਦੀ ਜੀ ਡੀ ਪੀ ਵਿਚ 7.9 ਫੀਸਦੀ ਦਾ ਵਾਧਾ ਹੋਣ ਦਾ ਅਨੁਮਾਨ ਸਰਕਾਰ ਨੇ ਲਾਇਆ ਹੈ। ਅਰਥ ਵਿਵਸਥਾ ਦੇ ਤੇਜ਼ ਰਫਤਾਰ ਨਾਲ ਵਧਣ ਦਾ ਬਹੁਤ ਰੌਲਾ ਪਾਇਆ ਜਾ ਰਿਹਾ ਹੈ। ਇਸ ਦਰਮਿਆਨ ਇਹ ਖਬਰ ਵੀ ਹੈ ਕਿ ਚਾਲੂ ਮਾਲੀ ਸਾਲ ਵਿਚ ਪ੍ਰਤੀ ਵਿਅਕਤੀ ਆਮਦਨ ਵਿਚ ਵਾਧਾ ਦਰ 21 ਸਾਲ ਦੇ ਸਭ ਤੋਂ ਹੇਠਲੇ ਪੱਧਰ 'ਤੇ ਰਹਿਣ ਵਾਲੀ ਹੈ। ਵਿਸ਼ਵ ਬੈਂਕ ਮੁਤਾਬਕ 2.15 ਡਾਲਰ ਪ੍ਰਤੀ ਦਿਨ ਖਰਚ ਕਰਨ ਵਾਲੇ ਸਭ ਤੋਂ ਗਰੀਬਾਂ ਵਿਚ ਆਉਂਦੇ ਹਨ। ਭਾਰਤ ਵਿਚ ਅਜਿਹੇ 16 ਕਰੋੜ ਲੋਕ ਹਨ। ਇਸ ਸਭ ਦੇ ਮੱਦੇਨਜ਼ਰ 'ਵਿਕਸਤ ਭਾਰਤ' ਦਾ ਬਿਰਤਾਂਤ ਦੇਸ਼ ਨੂੰ ਕਿਸੇ ਮੁਕਾਮ 'ਤੇ ਲਿਜਾਣ ਦਾ ਸੰਕਲਪ ਨਹੀਂ, ਸਗੋਂ ਖੋਖਲਾ ਨਾਅਰਾ ਹੈ, ਜਿਹੜਾ ਚੋਣਾਂ ਜਿੱਤਣ ਲਈ ਘੜਿਆ ਗਿਆ ਹੈ। ਹੋ ਸਕਦਾ ਹੈ ਕਿ ਇਹ ਲੋਕ ਰਾਇ ਦੇ ਇਕ ਹਿੱਸੇ ਨੂੰ ਪ੍ਰਭਾਵਤ ਕਰ ਜਾਵੇ, ਪਰ ਇਸ ਨਾਲ ਦੇਸ਼ ਦੇ ਵਿਕਸਤ ਹੋਣ ਦਾ ਰਾਹ ਨਹੀਂ ਨਿਕਲੇਗਾ। ਹਾਂ, ਭਾਰਤ ਦੀ ਸਿਆਸੀ ਸ਼ਬਦਾਵਲੀ ਵਿਚ ਇਕ ਜੁਮਲਾ ਹੋਰ ਦਰਜ ਹੋ ਜਾਵੇਗਾ।*

# ਰਾਮ ਰਾਜ ਦੀ ਉਡੀਕ 'ਚ...



ਗੁਰਮੀਤ ਸਿੰਘ ਪਲਾਹੀ

'ਨਿਊਯਾਰਕ ਟਾਈਮਜ਼' ਵਿੱਚ ਭਾਰਤੀ ਅਦਾਲਤਾਂ ਬਾਰੇ ਇੱਕ ਰਿਪੋਰਟ ਛਪੀ ਹੈ, ਉਹ ਵੀ ਪਹਿਲੇ ਸਫ਼ੇ ਉਤੇ। ਰਿਪੋਰਟ ਅਨੁਸਾਰ 5 ਕਰੋੜ ਮੁਕੱਦਮੇ ਭਾਰਤੀ ਅਦਾਲਤਾਂ ਵਿੱਚ ਲਟਕੇ ਪਏ ਹਨ। ਇਹਨਾਂ ਵਿਚੋਂ ਕਈ ਮੁਕੱਦਮੇ ਦਹਾਕਿਆਂ ਤੋਂ ਉਪਰਲੀ ਤੋਂ ਹੇਠਲੀਆਂ ਅਦਾਲਤਾਂ ਵਿੱਚ ਫਾਈਲਾਂ 'ਚ ਧੂੜ ਫੱਕ ਰਹੇ ਹਨ। ਭਾਵ ਡਿਜੀਟਲ ਭਾਰਤ ਵਿੱਚ ਇਨਸਾਫ ਅੱਜ ਵੀ ਬਲਦਾਂ ਦੇ ਗੱਡੇ ਦੀ ਤੋਰੇ ਤੁਰ ਰਿਹਾ ਹੈ।

ਇਹ ਸੁਣ ਕੇ ਹੈਰਾਨੀ ਨਹੀਂ ਹੋਣੀ ਚਾਹੀਦੀ ਕਿ ਦੇਸ਼ ਦੀਆਂ ਜੇਲ੍ਹਾਂ ਵਿੱਚ 80 ਫੀਸਦੀ ਲੋਕ ਇਹੋ ਜਿਹੇ ਹਨ, ਜਿਹੜੇ ਹਾਲੇ ਤੱਕ ਦੋਸ਼ੀ ਨਹੀਂ ਪਾਏ ਗਏ , ਉਹਨਾਂ 'ਤੇ ਮੁਕੱਦਮੇ ਚੱਲ ਰਹੇ ਹਨ। ਬਸ ਤਾਰੀਖਾਂ ਪੈ ਰਹੀਆਂ ਹਨ ਜਾਂ ਮੁਕੱਦਮਿਆਂ 'ਤੇ ਜੂੰ ਦੀ ਤੋਰੇ ਸੁਣਵਾਈ ਹੋ ਰਹੀ ਹੈ।

ਇੱਕ ਅੰਦਾਜ਼ਾ ਹੈ ਕਿ ਜੇਕਰ ਇਨਸਾਫ ਦੀ ਤੋਰ ਇਹੋ ਰਹੀ ਤਾਂ ਇਹਨਾਂ ਕੇਸਾਂ ਦੇ ਨਿਪਟਾਰੇ ਲਈ ਤਿੰਨ ਸੌ ਸਾਲ ਲੱਗ ਜਾਣਗੇ। ਕਾਰਨ ਇਹ ਹੈ ਕਿ ਜਿਥੇ ਅਮਰੀਕਾ ਵਿੱਚ 10 ਲੱਖ ਲੋਕਾਂ ਲਈ 150 ਜੱਜ ਹੁੰਦੇ ਹਨ, ਉਥੇ ਭਾਰਤ ਵਿੱਚ ਏਨੀ ਆਬਾਦੀ ਲਈ ਕੇਵਲ 21 ਜੱਜ ਹਨ। ਉਂਜ ਵੀ ਭਾਰਤੀ ਅਦਾਲਤਾਂ ਤੱਕ ਪਹੁੰਚਣਾ ਅਤੇ ਕੇਸ ਚਲਾਈ ਰੱਖਣਾ ਮਹਿੰਗਾ ਹੈ। ਆਮ ਆਦਮੀ ਦੇ ਵੱਸ 'ਚ ਤਾਂ ਹੈ ਹੀ ਨਹੀਂ।

ਇਥੇ ਇੱਕ ਸਮੱਸਿਆ ਇਹ ਵੀ ਹੈ ਕਿ ਅਦਾਲਤਾਂ ਵਿੱਚ ਅੱਧੇ ਤੋਂ ਜ਼ਿਆਦਾ ਮੁਕੱਦਮੇ ਸਰਕਾਰਾਂ ਵੱਲੋਂ ਲਿਆਂਦੇ ਜਾਂਦੇ ਹਨ। ਕਈ ਤਾਂ ਏਨੇ ਮਾਮੂਲੀ ਹੁੰਦੇ ਹਨ ਕਿ ਇਹ ਅਦਾਲਤਾਂ 'ਚ ਲਿਆਉਣ ਯੋਗ ਹੀ ਨਹੀਂ ਹੁੰਦੇ। ਤੀਹ ਸਾਲ ਪਹਿਲਾਂ ਅਦਾਲਤਾਂ 'ਚ ਕੇਸਾਂ ਦੀ ਪ੍ਰਕਿਰਿਆ ਸੌਖੀ ਬਣਾਉਣ ਲਈ ਇੱਕ ਰਿਪੋਰਟ ਮਾਹਰਾਂ ਵਲੋਂ ਤਿਆਰ ਕੀਤੀ ਗਈ ਸੀ, ਪਰ ਇਨ੍ਹਾਂ ਸਾਲਾਂ 'ਚ ਕਈ ਪ੍ਰਧਾਨ ਮੰਤਰੀ ਆਏ, ਕਈ ਚਲੇ ਗਏ, ਇਹ ਰਿਪੋਰਟ ਫਾਈਲਾਂ 'ਚ ਹੀ ਪਈ ਹੈ। ਕਿਸੇ ਵੀ ਇਸ ਦੀ ਪ੍ਰਵਾਹ ਨਹੀਂ ਕੀਤੀ। ਨਾ ਕਿਸੇ ਸਰਕਾਰ ਨੇ, ਨਾ ਕਿਸੇ ਪ੍ਰਧਾਨ ਮੰਤਰੀ ਨੇ।

ਵੇਖੋ ਨਾ ਇਨਸਾਫ ਦੇ ਪੁੰਜ ਰਾਮ ਜੀ ਦਾ ਰਾਮ ਮੰਦਰ ਬਣ ਗਿਆ ਹੈ। ਮਸਜਿਦ ਢਾਹ ਕੇ ਇਹ ਮੰਦਰ ਉਸਾਰਿਆ ਜਾ ਰਿਹਾ ਹੈ । ਹਾਲੇ ਇਹ ਮੰਦਰ ਪੂਰੀ ਤਰ੍ਹਾਂ ਤਿਆਰ ਹੀ ਨਹੀਂ ਹੋਇਆ, ਪਰ ਪ੍ਰਾਣ ਪ੍ਰਤਿਸ਼ਠਾ ਆਯੋਧਿਆ ਮੰਦਰ 'ਚ ਜਲਦੀ ਕਰਾਉਣ ਦੀ ਭਾਜਪਾ ਸਰਕਾਰ ਦੀ ਮਜਬੂਰੀ ਬਣ ਗਈ, ਕਿਉਂਕਿ ਲੋਕ ਸਭਾ ਚੋਣਾਂ ਅਪ੍ਰੈਲ-ਮਈ 2024 'ਚ ਹਨ ਤੇ ਭਾਜਪਾ ਰਾਮ ਮੰਦਰ ਦਾ ਲਾਹਾ ਲੈਣਾ ਚਾਹੁੰਦੀ ਹੈ।

ਪ੍ਰਾਣ ਪ੍ਰਤਿਸ਼ਠਾ ਸਮਾਗਮ 'ਤੇ ਖੁਸ਼ੀਆਂ ਮਨਾਈਆਂ ਗਈਆਂ ਹਨ। ਪ੍ਰਧਾਨ ਮੰਤਰੀ ਜੀ ਆਯੋਧਿਆ ਮੰਦਰ 'ਚ ਮੁੱਖ ਜਜ਼ਮਾਨ ਬਣ ਕੇ ਗਏ, ਰਾਮ ਜੀ ਦੀ ਮੂਰਤੀ ਸਥਾਪਨਾ ਕੀਤੀ ਗਈ। ਉਸ 'ਚ ਪ੍ਰਾਣ ਪਾਏ ਗਏ। ਭਗਤੀ-ਭਾਵ ਦੇਸ਼ ਦੇ ਲੋਕਾਂ 'ਚ ਪਾਇਆ ਜਾ ਰਿਹਾ ਹੈ, ਜਿਹੜਾ ਕੁਝ ਸਮਾਂ ਚੱਲੇਗਾ। ਫਿਰ ਆਮ ਆਦਮੀ ਨੂੰ ਰੋਟੀ ਦੀ, ਇਨਸਾਫ ਦੀ, ਕੱਪੜੇ ਦੀ, ਮਕਾਨ ਦੀ, ਰੁਜ਼ਗਾਰ ਦੀ, ਦਵਾ-ਦਾਰੂ ਦੀ ਯਾਦ ਆਏਗੀ। ਬੇਹਾਲ ਜੀਵਨ ਦੀਆਂ ਅਸਲੀ ਸਮੱਸਿਆਵਾਂ ਉਸ ਅੱਗੇ ਮੂੰਹ ਅੱਡੀ ਖੜੀਆਂ ਹੋਣਗੀਆਂ, ਉਹ ਉਡੀਕ ਕਰੇਗਾ ਰਾਮ ਰਾਜ ਦੀ?

ਆਓ, ਰਤਾ ਕੁ ਝਾਤ ਮਾਰੀਏ ਦੇਸ਼ ਦੀ ਹਾਲਤ 'ਤੇ। ਦੇਸ਼ ਦੀ ਕੁਲ ਆਬਾਦੀ 145 ਕਰੋੜ ਤੋਂ ਟੱਪ ਗਈ ਹੈ। ਸਾਡਾ ਦੇਸ਼ ਚੀਨ ਨੂੰ ਪਛਾੜ ਕੇ ਦੁਨੀਆ ਦੀ ਸਭ ਤੋਂ ਵੱਡੀ ਆਬਾਦੀ ਬਣ ਗਿਆ ਹੈ। ਦੇਸ਼ ਦੇ ਹਾਕਮਾਂ ਅਨੁਸਾਰ ਦੇਸ਼ ਸੁੱਖ-ਸੰਪੰਨ, ਵੱਡਾ, ਕੱਦਵਾਰ, ਵਿਸ਼ਵ ਗੁਰੂ, ਦੁਨੀਆ ਦੀ ਉਪਰਲੀ ਆਰਥਿਕਤਾ ਬਣਨ ਜਾ ਰਿਹਾ ਹੈ। ਪਰ ਨਵੇਂ ਅੰਕੜੇ ਕਹਿੰਦੇ ਹਨ ਕਿ ਸਾਡਾ ਵਿਦੇਸ਼ੀ ਮੁਦਰਾ ਭੰਡਾਰ ਇਸ ਵਰ੍ਹੇ ਪਿਛਲੇ ਵਰ੍ਹੇ ਤੋਂ 5.89 ਅਰਬ ਡਾਲਰ ਘਟ ਗਿਆ ਹੈ ਅਤੇ ਹੁਣ 617.3 ਅਰਬ ਡਾਲਰ ਰਹਿ ਗਿਆ ਹੈ। ਸਾਡੇ ਦੇਸ਼ ਦੀ ਵਿਕਾਸ ਦਰ ਇਸ ਵੇਲੇ 6.9 ਤੋਂ 7.2 ਫੀਸਦੀ ਰਹਿ ਗਈ ਹੈ, ਜਦਕਿ ਲੋੜ ਦੇਸ਼ ਦੀ ਵਿਕਾਸ ਦਰ 8 ਫੀਸਦੀ ਤੋਂ ਉਪਰ ਦੀ ਹੈ, ਜੇਕਰ ਦੇਸ਼ ਨੇ ਅਗਲੇ ਵਰ੍ਹਿਆਂ 'ਚ ਵੱਡੀ ਆਰਥਿਕਤਾ ਬਣਨਾ ਹੈ।

ਦੇਸ਼ ਦਾ ਪ੍ਰੈੱਸ ਕੂਕ ਰਿਹਾ ਹੈ ਕਿ ਖੁਸ਼ਹਾਲ ਭਾਰਤ ਦੇ ਲੋਕਾਂ ਦੀ ਸਲਾਨਾ ਆਮਦਨ 8,40,000 ਰੁਪਏ (ਭਾਵ 10,000 ਅਮਰੀਕੀ ਡਾਲਰ) ਹੈ। ਕੀ ਇਹ ਭਰਮ ਨਹੀਂ ਹੈ? ਦੇਸ਼ ਦੇ ਸਿਰਫ 7 ਫੀਸਦੀ ਲੋਕਾਂ ਦੀ ਆਮਦਨ ਦੇ ਦਮਗਜ਼ੇ ਮਾਰ ਕੇ 93 ਫੀਸਦੀ ਲੋਕਾਂ ਨੂੰ ਭੁੱਲਿਆ ਅਤੇ ਰੋਲਿਆ ਜਾ ਰਿਹਾ ਹੈ। ਕਿਉਂ ਨਹੀਂ ਇਹ ਮੰਨਿਆ ਜਾ ਰਿਹਾ ਕਿ 75 ਵਰ੍ਹੇ ਆਜ਼ਾਦੀ ਦੇ ਪੂਰੇ ਹੋਣ ਦੇ ਬਾਵਜੂਦ 82 ਕਰੋੜ ਲੋਕਾਂ ਨੂੰ ਮੁਫ਼ਤ ਭੋਜਨ ਸਰਕਾਰ ਮੁਹੱਈਆ ਕਰ ਰਹੀ ਹੈ।

ਖੁਸ਼ਹਾਲ ਲੋਕ ਦੇਸ਼ ਦੇ ਸਿਰਫ 7 ਕਰੋੜ ਲੋਕ ਹਨ। ਇਹਨਾਂ ਤੋਂ ਤਿੰਨ ਗੁਣਾ ਭਾਰਤੀਆਂ (22.8 ਕਰੋੜ) ਦੀ ਹਾਲਤ ਤਰਸਯੋਗ ਹੈ। ਮਗਨਰੇਗਾ ਦੇ ਅਧੀਨ 15.4 ਕਰੋੜ ਲੋਕ ਕੰਮ ਕਰਦੇ ਹਨ, ਇਹਨਾ ਨੂੰ 100 ਦਿਨ ਹਰ ਸਾਲ ਕੰਮ ਦੇਣ ਦਾ ਸਰਕਾਰ ਦਾ ਵਾਇਦਾ ਸੀ, ਪਰ ਪਿਛਲੇ ਪੰਜ ਸਾਲਾਂ ਦੌਰਾਨ ਇਹਨਾਂ ਨੂੰ ਸਿਰਫ 49 ਤੋਂ 51 ਦਿਨ ਪ੍ਰਤੀ ਸਾਲ ਕੰਮ ਮਿਲਿਆ। ਦੇਸ਼ ਵਿੱਚ 10.47 ਕਰੋੜ ਕਿਸਾਨਾਂ ਕੋਲ ਇੱਕ ਤੋਂ ਦੋ ਏਕੜ ਜ਼ਮੀਨ ਹੈ। ਉਹ ਇਸੇ ਜ਼ਮੀਨ 'ਤੇ ਖੇਤੀ ਕਰਦੇ ਹਨ। ਉਹਨਾ ਦਾ ਟੱਬਰਾਂ ਦਾ ਗੁਜ਼ਾਰਾ ਇਸ ਜ਼ਮੀਨ ਨਾਲ ਨਹੀਂ ਹੋ ਸਕਿਆ। ਉਨ੍ਹਾਂ ਵਿਚੋਂ ਵੱਡੀ ਗਿਣਤੀ ਖੇਤੀ ਛੱਡ ਗਏ। ਸਾਲ 2023 ਦੀ 15 ਨਵੰਬਰ ਦੀ ਰਿਪੋਰਟ ਅਨੁਸਾਰ ਇਹਨਾਂ ਕਿਸਾਨਾਂ ਦੀ ਗਿਣਤੀ 8.12 ਕਰੋੜ ਰਹਿ ਗਈ। ਇਹਨਾ ਲੋਕਾਂ ਨੂੰ ਹੀ 6000 ਰੁਪਏ ਸਲਾਨਾ ਸਹਾਇਤਾ ਕੇਂਦਰ ਸਰਕਾਰ ਨੇ ਦਿੱਤੀ ਹੈ।

ਵੱਡੀ ਗਿਣਤੀ ਮਜ਼ਦੂਰ, ਜੋ ਖੇਤ ਮਜ਼ਦੂਰ ਹਨ, ਉਹ ਲੋਕ ਜੋ ਸੜਕ ਦੇ ਲੋਕ ਹਨ, ਪੁਲਾਂ ਦੇ ਥੱਲੇ ਜਾਂ ਫੁਟਪਾਥ 'ਤੇ ਸੌਂਦੇ ਹਨ, ਉਹ ਲੋਕ ਜੋ ਸੀਵਰੇਜ ਸਾਫ ਕਰਦੇ ਹਨ, ਜੁੱਤੇ ਮੁਰੰਮਤ ਕਰਦੇ ਹਨ, ਜੋ ਘਰੇਲੂ ਨੌਕਰ ਹਨ, ਉਨ੍ਹਾਂ ਦੀ ਸਥਿਤੀ ਕੀ ਕਿਸੇ ਸਰਕਾਰ ਨੇ ਕਦੇ ਪਰਖੀ ਹੈ?

ਸਰਕਾਰ ਨਿੱਤ ਦਿਹਾੜੇ ਵਾਅਦੇ ਕਰਦੀ ਹੈ। ਸਭ ਲਈ ਰੁਜ਼ਗਾਰ, ਸਭ ਲਈ ਸਿੱਖਿਆ, ਸਭ ਲਈ ਭੋਜਨ, ਸਭ ਲਈ ਮਕਾਨ। ਦੇਸ਼ 'ਚ ਅਸਲੀਅਤ ਕੀ ਹੈ? ਕੀ ਸਰਕਾਰ ਆਮ ਲੋਕਾਂ ਨੂੰ 'ਭੇਟ' ਕੀਤੀਆਂ ਸਕੀਮਾਂ ਦੀ ਦੁਰਦਸ਼ਾ ਤੋਂ ਜਾਣੂ ਨਹੀਂ? ਕੀ ਸਰਕਾਰ ਦੇਸ਼ 'ਚ ਫੈਲੇ ਭ੍ਰਿਸ਼ਟਾਚਾਰ ਨੂੰ ਨਹੀਂ ਸਮਝਦੀ? ਕੀ ਸਰਕਾਰ ਸਿੱਖਿਆ ਅਤੇ ਸਿਹਤ ਸਹੂਲਤਾਂ ਦੇ ਕੱਚ-ਸੱਚ ਨਹੀਂ ਸਮਝਦੀ? ਹੁਣੇ ਜਿਹੇ ਹੋਏ ਇੱਕ ਸਰਵੇਖਣ ਅਨੁਸਾਰ ਪਤਾ ਚੱਲਿਆ ਹੈ ਕਿ ਦੇਸ਼ ਦੀ ਆਮ ਜਨਤਾ ਅਪਰਾਧੀਕਰਨ ਅਤੇ ਭ੍ਰਿਸ਼ਟਾਚਾਰ ਤੋਂ ਵੀ ਜ਼ਿਆਦਾ ਪ੍ਰੇਸ਼ਾਨ ਬੇਰੁਜ਼ਗਾਰੀ ਤੇ ਮਹਿੰਗਾਈ ਤੋਂ ਹੈ। ਸਰਵੇ ਅਨੁਸਾਰ ਬੇਰੁਜ਼ਗਾਰੀ ਦੀ ਦਰ ਇਸ ਵੇਲੇ 10 ਫੀਸਦੀ ਤੋਂ ਉਪਰ ਚੱਲ ਰਹੀ ਹੈ।

ਸਕੂਲਾਂ 'ਚ ਦਾਖਲਾ ਲੈਣ ਵਾਲੇ ਆਮ ਆਦਮੀ ਦੇ ਬੱਚੇ ਵਿੱਚ -ਵਿਚਾਲੇ ਪੜ੍ਹਾਈ ਛੱਡ ਜਾਂਦੇ ਹਨ। ਇਸ ਦਾ ਕਾਰਨ ਪਰਵਾਰ ਦੀ ਆਰਥਿਕ ਹਾਲਤ ਠੀਕ ਨਾ ਹੋਣਾ ਹੈ। ਆਮ ਆਦਮੀ ਦੇ ਬੱਚੇ ਕੁਪੋਸ਼ਨ ਦਾ ਸ਼ਿਕਾਰ ਹਨ। ਵੱਡੀ ਗਿਣਤੀ ਉਮਰ ਦੇ 5 ਸਾਲ ਪੂਰੇ ਹੋਣ ਤੋਂ ਪਹਿਲਾਂ ਹੀ ਆਪਣੀ ਜੀਵਨ ਯਾਤਰਾ ਪੂਰੀ ਕਰ ਰਹੇ ਹਨ। ਆਯੂਸ਼ਮਾਨ ਕਾਰਡ ਉਨ੍ਹਾਂ ਦੇ ਹੱਥ ਹੀ ਨਹੀਂ ਆਉਂਦੇ। ਨਾ ਬੱਚਿਆਂ ਦੇ, ਨਾ ਬੁੱਢਿਆਂ ਦੇ, ਨਾ ਗਰਭਵਤੀ ਔਰਤਾਂ ਦੇ, ਜੋ ਪਿੰਡਾਂ 'ਚ ਆਪੇ ਬੱਚੇ ਜਣ ਦਿੰਦੀਆਂ ਹਨ। ਪ੍ਰਵਾਸ ਅੱਜ ਭਾਰਤੀਆਂ ਦੇ ਜੀਵਨ ਦਾ ਅੰਗ ਬਣ ਚੁੱਕਾ ਹੈ, ਕੁਝ ਲੋਕ ਦੇਸ਼ 'ਚ ਪ੍ਰਵਾਸ ਕਰਦੇ ਹਨ, ਕੁਝ ਪ੍ਰਦੇਸ਼ 'ਚ ਪ੍ਰਵਾਸ ਕਰਨ ਲਈ ਮਜਬੂਰ ਹਨ। ਕਾਰਨ ਆਰਥਿਕ ਮੰਦਹਾਲੀ ਹੈ, ਤਾਂ ਫਿਰ ਖੁਸ਼ਹਾਲ ਭਾਰਤ ਕਿਥੇ ਹੈ?

ਰਾਮ ਰਾਜ ਦੀ ਮੂਲ ਕਥਾ ਕੀ ਹੈ? ਸਭ ਲਈ ਇਕੋ ਜਿਹਾ ਰਾਜ! ਸਭ ਲਈ ਇਨਸਾਫ । ਸਭ ਲਈ ਰੋਟੀ, ਕੱਪੜਾ ਅਤੇ ਮਕਾਨ, ਪਰ ਅੱਜ ਸਿਆਸੀ ਧਿਰਾਂ 'ਗਰੀਬੀ ਹਟਾਓ' ਦੀ ਗੱਲ ਕਰਦੀਆਂ ਹਨ। ਸਭ ਦੇ ਵਿਕਾਸ ਦੇ ਨਾਹਰੇ ਲਗਾਉਂਦੀਆਂ ਹਨ, ਪਰ ਕੋਈ ਵੀ ਦੇਸ਼ ਕੀ ਉਦੋਂ ਤੱਕ ਵਿਕਾਸ ਕਰ ਸਕਦਾ ਹੈ, ਜਦ ਤੱਕ ਉਸ ਦੇਸ਼ ਦੇ ਲੋਕ ਸਿਖਿਅਤ ਨਾ ਹੋਣ, ਜਿਥੇ ਰੁਜ਼ਗਾਰ ਦੇ ਮੌਕੇ ਨਾ ਹੋਣ, ਜਿਥੇ ਇਨਸਾਫ ਰਾਜ ਦਾ ਮੁੱਖ ਧੁਰਾ ਨਾ ਹੋਵੇ।

ਅੱਜ ਦੇਸ਼ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਭਟਕਾਉਣ ਲਈ ਸਾਡੇ ਨੇਤਾ ਮਸਜਿਦ-ਮੰਦਰ ਦੇ ਝਗੜੇ ਛੇੜ ਰਹੇ ਹਨ। ਫਿਰਕੂ ਦੰਗੇ ਕਰਵਾਉਂਦੇ ਹਨ। ਇੱਕ ਪਾਸੇ ਉਹ ਲੋਕ ਹਨ, ਜੋ 2024 ਦੀਆਂ ਚੋਣਾਂ ਲਈ ਆਯੋਧਿਆ ਰਾਮ ਮੰਦਰ ਦੀ ਬਿਸਾਤ ਵਿਛਾ ਕੇ ਬੈਠੇ ਹਨ ਅਤੇ ਉਸ ਤੋਂ ਬਾਅਦ ਮਥੁਰਾ ਅਤੇ ਕਾਸ਼ੀ ਵਿਚੋਂ ਮਸਜਿਦਾਂ ਹਟਾ ਕੇ ਸੁੰਦਰ ਮੰਦਰ ਸਥਾਪਤ ਕਰਨ ਦੀ ਗੱਲ ਕਰਦੇ ਹਨ, ਦੂਜੇ ਪਾਸੇ ਉਹ ਲੋਕ ਹਨ, ਜੋ ਜਾਤੀਆਂ ਦੇ ਨਾਂਅ 'ਤੇ ਮਰਦਮਸ਼ੁਮਾਰੀ ਕਰਾਕੇ ਲੋਕਾਂ ਨੂੰ ਇਕ ਧਿਰ ਬਣਾ ਰਹੇ ਹਨ, ਤਾਂ ਕਿ ਉਹ ਆਪਸੀ ਵਿਰੋਧ 'ਚ ਖੜ ਜਾਣ, ਉਹ ਨੇਤਾਵਾਂ ਦੀ ਅਸਲੀਅਤ ਨਾ ਸਮਝ ਸਕਣ।

ਦੇਸ਼ ਦੇ ਕੁਝ ਨੇਤਾ 'ਇਨਸਾਫ ਯਾਤਰਾ' 'ਤੇ ਹਨ। ਉਹ ਮੁਹੱਬਤ ਦੀ ਦੁਕਾਨ ਚਲਾਉਣ ਦੀ ਗੱਲ ਵੀ ਕਰਦੇ ਹਨ। ਉਹ ਇਸ ਤੋਂ ਵੀ ਵੱਡੀਆਂ ਗੱਲਾਂ ਕਰਦੇ ਹਨ, ਪਰ ਕੀ ਕਦੇ ਉਨ੍ਹਾਂ ਦੇ ਮੂੰਹੋਂ ਦੇਸ਼ ਦੀ ਨਿਆਂ ਪ੍ਰਣਾਲੀ 'ਚ ਸੁਧਾਰ ਦੀ ਗੱਲ ਸੁਣੀ ਹੈ ਕਿਸੇ ਨੇ?

ਦੇਸ਼ 'ਚ ਸੜਕਾਂ ਦਾ ਜਾਲ ਵਿਛ ਰਿਹਾ ਹੈ। ਦੇਸ਼ ਡਿਜੀਟਲ ਇੰਡੀਆ ਬਣ ਰਿਹਾ ਹੈ। ਦੇਸ਼ ਦਾ ਨਿੱਜੀਕਰਨ ਹੋ ਰਿਹਾ ਹੈ। ਦੇਸ਼ ਆਪਣੇ ਮੂੰਹ ਮੀਆਂ ਮਿੱਠੂ ਬਣ ਕੇ ਦੁਨੀਆ ਦੀ ਸਭ ਤੋਂ ਵੱਡੀ ਆਰਥਿਕਤਾ ਬਣਨ ਦੀਆਂ ਫੜਾਂ ਮਾਰ ਰਿਹਾ ਹੈ, ਪਰ ਨਾਲ ਦੀ ਨਾਲ ਦੇਸ਼ ਦੇ ਹਾਕਮ ਦੇਸ਼ ਨੂੰ ਧਰਮ ਅਤੇ ਸੇਧ-ਰਾਸ਼ਟਰਵਾਦ ਦਾ ਮਿਸ਼ਰਣ ਬਣਾਉਣ 'ਤੇ ਤੁਲੇ ਹੋਏ ਹਨ।

ਅੱਜ ਦੇਸ਼ ਨੂੰ ਸਮਾਜਿਕ ਅਤੇ ਆਰਥਿਕ ਲੋਕਤੰਤਰ ਦੇ ਵਿਚਾਰ ਤੋਂ ਦੂਰ ਕੀਤਾ ਜਾ ਰਿਹਾ ਹੈ, ਪਰ ਦੇਸ਼ ਦੇ 93 ਫੀਸਦੀ ਲੋਕ ਰਾਮ ਰਾਜ ਦੀ ਉਡੀਕ 'ਚ ਹਨ।

***ਸੰਪਰਕ : 98158-02070***

# ਚਿੱਠੀਆਂ ਦਾ ਦੌਰ : ਇੱਕ ਸੁਖਦ ਹੱਡਬੀਤੀ



ਜਗਦੇਵ ਸ਼ਰਮਾ

ਉਡੀਂ-ਉਡੀਂ-ਉਡੀਂ, ਉਡੀਂ ਜਾਈਂ ਵੇ ਕਬੂਤਰਾ,
ਚਿੱਠੀ ਮੇਰੇ ਢੋਲ ਨੂੰ ਪੁਚਾਈਂ ਵੇ ਕਬੂਤਰਾ ।

ਚਿੱਠੀ ਕਾਗਜ਼ ਉੱਪਰ ਉੱਕਰੇ ਸੁੱਖਾਂ-ਦੁੱਖਾਂ, ਜਜ਼ਬਾਤ, ਅਪਣੱਤ, ਜਜ਼ਬਿਆਂ, ਭਾਵਨਾਵਾਂ ਨੂੰ ਪੁਰਾਤਨ ਸਮਿਆਂ ਤੋਂ ਇੱਕ ਥਾਂ ਤੋਂ ਦੂਜੀ ਥਾਂ ਪਹੁੰਚਾਉਂਦੀ ਰਹੀ ਹੈ। ਕਿਤਾਬਾਂ ਵਿੱਚ ਪੜ੍ਹਿਆ ਹੈ ਕਿ ਇੱਕ ਜ਼ਮਾਨਾ ਹੁੰਦਾ ਸੀ, ਜਦੋਂ ਰਾਜੇ-ਮਹਾਰਾਜੇ ਲੜਾਈਆਂ ਲੜਨ ਚਲੇ ਜਾਂਦੇ ਸਨ, ਓਦੋਂ ਰਾਣੀ ਦੇ ਬੱਚਾ ਹੋਣ ਦੀ ਖਬਰ ਢੋਲ ਦੇ ਡੱਗੇ ਨਾਲ ਰਾਜੇ ਤੱਕ ਪਹੁੰਚਾਈ ਜਾਂਦੀ ਸੀ । ਢੋਲ ਉੱਪਰ ਮਾਰੇ ਗਏ ਡੱਗਿਆਂ ਦੀ ਗਿਣਤੀ ਲੜਕਾ ਜਾਂ ਲੜਕੀ ਹੋਣ ਦਾ ਕੋਡ ਹੁੰਦਾ ਸੀ । ਫਿਰ ਕਬੂਤਰ ਚਿੱਠੀ ਪਹੁੰਚਾਉਣ ਦਾ ਸਾਧਨ ਬਣਿਆ । ਸ਼ਾਇਦ ਓਦੋਂ ਹੀ ਕਾਵਾਂ ਹੱਥ ਸੁਨੇਹੇ ਭੇਜਣ ਦੀ ਕਹਾਵਤ ਹੋਂਦ ਵਿੱਚ ਆਈ ਹੋਵੇਗੀ । ਪੰਛੀਆਂ ਰਾਹੀਂ ਚਿੱਠੀ ਭੇਜਣ ਤੋਂ ਬਾਅਦ ਚਿੱਠੀ ਦਸਤੀ ਭੇਜੀ ਜਾਣ ਲੱਗੀ । ਚਿੱਠੀ ਲੈ ਕੇ ਜਾਣ ਵਾਲੇ ਨੂੰ ਹਰਕਾਰਾ ਜਾਂ ਕਾਸਦ ਕਿਹਾ ਕਰਦੇ ਸਨ । ਫਿਰ ਡਾਕ ਰਾਹੀਂ ਚਿੱਠੀ ਭੇਜਣ ਦੀ ਸ਼ੁਰੂਆਤ ਹੋਈ । ਭੈਣਾਂ ਆਪਣੇ ਵੀਰ ਦੀ ਚਿੱਠੀ ਉਡੀਕਦੀਆਂ ।

ਮੇਰੇ ਵੀਰ ਦੀ ਚਿੱਠੀ ਜੇ ਕੋਈ ਆਈ ,
ਵੇ ਦੇਖੀਂ ਭਾਈ ਡਾਕ ਵਾਲਿਆ।

ਨਵ-ਵਿਆਹੀਆਂ ਫੌਜਣਾਂ ਆਪਣੇ ਕੰਤ ਦੀ ਚਿੱਠੀ ਲਈ ਅੱਖਾਂ ਵਿਛਾ ਕੇ ਡਾਕੀਏ ਦੀ ਉਡੀਕ ਕਰਦੀਆਂ:

ਤੰਦੂਰ ਤਪਾਈ ਹੋਈ ਐ ,ਖ਼ਸਮਾਂ ਨੂੰ ਖਾਣ ਰੋਟੀਆਂ ,
ਚਿੱਠੀ ਮਾਹੀਏ ਦੀ ਆਈ ਹੋਈ ਐ ।

ਪਿਆਰੇ ਆਪਣੀ ਮਾਸ਼ੂਕ ਦੀ ਖਬਰਸਾਰ ਚਿੱਠੀ ਵਿੱਚੋਂ ਪੜ੍ਹ ਕੇ ਬਾਗੋ-ਬਾਗ਼ ਹੋ ਜਾਂਦੇ ਅਤੇ ਇਸ ਤਰਾਂ ਡਾਕੀਏ ਦਾ ਵੀ ਸਾਡੇ ਸਮਾਜ ਵਿੱਚ ਇੱਕ ਨਿਵੇਕਲਾ ਹੀ ਰੁਤਬਾ ਹੁੰਦਾ ਸੀ ।

ਅੱਜ ਸੂਚਨਾ ਅਤੇ ਤਕਨਾਲੋਜੀ ਦੀ ਬੇਥਾਹ ਤਰੱਕੀ ਹੋ ਜਾਣ ਕਾਰਨ ਸੰਚਾਰ ਦੇ ਬਹੁਤ ਸਾਰੇ ਸਾਧਨ ਹੋ ਗਏ ਹਨ, ਜਿਵੇਂ ਕਿ ਵਟਸਐਪ, ਫੇਸਬੁੱਕ , ਟਵਿੱਟਰ , ਇੰਸਟਾਗ੍ਰਾਮ , ਮੇਲ ਵਗੈਰਾ । ਇਨ੍ਹਾਂ ਸਾਰੇ ਸਾਧਨਾਂ ਦਾ ਸਰਦਾਰ ਹੈ ਮੋਬਾਇਲ ਫੋਨ । ਵੀਡਿਓ ਰਾਹੀਂ ਤੁਸੀਂ ਮੂੰਹੋਂ-ਮੂੰਹੀਂ ਗੱਲਾਂ ਵੀ ਕਰ ਸਕਦੇ ਹੋ । ਅਦਾਲਤਾਂ ਵਿੱਚ ਪੇਸ਼ੀਆਂ, ਸਰਕਾਰੀ, ਗੈਰ-ਸਰਕਾਰੀ ਮੀਟਿੰਗਾਂ ਵੀ ਵੀਡਿਓ ਕਾਨਫਰੰਸਾਂ ਦੇ ਜ਼ਰੀਏ ਹੋ ਜਾਂਦੀਆਂ ਹਨ, ਜਿਸ ਨਾਲ ਸਮੇ ਅਤੇ ਪੈਸੇ ਦੋਹਾਂ ਦੀ ਬੱਚਤ ਤਾਂ ਭਾਵੇਂ ਹੋਣ ਲੱਗੀ ਹੈ, ਪ੍ਰੰਤੂ ਜੋ ਸਕੂਨ ਚਿੱਠੀ ਦੀ ਉਡੀਕ ਵਿੱਚ ਹੁੰਦਾ ਸੀ, ਓਹ ਅਲੋਪ ਹੀ ਹੋ ਗਿਆ ਹੈ ।

ਇੱਕ ਛੋਟੀ ਜਿਹੀ ਘਟਨਾ ਯਾਦ ਆਉਂਦੀ ਹੈ । ਗੱਲ ਉਸ ਵਕਤ ਦੀ ਹੈ, ਜਦੋਂ ਐਧਰੋਂ ਓਧਰ ਸੁਨੇਹਾ ਭੇਜਣ ਦਾ ਜ਼ਰੀਆ ਸਿਰਫ ਅਤੇ ਸਿਰਫ ਚਿੱਠੀ ਹੀ ਹੁੰਦੀ ਸੀ । ਸੁਨੇਹੇ ਦੀ ਪਹੁੰਚ ਯਕੀਨੀ ਬਣਾਉਣ ਲਈ ਕਈ ਵਾਰੀ ਜ਼ਰੂਰੀ ਚਿੱਠੀ ਦਸਤੀ ਭੇਜੀ ਜਾਂਦੀ ਸੀ। ਪਿੰਡਾਂ ਵਿਚ ਵਿਆਹ-ਸ਼ਾਦੀ ਵਰਗੇ ਸ਼ਗਨਾਂ ਦੀਆਂ ਚਿੱਠੀਆਂ ਪਿੰਡ ਦਾ ਲਾਗੀ ਜਾਂ ਕੋਈ ਘਰ ਪਰਵਾਰ ਦਾ ਮੈਂਬਰ ਦੇ ਕੇ ਆਇਆ ਕਰਦਾ ਸੀ ।ਚਿੱਠੀ ਲੈ ਕੇ ਆਏ ਲਾਗੀ ਦਾ ਸਮਰੱਥਾ ਅਨੁਸਾਰ ਮਾਣ-ਸਨਮਾਨ ਕੀਤਾ ਜਾਂਦਾ ਸੀ । ਇਹ ਵਾਕਾ ਇੱਕ ਸੱਚੀ ਕਹਾਣੀ ਅਧਾਰਤ ਹੈ ਅਤੇ ਮੇਰੀ ਜ਼ਿੰਦਗੀ ਦੀ ਇੱਕ ਸੁਖ਼ਦ ਹੱਡ-ਬੀਤੀ । ਇਸ ਨੂੰ ਯਾਦ ਕਰਕੇ ਮੈਂ ਅੱਜ ਵੀ ਗਦਗਦ ਹੋ ਜਾਂਦਾ ਹਾਂ ।

ਸਾਡੇ ਪਿੰਡ ਵਿੱਚ ਇੱਕ ਸਰਬ ਸੰਪੰਨ ਬਹੁਤ ਵੱਡਾ ਪਰਵਾਰ ਹੈ , ਵੈਦ ਅਮਰ ਸਿੰਘ ਦਾ ਪਰਿਵਾਰ । ਪਿੰਡ ਦੇ ਵਿਚਕਾਰ ਸਾਰੇ ਪਿੰਡ ਤੋਂ ਵੱਡੀ ਹਵੇਲੀ , ਬਾਗਾਂ ਦੇ ਮਾਲਕ । ਵੈਦ ਅਮਰ ਸਿੰਘ ਕੋਲ ਸਾਰੇ ਪਿੰਡ ਨਾਲੋਂ ਵੱਧ ਜ਼ਮੀਨ ਸੀ । ਬੇਸ਼ੱਕ ਅਮਰ ਸਿੰਘ ਦੇ ਚਾਰੋਂ ਬੇਟੇ ਵੀ ਆਪਣੀ ਉਮਰ ਭੋਗ ਕੇ ਸਵਰਗ ਸੁਧਾਰ ਚੁੱਕੇ ਹਨ, ਪ੍ਰੰਤੂ ਅੱਜ ਵੀ ਵੈਦ ਦੇ ਪਰਵਾਰ ਦੀ ਤੀਜੀ ਪੀੜ੍ਹੀ ਦਾ ਪਿੰਡ ਵਿੱਚ ਵਧੀਆ ਬੋਲਬਾਲਾ ਹੈ । ਇਸ ਪਰਵਾਰ ਦੀ ਇੱਕ ਧੀ ਘਨੌਰੀ ਵਿਆਹੀ ਹੋਈ ਸੀ । ਵੈਦ ਜੀਆਂ ਦੇ ਪਰਵਾਰ ਦੀ ਤਰ੍ਹਾਂ ਘਨੌਰੀ ਵਾਲਿਆਂ ਦਾ ਵੀ ਇਲਾਕੇ ਵਿੱਚ ਵਧੀਆ ਮਾਣ ਸਨਮਾਨ ਸੀ।

ਗੱਲ 1969 ਦੀ ਹੈ। ਮੈਂ ਸੱਤਵੀਂ ਜਮਾਤ ਵਿੱਚ ਪੜ੍ਹਦਾ ਸਾਂ । ਮੇਰੇ ਪਿੰਡ ਪ੍ਰਾਇਮਰੀ ਤੱਕ ਦਾ ਸਕੂਲ ਹੋਣ ਕਾਰਨ ਅਗਲੀ ਪੜ੍ਹਾਈ ਵਾਸਤੇ ਮਿਡਲ ਸਕੂਲ ਰਾਜੋਮਾਜਰੇ ਜਾਣਾ ਪੈਂਦਾ ਸੀ । ਘਨੌਰੀ ਵਾਲਿਆਂ ਦੇ ਲੜਕੇ ਯਾਨਿ ਕਿ ਵੈਦਾਂ ਦੇ ਪਰਵਾਰ ਦੇ ਦੋਹਤੇ ਦੀ ਸ਼ਾਦੀ ਸੀ । ਉਨ੍ਹਾਂ ਆਪਣੇ ਬੇਟੇ ਦੀ ਸ਼ਾਦੀ ਦੀ ਚਿੱਠੀ ਮੇਰੇ ਪਿੰਡ ਪੁਚਾਉਣੀ ਸੀ । ਘਨੌਰੀ ਤੋਂ ਇੱਕ ਅਧਿਆਪਕ ਮਾਸਟਰ ਕਰਮ ਸਿੰਘ ਰਾਜੋਮਾਜਰੇ ਪੜ੍ਹਾਉਣ ਆਉਂਦੇ ਸਨ। ਸਾਰੇ ਪਿੰਡ ਨੇੜੇ ਨੇੜੇ ਹੀ ਸਨ । ਘਨੌਰੀ ਵਾਲਿਆਂ ਨੇ ਵਿਆਹ ਦੀ ਸ਼ਗਨਾਂ ਵਾਲੀ ਚਿੱਠੀ ਮਾਸਟਰ ਕਰਮ ਸਿੰਘ ਨੂੰ ਫੜਾਉਂਦਿਆਂ ਹਦਾਇਤ ਕੀਤੀ ਕਿ ਬੁਗਰੇ ਤੋਂ ਰਾਜੋਮਾਜਰੇ ਪੜ੍ਹਨ ਆਉਂਦੇ ਕਿਸੇ ਬੱਚੇ ਦੇ ਹੱਥੀਂ ਇਹ ਚਿੱਠੀ ਵੈਦ ਅਮਰ ਸਿੰਘ ਨੂੰ ਪਹੁੰਚਦੀ ਕਰ ਦਿੱਤੀ ਜਾਵੇ । ਮਾਸਟਰ ਜੀ ਨੂੰ ਸ਼ਾਇਦ ਮੈਂ ਸਭ ਤੋਂ ਵੱਧ ਭਰੋਸੇਯੋਗ ਲੱਗਿਆ ਹੋਵਾਂ , ਇਸ ਲਈ ਉਨ੍ਹਾ ਓਹ ਚਿੱਠੀ ਮੈਨੂੰ ਪਕੜਾਉਂਦਿਆਂ ਸਮਝਾਇਆ ਕਿ ਇਹ ਚਿੱਠੀ ਅੱਜ ਹੀ ਪਹੁੰਚਦੀ ਕਰ ਦੇਣੀ ਹੈ । ਸੱਤ ਬਚਨ ਕਹਿ ਕੇ, ਹਲਦੀ ਲੱਗੀ ਅਤੇ ਖੰਮ੍ਹਣੀ ਵਿੱਚ ਲਪੇਟੀ ਚਿੱਠੀ ਮੈਂ ਸੰਭਾਲ ਕੇ ਕਾਪੀ ਦੇ ਵਿਚਕਾਰ ਰੱਖ ਲਈ । ਘਰ ਆਇਆ । ਰੋਟੀ-ਪਾਣੀ ਛਕਣ ਤੋਂ ਬਾਅਦ ਮੈਂ ਆਪਣੀ ਮਾਤਾ ਜੀ ਨੂੰ ਦੱਸ ਕੇ ਚਿੱਠੀ ਵੈਦਾਂ ਦੇ ਘਰ ਦੇਣ ਲਈ ਚੱਲ ਪਿਆ । ਜਾ ਕੇ ਮਹਿਲ-ਨੁਮਾ ਕੋਠੀ ਦਾ ਕੁੰਡਾ ਖੜਕਾਇਆ । ਅਮਰ ਸਿੰਘ ਹਕੀਮ ਦੇ ਵੱਡੇ ਬੇਟੇ ਜਸਵੰਤ ਸਿੰਘ ਦੀ ਘਰ ਵਾਲੀ ਨੇ ਦਰਵਾਜ਼ਾ ਖੋਲ੍ਹਿਆ ।

'ਸਾਡੇ ਘਨੌਰੀ ਵਾਲੇ ਮਾਸਟਰਾਂ ਦੇ ਹੱਥ ਤੁਹਾਡੇ ਰਿਸ਼ਤੇਦਾਰਾਂ ਨੇ ਆਹ ਚਿੱਠੀ ਭੇਜੀ ਹੈ।' ਮੈਂ ਆਪਣੇ ਆਉਣ ਦਾ ਮਕਸਦ ਦੱਸਿਆ ।

ਖੰਮ੍ਹਣੀ ਵਿੱਚ ਲਪੇਟੀ ਚਿੱਠੀ ਦੇਖ ਕੇ ਓਹ ਸਮਝ ਤਾਂ ਗਈ ਸੀ ਕਿ ਕਿਸੇ ਵਿਆਹ ਸਾਹੇ ਦੀ ਸ਼ਗਨਾਂ ਦੀ ਚਿੱਠੀ ਹੈ, ਫਿਰ ਵੀ ਮੈਨੂੰ ਕਹਿਣ ਲੱਗੀ ,

ਪੰਡਤਾ ! ਪੜ੍ਹ ਕੇ ਸੁਣਾ, ਕੀ ਲਿਖਿਐ ? ਮੇਰੀ ਮਾਂ ਸਮਾਨ ਸਰਦਾਰਨੀ ਦਾ ਸਵਾਲ ਸੀ ।

ਮੈਂ ਚਿੱਠੀ ਪੜ੍ਹ ਦਿੱਤੀ । ਸੁਣਦਿਆਂ ਹੀ ਮੈਨੂੰ ਓਥੇ ਹੀ ਰੁਕਣ ਲਈ ਕਹਿ ਕੇ ਓਹ ਅੰਦਰ ਚਲੀ ਗਈ ।ਦੋ-ਤਿੰਨ ਮਿੰਟ ਬਾਅਦ ਬਾਹਰ ਆ ਕੇ ਮੈਨੂੰ ਬੋਲੀ , ਲੈ ਪੰਡਤਾ ! ਝੋਲੀ ਕਰ ।

ਦੇਖਦਿਆਂ-ਦੇਖਦਿਆਂ ਤਿੰਨ-ਸਾਢੇ ਤਿੰਨ ਕਿੱਲੋ ਦੀ ਗੁੜ ਦੀ ਇੱਕ ਪੂਰੀ ਭੇਲੀ ਹੀ ਉਸ ਨੇ ਮੇਰੀ ਝੋਲੀ ਵਿੱਚ ਪਾ ਦਿੱਤੀ । ਇਹ ਕੀ ? ਅਚੰਭਿਤ ਹੋਏ ਦੇ ਮੇਰੇ ਮੂੰਹੋਂ ਇੱਕ ਦਮ ਨਿਕਲਿਆ ।

ਲੈ ! ਤੂੰ ਸ਼ਗਨਾਂ ਦੀ ਚਿੱਠੀ ਲੈ ਕੇ ਆਇਐਂ, ਮੂੰਹ ਮਿੱਠਾ ਤਾਂ ਕਰਵਾਉਣਾ ਬਣਦਾ ਈ ਐ, ਉੱਪਰੋਂ ਤੂੰ ਸਾਡੇ ਪੰਡਤਾਂ ਦਾ ਮੁੰਡਾ । ਓਦੋਂ ਭਾਵੇਂ ਮੈਂ ਨਿਆਣਾ ਸਾਂ ਅਤੇ ਇਹਨਾਂ ਗੱਲਾਂ ਦੀ ਸਮਝ ਘੱਟ ਸੀ, ਪ੍ਰੰਤੂ ਅੱਜ ਜਦੋਂ ਇਸ ਵਾਕੇ ਨੂੰ ਯਾਦ ਕਰਦਾ ਹਾਂ ਤਾਂ ਮਹਿਸੂਸ ਕਰਦਾ ਹਾਂ ਕਿ ਉਹ ਗੁੜ ਸਿਰਫ ਗੁੜ ਨਹੀਂ ਸੀ, ਸਗੋਂ ਗੁੜ ਤੋਂ ਵੀ ਵੱਧ ਮਿੱਠਾ ਸਮਾਜਕ ਭਾਈਚਾਰੇ ਦੇ ਆਪਸੀ ਪਿਆਰ ਦਾ ਪ੍ਰਤੀਕ ਸੀ । ਪੰਜਾਬੀਆਂ ਦੇ ਵੱਡੇ ਦਿਲ-ਗੁਰਦੇ ਦੀ ਆਪਣੇ ਆਪ ਵਿੱਚ ਇਹ ਇੱਕ ਖ਼ੂਬਸੂਰਤ ਉਦਾਹਰਣ ।

***# ਸੰਪਰਕ : 98727-87243***

# ਫਾਸ਼ੀਵਾਦੀ ਜਾਬਰ ਹੱਲੇ ਮੂਹਰੇ ਰੋਸ ਵਿਖਾਵਿਆਂ ਦੇ ਸਿਰਜਣਾਤਮਕ ਰੂਪ



ਡਾ. ਬਲਜਿੰਦਰ ਸਿੰਘ

ਲਾਲ ਰੰਗੇ ਤਰਬੂਜ਼ ਦਾ ਫਲ ਬੜਾ ਮਿੱਠਾ ਤੇ ਜ਼ਾਇਕੇਦਾਰ ਹੁੰਦਾ ਹੈ, ਇਹਦੇ 'ਚ ਕੋਈ ਸ਼ੱਕ ਦੀ ਗੁੰਜਾਇਸ਼ ਨਹੀਂ, ਪਰ ਅੱਜ-ਕੱਲ੍ਹ ਇਸ ਫਲ ਦੇ ਰੂਪ 'ਚ ਇਸ ਦੇ ਲਾਲ ਰੰਗ ਨੂੰ ਹਰੇ ਨਾਲ ਮੇਲ ਕੇ ਇਸ ਨੂੰ ਪ੍ਰਦਰਸ਼ਨਾਂ ਦੇ ਰੂਪ 'ਚ ਅਮਲ 'ਚ ਲਿਆਂਦਾ ਜਾ ਰਿਹਾ ਹੈ। ਲੋੜ ਕਾਢ ਦੀ ਮਾਂ ਹੁੰਦੀ ਹੈ - ਇਹ ਕਹਾਉਤ ਫਲਸਤੀਨ ਦੇ ਗਾਜ਼ਾ ਪੱਟੀ ਇਲਾਕੇ 'ਤੇ ਇਜ਼ਰਾਈਲ ਵੱਲੋਂ ਕੀਤੇ ਗਏ ਮਾਰੂ ਹਮਲਿਆਂ ਦੇ ਵਿਰੋਧ ਕਰਨ ਵਾਲਿਆਂ 'ਤੇ ਐਨ ਢੁਕਦੀ ਹੈ। ਜਦੋਂ ਤੋਂ ਹੀ ਅਕਤੂਬਰ ਤੋਂ ਅਮਰੀਕਾ ਤੇ ਪੱਛਮੀ ਯੂਰਪ ਦੀ ਹਮਾਇਤ ਨਾਲ ਇਜ਼ਰਾਈਲ ਨੇ ਫਲਸਤੀਨੀ ਲੋਕਾਂ ਖਿਲਾਫ ਇਹ ਹਮਲਾਵਰ ਨਹੱਕੀ ਜੰਗ ਆਰੰਭੀ ਹੈ, ਉਦੋਂ ਤੋਂ ਹੀ ਅਮਰੀਕਾ, ਕੈਨੇਡਾ ਤੇ ਯੂਰਪ ਸਮੇਤ ਦੁਨੀਆ ਭਰ ਦੇ ਮੁਲਕਾਂ ਦੇ ਲੋਕ ਫਲਸਤੀਨੀ ਲੋਕਾਂ ਦੀ ਹਮਾਇਤ 'ਚ ਆਪਣੀ ਆਵਾਜ਼ ਨੂੰ ਉਠਾਉਂਦੇ ਆ ਰਹੇ ਹਨ ਅਤੇ ਤਰਬੂਜ਼ ਦੀ ਸ਼ਕਲ 'ਚ ਇਸ ਦੇ ਹਰੇ ਤੇ ਲਾਲ ਰੰਗ ਨੂੰ ਫਲਸਤੀਨ ਦੀ ਮੁਕਤੀ ਦੇ ਚਿੰਨ੍ਹ ਵਜੋਂ ਵਰਤਦੇ ਆ ਰਹੇ ਹਨ।

ਪਰ ਹਰ ਵਿਰੋਧ ਦਾ ਇੱਕ ਅਨਿੱਖੜਵਾਂ ਅੰਗ, ਯਾਨਿ ਕਿ ਜਿੱਥੇ ਵਿਰੋਧ ਹੈ, ਉੱਥੇ ਹਾਕਮਾਂ ਦਾ ਜਬਰ-ਤਸ਼ੱਦਦ ਹੈ। ਇਓਂ ਹਰ ਵਿਰੋਧੀ ਆਵਾਜ਼ ਨੂੰ ਹਰ ਹੀਲੇ ਚੁੱਪ ਕਰਾਉਣਾ ਅਰਥਾਤ ਕੁਚਲਣ 'ਚ ਹੁਕਮਰਾਨਾਂ ਦਾ ਆਪਣਾ ਹਿੱਤ ਹੈ, ਪਰ ਜਦੋਂ ਵੀ ਕੋਈ ਹੱਕੀ ਆਵਾਜ਼ ਨੂੰ ਚੁੱਪ ਕਰਾਉਣਾ ਲੋਚਦਾ ਹੈ ਤਾਂ ਲੋਕ ਵੀ ਆਪਣੀ ਆਵਾਜ਼ ਨੂੰ, ਆਪਣੀਆਂ ਹੱਕੀ ਮੰਗਾਂ ਨੂੰ ਹੁਕਮਰਾਨਾਂ ਦੇ ਕੰਨੀਂ ਪਾਉਣ ਲਈ ਤੇ ਆਪਣੀ ਤਾਕਤ ਨੂੰ ਜਰਬਾਂ ਦੇਣ ਲਈ ਆਪਣੇ ਹੀ ਨਵੇਂ ਢੰਗ-ਤਰੀਕੇ ਅਪਣਾਉਣ ਦੇ ਰਾਹ ਪੈਂਦੇ ਆਏ ਹਨ।

ਪਹਿਲਾਂ ਵੀ ਲੋਕ ਅਜਿਹਾ ਕਰਦੇ ਰਹੇ ਹਨ ਅਤੇ ਫਲਸਤੀਨੀ ਲੋਕਾਂ 'ਤੇ ਹੋ ਰਹੇ ਜਬਰ ਖਿਲਾਫ ਵੀ ਲੋਕਾਂ ਨੇ ਹੁਣ ਵੀ ਅਜਿਹੇ ਹੀ ਢੰਗ-ਤਰੀਕੇ ਵਰਤੋਂ 'ਚ ਲਿਆਂਦੇ ਹਨ। ਯੂ ਏ ਈ (ਯੂਨਾਈਟਡ ਅਰਬ ਅਮੀਰਾਤ) 'ਚ ਯੂ ਐਨ ਦੀ ਰਾਹਨੁਮਾਈ ਹੇਠ ਵਾਤਾਵਰਣ ਸੰਬੰਧੀ ਕਾਨਫਰੰਸ ਦੇ ਮੌਕੇ ਇਕੱਤਰ ਹੋਏ ਲੋਕਾਂ ਨੇ ਜਦੋਂ ਫਲਸਤੀਨ ਦੇ ਇਸ ਮਾਮਲੇ 'ਤੇ ਵਿਰੋਧ ਪ੍ਰਦਰਸ਼ਨ ਕਰਨਾ ਚਾਹਿਆ ਤਾਂ ਉਹਨਾਂ ਨੂੰ ਹਕੂਮਤੀ ਬੰਦਸ਼ਾਂ ਦਾ ਸਾਹਮਣਾ ਕਰਨਾ ਪਿਆ। ਅਮਰੀਕਾ ਦੇ ਪ੍ਰਭਾਵ ਹੇਠਲੇ ਇਸ ਅਰਬ ਮੁਲਕ ਦੇ ਹਾਕਮਾਂ ਨੇ ਵੀ ਫਲਸਤੀਨ ਦੇ ਹੱਕ 'ਚ ਕੀਤੇ ਜਾਣ ਵਾਲੇ ਮੁਜ਼ਾਹਰਿਆਂ 'ਚ ਭਾਗ ਲੈਣ ਵਾਲਿਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਹਨ ਕਿ ਮੌਸਮ ਸੰਬੰਧੀ ਕਾਨਫਰੰਸ 'ਚ ਭਾਗ ਲੈਣ ਆਏ ਹੋ ਤਾਂ ਉਸੇ ਅਜੰਡੇ ਅਨੁਸਾਰ ਹੀ ਰਹੋ, ਹੋਰ ਕੋਈ ਝਮੇਲਾ ਨਾ ਖੜ੍ਹਾ ਕਰੋ ਆਦਿ। ਜਦੋਂ ਉਹ ਕਾਰਕੁਨ ਉੱਥੇ ਇੱਕ ਥਾਂ 'ਤੇ ਇਕੱਤਰ ਹੋ ਗਏ ਤਾਂ ਉਹਨਾਂ ਆਪਣੇ ਜੋੜਮੇਲ ਨੂੰ ਹੋਰ ਵਧਾਉਣਾ ਸ਼ੁਰੂ ਕੀਤਾ। ਉਹਨਾਂ ਫਲਸਤੀਨ ਦੇ ਹਮਾਇਤੀਆਂ, ਸੂਡਾਨ ਦੇ ਕਾਰਕੁਨਾਂ ਅਤੇ ਹੋਰਨਾਂ ਨਾਲ ਸੰਪਰਕ ਸਾਧਿਆ ਅਤੇ ਦੇਖਦੇ-ਦੇਖਦੇ ਹੀ ਉਹਨਾਂ ਦੀ ਵਾਤਾਵਰਣ ਵਾਲੀ ਕਾਨਫਰੰਸ ਦੀ ਲੋਕਾਈ ਗਾਜ਼ਾ ਦੀ ਹਮਾਇਤ 'ਚ ਨਿੱਤਰ ਆਈ, ਪਰ ਇਹਦੇ ਲਈ ਉਹਨਾਂ ਨੂੰ ਰੋਸ ਕਰਨ ਦੇ ਕੁਝ ਨਵੇਂ ਢੰਗ ਈਜਾਦ ਕਰਨੇ ਪਏ। ਉਹਨਾਂ ਵੱਲੋਂ ਹਾਕਮਾਂ ਵੱਲੋਂ ਵਿਛਾਏ ਜਾਲ 'ਚੋਂ ਬਚ ਨਿਕਲਣ ਦੀਆਂ ਵਿਓਂਤਾਂ ਬਣਾਈਆਂ ਗਈਆਂ। ਯੂ ਐੱਨ ਦੀ ਅਗਵਾਈ 'ਚ ਕਰਵਾਈ ਜਾ ਰਹੀ ਇਸ ਕਾਨਫਰੰਸ 'ਚ ਸ਼ਾਮਲ ਹੋਣ ਵਾਲੇ ਸੁਲੇਮਾਨ ਦਾ ਕਹਿਣਾ ਸੀ ਕਿ ਕਿਸੇ ਦਿਨ ਉਹਨਾਂ (ਅਧਿਕਾਰੀਆਂ) ਕਹਿ ਦਿੱਤਾ ਕਿ ਗਾਜ਼ਾ ਦਾ ਨਾਂਅ ਨਹੀਂ ਲੈਣਾ, ਕਦੇ ਕਹਿੰਦੇ ਫਲਸਤੀਨ ਨਹੀਂ ਉਚਾਰਨਾ, ਜੰਗਬੰਦੀ ਦੀ ਗੱਲ ਨਹੀਂ ਕਰਨੀ, ਕਦੇ ਦਰਿਆ ਤੋਂ ਸਮੁੰਦਰ ਤੱਕ ਜਾਣ ਦੀ ਗੱਲ ਨਹੀਂ ਕਰਨੀ ਆਦਿ। ਇੰਜ ਉਹ ਹਰ ਨਵੇਂ ਦਿਨ ਆਪਣੇ ਹੁਕਮ ਬਦਲਦੇ ਜਾਂਦੇ, ਪੋਸਟਰਾਂ ਨੂੰ ਇਤਰਾਜ਼ਯੋਗ ਕਰਾਰ ਦੇਈ ਜਾਂਦੇ।

ਪਰ ਹਕੂਮਤੀ ਮਸ਼ੀਨਰੀ ਦੇ ਅਜਿਹੇ ਤਾਨਾਸ਼ਾਹ ਵਤੀਰੇ ਤੋਂ ਅੱਕੇ ਮੁਜ਼ਾਹਰਾਕਾਰੀਆਂ ਨੇ ਇਹਨਾਂ ਮੌਜੂਦ ਹਾਲਤਾਂ ਨੂੰ ਸਿਰਜਣਾਤਮਕ ਤਰੀਕਿਆਂ ਨਾਲ ਆਪਣੇ ਹੱਕ 'ਚ ਮੋੜਾ ਦਿੱਤਾ। ਜਿੱਥੇ ਇਜ਼ਰਾਈਲ ਦੀਆਂ ਔਰਤਾਂ ਨੇ ਫਲਸਤੀਨ ਦੇ ਹੱਕ 'ਚ ਫਰਵਰੀ 'ਚ ਲਾਲ ਤੇ ਚਿੱਟੇ ਰੰਗ ਦੀਆਂ ਪੁਸ਼ਾਕਾਂ ਪਹਿਨ ਕੇ ਮਾਰਚ ਕੀਤਾ, ਉੱਥੇ ਹੋਰਨਾਂ ਮੁਲਕਾਂ ਅੰਦਰ ਵੀ ਲਾਲ, ਹਰੇ ਤੇ ਚਿੱਟੇ ਰੰਗ ਦੇ ਤਰਬੂਜ਼ਾਂ ਨਾਲ ਮੁਜ਼ਾਹਰੇ ਜਥੇਬੰਦ ਕੀਤੇ ਗਏ, ਜਿਹੜੇ ਫਲਸਤੀਨੀ ਝੰਡੇ ਦੇ ਪ੍ਰਤੀਕ ਰੰਗ ਹਨ। ਇਸ ਕਾਨਫਰੰਸ ਮੌਕੇ ਵੀ ਇਕੱਤਰ ਹੋਏ ਲੋਕਾਂ ਨੇ ਇਸ ਬੰਬਾਰੀ 'ਚ ਮਾਰੇ ਗਏ ਲੋਕਾਂ ਦੀ ਲਿਸਟ ਨੂੰ ਸਾਹਮਣੇ ਰੱਖ ਕੇ ਹਰੇਕ ਦੇ ਇੱਕ-ਇੱਕ ਕਰਕੇ ਨਾਂਅ ਪੜ੍ਹੇ ਅਤੇ ਫਿਰ ਉਸ ਨਾਂਅ ਨੂੰ ਮਹਿੰਦੀ ਦੇ ਸੂਹੇ ਰੰਗ ਨਾਲ ਆਪਣੀ ਹਥੇਲੀ 'ਤੇ ਲਿਖ ਕੇ ਆਪਣਾ ਰੋਸ ਪ੍ਰਗਟ ਕੀਤਾ।

ਇਸੇ ਹੀ ਤਰ੍ਹਾਂ ਭਾਰਤ ਅੰਦਰ ਵੀ ਮਨੀਪੁਰ ਦੀਆਂ ਕਬਾਇਲੀ ਔਰਤਾਂ ਨੇ ਇੱਕ 'ਤਾਬੂਤ ਯਾਤਰਾ' ਕੱਢੀ ਸੀ ਜੀਹਦੇ 'ਚ ਔਰਤਾਂ ਖਾਲੀ ਕਫਨਾਂ ਨੂੰ ਲੈ ਕੇ ਸ਼ਹੀਦਾਂ ਦੀ ਯਾਦਗਾਰ ਤੱਕ ਪਹੁੰਚੀਆਂ, ਜੋ ਕਿ ਇਸ ਗੱਲ ਦਾ ਪ੍ਰਤੀਕ ਸੀ ਕਿ ਉਹਨਾਂ ਦੇ ਗੁੰਮ ਹੋਏ ਬੰਦੇ ਅਜੇ ਤੱਕ ਘਰੀਂ ਨਹੀਂ ਪਰਤੇ।

ਇੱਥੇ ਯਾਦ ਕਰਨ ਵਾਲੀ ਗੱਲ ਇਹ ਵੀ ਹੈ ਕਿ ਪਿੱਛੇ ਜਿਹੇ ਹੀ ਹਾਂਗਕਾਂਗ 'ਚ ਸਰਕਾਰ ਵਿਰੋਧੀ ਮੁਜ਼ਾਹਰਿਆਂ 'ਚ ਸ਼ਾਮਲ ਲੋਕਾਂ ਦੀਆਂ ਤਸਵੀਰਾਂ ਖਿੱਚ ਕੇ ਉਹਨਾਂ ਨੂੰ ਨਾਮਜ਼ਦ ਕਰਨ ਦਾ ਵਰਤਾਰਾ ਚੱਲਿਆ ਸੀ, ਪਰ ਲੋਕਾਂ ਇਹਨੂੰ ਵੀ ਮਾਤ ਦੇਣ ਲਈ ਆਪਣੇ ਚਿਹਰਿਆਂ 'ਤੇ ਮੁਖੌਟੇ ਪਹਿਨ ਕੇ ਮੁਜ਼ਾਹਰਿਆਂ 'ਚ ਆਉਣਾ ਸ਼ੁਰੂ ਕਰ ਦਿੱਤਾ ਅਤੇ ਮੁਜ਼ਾਹਰੇ ਵਾਲੀ ਥਾਂ 'ਤੇ ਇਕੱਤਰ ਹੋਣ ਤੋਂ ਪਹਿਲਾਂ ਉਹ ਕਿਸੇ ਹੋਰ ਸਟੇਸ਼ਨ 'ਤੇ ਉੱਤਰ ਜਾਂਦੇ ਸਨ ਅਤੇ ਫਿਰ ਲੁਕਦੇ-ਲੁਕਾਉਂਦੇ ਉੱਥੇ ਪਹੁੰਚ ਜਾਂਦੇ ਸੀ।

ਧਾਰਾ 370 ਨੂੰ ਖਤਮ ਕਰਨ ਵੇਲੇ ਕੇਂਦਰ ਸਰਕਾਰ ਨੇ ਜੰਮੂ-ਕਸ਼ਮੀਰ ਅੰਦਰ ਇੰਟਰਨੈੱਟ ਸੇਵਾਵਾਂ ਬਹੁਤ ਲੰਮੇ ਸਮੇਂ ਤੱਕ ਬੰਦ ਰੱਖੀਆਂ ਸਨ। ਉਸ ਵੇਲੇ ਵੀ ਲੋਕਾਂ ਨੇ ਇਸ ਹਾਲਾਤ ਦਾ ਤੋੜ ਕੱਢਿਆ। ਉਹਨਾਂ ਆਪਣੇ ਸੁਨੇਹੇ ਛੋਟੇ-ਛੋਟੇ ਗਰੁੱਪਾਂ ਜ਼ਰੀਏ ਇੱਕ ਤੋਂ ਦੂਜੇ ਤੱਕ ਪਹੁੰਚਦੇ ਕੀਤੇ ਸਨ, ਜੋ ਅੱਗੋਂ ਇੱਕ ਖੇਤਰ ਤੋਂ ਦੂਜੇ ਖੇਤਰ ਤੱਕ ਪਹੁੰਚਾਏ ਜਾਂਦੇ ਸਨ।

ਹਾਕਮਾਂ ਦਾ ਇਹ ਵਰਤਾਰਾ ਕੋਈ ਨਵਾਂ ਹੋਂਦ 'ਚ ਨਹੀਂ ਆਇਆ। ਭਾਰਤ ਅੰਦਰ ਫਲਸਫੇ ਦੇ ਪ੍ਰਾਚੀਨ ਇਤਿਹਾਸ ਅੰਦਰ ਵੀ ਅਜਿਹੇ ਬਹੁਤ ਸਾਰੇ ਪੜਾਅ ਆਏ ਹਨ, ਜਦੋਂ ਮੌਕੇ ਦੇ ਹਾਕਮਾਂ ਨੇ ਅਗਾਂਹਵਧੂ ਸ਼ਕਤੀਆਂ ਦੇ ਵਿਗਿਆਨਕ ਵਿਚਾਰਾਂ ਨੂੰ ਬੰਨ੍ਹ ਮਾਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਸਨ ਤਾਂ ਅਗਾਂਹਵਧੂ ਤਾਕਤਾਂ ਨੇ ਵੀ ਆਪਣੇ ਹੀ ਢੰਗ ਨਾਲ ਇਹਨਾਂ ਤੋਂ ਆਪਣੇ ਬਚਾਅ ਕਰਦਿਆਂ ਆਪਣੀ ਗੱਲ ਕਹੀ ਸੀ। ਬ੍ਰਹਮ ਸਿਧਾਂਤ ਦਾ ਰਚਨਾਕਾਰ ਬ੍ਰਹਮਗੁਪਤ ਵਰਹਮੀਹੀਰ, ਆਰੀਆ ਭੱਟ ਤੇ ਵਿਸ਼ਨੂੰਚੰਦਰ ਦਾ ਜ਼ਿਕਰ ਕਰਦਾ ਕਹਿੰਦਾ ਹੈ ਕਿ ਉਹਨਾਂ ਅਨੁਸਾਰ ਸੂਰਜ ਤੇ ਚੰਦਰ ਨੂੰ ਗ੍ਰਹਿਣ ਲੱਗਣ ਦਾ ਵਰਤਾਰਾ ਰਾਹੂ-ਕੇਤੂ ਦੇ ਕਹਿਰ ਨਾਲ ਨਹੀਂ ਵਾਪਰਦਾ ਤਾਂ ਫਿਰ ਲੋਕ ਐਵੇਂ ਬੁੱਧੂ ਹੀ ਹਨ ਅਤੇ ਨਾਲ ਹੀ ਫਿਰ ਆਸਥਾ ਤੇ ਵੇਦਾਂ, ਉਪਨਿਸ਼ਦਾਂ ਤੇ ਸਮ੍ਰਿਤੀਆਂ ਅੰਦਰ ਦਰਜ ਸਾਰਾ ਕੁਝ ਕੀ ਹੈ? ਇਹ ਗੱਲ ਕਰਨਾ ਵੀ ਇੱਥੇ ਕੁਥਾਂ ਨਹੀਂ ਹੋਵੇਗਾ ਕਿ ਇਓਂ ਕਹਿਣ ਦੇ ਬਾਵਜੂਦ ਉਹ ਵਿਗਿਆਨਕ ਮੱਸ ਅਨੁਸਾਰ ਉਹ ਸੂਰਜ/ਚੰਦ ਗ੍ਰਹਿਣ ਦਾ ਕਾਰਨ ਲੱਭਣ ਲਈ ਸੂਰਜ ਤੇ ਚੰਦਰਮਾ ਦਾ ਵਿਆਸ ਮਾਪਣ ਲਈ ਸਰਗਰਮ ਰਹਿੰਦਾ ਹੈ। ਵਰਹਮੀਹੀਰ ਦਾ ਰਾਹੂ-ਕੇਤੂ ਦਾ ਸੂਰਜ ਤੇ ਚੰਦਰ ਗ੍ਰਹਿਣ ਲੱਗਣ ਦਾ ਕਾਰਨ ਹੋਣ ਬਾਰੇ ਬਿਰਤਾਂਤ ਬਹੁਤ ਹੀ ਰੌਚਕ ਹੈ। ਉਹ ਆਪਣੀ ਰਚਨਾ ਅੰਦਰ ਵੇਦਾਂ ਦਾ ਵਿਰੋਧ ਵੀ ਕਰਦਾ ਹੈ, ਪਰ ਸਮੇਂ ਦੀਆਂ ਤਾਕਤਾਂ ਦੇ ਸੇਕ ਤੋਂ ਬਚਣ ਲਈ ਆਪਣੇ ਗ੍ਰੰਥ ਦੇ ਮੁੱਢ 'ਚ ਉਹਨਾਂ ਗ੍ਰੰਥਾਂ ਨੂੰ ਕੁਝ ਮਾਨਤਾ ਦੇ ਕੇ ਅਖੀਰ 'ਚ ਆਪਣੀ ਅਸਲੀ ਗੱਲ ਕਹਿ ਜਾਂਦਾ ਹੈ ਕਿ ਗ੍ਰਹਿਣ ਤਾਂ ਸੂਰਜ ਤੇ ਚੰਦਰਮਾ ਦੀ ਗਤੀ ਦੇ ਨਤੀਜੇ ਵਜੋਂ ਹੀ ਲੱਗਦੇ ਹਨ, ਨਾ ਕਿ ਰਾਹੂ-ਕੇਤੂ ਦੇ ਸਰਾਪ ਵਾਲੇ ਬਿਰਤਾਂਤਾਂ ਮੂਜਬ।

ਸੰਸਾਰ ਭਰ ਅੰਦਰ ਸਾਮਰਾਜਵਾਦ ਦੇ ਸੰਕਟ 'ਚ ਫਸੇ ਹੋਣ ਕਾਰਨ ਹਾਕਮ ਜਮਾਤਾਂ ਦੇ ਲੋਕਾਂ ਦੇ ਮਸਲਿਆਂ ਤੋਂ ਮੂੰਹ ਭੰਵਾਉਣ ਕਾਰਨ ਲੋਕਾਂ ਅੰਦਰ ਸਰਗਰਮ ਲੋਕ ਪੱਖੀ ਸ਼ਕਤੀਆਂ ਸਾਹਮਣੇ ਪਹਾੜ ਜਿੱਡਾ ਕਾਰਜ ਦਰਪੇਸ਼ ਹੈ ਕਿ ਉਹ ਸਾਮਰਾਜਵਾਦ ਦੇ ਇਸ ਸਰਬ-ਵਿਆਪੀ ਜਾਬਰ ਫਾਸ਼ੀਵਾਦੀ ਹੱਲੇ ਮੂਹਰੇ ਹਾਕਮ ਜਮਾਤਾਂ ਵੱਲੋਂ ਨਵੀਂ ਤੋਂ ਨਵੀਂ ਤਕਨੀਕ ਦੀ ਵਰਤੋਂ ਨਾਲ ਲੋਕਾਂ ਦੀ ਸ਼ਕਤੀ ਨੂੰ ਖੋਰਣ ਦੀਆਂ ਕੀਤੀਆਂ ਜਾਣ ਵਾਲੀਆਂ ਹਰਕਤਾਂ ਦਾ ਡਟਵਾਂ ਟਾਕਰਾ ਕਰਨ ਲਈ ਲੋਕਾਂ ਨੂੰ ਇਕੱਠਿਆਂ ਕਰਨ ਦੇ ਕਾਰਜ ਦੇ ਨਾਲ-ਨਾਲ ਲੋਕਾਂ ਦੇ ਵਿਰੋਧ-ਪ੍ਰਦਰਸ਼ਨਾਂ ਦੇ ਰਵਾਇਤੀ ਢੰਗਾਂ-ਤਰੀਕਿਆਂ ਤੋਂ ਅੱਗੇ ਵਧ ਕੇ ਘੋਲਾਂ ਦੀਆਂ ਸ਼ਕਲਾਂ/ਰੂਪਾਂ ਨੂੰ ਵੀ ਨਵੀਂਆਂ ਤੇ ਅਸਰਦਾਰ ਸਿਰਜਣਾਤਮਕ ਛੋਹਾਂ ਦੇਣ।

**# ਸੰਪਰਕ: 94170-79720**

# ਵੱਖ-ਵੱਖ ਥਾਈਂ ਗਣਤੰਤਰ ਦਿਵਸ ਧੂਮਧਾਮ ਨਾਲ ਮਨਾਇਆ


ਫਿਰੋਜ਼ਪੁਰ


ਫਿਰੋਜ਼ਪੁਰ


ਦੋਰਾਹਾ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਗਣਤੰਤਰਤਾ ਦਿਵਸ ਦੇ ਸਬੰਧ ਵਿੱਚ ਕੈਂਟ ਬੋਰਡ ਸਟੇਡੀਅਮ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪੰਜਾਬ ਦੇ ਖੇਡਾਂ ਤੇ ਯੁਵਕ ਸੇਵਾਵਾਂ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਉਨ੍ਹਾਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਅਤੇ ਜ਼ਿਲ੍ਹਾ ਵਾਸੀਆਂ ਦੇ ਨਾਂਅ ਸੰਦੇਸ਼ ਦਿੱਤਾ।

ਉਨ੍ਹਾਂ ਪ੍ਰੇਡ ਦਾ ਨਿਰੀਖਣ ਕੀਤਾ ਤੇ ਪ੍ਰੇਡ ਤੋਂ ਸਲਾਮੀ ਲਈ।ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਤੇ ਐੱਸਐੱਸਪੀ ਸੋਮਿਆ ਮਿਸ਼ਰਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ 22 ਮਹੀਨਿਆਂ ਦੇ ਕਾਰਜਕਾਲ ਦੌਰਾਨ ਅਨੇਕਾਂ ਲੋਕ-ਪੱਖੀ ਪਹਿਲਕਦਮੀਆਂ ਕੀਤੀਆਂ ਹਨ ਜਿਸ ਤਹਿਤ ਸੂਬੇ ਵਿੱਚ ਖੇਡਾਂ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਕਈ ਕਦਮ ਉੱਠਾਏ ਗਏ ਹਨ ਤੇ ਮੈਡਲ ਜਿੱਤਣ ਵਾਲੇ ਖਿਡਾਰੀਆਂ ਨੂੰ ਨਕਦ ਇਨਾਮਾਂ ਦੀ ਵੰਡ ਕੀਤੀ ਗਈ ਹੈ।ਜੇਤੂ ਖਿਡਾਰੀਆਂ ਨੂੰ 22 ਮਹੀਨਿਆਂ ਦੌਰਾਨ 70 ਕਰੋੜ ਰੁਪਏ ਦੀ ਵੰਡ ਕੀਤੀ ਜਾ ਚੁੱਕੀ ਹੈ।ਉਨ੍ਹਾਂ ਕਿਹਾ ਕਿ ਖੇਡ ਵਿਭਾਗ ਵਿੱਚ ਕੰਮ


ਜਗਰਾਓਂ

ਕਰਦੇ ਕੋਚਾਂ ਦੀਆਂ ਤਨਖਾਹਾਂ ਵਿੱਚ ਦੋ ਤੋਂ ਢਾਈ ਗੁਣਾਂ ਤੱਕ ਦਾ ਵਾਧਾ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸੂਬੇ ਨੂੰ ਦੇਸ਼ ਦਾ ਮੁੜ ਤੋਂ ਨੰਬਰ ਇੱਕ ਸੂਬਾ ਬਣਾਉਣ ਲਈ ਨਵੀਂ ਖੇਡ ਨੀਤੀ ਲਾਗੂ ਕੀਤੀ ਗਈ ਹੈ ਤੇ ਖਿਡਾਰੀਆਂ ਨੂੰ ਤਿਆਰੀ ਲਈ ਨਕਦ ਇਨਾਮ ਰਾਸ਼ੀ ਅਤੇ ਫਿਰ ਤਮਗ਼ਾ ਜਿੱਤਣ ਤੇ ਇਨਾਮ ਰਾਸ਼ੀ ਤੇ ਨੌਕਰੀਆਂ ਦਾ ਪ੍ਰਬੰਧ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਏਸ਼ੀਅਨ ਗੇਮਜ਼ ਵਿੱਚ ਹਿੱਸਾ ਲੈਣ ਗਏ 58 ਪੰਜਾਬੀ ਖਿਡਾਰੀਆਂ ਨੂੰ ਤਿਆਰੀ ਲਈ 8 ਲੱਖ ਰੁਪਏ ਪ੍ਰਤੀ ਖਿਡਾਰੀ ਦਿੱਤੇ ਗਏ ਹਨ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਫ਼ਿਰੋਜ਼ਪੁਰ ਨੇ ਵੀ ਦੇਸ਼ ਨੂੰ ਵੱਡੇ ਖਿਡਾਰੀ ਦਿੱਤੇ ਹਨ।ਇਸ ਮੌਕੇ ਉਨ੍ਹਾਂ ਨੇ ਸੁਪਰ 100 ਸਕੀਮ ਦੀ ਸ਼ੁਰੂਆਤ ਵੀ ਕੀਤੀ, ਜਿਸ ਤਹਿਤ ਜ਼ਿਲ੍ਹੇ ਦੇ 100 ਉਭਰਦੇ ਖਿਡਾਰੀਆਂ ਦੀ ਚੋਣ ਕਰਕੇ ਉਨ੍ਹਾਂ ਨੂੰ ਅੰਤਰਰਾਸ਼ਟਰੀ ਪੱਧਰ ਦੀ ਤਿਆਰੀ ਕਰਵਾਈ ਜਾਵੇਗੀ।ਮੀਤ ਹੇਅਰ ਨੇ ਸ਼ਹੀਦੀ



ਬਠਿੰਡਾ

ਸਮਾਰਕ ਹੁਸੈਨੀਵਾਲਾ ਨੂੰ ਸੈਰ-ਸਪਾਟਾ ਕੇਂਦਰ ਵਜੋਂ ਵਿਕਸਤ ਕਰਨ ਦਾ ਐਲਾਨ ਵੀ ਕੀਤਾ ਤੇ ਕਿਹਾ ਕਿ ਸ਼ਹੀਦੀ ਸਮਾਰਕ ਹੁਸੈਨੀਵਾਲਾ ਸਮੇਤ ਫ਼ਿਰੋਜ਼ਸ਼ਾਹ, ਮੁੱਦਕੀ, ਸਭਰਾਵਾਂ, ਸਾਰਾਗੜ੍ਹੀ ਸਮੇਤ ਹੋਰ ਇਤਿਹਾਸਕ ਮਹੱਤਤਾ ਵਾਲੇ ਸਥਾਨਾਂ ਨੂੰ ਸੈਲਾਨੀ ਕੇਂਦਰ ਵਜੋਂ ਵਿਕਸਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਯੋਗ ਕਦਮ ਚੁੱਕੇ ਗਏ ਹਨ ਤਾਂ ਜੁ ਦੂਰ-ਦੁਰਾਡੇ ਤੋਂ ਲੋਕ ਇਨ੍ਹਾਂ ਇਤਿਹਾਸਕ ਸਥਾਨਾਂ ਬਾਰੇ ਜਾਣੂ ਹੋ ਸਕਣ।ਉਨ੍ਹਾਂ ਕਿਹਾ ਕਿ ਇਹ ਦਿਹਾੜਾ ਸਾਨੂੰ ਸਾਡੇ ਸ਼ਹੀਦਾਂ/ਆਜ਼ਾਦੀ ਘੁਲਾਟੀਆਂ ਵੱਲੋਂ ਭਾਰਤ ਦੇ ਭਵਿੱਖ ਦੇ ਬਾਰੇ ਲਏ ਗਏ ਸੁਪਨਿਆਂ ਨੂੰ ਸਾਕਾਰ ਕਰਨ ਦੀ ਯਾਦ ਦਿਵਾਉਂਦਾ ਹੈ ਅਤੇ ਆਪਣੀ ਸਮੁੱਚੀ ਕਾਰਗੁਜ਼ਾਰੀ ਉੱਤੇ ਝਾਤ ਮਾਰਨ ਦਾ ਮੌਕਾ ਵੀ ਪ੍ਰਦਾਨ ਕਰਦਾ ਹੈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਈ ਤਰ੍ਹਾਂ ਦੀਆਂ ਲੋਕ ਭਲਾਈ ਸਕੀਮਾਂ ਚਲਾਈਆਂ ਜਾ ਰਹੀਆਂ ਹਨ।

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** : ਸ਼ਾਂਤੀ ਵਿੱਦਿਆ ਮੰਦਰ ਵਿੱਚ ਗਣਤੰਤਰ ਦਿਵਸ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ, ਜਿਸ ਲਈ ਸਕੂਲ ਨੂੰ ਤਿਰੰਗੇ ਦੇ ਤਿੰਨ ਰੰਗਾਂ ਨਾਲ ਸਜਾਇਆ ਗਿਆ, ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ।ਇਸ ਦੀ ਸ਼ੁਰੂਆਤ ਸਕੂਲ ਦੇ ਪ੍ਰਿੰਸੀਪਲ ਰਜਨੀ ਮਡਾਹਰ ਨੇ ਤਿਰੰਗਾ ਰਾਸ਼ਟਰੀ ਝੰਡਾ ਲਹਿਰਾ ਕੇ ਕੀਤੀ, ਜਿਸ ਵਿੱਚ ਛੋਟੇ-ਛੋਟੇ ਬੱਚਿਆਂ ਨੇ ਆਪਣੇ ਚਿਹਰਿਆਂ ਤੇ ਤਿਰੰਗਾ ਝੰਡੇ ਬਣਾਏ ਹੋਏ ਸੀ।ਉਨ੍ਹਾਂ ਦੇਸ਼ ਭਗਤੀ ਦੇ ਗੀਤਾਂ 'ਤੇ ਡਾਂਸ ਪੇਸ਼ ਕੀਤਾ, ਦੇਸ਼ ਭਗਤੀ ਦੇ ਗੀਤ ਗਾਏ ਅਤੇ ਸਕੂਲੀ ਵਿਦਿਆਰਥਣਾਂ ਨੇ ਵੱਖ-ਵੱਖ ਥਾਵਾਂ ਤੋਂ ਡਾਂਸ ਪੇਸ਼ ਕੀਤੇ, ਜੋ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਦਰਸਾਉਂਦੇ ਸਨ।

ਸਕੂਲ ਦੀ ਪ੍ਰਿੰਸੀਪਲ ਰਜਨੀ ਮਡਾਹਰ ਨੇ ਸਭ ਤੋਂ ਪਹਿਲਾਂ ਸਾਰਿਆਂ ਨੂੰ ਗਣਤੰਤਰ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।ਉਨ੍ਹਾਂ ਸਾਰੇ ਆਜ਼ਾਦੀ ਘੁਲਾਟੀਆਂ ਨੂੰ ਦਿਲੋਂ ਸ਼ਰਧਾਂਜਲੀ ਦਿੱਤੀ, ਜਿਨ੍ਹਾਂ ਦੀ ਬਦੌਲਤ ਸਾਨੂੰ ਇਹ ਆਜ਼ਾਦੀ ਮਿਲੀ ਹੈ।ਉਨ੍ਹਾਂ ਕਿਹਾ ਕਿ ਇਹ ਤਿਉਹਾਰ ਸਾਡੀ ਏਕਤਾ, ਖੁਸ਼ਹਾਲੀ ਅਤੇ ਸਵੈਮਾਣ ਦਾ ਪ੍ਰਤੀਕ ਹੈ।ਬਹੁਤ ਮੁਸ਼ਕਲਾਂ ਨਾਲ ਜੋ ਅਜ਼ਾਦੀ ਹਾਸਲ ਕੀਤੀ ਹੈ, ਉਸ ਨੂੰ ਸਾਂਭਣ ਦੀ ਲੋੜ ਹੈ, ਸਾਨੂੰ ਆਪਣੇ ਦੇਸ਼ ਦੀ ਵਿਕਾਸ ਯਾਤਰਾ ਵਿੱਚ ਭਾਈਵਾਲ ਬਣ ਕੇ ਇਸ ਨੂੰ ਹੋਰ ਵੀ ਖੁਸ਼ਹਾਲ ਬਣਾਉਣਾ ਪਵੇਗਾ।ਪ੍ਰੋਗਰਾਮ ਦੀ ਸਮਾਪਤੀ ਅਧਿਆਪਕਾਂ ਵੱਲੋਂ ਰਾਸ਼ਟਰੀ ਗੀਤ ਗਾ ਕੇ ਕੀਤੀ ਗਈ।ਉਪਰੰਤ ਸਕੂਲ ਦੀ ਪ੍ਰਬੰਧਕੀ ਕਮੇਟੀ ਮੈਂਬਰਾਂ ਨੇ ਗਣਤੰਤਰ ਦਿਵਸ ਦੀ ਖੁਸ਼ੀ ਵਿੱਚ ਸਾਰਿਆਂ ਨੂੰ ਲੱਡੂ ਵੰਡੇ।

**ਦੋਰਾਹਾ (ਹਰਮਿੰਦਰ ਸੇਠ)** : ਯੂਰੋ ਕਿਡਜ਼ ਪਲੇਅਵੇ ਸਕੂਲ ਨੇੜੇ ਨਗਰ ਕੌਂਸਲ ਦਫ਼ਤਰ ਵਿਖੇ ਗਣਤੰਤਰ ਦਿਵਸ ਪ੍ਰਿੰ. ਗੁਰਿੰਦਰ ਕੌਰ ਦੀ ਅਗਵਾਈ ਹੇਠ ਬਹੁਤ ਧੂਮਧਾਮ ਨਾਲ ਮਨਾਇਆ ਗਿਆ, ਜਿਸ ਵਿੱਚ ਸਕੂਲ ਦੇ ਚੇਅਰਮੈਨ ਪ੍ਰਿੰ ਜਤਿੰਦਰ ਸ਼ਰਮਾ ਅਤੇ ਡਾਇਰੈਕਟਰ ਰਜਤ ਸ਼ਰਮਾ, ਸ਼ੁਭਮ ਸ਼ਰਮਾ ਅਤੇ ਸੋਨੀਆ ਸ਼ਰਮਾ ਸਮੇਤ ਮੈਡਮ ਨੀਰਜ ਸ਼ਰਮਾ, ਸੁਮਨ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

ਪ੍ਰਿੰਸੀਪਲ ਸੁਰਿੰਦਰ ਕੌਰ ਨੇ ਬੱਚਿਆਂ ਨੂੰ ਗਣਤੰਤਰ ਦਿਵਸ ਦੀ ਜਾਣਕਾਰੀ ਦਿੰਦਿਆਂ ਕਿਹਾ ਕਿ ਇਹ ਭਾਰਤ ਦਾ ਰਾਸ਼ਟਰੀ ਤਿਉਹਾਰ ਹੈ, ਜਿਸ ਨੂੰ ਹਰ ਭਾਰਤ ਵਾਸੀ ਪੂਰੇ ਜੋਸ਼-ਉਤਸ਼ਾਹ 'ਤੇ ਸਨਮਾਨ ਨਾਲ ਮਨਾਉਂਦਾ ਹੈ ਅਤੇ ਇਹ ਵੀ ਦੱਸਿਆ ਕਿ ਇਸ ਸਾਡੇ ਭਾਰਤ ਦਾ ਸੰਵਿਧਾਨ ਲਾਗੂ ਹੋਇਆ ਸੀ, ਇਸ ਲਈ ਅਸੀਂ ਸਾਰੇ ਭਾਰਤ ਵਾਸੀ 26 ਜਨਵਰੀ ਨੂੰ ਹਰ ਸਾਲ ਗਣਤੰਤਰ ਦਿਵਸ ਦੇ ਰੂਪ ਵਿੱਚ ਮਨਾਉਂਦੇ ਹਾਂ। ਇਸ ਮੌਕੇ ਪ੍ਰਿੰਸੀਪਲ ਸੁਰਿੰਦਰ ਕੌਰ ਨੇ ਆਪਣੇ ਸਟਾਫ ਮੈਡਮ ਅਮਨਦੀਪ ਕੌਰ, ਮੈਡਮ ਜਸਵਿੰਦਰ ਕੌਰ, ਮੈਡਮ ਜਸਪ੍ਰੀਤ ਕੌਰ, ਮੈਡਮ ਨਵਦੀਪ ਕੌਰ, ਮੈਡਮ ਨਵਪ੍ਰੀਤ ਕੌਰ ਬਲਵਿੰਦਰ ਕੌਰ, ਬਲਜੀਤ ਕੌਰ, ਚਰਨਜੀਤ ਕੌਰ, ਇੰਦਰਜੀਤ ਸਿੰਘ ਅਤੇ ਰਾਜੂ ਵੱਲੋਂ ਸਾਰੇ ਬੱਚਿਆਂ ਨੂੰ ਗਣਤੰਤਰ ਦੀ ਵਧਾਈ ਦਿੱਤੀ ਗਈ।

**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)** : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੈਣੀ ਸਾਹਿਬ ਵਿਖੇ ਗਣਤੰਤਰ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਮੈਡਮ ਚਰਨਜੀਤ ਕੌਰ, ਕੈਪਟਨ ਜਸਬੀਰ ਸਿੰਘ-ਕੈਂਪ ਮੈਨੇਜਰ ਅਤੇ ਸਮੂਹ ਸਟਾਫ਼ ਨੇ ਮਿਲ ਕੇ ਗਣਤੰਤਰ ਦਿਵਸ ਦੇ ਮੌਕੇ 'ਤੇ ਝੰਡਾ ਲਹਿਰਾਇਆ ਅਤੇ ਸਕੂਲ ਦੇ ਸਮੂਹ ਵਿਦਿਆਰਥੀਆਂ ਸਮੇਤ ਰਾਸ਼ਟਰੀ ਗਾਇਨ ਕੀਤਾ। ਇਸ ਖੁਸ਼ੀ ਮੌਕੇ ਦੌਰਾਨ ਸਾਰੇ ਸਕੂਲ ਵਿਦਿਆਰਥੀਆਂ ਨੂੰ ਲੱਡੂ ਵੰਡੇ ਗਏ। ਰਿਟਾਇਰਡ ਕੈਪਟਨ ਜਸਵੀਰ ਸਿੰਘ ਨੇ ਦੱਸਿਆ ਕਿ ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਨੂੰ ਭਾਰਤੀ ਸੰਵਿਧਾਨ ਦਾ ਨਿਰਮਾਤਾ ਕਿਹਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਪੂਰੇ ਸੰਵਿਧਾਨ ਨੂੰ ਬਣਾਉਣ ਵਿੱਚ 2 ਸਾਲ 11 ਮਹੀਨੇ 18 ਦਿਨ ਲੱਗੇ। ਦੇਸ਼ ਦੀ ਸੰਵਿਧਾਨ ਸਭਾ ਨੇ ਇਸ ਨੂੰ 26 ਨਵੰਬਰ 1949 ਨੂੰ ਸਵੀਕਾਰ ਕਰ ਲਿਆ ਤੇ 26 ਜਨਵਰੀ 1950 ਨੂੰ ਇਹ ਸੰਵਿਧਾਨ ਪੂਰੇ ਦੇਸ਼ ਵਿੱਚ ਲਾਗੂ ਹੋਇਆ। ਇਸ ਲਈ ਇਹ ਗਣਤੰਤਰ ਦਿਵਸ ਸੰਵਿਧਾਨ ਦਿਵਸ ਵਜੋਂ ਵੀ ਮਨਾਇਆ ਜਾਂਦਾ ਹੈ, ਅਤੇ ਖਾਸ ਕਰਕੇ ਵਿਦਿਆਰਥੀਆਂ ਨੂੰ ਆਪਣੇ ਸੰਵਿਧਾਨ ਤੋਂ ਜਾਣੂ ਹੋਣ ਦੀ ਵਧੇਰੇ ਲੋੜ ਹੈ।

**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)** : 75ਵਾਂ ਗਣਤੰਤਰ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ। ਅਨਾਜ ਮੰਡੀ ਵਿਖੇ ਹੋਏ ਸਮਾਗਮ ਮੌਕੇ ਐਸ ਡੀ ਐਮ ਗੁਰਵਿੰਦਰ ਸਿੰਘ ਜੌਹਲ ਨੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ, ਉਥੇ ਹੀ ਵੱਖ-ਵੱਖ ਸਕੂਲਾਂ ਦੀਆਂ ਟੁਕੜੀਆਂ ਤੋਂ ਸਲਾਮੀ ਕਬੂਲੀ। ਇਸ ਮੌਕੇ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਦੇਸ ਦੇ ਗੀਤ ਤੇ ਕੋਰੀਓਗ੍ਰਾਫ਼ੀ ਦੀ ਪੇਸ਼ਕਾਰੀ ਕੀਤੀ ਗਈ, ਉਥੇ ਹੀ ਗਿੱਧੇ ਭੰਗੜੇ ਵੀ ਪਾਏ ਗਏ। ਇਸ ਮੌਕੇ ਸੁਤੰਤਰਤਾ ਸੰਗਰਾਮੀਆ ਨੂੰ ਐਸ ਡੀ ਐਮ ਗੁਰਵਿੰਦਰ ਸਿੰਘ ਜੌਹਲ, ਜੱਜ ਸਾਹਿਬਾਨਾਂ, ਡੀ ਐਸ ਪੀ ਹਰਪਿੰਦਰ ਕੌਰ ਗਿੱਲ, ਤਹਿਸੀਲਦਾਰ ਦਿੱਵਿਆ ਸਿੰਗਲਾ ਵੱਲੋਂ ਸਨਮਾਨਤ ਕੀਤਾ ਗਿਆ, ਉਥੇ ਹੀ ਮੁੱਖ ਮਹਿਮਾਨ ਐਸ ਡੀ ਐਮ ਜੌਹਲ ਨੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਤੇ ਸਮਾਜ ਭਲਾਈ ਅਤੇ ਸਰਕਾਰੀ ਮੁਲਾਜ਼ਮਾਂ ਨੂੰ ਬੇਹਤਰੀਨ ਸੇਵਾਵਾਂ ਬਦਲੇ ਸਨਮਾਨਤ ਕੀਤਾ ਗਿਆ। ਐਸ ਡੀ ਐਮ ਜੌਹਲ ਨੇ ਕਿਹਾ ਕਿ ਦੇਸ ਦੀ ਆਜ਼ਾਦੀ ਲਈ ਲੜੇ ਲੰਮੇ ਸੰਘਰਸ਼ ਵਿੱਚ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਹਜ਼ਾਰਾਂ ਦੇਸ਼ ਭਗਤਾਂ ਸੂਰਵੀਰਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਾ ਹਾਂ, ਉਥੇ ਹੀ ਦੇਸ਼ ਦੀ ਆਜ਼ਾਦੀ ਦੇ ਸੰਗਰਾਮ ਵਿੱਚ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀ ਸੂਰਮਿਆਂ ਨੇ ਦਿੱਤੀਆਂ ਸਨ, ਜਿਸਦਾ ਸਾਰੇ ਪੰਜਾਬੀਆਂ ਨੂੰ ਫ਼ਖ਼ਰ ਹੈ।

**ਧਰਮਕੋਟ (ਗੁਰਦੀਪ ਸਿੰਘ ਭੁੱਲਰ)** : ਯੂ.ਕੇ ਇੰਟਰਨੈਸ਼ਨਲ ਸਕੂਲ ਵਿੱਚ ਗਣਤੰਤਰ ਦਿਵਸ ਦਾ ਤਿਉਹਾਰ ਬੜੀ ਹੀ ਧੂਮਧਾਮ ਮਨਾਇਆ ਗਿਆ। ਇਸ ਮੌਕੇ ਬੱਚਿਆਂ ਵੱਲੋਂ ਗਣਤੰਤਰ ਦਿਵਸ ਨੂੰ ਮੁੱਖ ਰੱਖਦਿਆਂ ਦੇਸ਼ ਭਗਤੀ ਦੇ ਗੀਤ, ਡਾਂਸ, ਭੰਗੜਾ, ਭਾਸ਼ਣ, ਕਵਿਤਾਵਾਂ ਤੇ ਸਕਿੱਟਾਂ ਪੇਸ਼ ਕੀਤੀਆਂ ਗਈਆਂ। ਇਸ ਮੌਕੇ ਪ੍ਰਿੰਸੀਪਲ ਮੈਡਮ ਕੋਮਲ ਅਗਰਵਾਲ ਤੇ ਸਕੂਲ ਦੇ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਨੇ ਬੱਚਿਆਂ ਨੂੰ ਗਣਤੰਤਰ ਦਿਵਸ ਦੀ ਵਧਾਈ ਦਿੰਦਿਆਂ ਗਣਤੰਤਰ ਦਿਵਸ ਦੀ ਮਹੱਤਤਾ ਬਾਰੇ ਦੱਸਿਆ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਰਾਣਾ ਬਾਸੀ, ਬਲਿਹਾਰ ਸਿੰਘ ਬਾਸੀ, ਬਲਕਾਰ ਸਿੰਘ, ਕੁਲਵੰਤ ਸਿੰਘ ਚੀਮਾ ਤੇ ਸਮੂਹ ਸਟਾਫ਼ ਮੈਂਬਰ ਸ਼ਾਮਲ ਸਨ।

**ਜਗਰਾਉਂ (ਅਮਿਤ ਖੰਨਾ)** : ਗਣਤੰਤਰ ਦਿਹਾੜੇ ਦੇ ਸ਼ੁਭ ਮੌਕੇ 'ਤੇ ਨਗਰ ਕੌਂਸਲ ਵਿਖੇ ਕਾਰਜਕਾਰੀ ਪ੍ਰਧਾਨ ਅਮਰਜੀਤ ਸਿੰਘ ਮਾਲਵਾ ਵੱਲੋਂ ਤਿਰੰਗਾ ਲਹਿਰਾਇਆ ਗਿਆ ਤੇ ਸਲਾਮੀ ਦਿੱਤੀ ਗਈ। ਇਹ ਪਹਿਲੀ ਵਾਰੀ ਹੋਇਆ ਹੈ ਕਿ ਕਿਸੇ ਸਿੱਖ ਸ਼ਖ਼ਸੀਅਤ ਵੱਲੋਂ ਨਗਰ ਕੌਂਸਲ ਅੰਦਰ ਤਿਰੰਗਾ ਲਹਿਰਾਉਣ ਦੀ ਰਸਮ ਨੂੰ ਨਿਭਾਇਆ ਗਿਆ ਹੋਵੇ। ਪੁਲਸ ਦੀ ਟੁਕੜੀ ਵੱਲੋਂ ਸਲਾਮੀ ਦਿੱਤੀ ਗਈ ਅਤੇ ਉਸ ਮਗਰੋਂ ਅਮਰਜੀਤ ਸਿੰਘ ਮਾਲਵਾ ਨੇ ਸਾਥੀ ਕੌਂਸਲਰਾਂ ਅਤੇ ਹਲਕਾ ਵਿਧਾਇਕ ਬੀਬੀ ਸਰਬਜੀਤ ਕੌਰ ਮਾਣੂੰਕੇ ਦੇ ਪਤੀ ਪ੍ਰੋਫੈਸਰ ਸੁਖਵਿੰਦਰ ਸਿੰਘ ਸੁੱਖੀ ਤੇ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਸੁਖਦੇਵ ਸਿੰਘ ਰੰਧਾਵਾ ਨਾਲ ਤਿਰੰਗੇ ਨੂੰ ਸਲਾਮੀ ਦੇਣ ਮਗਰੋਂ ਨਗਰ ਕੌਂਸਲ ਦੇ ਕ੍ਰਮਚਾਰੀ ਤੇ ਅਧਿਕਾਰੀਆਂ ਨੂੰ ਉਨ੍ਹਾਂ ਦੀਆਂ ਚੰਗੀਆਂ ਸੇਵਾਵਾਂ ਬਦਲੇ ਸਨਮਾਨਤ ਵੀ ਕੀਤਾ ਗਿਆ। ਨਗਰ ਕੌਂਸਲ ਵੱਲੋਂ ਇਕੱਠੇ ਕੀਤੇ ਜਾਂਦੇ ਗਿੱਲੇ ਕੂੜੇ ਤੋਂ ਬਣਾਈ ਹੋਈ ਜੈਵਿਕ ਖਾਦ ਬਾਰੇ ਮੈਡਮ ਗਗਨ ਨੇ ਬਹੁਤ ਵਧੀਆ ਤਰੀਕੇ ਨਾਲ ਸਮਝਾਇਆ ਅਤੇ ਦੱਸਿਆ ਕਿ ਨਗਰ ਕੌਂਸਲ ਇਹ ਜੈਵਿਕ ਖਾਦ ਜੋ ਕੂੜੇ ਤੋਂ ਤਿਆਰ ਕੀਤੀ ਜਾਂਦੀ ਹੈ ਤੇ ਮੁਫ਼ਤ ਵੰਡੀ ਜਾਂਦੀ ਹੈ। ਕੋਈ ਵੀ ਆਪਣੇ ਘਰ ਵਾਸਤੇ, ਆਪਣੀ ਬਗੀਚੀ ਵਾਸਤੇ ਖਾਦ ਲੈਣ ਦਾ ਚਾਹਵਾਨ ਨਗਰ ਕੌਂਸਲ ਨਾਲ ਰਾਬਤਾ ਕਾਇਮ ਕਰ ਸਕਦਾ ਹੈ। ਝੰਡੇ ਦੀ ਰਸਮ ਤੋਂ ਮਗਰੋਂ ਪ੍ਰਧਾਨ ਨੇ ਨਗਰ ਕੌਂਸਲ ਦਫਤਰ ਦੇ ਸਾਹਮਣੇ ਮਿਊਂਸਪਲ ਪਾਰਕ ਵਿੱਚ ਸਥਿਤ ਮਹਾਨ ਆਜ਼ਾਦੀ ਘੁਲਾਟੀਏ ਲਾਲਾ ਲਾਜਪਤ ਰਾਏ ਜੀ ਦੇ ਬੁੱਤ ਉੱਪਰ ਸ਼ਰਧਾ ਦੇ ਫੁੱਲ ਭੇਟ ਕੀਤੇ।

**ਬਠਿੰਡਾ (ਪਰਵਿੰਦਰ ਜੀਤ ਸਿੰਘ)** : ਐਚ ਪੀ ਸੀ ਐਲ ਮਿੱਤਲ ਐਨਰਜੀ ਲਿਮਃ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਵੱਲੋਂ ਗਣਤੰਤਰ ਦਿਵਸ ਬੜੇ ਉਤਸਾਹ ਨਾਲ ਮਨਾਇਆ ਗਿਆ। ਕ੍ਰਮਚਾਰੀਆਂ ਦੇ ਪਰਿਵਾਰਾਂ ਨੇ ਐਚਐਮਈਐਲ ਟਾਊਨਸ਼ਿਪ ਵਿਖੇ ਆਯੋਜਤ ਸਮਾਗਮ ਵਿੱਚ ਵੀ ਹਿੱਸਾ ਲਿਆ। ਕਾਨਫਰੰਸ ਦੌਰਾਨ ਐਚਐਮਈਐਲ ਦੇ ਸੀਓਓ ਸ੍ਰੀ ਏਐਸ ਬਾਸੂ ਨੇ ਦੇਸ ਦੀ ਤਰੱਕੀ ਵਿੱਚ ਊਰਜਾ ਖੇਤਰ ਦੀ ਮਹੱਤਤਾ ਤੇ ਇਸ ਵਿੱਚ ਐਚਐਮਈਐਲ ਦੇ ਯੋਗਦਾਨ ਬਾਰੇ ਚਾਨਣਾ ਪਾਇਆ ਕਿ ਕਿਵੇਂ ਐਚਐਮਈਐਲ ਦੁਆਰਾ ਲਿਆਂਦੀ ਗਈ ਨਵੀਂ ਉਦਯੋਗਿਕ ਕ੍ਰਾਂਤੀ ਕਾਰਨ ਪੋਲੀਪ੍ਰੋਪੀਲੀਨ ਦੇ ਖੇਤਰ ਵਿੱਚ ਨਵੇਂ ਰਿਕਾਰਡ ਸਥਾਪਤ ਕੀਤੇ ਗਏ ਹਨ। ਇਸ ਮੌਕੇ ਅਪ੍ਰੇਸ਼ਨ ਵਿਭਾਗ ਦੇ ਉਪ ਪ੍ਰਧਾਨ ਸ੍ਰੀ ਕ੍ਰਿਸ਼ਨ ਟੁਟੇਜਾ, ਤਕਨੀਕੀ ਵਿਭਾਗ ਦੇ ਉਪ ਪ੍ਰਧਾਨ ਸ੍ਰੀ ਰਮੇਸ ਚੁੱਘ ਤੋਂ ਇਲਾਵਾ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ। ਪ੍ਰੋਗਰਾਮ ਦੀ ਸ਼ੁਰੂਆਤ ਐਚਐਮਈਐਲ ਦੇ ਸੀਓਓ ਸ੍ਰੀ ਏਐਸ ਬਾਸੂ ਨੇ ਝੰਡਾ ਲਹਿਰਾਉਣ ਨਾਲ ਕੀਤੀ। ਇਸ ਤੋਂ ਬਾਅਦ ਉਨ੍ਹਾਂ ਨੇ ਪਰੇਡ ਦਾ ਨਿਰੀਖਣ ਕੀਤਾ ਅਤੇ ਸੁਰੱਖਿਆ ਕ੍ਰਮਚਾਰੀਆਂ ਨੇ ਮਾਰਚ ਪਾਸਟ ਨਾਲ ਉਨ੍ਹਾਂ ਨੂੰ ਸਲਾਮੀ ਦਿੱਤੀ। ਸਮਾਗਮ ਨੂੰ ਸੰਬੋਧਨ ਕਰਦਿਆਂ ਸ੍ਰੀ ਬਾਸੂ ਨੇ ਕਿਹਾ ਕਿ ਗਣਤੰਤਰ ਦਿਵਸ ਭਵਿੱਖ ਪ੍ਰਤੀ ਸਾਡੀ ਜ਼ਿੰਮੇਵਾਰੀ ਦੀ ਯਾਦ ਦਿਵਾਉਂਦਾ ਹੈ, ਜਿਸ ਨੂੰ ਧਿਆਨ ਵਿੱਚ ਰੱਖਦੇ ਹੋਏ ਐਚਐਮਈਐਲ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਇੱਕ ਕੰਪਨੀ ਵਜੋਂ ਉਦਯੋਗ ਅਤੇ ਸਮਾਜ ਦੇ ਭਵਿੱਖ ਨੂੰ ਸੰਵਾਰਨ ਵਿੱਚ ਮਹੱਤਵਪੂਰਣ ਭੂਮਿਕਾ ਨਿਭਾਅ ਰਹੀ ਹੈ। ਗੁਰੂ ਗੋਬਿੰਦ ਸਿੰਘ ਰਿਫਾਇਨਰੀ ਸੂਬੇ ਦੀ ਸਭ ਤੋਂ ਵੱਡੀ ਨਿਵੇਸ਼ ਤੇ ਉਦਯੋਗਿਕ ਇਕਾਈ ਹੈ। ਇਸ ਤੋਂ ਇਲਾਵਾ ਉੱਤਰੀ ਭਾਰਤ ਦੀ ਤੇਲ, ਗੈਸ ਤੇ ਪੋਲੀਪ੍ਰੋਪੀਲੀਨ ਦੀ ਮੰਗ ਨੂੰ ਪੂਰਾ ਕਰਦੀ ਹੈ ਅਤੇ ਰਾਜ ਦੀ ਆਰਥਿਕਤਾ ਨੂੰ ਮਜਬੂਤ ਕਰਨ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਅ ਰਹੀ ਹੈ।

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)** : ਕੇਂਦਰੀ ਵਿਦਿਆਲਿਆ ਸਲਾਈਟ ਲੌਂਗੋਵਾਲ ਵਿਖੇ 75ਵਾਂ ਗਣਤੰਤਰ ਦਿਵਸ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਪ੍ਰਿੰਸੀਪਲ ਹਰੀਹਰ ਯਾਦਵ ਨੇ ਝੰਡਾ ਲਹਿਰਾ ਕੇ ਕੀਤੀ ਅਤੇ ਪੂਰੇ ਸਕੂਲ ਪਰਿਵਾਰ ਨੇ ਭਾਰਤ ਦੇ ਮਾਣ, ਗੌਰਵ ਅਤੇ ਸ਼ਾਨ ਭਾਵ ਭਾਰਤੀ ਤਿਰੰਗੇ ਅੱਗੇ ਸਿਰ ਝੁਕਾਇਆ। ਇਸ ਮੌਕੇ ਅੱਠਵੀਂ ਜਮਾਤ ਦੀ ਵਿਦਿਆਰਥਣ ਮਹਿਰੀਨ ਖਾਤੂਨ ਨੇ ਗਣਤੰਤਰ ਦਿਵਸ ਦੀ ਮਹੱਤਤਾ ਨੂੰ ਦਰਸਾਉਂਦਾ ਭਾਸ਼ਣ ਪੇਸ਼ ਕੀਤਾ, ਜਦਕਿ ਸਕੂਲ ਅਧਿਆਪਕਾ ਦੀਪਿਕਾ


ਲੌਂਗੋਵਾਲ

ਨੇ ਆਪਣੀ ਸਵੈ-ਰਚਿਤ ਕਵਿਤਾ ਸੁਣਾਈ। ਸਕੂਲ ਦੇ ਛੋਟੇ ਬੱਚਿਆਂ ਨੇ ਡਾਂਸ ਰਾਹੀਂ ਬਹੁਤ ਹੀ ਖੂਬਸੂਰਤ ਪੇਸ਼ਕਾਰੀ ਦਿੱਤੀ। ਸਕੂਲ ਅਧਿਆਪਕ ਰਾਜ ਕੁਮਾਰ ਜੰਡੋਲੀਆ ਨੇ ਵਿਦਿਆਰਥੀਆਂ ਅਤੇ ਆਏ ਹੋਏ ਮਹਿਮਾਨਾਂ ਨੂੰ ਗਣਤੰਤਰ ਦਿਵਸ ਦੇ ਇਤਿਹਾਸ ਤੋਂ ਜਾਣੂ ਕਰਵਾਇਆ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਨੇ ਵੀ ਸਾਰਿਆਂ ਨੂੰ ਗਣਤੰਤਰ ਦਿਵਸ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਭਾਰਤ ਨੂੰ ਵਿਕਸਿਤ ਦੇਸ਼ ਬਣਾਉਣ ਦੀ ਇਸ ਮੁਹਿੰਮ ਵਿੱਚ ਹਰ ਨਾਗਰਿਕ ਨੂੰ ਆਪਣੇ ਤਰੀਕੇ ਨਾਲ ਯੋਗਦਾਨ ਪਾਉਣਾ ਚਾਹੀਦਾ ਹੈ।

**ਰਾਜਪੁਰਾ (ਰਮੇਸ ਕਟਾਰੀਆ)** : ਸਥਾਨਕ ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਵਿਖੇ 5 ਪੰਜਾਬ ਬਟਾਲੀਅਨ ਐਨ ਸੀ ਸੀ ਦੇ 50 ਕੈਡਟਸ ਨੇ ਏ ਐਨ ਓ ਲੈਫਟੀਨੈਂਟ ਡਾ. ਜੈਦੀਪ ਸਿੰਘ ਦੀ ਅਗਵਾਈ ਹੇਠ ਗਣਤੰਤਰ ਦਿਵਸ ਮਨਾਇਆ। ਸਮਾਗਮ ਵਿਚ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਗਾਂਧੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਡਾ. ਗਾਂਧੀ ਨੇ ਆਪਣੇ ਸੰਬੋਧਨ ਵਿੱਚ ਦੇਸ਼ ਦੀ ਆਜ਼ਾਦੀ ਲਈ ਕੁਰਬਾਨ ਹੋਏ ਮਰਜੀਵੜਿਆਂ ਬਾਰੇ ਵਿੱਚ ਅਤੇ ਸੰਵਿਧਾਨ ਨਿਰਮਾਣ


ਰਾਜਪੁਰਾ

ਸਬੰਧੀ ਚਾਨਣਾ ਪਾਇਆ ਗਿਆ। ਉਨ੍ਹਾਂ ਵਿਦਿਆਰਥੀਆਂ ਨੂੰ ਆਜ਼ਾਦੀ ਦੇ ਸ਼ਹੀਦਾਂ ਵੱਲੋਂ ਪਾਏ ਪੂਰਨਿਆਂ ਉਪਰ ਚੱਲਣ ਅਤੇ ਮਜ਼ਬੂਤ ਰਾਸ਼ਟਰ ਦੇ ਨਿਰਮਾਣ ਵਿਚ ਯੋਗਦਾਨ ਪਾਉਣ ਦੀ ਅਪੀਲ ਕੀਤੀ।ਸਮਾਗਮ ਵਿਚ ਪਹੁੰਚੇ ਹੋਏ ਕੈਡਟਸ ਅਤੇ ਮਹਿਮਾਨਾਂ ਨੂੰ ਪ੍ਰਬੰਧਕਾਂ ਵੱਲੋਂ ਰਿਫਰੈਸ਼ਮੈਂਟ ਦਿੱਤੀ ਗਈ। ਰਾਸ਼ਟਰੀ ਗੀਤ ਤੋਂ ਬਾਅਦ ਸਮਾਗਮ ਦੀ ਸਮਾਪਤੀ ਕੀਤੀ ਗਈ। ਇਸ ਮੌਕੇ ਐਨ ਐਸ ਐਸ ਵਿਭਾਗ ਤੋਂ ਡਾ. ਵੰਦਨਾ ਗੁਪਤਾ ਅਤੇ ਅਕਾਂਤ ਗੁਪਤਾ ਵੀ ਮੌਜੂਦ ਸਨ।

**ਸਮਰਾਲਾ (ਸੁਰਜੀਤ ਸਿੰਘ)** : ਸੈਂਟੀਨਲ ਇੰਟਰਨੈਸਨਲ ਸਕੂਲ ਸਮਰਾਲਾ ਦੇ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ 75ਵਾਂ ਗਣਤੰਤਰ ਦਿਵਸ ਤੇ ਖੇਡਾਂ ਵਿੱਚ ਇਨਾਮ ਵੰਡ ਸਮਾਰੋਹ ਦੌਰਾਨ ਸੈਂਟੀਨਲ ਇੰਟਰਨੈਸ਼ਨਲ ਸਕੂਲ ਸਮਰਾਲਾ ਦੀ ਵਿਦਿਆਰਥਣ ਗੁਰਮਨ ਕੌਰ, ਜੋ ਕਿ ਰਾਜ ਵਿੱਚ ਸੋਨ ਤਗਮਾ ਜੇਤੂ ਰਹਿ ਚੁੱਕੀ, ਨੂੰ ਐਸ ਡੀ ਐਮ ਸਮਰਾਲਾ, ਐਮ. ਐਲ ਏ ਤੇ ਨਗਰ ਨਿਗਮ ਸਮਰਾਲਾ ਦੇ ਪ੍ਰਧਾਨ ਕਰਨਵੀਰ ਸਿੰਘ ਢਿੱਲੋਂ ਦੁਆਰਾ ਨਵੀਂ ਦਾਣਾ ਮੰਡੀ, ਚਾਵਾ ਰੋਡ, ਸਮਰਾਲਾ ਵਿਖੇ ਸਨਮਾਨਿਤ ਕੀਤਾ ਗਿਆ। ਸੋਨ ਤਗਮਾ ਜੇਤੂ ਵਿਦਿਆਰਥਣ ਗੁਰਮਨ ਕੌਰ ਨੇ ਸੈਂਟੀਨਲ ਇੰਟਰਨੈਸਨਲ ਸਕੂਲ ਸਮਰਾਲਾ ਦਾ ਨਾਂ ਰੋਸ਼ਨ ਕੀਤਾ। ਡਾ. ਪੂਨਮ ਸ਼ਰਮਾ ਨੇ ਗਣਤੰਤਰ ਦਿਵਸ ਤੇ ਸਨਮਾਨਿਤ ਕੀਤੀ


ਸਮਰਾਲਾ

ਵਿਦਿਆਰਥਣ ਉਸ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਸੈਂਟੀਨਲ ਇੰਟਰਨੈਸਨਲ ਸਕੂਲ ਸਮਰਾਲਾ ਦੇ ਹੋਰ ਵਿਦਿਆਰਥੀ ਇਸੇ ਤਰ੍ਹਾਂ ਖੇਡ ਮੁਕਾਬਲਿਆਂ ਵਿੱਚ ਹਿੱਸਾ ਲੈਂਦੇ ਰਹਿਣਗੇ ਅਤੇ ਸਕੂਲ ਦਾ ਨਾਂ ਚਮਕਾਉਂਦੇ ਰਹਿਣਗੇ।

**ਰਾਜਪੁਰਾ (ਰਮੇਸ ਕਟਾਰੀਆ)** : ਡੀ ਏ ਵੀ ਸਕੂਲ ਰਾਜਪੁਰਾ ਵਿਖੇ ਰਾਸ਼ਟਰੀ ਤਿਉਹਾਰ ਗਣਤੰਤਰ ਦਿਵਸ ਬਹੁਤ ਹੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਮੁੱਖ ਅਧਿਆਪਕਾ ਅਲਪਨਾ ਪਾਠਕ ਦੁਆਰਾ ਰਾਸ਼ਟਰੀ ਝੰਡਾ ਲਹਿਰਾਇਆ ਗਿਆ। ਵਿਦਿਆਰਥੀਆਂ ਦੁਆਰਾ ਦੇਸ਼ ਭਗਤੀ ਦੇ ਗੀਤਾਂ ਦੀ ਪੇਸ਼ਕਾਰੀ ਨੇ ਸਾਰਿਆਂ ਦਾ ਮਨ ਮੋਹ ਲਿਆ। ਇਸ ਮੌਕੇ ਵਿਦਿਆਰਥੀਆਂ ਦੁਆਰਾ ਸ਼ਾਨਦਾਰ ਨਾਚ ਪੇਸ਼ ਕੀਤਾ ਗਿਆ ਤੇ ਵਿਦਿਆਰਥੀਆਂ ਦੁਆਰਾ ਦੇਸ਼


ਰਾਜਪੁਰਾ

ਭਗਤੀ ਕਵਿਤਾ ਗਾਇਨ ਤੇ ਭਾਸਣ ਵੀ ਦਿੱਤਾ ਗਿਆ। ਸਕੂਲ ਦੀ ਮੁਖੀ ਅਲਪਨਾ ਪਾਠਕ ਨੇ ਵਿਦਿਆਰਥੀਆਂ ਨੂੰ ਆਪਣੇ ਅਧਿਕਾਰਾਂ ਪ੍ਰਤੀ ਸੁਚੇਤ ਰਹਿਣ, ਦੇਸ਼ ਪ੍ਰਤੀ ਆਪਣੇ ਜ਼ਿੰਮੇਵਾਰੀਆਂ ਨਿਭਾਉਣ ਤੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਦੇਣ ਦੀ ਪ੍ਰੇਰਣਾ ਦਿੱਤੀ।

**ਨਾਭਾ (ਵਰਿੰਦਰ ਵਰਮਾ)** : ਪੰਜਾਬ ਪਬਲਿਕ ਸਕੂਲ ਨਾਭਾ ਵਿਖੇ 75ਵਾਂ ਗਣਤੰਤਰ ਦਿਵਸ ਭਾਰੀ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦਾ ਆਰੰਭ ਸਕੂਲ ਹੈਡਮਾਸਟਰ ਡਾ. ਡੀ ਸੀ ਸ਼ਰਮਾ ਦੇ ਹੈਡਮਾਸਟਰ ਗਰੀਨ ਵਿੱਚ ਆਉਣ ਨਾਲ ਸ਼ੁਰੂ ਹੋਇਆ। ਇਸ ਮੌਕੇ ਝੰਡਾ ਲਹਿਰਾਉਣ ਦੀ ਰਸਮ ਸਕੂਲ ਹੈਡਮਾਸਟਰ ਡਾ. ਡੀ ਸੀ ਸ਼ਰਮਾ ਨੇ ਅਦਾ ਕੀਤੀ।

ਮੁੱਖ ਮਹਿਮਾਨ ਨੇ ਐਨ ਸੀ ਸੀ ਦੇ ਕੈਡਿਟਾਂ ਦੀ ਪਰੇਡ ਦਾ ਨਿਰੀਖਣ ਕੀਤਾ। ਗੁਰਲੀਨ ਕੌਰ, ਮੰਨਤ ਟਾਂਗਰੀ ਅਤੇ ਗੁਰਮਨਪ੍ਰੀਤ ਕੌਰ ਨੇ ਕ੍ਰਮਵਾਰ ਅੰਗਰੇਜ਼ੀ, ਹਿੰਦੀ ਅਤੇ ਪੰਜਾਬੀ ਵਿੱਚ ਗਣਤੰਤਰ ਦਿਵਸ ਸੰਬੰਧੀ ਆਪਣੇ ਵਿਚਾਰ ਪੇਸ਼ ਕੀਤੇ। ਸਮਾਗਮ ਦੌਰਾਨ ਸਕੂਲ ਵਿਦਿਆਰਥੀਆਂ ਵੱਲੋਂ ਗਾਏ ਦੇਸ਼ ਭਗਤੀ ਦੇ ਗੀਤਾਂ ਨੇ ਸਭ ਦਾ ਮਨ ਮੋਹ ਲਿਆ। ਪੂਰੇ ਸਮਾਗਮ ਦੇ ਸੰਚਾਲਨ ਦੀ ਭੂਮਿਕਾ ਤੇਜਸਵੀਰ ਬਡਿਆਲ ਨੇ ਨਿਭਾਈ। ਸਮਾਗਮ ਦੇ ਅੰਤ ਵਿੱਚ ਹੈਡਮਾਸਟਰ ਡਾ. ਡੀ ਸੀ ਸ਼ਰਮਾਂ ਨੇ ਸੰਬੋਧਨ ਕਰਦੇ ਹੋਏ ਵਿਦਿਆਰਥੀਆਂ ਨੂੰ ਆਖਿਆ ਕਿ ਉਹਨਾਂ ਨੂੰ ਆਪਣੇ ਜੀਵਨ ਵਿੱਚ ਸੰਵਿਧਾਨ ਦੀ ਪਾਲਣਾ ਕਰਦੇ ਹੋਏ ਸਮਾਜ ਨੂੰ ਬਿਹਤਰ ਦਿਸ਼ਾ ਵੱਲ ਲੈ ਕੇ ਜਾਣਾ ਚਾਹੀਦਾ ਹੈ।


ਮਾਛੀਵਾੜਾ ਸਾਹਿਬ



ਧਰਮਕੋਟ


ਅਮਲੋਹ

# ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਗੁਰਦੁਆਰਾ ਥੜਾ ਸਾਹਿਬ ਵਿਖੇ ਸ਼ਹੀਦ ਬਾਬਾ ਦੀਪ ਸਿੰਘ ਦਲ ਪੰਜਾਬ ਦੇ ਮੁੱਖ ਸੇਵਾਦਾਰ ਜਥੇਦਾਰ ਦਲਜੀਤ ਸਿੰਘ ਪੰਜਰਥ ਦੀ ਦੇਖ-ਰੇਖ ਹੇਠ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ, ਜਿਸ ਸਬੰਧੀ ਜਥੇਦਾਰ ਦਲਜੀਤ ਸਿੰਘ ਪੰਜਰਥ ਨੇ ਦੱਸਿਆ ਕਿ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਦਾ ਭੋਗ ਪੈਣ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਖੁੱਲ੍ਹੇ ਪੰਡਾਲ ਵਿੱਚ ਸੁਸ਼ੋਭਿਤ ਕੀਤਾ ਗਿਆ, ਜਿੱਥੇ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਵਿੱਚ ਰਾਗੀ ਸਿੰਘਾਂ ਵੱਲੋਂ ਕੀਰਤਨ ਕੀਤਾ ਗਿਆ ਅਤੇ ਢਾਡੀ ਸਿੰਘਾਂ ਵੱਲੋਂ ਬਾਬਾ ਦੀਪ ਸਿੰਘ ਜੀ ਦੀਆਂ ਵਾਰਾਂ ਗਾਈਆਂ ਗਈਆਂ ਅਤੇ ਉਨ੍ਹਾਂ ਦੇ ਜੀਵਨ 'ਤੇ ਵਿਸਥਾਰ ਪੂਰਵਕ ਚਾਨਣਾ ਪਾਇਆ। ਜਥੇਦਾਰ ਦਲਜੀਤ ਸਿੰਘ ਪੰਜਰਥ ਨੇ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਮਨਾਉਣ ਲਈ ਵਿਸ਼ੇਸ਼ ਤੌਰ 'ਤੇ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ, ਬਾਬਾ ਵਿਸ਼ਵਪ੍ਰਤਾਪ ਸਿੰਘ ਜੀ ਦਾ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਹ ਸਮੂਹ ਸੁਖਮਨੀ ਸਾਹਿਬ ਸੇਵਾ ਸੁਸਾਇਟੀਆਂ ਅਤੇ ਸਮੁੱਚੇ ਸ਼ਹਿਰ ਵਾਸੀਆਂ ਦਾ ਵੀ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਮਨਾਉਣ ਲਈ ਉਨ੍ਹਾਂ ਦੀ ਜਥੇਬੰਦੀ ਨੂੰ ਸਹਿਯੋਗ ਦਿੱਤਾ ਹੈ। ਇਸ ਮੌਕੇ ਬਾਬਾ ਦੀਪ ਸਿੰਘ ਦਲ ਪੰਜਾਬ ਵੱਲੋਂ ਸ਼ਹਿਰ ਤੇ ਪਤਵੰਤੇ ਸੱਜਣਾਂ, ਪੱਤਰਕਾਰ ਸਾਹਿਬਾਨਾਂ ਤੇ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਨੂੰ ਸਨਮਾਨਤ ਵੀ ਕੀਤਾ ਗਿਆ।




# ਦਫਤਰ ਡਿਪਟੀ ਕੁਲੈਕਟਰ ਐਂਡ ਕੰਪੀਟੈਂਟ ਅਥਾਰਟੀ

(ਐੱਨ ਐੱਸ ਈ ਐੱਲ) ਤੀਜੀ ਮੰਜ਼ਲ, ਓਲਡ ਕਸਟਮ ਹਾਊਸ, ਸ਼ਹੀਦ ਭਗਤ ਸਿੰਘ ਮਾਰਗ, ਫੋਰਟ ਮੁੰਬਈ-400001

## ਨੋਟਿਸ/ਮੋਹਰਬੰਦ ਬੋਲੀ ਨਿਲਾਮੀ ਦਾ ਸੱਦਾ

ਮਹਾਂਰਾਸ਼ਟਰ ਜਮ੍ਹਾਂਕਰਤਾਵਾਂ ਦੇ ਹਿੱਤਾਂ ਦੀ ਸੁਰੱਖਿਆ (ਵਿੱਤੀ ਅਦਾਰਿਆਂ 'ਚ) ਐਕਟ, 1999 (ਐੱਮ ਪੀ ਆਈ ਡੀ) ਤਹਿਤ ਮਹਾਂਰਾਸ਼ਟਰ ਸਰਕਾਰ ਰਾਹੀਂ ਕੁਰਕੀ ਦੀ ਪਾਲਣਾ 'ਚ ਅਤੇ ਮਾਣਯੋਗ ਐੱਮ ਪੀ ਆਈ ਡੀ ਅਦਾਲਤ ਦੇ ਨਿਰਦੇਸ਼ਾਂ ਤਹਿਤ, ਕੰਪੀਟੈਂਟ ਅਥਾਰਟੀ (ਇਸ ਤੋਂ ਬਾਅਦ 'ਸੀ ਏ' ਵਜੋਂ ਹਵਾਲਾ) ਨੇ ਕੁਇੱਕਰ ਰੀਅਲਟੀ ਪ੍ਰਾਈਵੇਟ ਲਿਮਟਿਡ (ਇਸ ਤੋਂ ਬਾਅਦ 'ਦਾ ਏਜੰਸੀ' ਵਜੋਂ ਹਵਾਲਾ) ਜੋ ਕਿ ਮਹਾਂਰਾਸ਼ਟਰ ਸਰਕਾਰ ਵੱਲੋਂ ਕੁਰਕ ਕੀਤੀਆਂ ਜਾਇਦਾਦਾਂ ਦੀ "ਜਿਵੇਂ ਹੈ ਜਿੱਥੇ ਹੈ ਅਤੇ ਉੱਥੇ ਜੋ ਵੀ ਹੈ" ਦੇ ਆਧਾਰ 'ਤੇ ਈ. ਨਿਲਾਮੀ ਰਾਹੀਂ ਵਿਕਰੀ 'ਚ ਸਹਾਇਤਾ ਲਈ ਨਿਯੁਕਤ ਕੀਤੀ ਗਈ ਹੈ, ਨੂੰ ਇਹ ਕੰਮ ਸੌਂਪਿਆ ਗਿਆ ਹੈ।

'ਸੀ ਏ' ਵੱਲੋਂ ਚਾਹਵਾਨ ਬੋਲੀਕਾਰਾਂ ਕੋਲੋਂ ਹੇਠਾਂ ਦਰਸਾਈ ਸਾਰਨੀ 'ਚ ਦੱਸੀ ਬੋਲੀ ਜਮ੍ਹਾਂ ਸਮੇਤ ਬਿਆਨਾ ਰਕਮ ਵਜੋਂ ਹਰੇਕ ਜਾਇਦਾਦ ਐੱਨ ਈ ਐੱਫ ਟੀ/ਆਰ ਟੀ ਜੀ ਸੀ ਰਾਹੀਂ ਜਾਇਦਾਦਾਂ ਦੀ ਵਿਕਰੀ ਲਈ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ।

## ਜਾਇਦਾਦ ਦਾ ਸੰਖੇਪ ਵੇਰਵਾ

### ਪੰਜਾਬ

| ਲੜੀ ਨੰ: | ਸਥਾਨ | ਪਤਾ | ਖੇਤਰ | ਈ ਓ ਆਈ ਡਿਪਾਜ਼ਟ | ਈ ਓ ਆਈ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ | ਬੋਲੀਆਂ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ | ਰਾਖਵੀਂ ਕੀਮਤ |
|---|---|---|---|---|---|---|---|
| 1 | ਨਵਾਂਸ਼ਹਿਰ | ਵਸੀਕਾ ਨੰ. 182 ਖੱਤਾ ਨੰ. 17/17 ਖਸਰਾ: 6//11 (7-0), 12//1 (1-0), ਪਿੰਡ ਮੇਂਹਦੀਪੁਰ, ਨਵਾਂਸ਼ਹਿਰ, ਪੰਜਾਬ-144514 | 1 ਏਕੜ | 1,00,000/- | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | ਐੱਨ ਏ |
| 2 | ਨਵਾਂਸ਼ਹਿਰ | ਵਸੀਕਾ ਨੰ. 173 ਖੱਤਾ ਨੰ. 128/142 ਖਸਰਾ: 2//18 (3-4), 19/1 (2-0), ਖੱਤਾ ਨੰ. 24/204 ਖਸਰਾ ਨੰ. 2//21 (8-0), 22 (8-0), 23 (9-12), 7//4/2 (7-12), 6 (8-0), 7/1 (7-12), 14/2 (3-19), 15/1 (4-0) 8//1 (8-0), 2 (8-0) ਖੱਤਾ ਨੰ. 131/145 ਖਸਰਾ: 3//14/2 (1-7), 24/1 (0-16), 24/3 (0-0), 7//4/1 (0-8), 7/2 (0-8), 13/2/1 (0-8), 13/2/2 (0-0), 14/1 (0-0), ਖੱਤਾ ਨੰ. 132/146 ਖਸਰਾ: 8//9 (3-14) ਖੱਤਾ ਨੰ. 133/148 ਖਸਰਾ: 8//10 (7-0) ਪਿੰਡ ਨਿਆਮਤਪੁਰ, ਨਵਾਂਸ਼ਹਿਰ, ਪੰਜਾਬ-144518 | 10.24 ਏਕੜ | 1,00,000/- | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | ਐੱਨ ਏ |
| 3 | ਨਵਾਂਸ਼ਹਿਰ | ਵਸੀਕਾ ਨੰ. 547 ਖੱਤਾ ਨੰ. 2/2 ਖਸਰਾ: 6//18 (8-0), 19 (8-0), 20/1 (4-0), 21/1 (1-0), 21/2 (3-0), 22 (8-0), 23 (8-0), 24/1 (4-0) ਪਿੰਡ ਮੇਂਹਦੀਪੁਰ, ਨਵਾਂਸ਼ਹਿਰ ਪੰਜਾਬ-144514 | 1.5 ਏਕੜ | 1,00,000/- | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | ਐੱਨ ਏ |
| 4 | ਨਵਾਂਸ਼ਹਿਰ | ਵਸੀਕਾ ਨੰ. 593 ਖੱਤਾ ਨੰ. 128/142 ਖਸਰਾ: 2//18 (3-4), 19/1 (2-0) ਪਿੰਡ ਨਿਆਮਤਪੁਰ, ਨਵਾਂਸ਼ਹਿਰ ਪੰਜਾਬ-144518 | 0.5 ਏਕੜ | 1,00,000/- | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | ਐੱਨ ਏ |
| 5 | ਨਵਾਂਸ਼ਹਿਰ | ਵਸੀਕਾ ਨੰ. 648 ਖੱਤਾ ਨੰ. 151/165 ਖਸਰਾ: 12//5 (8-0), 6 (8-0), 15 (4-8), 16 (3-12), 15 (3-12), 16 (3-10), ਪਿੰਡ ਬਹਿਲੂਰ ਕਲਾਂ, ਨਵਾਂਸ਼ਹਿਰ ਪੰਜਾਬ-144517 | 1.1 ਏਕੜ | 1,00,000/- | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | ਐੱਨ ਏ |
| 6 | ਨਵਾਂਸ਼ਹਿਰ | ਵਸੀਕਾ ਨੰ. 649 ਖੱਤਾ ਨੰ. 219/246 ਖਸਰਾ: 12//17 (8-0) ਪਿੰਡ ਬਹਿਲੂਰ ਕਲਾਂ, ਨਵਾਂਸ਼ਹਿਰ ਪੰਜਾਬ-144517 | 1 ਏਕੜ | 1,00,000/- | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | ਐੱਨ ਏ |
| 7 | ਨਵਾਂਸ਼ਹਿਰ | ਵਸੀਕਾ ਨੰ. 651 ਖੱਤਾ ਨੰ. 5/1/5/1 ਖਸਰਾ: 5//4 (8-0) ਪਿੰਡ ਮੇਂਹਦੀਪੁਰ, ਨਵਾਂਸ਼ਹਿਰ ਪੰਜਾਬ-144514 | 1 ਏਕੜ | 1,00,000/- | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | ਐੱਨ ਏ |
| 8 | ਨਵਾਂਸ਼ਹਿਰ | ਵਸੀਕਾ ਨੰ. 653 ਖੱਤਾ ਨੰ. 5/5 ਖਸਰਾ: 5//5 (5-0) ਖੱਤਾ ਨੰ. 5/1, 5/1 ਖਸਰਾ: 2//24/1 (3-11) ਪਿੰਡ ਮੇਂਹਦੀਪੁਰ, ਨਵਾਂਸ਼ਹਿਰ ਪੰਜਾਬ-144514 | 0.79 ਏਕੜ | 1,00,000/- | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | ਐੱਨ ਏ |
| 9 | ਨਵਾਂਸ਼ਹਿਰ | ਵਸੀਕਾ ਨੰ. 650 ਖੱਤਾ ਨੰ. 219/246 ਖਸਰਾ: 12//4 (8-0) ਪਿੰਡ ਬਹਿਲੂਰ ਕਲਾਂ ਨਵਾਂਸ਼ਹਿਰ ਪੰਜਾਬ-144517 | 1 ਏਕੜ | 1,00,000/- | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | ਐੱਨ ਏ |
| 10 | ਨਵਾਂਸ਼ਹਿਰ | ਵਸੀਕਾ ਨੰ. 652 ਖੱਤਾ ਨੰ. 219/246 ਖਸਰਾ: 12//7 (8-0) ਪਿੰਡ ਬਹਿਲੂਰ ਕਲਾਂ ਨਵਾਂਸ਼ਹਿਰ ਪੰਜਾਬ-144517 | 1 ਏਕੜ | 1,00,000/- | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | ਐੱਨ ਏ |
| 11 | ਨਵਾਂਸ਼ਹਿਰ | ਵਸੀਕਾ ਨੰ. 654 ਖੱਤਾ ਨੰ. 219/246 ਖਸਰਾ: 12//14 (8-0) ਪਿੰਡ ਬਹਿਲੂਰ ਕਲਾਂ ਨਵਾਂਸ਼ਹਿਰ ਪੰਜਾਬ-144517 | 1 ਏਕੜ | 1,00,000/- | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | ਐੱਨ ਏ |
| 12 | ਨਵਾਂਸ਼ਹਿਰ | ਵਸੀਕਾ ਨੰ. 1538 ਖੱਤਾ ਨੰ. 138/140 ਖਸਰਾ: 2//16 (2-2), 24 (7-9), 25 (8-0), 4//10 (8-10), 5//5/1 (6-15) ਖੱਤਾ ਨੰ. 141/143 ਖਸਰਾ: 5//5/2 (0-9), 6/1 (0-8), 15/2 (0-8), 16/1 (0-8), 24/2 (0-0), 25/3 (0-17), 15//4/1 (0-8), 7/2 (0-7), 1611/1 (0-18), 2/1 (0-4) ਪਿੰਡ ਸ਼ੇਖਾ ਮਜਾਰਾ ਨਵਾਂਸ਼ਹਿਰ ਪੰਜਾਬ-140306 | 2.07 ਏਕੜ | 1,00,000/- | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | ਐੱਨ ਏ |
| 13 | ਨਵਾਂਸ਼ਹਿਰ | ਵਸੀਕਾ ਨੰ. 3509 ਖੱਤਾ ਨੰ. 38/140 ਖਸਰਾ: 2//16 (2-2), 24 (7-9), 25 (8-0), 4//10 (8-0), 5//5/1 (6-15) ਪਿੰਡ ਸ਼ੇਖਾ ਮਜਾਰਾ ਨਵਾਂਸ਼ਹਿਰ ਪੰਜਾਬ-140306 | 2.01 ਏਕੜ | 1,00,000/- | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | ਐੱਨ ਏ |
| 14 | ਨਵਾਂਸ਼ਹਿਰ | ਵਸੀਕਾ ਨੰ. 249 ਖੱਤਾ ਨੰ. 11/11 ਖਸਰਾ: 6//7 (8-0), 8 (7-11), 9 (5-2), 12/2 (7-0), 13/1 (1-0), ਖੱਤਾ ਨੰ. 12/12 ਖਸਰਾ: 6//17 (8-0) ਪਿੰਡ ਮੇਂਹਦੀਪੁਰ ਨਵਾਂਸ਼ਹਿਰ ਪੰਜਾਬ-144514 | 4.08 ਏਕੜ | 1,00,000/- | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | ਐੱਨ ਏ |
| 15 | ਨਵਾਂਸ਼ਹਿਰ | ਵਸੀਕਾ ਨੰ. 430 ਖੱਤਾ ਨੰ. 1/1 ਖਸਰਾ: 5//10/1 (1-18), 10/2 (4-1), 6//4 (4-0), 5 (7-11), 6 (4-11), 13/2 (7-0), 14 (8-0) ਖਸਰਾ ਨੰ. 6//15 (8-0) ਪਿੰਡ ਮੇਂਹਦੀਪੁਰ ਨਵਾਂਸ਼ਹਿਰ ਪੰਜਾਬ-144514 | 5 ਏਕੜ | 1,00,000/- | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | ਐੱਨ ਏ |
| 16 | ਨਵਾਂਸ਼ਹਿਰ | ਵਸੀਕਾ ਨੰ. 550 (44 ਕੇ 0 ਮਰਲਾ ਵਿੱਚੋਂ 12/44ਵਾਂ ਹਿੱਸਾ) ਖੱਤਾ ਨੰ. 2/2 ਖਸਰਾ ਨੰ. 6//18 (8-0), 19 (8-0), 20/1 (4-0), 21/1 (1-0), 21/2 (3-0), 22 (8-0), 23 (8-0), 24/1 (4-0) ਕਿੱਤਾ 8 ਜਮ੍ਹਾਂਬੰਦੀ 2007-08 ਵਾਕਿਆ ਰਕਬਾ ਮੇਂਹਦੀਪੁਰ, ਤਹਿਸੀਲ ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਪੰਜਾਬ-141013 | 1.5 ਏਕੜ | 1,00,000/- | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | ਐੱਨ ਏ |
| 17 | ਨਵਾਂਸ਼ਹਿਰ | ਜ਼ਮੀਨ ਖੱਤਾ ਨੰ. 12/12 - ਖਸਰਾ ਨੰ. 6//17 (8-0) ਖੱਤਾ ਨੰ. 2/2 - ਖਸਰਾ ਨੰ. 6//18 (8-0) 19 (8-0) 20/1 (4-0) 21/1 (1-0) 21/2 (3-0) 22 (8-0) 23 (8-0) 24/1 (4-0), ਪਿੰਡ ਮੇਂਹਦੀਪੁਰ, ਤਹਿਸੀਲ ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ (ਐੱਸ ਬੀ ਐੱਸ), ਸਟੇਟ ਪੰਜਾਬ | 1.5 ਏਕੜ | 1,00,000/- | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | 14 ਫਰਵਰੀ 2024 ਸ਼ਾਮ ਦੇ 5.00 ਵਜੇ ਤੱਕ | ਐੱਨ ਏ |

ਜਾਇਦਾਦ ਦਾ ਸਮੇਤ ਈ ਐੱਮ ਡੀ ਅਤੇ ਭੇਜੀ ਗਈ ਰਕਮ, ਨਿਰੀਖਣ ਦੀ ਮਿਤੀ, ਨਿਲਾਮੀ ਦਾ ਸਮਾਂ ਅਤੇ ਸੰਬੰਧਤ ਅਦਾਲਤਾਂ ਦੇ ਹੁਕਮ ਆਦਿ ਦਾ ਮੁਕੰਮਲ ਵੇਰਵਾ ਕੁਇੱਕਰ ਰੀਅਲਟੀ ਦੀ ਵੈੱਬਸਾਈਟ www.quikrrealty.com 'ਤੇ ਉਪਲੱਬਧ ਹੈ।

1. ਚਾਹਵਾਨ ਬੋਲੀਕਾਰਾਂ ਨੂੰ ਕੁਇੱਕਰ ਰੀਅਲਟੀ ਦੀ ਵੈੱਬਸਾਈਟ www.quikrrealty.com 'ਤੇ ਪ੍ਰਦਰਸ਼ਿਤ ਸ਼ਰਤਾਂ ਦੇ ਨਿਯਮਾਂ ਦੇ ਵੇਰਵੇ ਦਾ ਹਵਾਲਾ ਲੈਣ ਦੀ ਸਲਾਹ ਦਿੱਤੀ ਜਾਂਦੀ ਹੈ।
2. ਚਾਹਵਾਨ ਬੋਲੀਕਾਰ, ਜਿਨ੍ਹਾਂ ਨੂੰ ਸਹਾਇਤਾ ਦੀ ਲੋੜ ਹੈ, ਕੁਇੱਕਰ ਰੀਅਲਟੀ ਪ੍ਰਾਈਵੇਟ ਲਿਮਟਿਡ ਨਾਲ ਈਮੇਲ ਆਈ ਡੀ : auctions@quikrrealty.com ਜਾਂ ਸੰਪਰਕ ਨੰਬਰ 9176197676 ਰਾਹੀਂ ਸੰਪਰਕ ਕਰ ਸਕਦੇ ਹਨ।
3. ਵਿਕਰੀ, ਐੱਮ ਪੀ ਆਈ ਡੀ ਅਦਾਲਤ ਦੇ ਹੁਕਮਾਂ ਅਨੁਸਾਰ ਕੀਤੀ ਜਾਵੇਗੀ।

ਸਥਾਨ : ਮੁੰਬਈ
ਮਿਤੀ : 29 ਜਨਵਰੀ 2024

ਡਿਪਟੀ ਕੁਲੈਕਟਰ ਐਂਡ
ਕੰਪੀਟੈਂਟ ਅਥਾਰਟੀ (ਐੱਨ ਐੱਸ ਈ ਐੱਲ)
ਮੁੰਬਈ

29-JAN-PAGE-7.qxd 1/28/2024 10:18 PM Page 1



# 6 ਨੌਜਵਾਨ ਨਜਾਇਜ਼ ਹਥਿਆਰਾਂ ਸਮੇਤ ਕਾਬੂ




**ਮੂਨਕ (ਰਾਜਪਾਲ ਸਿੰਗਲਾ)**

ਜ਼ਿਲ੍ਹੇ ਦੇ ਐਸ ਐਸ ਪੀ ਵੱਲੋਂ ਅਨਸਰਾਂ ਦੇ ਖਿਲਾਫ਼ ਚਲਾਈ ਗਈ ਮੁਹਿੰਮ ਤਹਿਤ ਡੀਐਸਪੀ ਪਰਮਿੰਦਰ ਸਿੰਘ ਗਰੇਵਾਲ ਮੂਨਕ ਦੀ ਅਗਵਾਈ ਹੇਠ ਇੱਕ ਵੱਡੀ ਕਾਮਯਾਬੀ ਹਾਸਲ ਹੋਈ ਹੈ। ਐਸਐਚਓ ਸੁਰਿੰਦਰ ਭੱਲਾ ਮੂਨਕ ਵੱਲੋਂ ਏਐਸਆਈ ਤਰਸੇਮ ਲਾਲ ਦੀ ਅਗਵਾਈ ਹੇਠ ਇੱਕ ਟੀਮ ਤਿਆਰ ਕੀਤੀ ਗਈ, ਜੋ 26 ਜਨਵਰੀ ਗਣਤੰਤਰ ਦਿਵਸ ਦੇ ਸਬੰਧ ਵਿੱਚ ਮੂਨਕ ਟੋਹਾਣਾ ਰੋਡ ਰਾਮਪੁਰਾ ਪਿਕਟ ਇੰਟਰ ਸਟੇਟ ਨਾਕੇ 'ਤੇ ਸਪੈਸ਼ਲ ਨਾਕੇਬੰਦੀ ਕਰਕੇ ਵਹੀਕਲਾਂ ਦੀ ਚੈਕਿੰਗ ਕਰ ਰਿਹਾ ਸੀ ਤਾਂ ਦੌਰਾਨੇ ਚੈਕਿੰਗ ਟੋਹਾਣਾ ਸਾਈਡ ਤੋਂ ਆ ਰਹੀ ਇੱਕ ਕਾਰ ਆਈ 20 ਐਚਆਰ 13 ਐਫ 2294 ਨੂੰ ਚੈਕਿੰਗ ਲਈ ਰੋਕਿਆ ਤੇ ਕਾਰ ਵਿੱਚ ਸਵਾਰ ਚਾਰ ਨੌਜਵਾਨ ਰਣਬੀਰ ਸਿੰਘ ਪੁੱਤਰ ਹਰਵਿੰਦਰ ਸਿੰਘ ਰਾਜਲੇਹੜੀ, ਜਸਪ੍ਰੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਰਾਜਹੇੜੀ, ਦਿਲਪ੍ਰੀਤ ਸਿੰਘ ਉਰਫ਼ ਦਿੱਲੀ ਪੁੱਤਰ ਗੁਰਬਾਜ਼ ਸਿੰਘ ਵਾਸੀ ਰਤਨਗੜ੍ਹ ਸਿੰਧਣਾ ਤੇ ਲਖਵਿੰਦਰ ਸਿੰਘ ਉਰਫ਼ ਲੱਖੀ ਪੁੱਤਰ ਗੁਰਤੇਜ ਸਿੰਘ ਵਾਸੀ ਭਾਠੂਆਂ ਨੂੰ ਫ਼ਿਜ਼ੀਕਲ ਤੌਰ 'ਤੇ ਚੈੱਕ ਕੀਤਾ ਤਾਂ ਦੌਰਾਨੇ ਚੈਕਿੰਗ ਉਕਤ ਨੰਬਰੀ ਕਾਰ ਦੇ ਗੇਅਰ ਲੀਵਰ ਕੋਲੋਂ ਰੱਖੇ ਪੋਲੀਥੀਨ ਦੇ ਲਿਫ਼ਾਫ਼ੇ ਵਿੱਚੋਂ ਇੱਕ ਪਿਸਤੌਲ ਦੇਸੀ 32 ਬੋਰ ਅਤੇ ਮੈਗਜ਼ੀਨ, ਜਿਸ ਵਿੱਚ ਦੋ ਜ਼ਿੰਦਾ ਕਾਰਤੂਸ, 32 ਬੋਰ ਬਰਾਮਦ ਕਰਾ ਕੇ, ਮੁਕੱਦਮਾ ਦਰਜ ਕਰ, 4 ਦੋਸ਼ੀਆਂ ਦਾ ਪੁਲਸ ਰਿਮਾਂਡ ਹਾਸਲ ਕਰ ਲਿਆ ਹੈ। ਦੋਸ਼ੀਆਂ ਪਾਸੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ। ਉਨ੍ਹਾਂ ਅੱਗੇ ਦੱਸਿਆ ਕਿ 9 ਜਨਵਰੀ ਨੂੰ ਦੋਸ਼ੀ ਜਸਪਾਲ ਸਿੰਘ ਪੁੱਤਰ ਸਤਪਾਲ ਸਿੰਘ ਵਾਸੀ ਚਕੇਰੀਆਂ ਥਾਣਾ ਮਾਨਸਾ ਦੇ ਕੋਲੋਂ ਇੱਕ ਪਿਸਟਲ, ਦੇਸੀ 32 ਬੋਰ, ਦੋ ਜ਼ਿੰਦਾ ਰੌਂਦ ਬਰਾਮਦ ਕੀਤੇ।

# ਅੰਨ੍ਹੇ ਕਤਲ ਦੀ ਗੁੱਥੀ ਨੂੰ 10 ਘੰਟਿਆਂ 'ਚ ਸੁਲਝਾਇਆ

**ਬਠਿੰਡਾ (ਪਰਵਿੰਦਰਜੀਤ ਸਿੰਘ)**

ਅਕਾਸ਼ਦੀਪ ਸਿੰਘ ਪੁੱਤਰ ਸੁਖਦੀਪ ਸਿੰਘ ਵਾਸੀ ਚਾਉਕੇ ਨੇ ਪੁਲਸ ਚੌਂਕੀ ਚਾਉਕੇ ਥਾਣਾ ਸਦਰ ਰਾਮਪੁਰਾ ਪਾਸ ਇੱਕ ਸ਼ਿਕਾਇਤ ਕੀਤੀ ਕਿ ਉਸ ਦਾ ਭਰਾ ਅਰਸ਼ਦੀਪ ਸਿੰਘ ਸ਼ਾਮ ਨੂੰ ਘਰੋਂ ਚਲਾ ਗਿਆ ਸੀ, ਜਿਸ ਦੀ ਉਹ ਭਾਲ ਕਰ ਰਹੇ ਸੀ। ਪੁਲਸ ਚੌਂਕੀ ਚਾਉਕੇ ਤੇ ਥਾਣਾ ਸਦਰ ਰਾਮਪੁਰਾ ਦੀ ਪੁਲਸ ਵੱਲੋਂ ਇਸ ਵਾਰਦਾਤ ਨੂੰ ਟਰੇਸ ਕਰਨ ਤੁਰੰਤ ਕਾਰਵਾਈ ਅਮਲ ਵਿੱਚ ਲਿਆ ਕੇ ਡੂੰਘਾਈ ਨਾਲ ਕਾਤਲਾਂ ਦਾ ਪਤਾ ਲਗਾ ਕੇ ਸਫ਼ਲਤਾ ਹਾਸਲ ਕੀਤੀ ਗਈ। ਸ਼੍ਰੀ ਮੋਹਿਤ ਕੁਮਾਰ ਅਗਰਵਾਲ ਪੀ.ਪੀ.ਐਸ. ਡੀ.ਐੱਸ.ਪੀ ਫੂਲ ਨੇ ਦੱਸਿਆ ਕਿ ਅਕਾਸ਼ਦੀਪ ਸਿੰਘ ਪੁੱਤਰ ਸੁਖਦੀਪ ਸਿੰਘ ਵਾਸੀ ਚਾਉਕੇ ਨੇ ਪੁਲਸ ਚੌਂਕੀ ਚਾਉਕੇ ਥਾਣਾ ਸਦਰ ਰਾਮਪੁਰਾ ਪਾਸ ਇੱਕ ਸ਼ਿਕਾਇਤ ਕੀਤੀ ਸੀ ਕਿ ਉਸ ਦਾ ਭਰਾ ਅਰਸ਼ਦੀਪ ਸਿੰਘ ਉਮਰ ਕਰੀਬ 22 ਸਾਲ ਘਰੋਂ ਚਲਾ ਗਿਆ ਸੀ, ਜਿਸ ਦੀ ਉਹ ਭਾਲ ਕਰ ਰਹੇ ਸੀ, ਤਾ ਪਰਵਾਰਕ ਮੈਂਬਰਾਂ ਨੂੰ ਪਤਾ ਲੱਗਾ ਕਿ ਅਰਸ਼ਦੀਪ ਸਿੰਘ ਨੂੰ 17.01.2024 ਦੀ ਸ਼ਾਮ ਨੂੰ ਗੁਰਭਿੰਦਰ ਸਿੰਘ ਉਰਫ ਗੋਲਡੀ ਪੁੱਤਰ ਮਲਕੀਤ ਸਿੰਘ ਅਤੇ ਬਲਜੀਤ ਸਿੰਘ ਉਰਫ਼ ਪ੍ਰਭੂ ਪੁੱਤਰ ਰਾਜ ਸਿੰਘ ਵਾਸੀਆਨ ਚਾਉਕੇ ਆਪਣੇ ਸਪਲੈਂਡਰ ਮੋਟਰਸਾਇਕਲ (ਗੁਰਭਿੰਦਰ ਸਿੰਘ ਦਾ) 'ਤੇ ਮੇਲਾ ਦੇਖਣ ਦਾ ਬਹਾਨਾ ਲਾ ਕੇ ਮੋਟਰਸਾਇਕਲ 'ਤੇ ਬਿਠਾ ਕੇ ਲੈ ਗਏ ਸਨ, ਜਿਸ ਸਬੰਧੀ ਪੜਤਾਲ ਕਰਨ 'ਤੇ ਪਤਾ ਲੱਗਾ ਕਿ ਉਸਦੇ ਭਰਾ ਨੂੰ ਗੁਰਭਿੰਦਰ ਸਿੰਘ ਤੇ ਬਲਜੀਤ ਸਿੰਘ ਨੇ ਕਿਤੇ ਮਾਰ ਕੇ ਕਿਤੇ ਖਪਾ ਦਿੱਤਾ ਹੈ। ਵਜ੍ਹਾ ਇਹ ਕਿ ਕੁੱਝ ਸਮਾਂ ਪਹਿਲਾਂ ਅਰਸ਼ਦੀਪ ਸਿੰਘ ਅਤੇ ਗੁਰਭਿੰਦਰ ਸਿੰਘ ਦੀ ਆਪਸ ਵਿੱਚ ਅਣਬਣ ਹੋ ਗਈ, ਪਰ ਬਾਅਦ ਵਿੱਚ ਸੁਲਾਹ ਹੋ ਗਈ ਸੀ, ਪਰ ਗੁਰਭਿੰਦਰ ਸਿੰਘ ਅਜੇ ਵੀ ਦਿਲ ਵਿੱਚ ਖਾਰ ਰੱਖਦਾ ਸੀ, ਜਿਸ 'ਤੇ ਮੁਕੱਦਮਾ ਦਰਜ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਂਦੀ ਹੈ।

# 60 ਗ੍ਰਾਮ ਹੈਰੋਇਨ ਸਣੇ ਤਸਕਰ ਕਾਬੂ



**ਜਗਰਾਉਂ (ਅਮਿਤ ਖੰਨਾ)**

ਜ਼ਿਲ੍ਹਾ ਲੁਧਿਆਣਾ ਦਿਹਾਤੀ ਅੰਦਰ ਨਸ਼ਿਆਂ ਨੇ ਆਪਣਾ ਏਨਾ ਮਾਰੂ ਪ੍ਰਭਾਵ ਪਾਇਆ ਹੋਇਆ ਹੈ ਕਿ ਦੂਜੇ ਇਲਾਕਿਆਂ ਤੋਂ ਹੈਰੋਇਨ ਵੇਚਣ ਵਾਲੇ ਤਸਕਰਾਂ ਨੂੰ ਵੀ ਆਪਣਾ ਕਾਲਾ ਵਿਉਪਾਰ ਚਲਾਉਣ ਲਈ ਵਧੀਆ ਮੰਡੀ ਨਜ਼ਰ ਆ ਰਿਹਾ ਹੈ ਅਤੇ ਉਹ ਲੋਕ ਇਲਾਕੇ ਅੰਦਰ ਨਸ਼ਾ ਸਪਲਾਈ ਕਰਨ ਅੱਖਾਂ ਮੀਚ ਕੇ ਆ ਜਾਂਦੇ ਹਨ, ਪਰ ਪੁਲਸ ਦੀ ਚੌਕਸ ਨਿਗਰਾਨੀ ਹੇਠ ਕਾਬੂ ਕਰ ਲਏ ਜਾਂਦੇ ਹਨ। ਅਜਿਹੇ ਹੀ ਇੱਕ ਤਸਕਰ ਨੂੰ ਥਾਣਾ ਸਿਟੀ ਜਗਰਾਉਂ ਵੱਲੋਂ 60 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਥਾਣਾ ਸਿਟੀ ਦੇ ਐਸ ਐਚ ਓ ਇੰਸਪੈਕਟਰ ਸੰਜੀਵ ਕਪੂਰ ਤੋਂ ਮਿਲੀ ਜਾਣਕਾਰੀ ਮੁਤਾਬਕ ਸਭ ਇੰਸਪੈਕਟਰ ਗੁਰਸੇਵਕ ਸਿੰਘ ਸਮੇਤ ਆਪਣੇ ਸਾਥੀ ਪੁਲਸ ਕ੍ਰਮਚਾਰੀਆਂ ਦੇ ਨਾਲ ਝਾਂਸੀ ਰਾਣੀ ਚੌਕ ਜਗਰਾਉਂ ਮੌਜੂਦ ਸਨ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਸਾਹਿਬ ਸਿੰਘ ਪੁੱਤਰ ਜੰਡ ਸਿੰਘ ਵਾਸੀ ਪਿੰਡ ਰਾਮੂੰਵਾਲਾ ਕਲਾਂ, ਜਿਲਾ ਮੋਗਾ ਹੈਰੋਇਨ ਵੇਚਣ ਦਾ ਕੰਮ ਕਰਦਾ ਹੈ, ਜੋ ਅੱਜ ਵੀ ਹੈਰੋਇਨ ਦੀ ਸਪਲਾਈ ਦੇਣ ਲਈ ਕਾਰ ਮਾਰਕਾ ਆਲਟੋ ਨੰਬਰ ਡੀਐਲ08 ਸੀਐਚ-7551 ਰੰਗ ਸਿਲਵਰ 'ਤੇ ਸਵਾਰ ਹੋ ਕੇ ਲਿੰਕ ਸੜਕ ਪਿੰਡ ਡੱਲਾ ਤਰਫੋਂ ਕੋਠੇ ਰਾਹਲਾ ਜਗਰਾਂਉ ਵੱਲ ਨੂੰ ਆਵੇਗਾ, ਜਿਸ ਨੂੰ ਪੁਲ ਸੂਆ ਬਾਹੱਦ ਪਿੰਡ ਕੋਠੇ ਰਾਂਹਲਾ ਪਰ ਨਾਕਾਬੰਦੀ ਕਰਕੇ ਬਾਬੂ ਕੀਤਾ ਗਿਆ। ਦੋਸ਼ੀ ਪਾਸੋਂ 60 ਗ੍ਰਾਮ ਹੈਰੋਇਨ ਬਰਾਮਦ ਕਰਕੇ ਥਾਣਾ ਸਿਟੀ ਜਗਰਾਉਂ ਵਿਖੇ ਮੁਕਦਮਾ ਦਰਜ ਕੀਤਾ ਗਿਆ ਹੈ।

## ਭਾਰਤ ਬੰਦ ਸਫ਼ਲ ਬਣਾਉਣ ਲਈ ਤਿਆਰੀਆਂ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) ਸੰਯੁਕਤ ਕਿਸਾਨ ਮੋਰਚੇ ਦੇ ਦੇਸ਼ਵਿਆਪੀ ਸੱਦੇ ਤਹਿਤ ਗਣਤੰਤਰ ਦਿਵਸ ਮੌਕੇ ਕਿਸਾਨ ਜਥੇਬੰਦੀਆਂ ਵੱਲੋਂ ਵਿਸ਼ਾਲ ਟਰੈਕਟਰ ਮਾਰਚ ਕੀਤਾ ਗਿਆ। ਇਸ ਦੌਰਾਨ ਕਿਸਾਨ ਜਥੇਬੰਦੀਆਂ ਨੇ 16 ਫਰਵਰੀ ਨੂੰ ਭਾਰਤ ਬੰਦ ਦੇ ਸੱਦੇ ਨੂੰ ਸਫਲ ਬਣਾਉਣ ਦੀ ਜ਼ੋਰਦਾਰ ਤਿਆਰੀਆਂ ਕਰਨ ਦਾ ਐਲਾਨ ਕੀਤਾ। ਮਾਰਚ ਦੌਰਾਨ ਕਿਸਾਨ ਜਥੇਬੰਦੀਆਂ ਨੇ ਕਿਸਾਨਾਂ ਦੇ ਕਰਜ਼ੇ 'ਤੇ ਲੀਕ ਮਾਰਨ, ਪ੍ਰੀ-ਪੇਡ ਮੀਟਰਾਂ ਲਾਉਣ ਦਾ ਫ਼ੈਸਲੇ ਨੂੰ ਵਾਪਸ ਲੈਣ, ਕਿਸਾਨ ਪਰਵਾਰਾਂ ਲਈ 10 ਹਜ਼ਾਰ ਰੁਪਏ ਮਹੀਨਾ ਪੈਨਸ਼ਨ ਸਕੀਮ ਲਾਗੂ ਕਰਨ, ਲਖੀਮਪੁਰ ਖੀਰੀ ਕਾਂਡ ਦੇ ਮੁੱਖ ਦੋਸ਼ੀ ਅਜੇ ਮਿਸ਼ਰਾ ਟੈਨੀ ਨੂੰ ਕੇਸ ਦਰਜ ਕਰਕੇ ਗ੍ਰਿਫ਼ਤਾਰ ਕਰਨ ਆਦਿ ਮੰਗਾਂ ਨੂੰ ਲੈ ਕੇ ਕਿਸਾਨਾਂ ਵੱਲੋਂ ਜ਼ੋਰਦਾਰ ਆਵਾਜ਼ ਬੁਲੰਦ ਕੀਤੀ ਗਈ।

ਸ਼ਹਿਰ ਵਿੱਚ ਟਰੈਕਟਰ ਮਾਰਚ ਉਪਰੰਤ ਅਨਾਜ ਮੰਡੀ ਵਿੱਚ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਹਰਭਜਨ ਸਿੰਘ ਬੁੱਟਰ, ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਮੀਤ ਪ੍ਰਧਾਨ ਕੁਲਵੰਤ ਸਿੰਘ ਮੌਲਵੀਵਾਲਾ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਗੁਰਵਿੰਦਰ ਸਿੰਘ ਦੇਧਨਾ ਤੇ ਜਮਹੂਰੀ ਕਿਸਾਨ ਸਭਾ ਦੇ ਆਗੂ ਪੂਰਨ ਚੰਦ ਨਹੇੜਾ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਕਿਸਾਨਾਂ ਨਾਲ ਮੰਗਾਂ ਮੰਨਣ ਸਬੰਧੀ ਕੀਤੇ ਲਿਖਤੀ ਵਾਅਦੇ ਤੋਂ ਮੁੱਕਰ ਕੇ ਵਿਸ਼ਵਾਸਘਾਤ ਕੀਤਾ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਕਾਰਪੋਰੇਟ ਪੱਖੀ ਨੀਤੀਆਂ ਕਾਰਨ ਕਿਸਾਨ ਹੀ ਨਹੀਂ, ਮਜ਼ਦੂਰ, ਮੁਲਾਜ਼ਮ, ਵਪਾਰੀ, ਦੁਕਾਨਦਾਰ, ਡਰਾਈਵਰ ਤੇ ਹੋਰ ਤਬਕੇ ਬੁਰੀ ਤਰ੍ਹਾਂ ਪ੍ਰੇਸ਼ਾਨ ਹਨ।

## ਡੀ ਐੱਸ ਪੀ ਅਵਤਾਰ ਸਿੰਘ ਨੇ ਅਹੁਦਾ ਸੰਭਾਲਿਆ



**ਮਲੋਟ (ਗੁਰਮੀਤ ਸਿੰਘ ਮੱਕੜ)**-ਨਵ ਨਿਯੁਕਤ ਡੀ ਐਸ ਪੀ ਅਵਤਾਰ ਸਿੰਘ ਰਾਜਪਾਲ ਨੇ ਅਹੁਦਾ ਸੰਭਾਲ ਲਿਆ ਹੈ। ਜ਼ਿਕਰਯੋਗ ਹੈ ਕਿ ਉਹ ਅਬੋਹਰ ਤੋਂ ਬਦਲ ਕੇ ਆਏ ਹਨ ਤੇ ਇਸ ਤੋਂ ਪਹਿਲਾਂ ਉਹ ਗਿੱਦੜਬਾਹਾ ਵਿਖੇ ਆਪਣੀਆਂ ਸੇਵਾਵਾਂ ਦੇ ਚੁੱਕੇ ਹਨ। ਹੱਸਮੁੱਖ ਤੇ ਨਿੱਘੇ ਸੁਭਾਅ ਦੇ ਮਾਲਕ ਡੀ.ਐਸ.ਪੀ ਅਵਤਾਰ ਸਿੰਘ ਰਾਜਪਾਲ ਨੇ ਸ਼ਹਿਰ ਵਾਸੀਆਂ ਤੋਂ ਸਹਿਯੋਗ ਦੀ ਮੰਗ ਕੀਤੀ ਹੈ।

# ਟਰੈਕਟਰ ਮਾਰਚ ਕਰਕੇ ਦਿੱਤਾ 16 ਦੇ ਬੰਦ ਦਾ ਸੱਦਾ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**

ਸੰਯੁਕਤ ਕਿਸਾਨ ਮੋਰਚਾ ਦੇ ਦੇਸ਼ ਵਿਆਪੀ ਸੱਦੇ ਤਹਿਤ ਗੁਰੂਹਰਸਹਾਏ ਵਿੱਚ ਕਿਸਾਨ ਜਥੇਬੰਦੀਆਂ ਨੇ ਵੱਡੀ ਪੱਧਰ 'ਤੇ ਟਰੈਕਟਰ ਮਾਰਚ ਕਰਕੇ 16 ਫਰਵਰੀ ਨੂੰ ਬੰਦ ਦੇ ਸੱਦੇ ਨੂੰ ਸਫ਼ਲ ਬਣਾਉਣ ਦੀ ਜ਼ੋਰਦਾਰ ਸ਼ੁਰੂਆਤ ਕਰ ਦਿੱਤੀ। ਮਾਰਚ ਦੌਰਾਨ ਕਿਸਾਨ ਜਥੇਬੰਦੀਆਂ ਨੇ ਕਿਸਾਨਾਂ-ਖੇਤ ਮਜ਼ਦੂਰਾਂ ਦੇ ਕਰਜ਼ੇ 'ਤੇ ਲੀਕ ਮਾਰਨ, ਸਾਰੀਆਂ ਫ਼ਸਲਾਂ ਦੀ ਸੀ 2+50% ਫਾਰਮੂਲੇ ਨਾਲ ਐਮ ਐਸ ਪੀ ਤੇ ਖਰੀਦ ਦੀ ਗਾਰੰਟੀ ਦਾ ਕਾਨੂੰਨ ਬਣਾਉਣ, ਖੇਤੀ ਲਾਗਤ ਵਸਤਾਂ ਦੀਆਂ ਕੀਮਤਾਂ ਘਟਾਉਣ, ਪ੍ਰੀਪੇਡ ਮੀਟਰਾਂ ਦੀ ਨੀਤੀ ਨੂੰ ਵਾਪਸ ਲੈਣ, ਸਰਲ ਅਤੇ ਸਰਕਾਰੀ ਫਸਲ ਬੀਮਾ ਯੋਜਨਾ ਲਾਗੂ ਕਰਨ, ਕਿਸਾਨ ਪਰਿਵਾਰਾਂ ਲਈ ਦਸ ਹਜ਼ਾਰ ਰੁਪਏ ਮਹੀਨਾ ਪੈਨਸ਼ਨ ਸਕੀਮ ਲਾਗੂ ਕਰਨ, ਲਖੀਮਪੁਰ ਖੀਰੀ ਕਾਂਡ ਦੇ ਮੁੱਖ ਸਰਗਨੇ ਕੇਂਦਰੀ ਗ੍ਰਹਿ ਰਾਜ ਮੰਤਰੀ ਅਜੇ ਮਿਸ਼ਰਾ ਟੈਨੀ ਨੂੰ ਕੇਸ ਦਰਜ ਕਰਕੇ ਗ੍ਰਿਫ਼ਤਾਰ ਕਰਨ ਅਤੇ ਚਾਰ ਲੇਬਰ ਕੋਡਾਂ ਨੂੰ ਰੱਦ ਕਰਨ ਦੇ ਨਾਲ-ਨਾਲ ਬਿਜਲੀ, ਰੇਲਵੇ ਸਮੇਤ ਪਬਲਿਕ ਸੈਕਟਰ ਦੇ ਨਿੱਜੀਕਰਨ ਦੀਆਂ ਨੀਤੀਆਂ ਨੂੰ ਰੱਦ ਕਰਨ ਦੀਆਂ ਮੰਗਾਂ ਨੂੰ ਕੇਂਦਰ ਤੇ ਸੂਬਾ ਸਰਕਾਰ ਨੂੰ ਮੰਨ ਕੇ ਲਾਗੂ ਕਰਨ ਲਈ ਜ਼ੋਰਦਾਰ ਆਵਾਜ਼ ਬੁਲੰਦ ਕੀਤੀ। ਟਰੈਕਟਰ ਮਾਰਚ ਦੌਰਾਨ ਹੋਏ ਇਕੱਠਾਂ ਨੂੰ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਸੰਬੋਧਨ ਕੀਤਾ। ਉਨ੍ਹਾਂ ਕਿਸਾਨਾਂ ਨੂੰ ਖੇਤੀ ਖੇਤਰ ਉੱਤੇ ਕਾਰਪੋਰੇਟ ਪੱਖੀ ਨੀਤੀਆਂ ਦੇ ਹਮਲੇ ਨੂੰ ਪਛਾੜਨ ਲਈ ਤਿੰਨ ਖੇਤੀ ਕਾਨੂੰਨਾਂ ਵਿਰੁੱਧ ਲੜੇ ਗਏ ਇਤਿਹਾਸਕ ਤੇ ਸ਼ਾਨਾਮੱਤੇ ਕਿਸਾਨ ਘੋਲ ਤੋਂ ਪ੍ਰੇਰਨਾ ਲੈ ਕੇ ਅਗਲੇ ਪੜਾਅ ਦੇ ਜੁਝਾਰੂ ਘੋਲ ਲਈ ਤਿਆਰ ਹੋਣ ਦਾ ਸੱਦਾ ਦਿੱਤਾ। ਕਿਸਾਨ ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਨੂੰ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਤੋਂ ਵੱਧ ਕੁਝ ਪਿਆਰਾ ਨਹੀਂ। ਇਸਨੇ ਕਾਰਪੋਰੇਟ ਦੇ 14.56 ਲੱਖ ਕਰੋੜ ਰੁਪਏ ਦੇ ਕਰਜ਼ੇ 'ਤੇ ਲੀਕ ਮਾਰ ਦਿੱਤੀ। ਕਾਰਪੋਰੇਟ ਘਰਾਣਿਆਂ ਨੇ ਆਪਣੇ ਮੁਨਾਫ਼ਿਆਂ ਖਾਤਰ ਦੇਸ ਲੁੱਟ ਲਿਆ। ਦੇਸ ਵਿੱਚ ਅਮੀਰਾਂ ਗ਼ਰੀਬਾਂ ਵਿੱਚ ਪਾੜਾ ਸਿਖਰ ਨੂੰ ਪਹੁੰਚ ਗਿਆ, ਪਰ ਸੰਸਾਰ ਵਿੱਚ ਅੱਜ ਜਦੋਂ ਅਨਾਜ ਦਾ ਸੰਕਟ ਗਹਿਰਾ ਹੋ ਰਿਹਾ, ਉਦੋਂ ਦੇਸ ਦੀ ਅਨਾਜ ਸੁਰੱਖਿਆ ਲਈ ਦਿਨ-ਰਾਤ ਮਿਹਨਤ ਕਰਨ ਵਾਲੇ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਨਾਲ ਸਰਕਾਰਾਂ ਦਾ ਰਵੱਈਆ ਮਤਰੇਈ ਮਾਂ ਵਾਲਾ ਹੈ। ਉਹ ਕਰਜ਼ੇ ਦੇ ਮਾਰੇ ਖੁਦਕੁਸ਼ੀਆਂ ਕਰਨ ਲਈ ਮਜਬੂਰ ਹਨ। ਉਨ੍ਹਾਂ ਨੂੰ ਫ਼ਸਲਾਂ ਦਾ ਲਾਹੇਵੰਦ ਭਾਅ ਨਹੀ ਮਿਲਦਾ। ਕਿਸਾਨ ਆਗੂਆਂ ਨੇ ਕਿਸਾਨਾਂ ਖੇਤ ਮਜ਼ਦੂਰਾਂ ਸਿਰ ਚੜ੍ਹੇ ਕਰਜ਼ੇ 'ਤੇ ਲੀਕ ਮਾਰਨ ਅਤੇ ਸਾਰੀਆਂ ਫ਼ਸਲਾਂ ਦਾ ਸੀ 2+50% ਫਾਰਮੂਲੇ ਨਾਲ ਐਮ ਐਸ ਪੀ ਤੇ ਖਰੀਦ ਦੀ ਗਾਰੰਟੀ ਦਾ ਕਾਨੂੰਨ ਬਣਾਉਣ ਦੀ ਮੰਗ ਕੀਤੀ।



# ਜਾਲ੍ਹੀ ਜਾਤੀ ਸਰਟੀਫ਼ਿਕੇਟ ਬਣਾਉਣ ਵਾਲੇ ਦੇ ਰਹੇ ਧਮਕੀਆਂ



**ਦਿੜ੍ਹਬਾ (ਜਸਵੀਰ ਲਾਡੀ)**-ਅਨੁਸੂਚਿਤ ਜਾਤੀਆਂ ਦੀਆਂ 36 ਮੁਲਾਜ਼ਮ ਤੇ ਸਮਾਜਿਕ ਜਥੇਬੰਦੀਆਂ ਦੀ ਸਾਂਝੀ ਐਕਸ਼ਨ ਕਮੇਟੀ ਵੱਲੋਂ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਐਕਸ਼ਨ ਦੇ ਰਾਜ ਸਿੰਘ ਟੋਡਰਵਾਲ, ਹਰਵਿੰਦਰ ਸਿੰਘ ਮੰਡੇਰ, ਮਾਂਗੇ ਰਾਮ, ਕੈਪਟਨ ਹਰਭਜਨ ਸਿੰਘ, ਬਲਵਿੰਦਰ ਸਿੰਘ ਜ਼ਿਲ੍ਹੇਦਾਰ ਅਤੇ ਹੋਰ ਆਗੂਆਂ ਨੇ ਕਿਹਾ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੁਆਰਾ ਰਚਿਤ ਸੰਵਿਧਾਨ ਨੇ ਸਭਨਾਂ ਦੇ ਹੱਕਾਂ ਲਈ ਪ੍ਰਬੰਧ ਕੀਤਾ ਹੈ। ਉਨ੍ਹਾਂ ਕਿਹਾ ਕਿ ਅਨੁਸੂਚਿਤ ਜਾਤੀਆਂ ਦੇ ਜਾਅਲੀ ਸਰਟੀਫਿਕੇਟ ਬਣਾ ਕੇ ਰਸੂਖਦਾਰ ਲੋਕ ਸਰਕਾਰ ਦੀ ਸ਼ਹਿ 'ਤੇ ਪਹਿਲਾਂ ਸਰਕਾਰੀ ਨੌਕਰੀਆਂ ਲੈ ਕੇ ਸੁੱਖ ਸਹੂਲਤਾਂ ਲੈਣ ਤੇ ਜਦੋਂ ਅਨੁਸੂਚਿਤ ਜਾਤੀ ਦਾ ਕੋਈ ਵਿਅਕਤੀ ਆਪਣੇ ਹੱਕਾਂ ਦੀ ਲੜਾਈ ਲੜਦਿਆਂ ਉਨ੍ਹਾਂ ਜਾਅਲੀ ਸਰਟੀਫਿਕੇਟ ਧਾਰਕਾਂ ਦਾ ਵਿਰੋਧ ਕਰਦਾ ਹੈ ਤਾਂ ਉਹ ਆਪਣੇ ਰਸੂਖ ਜ਼ਰੀਏ ਉਨ੍ਹਾਂ ਦੀ ਆਵਾਜ਼ ਬੰਦ ਕਰਨ ਲਈ ਉਨ੍ਹਾਂ 'ਤੇ ਝੂਠੇ ਕੇਸ ਬਣਾਉਂਦੇ ਹਨ। ਅਜਿਹਾ ਹੀ ਜਾਅਲੀ ਸਰਟੀਫਿਕੇਟ ਧਾਰਕਾਂ ਦੇ ਗਲੇ ਦੀ ਹੱਡੀ ਬਣਿਆ ਸੀ। ਬਲਵੀਰ ਸਿੰਘ ਆਲਮਪੁਰ, ਜਿਸ ਨੇ ਅਨੁਸੂਚਿਤ ਜਾਤੀਆਂ ਦੇ ਜਾਅਲੀ ਸਰਟੀਫਿਕੇਟ ਬਣਾ ਕੇ ਨੌਕਰੀਆਂ ਕਰਨ ਵਾਲੇ ਵੱਡੇ ਅਫ਼ਸਰਾਂ ਨੂੰ ਨੰਗਾ ਕੀਤਾ ਹੈ। ਉਸ 'ਤੇ ਪੰਜਾਬ ਦੀ ਅਖੌਤੀ ਇਮਾਨਦਾਰ ਸਰਕਾਰ ਨੇ ਝੂਠੇ ਕੇਸ 'ਚ ਫਸਾ ਕੇ ਉਸ ਨੂੰ ਜਾਅਲੀ ਸਰਟੀਫ਼ਿਕੇਟ ਧਾਰਕਾਂ ਦੇ ਕੇਸਾਂ ਦੀ ਇਨਕੁਆਰੀਆਂ ਬੰਦ ਕਰਾਉਣ ਅਤੇ ਕੇਸ ਵਾਪਸ ਲੈਣ ਲਈ ਜੇਲ੍ਹ 'ਚ ਡੱਕ ਦਿੱਤਾ ਗਿਆ ਤੇ ਪਰਵਾਰ ਨੂੰ ਤੰਗ-ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹੁਣ ਭਗਵੰਤ ਮਾਨ ਸਰਕਾਰ ਦੀ ਸ਼ਹਿ 'ਤੇ ਜਾਅਲੀ ਸਰਟੀਫਿਕੇਟ ਧਾਰਕ ਉਸਦੇ ਘਰ ਅੱਗੇ ਆ ਕੇ ਪਰਵਾਰ ਨੂੰ ਧਮਕਾਉਂਦੇ ਹਨ। ਇਸ ਲਈ ਸਰਕਾਰ ਨੂੰ ਸਬਕ ਸਿਖਾਉਣ ਅਤੇ ਹੱਕਾਂ ਦੀ ਲੜਾਈ ਲਈ ਸਾਂਝੀ ਐਕਸ਼ਨ ਕਮੇਟੀ ਵੱਲੋਂ ਵੱਡਾ ਐਕਸ਼ਨ ਕਰਨ ਦਾ ਫੈਸਲਾ ਕੀਤਾ ਹੈ। ਇਸ ਮੌਕੇ ਉਨ੍ਹਾਂ ਨੇ ਰਣਬੀਰ ਕਾਲਜ ਰੋਡ 'ਤੇ ਸਥਿਤ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੀ ਪ੍ਰਤਿਮਾ ਅੱਗੇ ਸ਼ਰਧਾ ਦੇ ਫੁੱਲ ਭੇਟ ਕੀਤੇ।

# 'ਆਪ' ਦਾ ਉਪ ਪ੍ਰਧਾਨ ਆਪਣੀ ਹੀ ਸਰਕਾਰ ਖ਼ਿਲਾਫ਼ ਹੋ ਗਿਆ ਤੱਤਾ




**ਜਲਾਲਾਬਾਦ (ਪਰਮਜੀਤ ਢਾਬਾਂ)**

ਗਣਤੰਤਰ ਦਿਵਸ ਦੇਸ਼ ਭਰ ਵਿੱਚ ਧੂਮਧਾਮ ਨਾਲ ਮਨਾਇਆ ਗਿਆ। ਸਮਾਗਮ ਨੂੰ ਹੋਰ ਵਧੀਆ ਬਣਾਉਣ ਲਈ ਸਕੂਲਾਂ ਦੇ ਨੰਨੇ-ਮੁੰਨੇ ਬੱਚਿਆਂ ਨੇ ਹੱਡ ਚੀਰਦੀ ਠੰਡ ਵਿੱਚ ਆਪਣੇ ਇਨਕਲਾਬੀ ਗੀਤ ਸੰਗੀਤ ਰਾਹੀਂ ਰੰਗ ਬੰਨ੍ਹੀ ਰੱਖਿਆ, ਉਥੇ ਹੀ ਵੱਡੀ ਗਿਣਤੀ ਵਿੱਚ ਸਮਾਗਮ 'ਚ ਸੱਤਾ ਧਿਰ ਤੋਂ ਨਾਰਾਜ ਹੋਣ ਕਰਕੇ ਵੱਡੀ ਗਿਣਤੀ ਵਿੱਚ ਨਾ ਆਏ ਲੋਕਾਂ ਕਾਰਨ ਕੁਰਸੀਆਂ ਖਾਲੀ ਦਿਖਾਈ ਦਿੱਤੀਆਂ। ਸਮਾਗਮ ਵਿੱਚ ਹਾਜ਼ਰ ਕੁੱਝ ਲੋਕਾਂ ਦਾ ਕਹਿਣਾ ਸੀ ਕਿ ਲੋਕ ਇਹ ਸਰਕਾਰ ਤੋਂ ਵੀ ਬੁਰੀ ਤਰ੍ਹਾਂ ਨਿਰਾਸ਼ ਹੋ ਚੁੱਕੇ ਹਨ। ਇਸ ਕਰਕੇ ਉਹ ਦੇਸ਼ ਭਗਤੀ ਦੇ ਸਮਾਗਮਾਂ ਵਿੱਚ ਵੀ ਸਰਕਾਰ ਖਿਲਾਫ਼ ਰੋਸ ਜਿਤਾਉਣ ਲਈ ਇਨ੍ਹਾਂ ਸਮਾਗਮਾਂ ਤੋਂ ਕਿਨਾਰਾ ਕਰ ਰਹੇ ਹਨ। ਨਗਰ ਕੌਂਸਲ ਦੇ ਸੀਨੀਅਰ ਮੀਤ ਪ੍ਰਧਾਨ ਰਸ਼ਪਾਲ ਸਿੰਘ ਢੋਲਾ ਨੇ ਸਿੱਧੇ ਤੌਰ 'ਤੇ ਸਮਾਗਮ ਤੋਂ ਬਾਅਦ ਦੋਸ਼ ਲਾਉਂਦਿਆਂ ਕਿਹਾ ਕਿ ਉਸ ਨਾਲ ਪੱਖਪਾਤ ਵਾਲਾ ਰਵੱਈਆ ਅਪਣਾਇਆ ਜਾ ਰਿਹਾ ਹੈ। ਉਹ ਅਨੁਸੂਚਿਤ ਜਾਤੀ ਨਾਲ ਸੰਬੰਧਤ ਹੈ, ਇਸ ਕਰਕੇ ਉਸ ਨੂੰ ਨਾ ਤਾਂ ਬੀਤੇ 15 ਅਗਸਤ ਤੇ ਨਾ ਹੀ ਗਣਤੰਤਰ ਦਿਵਸ 'ਤੇ ਉਸ ਨੂੰ ਸਨਮਾਨਤ ਕੀਤਾ ਗਿਆ ਹੈ, ਜਦੋਂ ਕਿ ਉਸ ਦੀ ਕੁਰਸੀ ਮੁੱਖ ਕੁਰਸੀਆਂ ਦੇ ਵਿੱਚ ਡਾਹੀ ਗਈ ਸੀ। ਮੌਜੂਦਾ ਸਰਕਾਰ ਦੇ ਨਗਰ ਕੌਂਸਲ ਦੇ ਸੀਨੀਅਰ ਮੀਤ ਪ੍ਰਧਾਨ ਵੱਲੋਂ ਗਣਤੰਤਰ ਦਿਵਸ ਦੇ ਸਮਾਗਮ 'ਤੇ ਸਰਕਾਰ ਖਿਲਾਫ਼ ਹੀ ਮੋਰਚਾ ਖੋਲ੍ਹ ਦੇਣਾ ਲੋਕਾਂ ਵਿੱਚ ਚਰਚਾ ਦਾ ਵਿਸਾ ਬਣਿਆ ਹੋਇਆ ਹੈ। ਇਹ ਹੁਣ ਆਉਣ ਵਾਲਾ ਸਮਾਂ ਹੀ ਦੱਸੇਗਾ ਕਿ ਇਥੋਂ ਦਾ ਪ੍ਰਸ਼ਾਸਨ ਅਤੇ ਸੱਤਾਧਾਰੀ ਧਿਰ ਦੇ ਆਗੂ ਕਿਸ ਤਰ੍ਹਾਂ ਦਾ ਰੁਖ ਅਖਤਿਆਰ ਕਰਦੇ ਹਨ।

# ਏ ਐੱਸ ਆਈ ਬਲਜੀਤ ਸਿੰਘ ਨੂੰ ਸਨਮਾਨ ਦੇ ਕੇ ਨਿਵਾਜਿਆ



**ਜਗਰਾਉਂ (ਅਮਿਤ ਖੰਨਾ)**

ਗਣਤੰਤਰ ਦਿਵਸ ਦੇ ਮੌਕੇ ਗੌਰਮੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਹਰ ਸਾਲ ਦੀ ਤਰ੍ਹਾਂ ਵੱਡੇ ਪੱਧਰ 'ਤੇ ਜਸ਼ਨ ਮਨਾਇਆ ਗਿਆ। ਪ੍ਰੋਗਰਾਮ ਵਿੱਚ ਉੱਚੇਚੇ ਤੌਰ 'ਤੇ ਲੁਧਿਆਣਾ ਦਿਹਾਤੀ ਪੁਲਸ ਦੇ ਏਐਸਆਈ ਬਲਜੀਤ ਸਿੰਘ, ਜੋ ਪਿਛਲੇ ਕਾਫੀ ਸਮੇਂ ਤੋਂ ਐਸ ਐਸ ਪੀ ਦਫਤਰ ਵਿਖੇ ਆਪਣੀਆਂ ਸੇਵਾਵਾਂ ਦੇ ਰਹੇ ਹਨ, ਨੂੰ ਉਨ੍ਹਾਂ ਦੀ ਚੰਗੀ ਕਾਰਗੁਜ਼ਾਰੀ ਬਦਲੇ ਸਨਮਾਨ ਦੇ ਕੇ ਨਿਵਾਜਿਆ ਗਿਆ। ਇਸ ਮੌਕੇ ਉਪ ਮੰਡਲ ਮਜਿਸਟ੍ਰੇਟ ਗੁਰਬੀਰ ਸਿੰਘ ਕੋਹਲੀ ਨੇ ਏਐਸਆਈ ਬਲਰਾਜ ਸਿੰਘ ਨੂੰ ਸਨਮਾਨ ਚਿੰਨ੍ਹ ਦੇਣ ਸਮੇਂ ਉਚੇਚੇ ਤੌਰ 'ਤੇ ਥਾਪੜਾ ਦੇ ਕੇ ਉਸ ਦੀ ਹੌਸਲਾ ਅਫ਼ਜ਼ਾਈ ਕੀਤੀ।

# ਬਾਦਲ ਵਿਖੇ ਕੀਤੀ ਗਈ ਮੀਟਿੰਗ ਨੇ ਰੈਲੀ ਦਾ ਰੂਪ ਧਾਰਿਆ

**ਲੰਬੀ/ਮੁਕਤਸਰ (ਸ਼ਮਿੰਦਰਪਾਲ, ਪਰਮਜੀਤ, ਪੂਜਾ)**-ਇਸਤਰੀ ਅਕਾਲੀ ਦਲ ਵੱਲੋਂ ਪਿੰਡ ਬਾਦਲ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਘਰ ਇੱਕ ਵੱਡੀ ਮੀਟਿੰਗ ਇਸਤਰੀ ਵਿੰਗ ਦੇ ਕੌਮੀ ਪ੍ਰਧਾਨ ਹਰਗੋਬਿੰਦ ਕੌਰ ਦੀ ਪ੍ਰਧਾਨਗੀ ਹੇਠ ਕੀਤੀ ਗਈ, ਜੋ ਰੈਲੀ ਦਾ ਰੂਪ ਧਾਰਨ ਕਰ ਗਈ। ਇਸ ਮੌਕੇ ਲੰਬੀ ਹਲਕੇ ਤੋਂ ਸੈਂਕੜਿਆਂ ਦੀ ਗਿਣਤੀ ਵਿੱਚ ਆਈਆਂ ਔਰਤਾਂ ਨੇ ਹਰਗੋਬਿੰਦ ਕੌਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ। ਇਨ੍ਹਾਂ ਔਰਤਾਂ ਦਾ ਕਹਿਣਾ ਸੀ ਕਿ ਹਰਗੋਬਿੰਦ ਕੌਰ ਸੂਬੇ ਦੀਆਂ ਲੱਖਾਂ ਔਰਤਾਂ ਦੀ ਅਵਾਜ਼ ਨੂੰ ਚੁੱਕ ਰਹੀ ਹੈ ਤੇ ਸਰਕਾਰ ਦੇ ਕੰਨ ਖਿੱਚ ਕੇ ਉਨ੍ਹਾਂ ਦੇ ਮਸਲਿਆਂ ਨੂੰ ਹੱਲ ਕਰਾ ਰਹੀ ਹੈ।

ਹਰਗੋਬਿੰਦ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ 1 ਫਰਵਰੀ ਤੋਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਜੋ ਪੰਜਾਬ ਬਚਾਓ ਯਾਤਰਾ ਸ਼ੁਰੂ ਕੀਤੀ ਜਾ ਰਹੀ ਹੈ, ਉਸ ਵਿੱਚ ਇਸਤਰੀ ਅਕਾਲੀ ਦਲ ਨਾਲ ਸਬੰਧਤ ਔਰਤਾਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੀਆਂ। ਉਨ੍ਹਾਂ ਕਿਹਾ ਕਿ ਲੰਬੀ ਵਿਧਾਨ ਸਭਾ ਹਲਕੇ ਵਿੱਚ ਪੰਜਾਬ ਬਚਾਓ ਯਾਤਰਾ 20 ਫਰਵਰੀ ਨੂੰ ਆ ਰਹੀ ਹੈ। ਇਸ ਦਿਨ ਲੰਬੀ ਹਲਕੇ ਦੀਆਂ ਔਰਤਾਂ ਇੱਕ ਥਾਂ ਇਕੱਠੀਆਂ ਹੋਣਗੀਆਂ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਸਾਰੇ ਵਰਗਾਂ ਦੇ ਲੋਕ ਨਿਰਾਸ਼ ਹਨ ਤੇ ਝਾੜੂ ਹੁਣ ਖਿੱਲਰ ਗਿਆ ਹੈ। ਉਨ੍ਹਾਂ ਕਿਹਾ ਕਿ ਲੋਕ ਅਕਾਲੀ ਦਲ ਨਾਲ ਜੁੜ ਰਹੇ ਹਨ। ਇਸ ਮੌਕੇ ਬਲਾਕ ਲੰਬੀ ਦੀ ਪ੍ਰਧਾਨ ਮਨਜੀਤ ਕੌਰ ਲੰਬੀ, ਬੇਅੰਤ ਕੌਰ ਮਹਿਣਾ, ਜਸਵੀਰ ਕੌਰ ਗੱਗੜ, ਮਨਦੀਪ ਕੌਰ ਮਿੱਡੂਖੇੜਾ, ਵੀਰਪਾਲ ਕੌਰ ਸਿੱਖਵਾਲਾ, ਸੀਮਾ ਪੱਕੀ ਟਿੱਬੀ, ਅਮਨਦੀਪ ਕੌਰ ਡੱਬਵਾਲੀ ਢਾਬ, ਰਾਜ ਕੌਰ ਖਿਉਵਾਲੀ, ਕੁਲਵਿੰਦਰ ਕੌਰ ਮਹਿਣਾ, ਅਮਨਦੀਪ ਕੌਰ ਖੁੱਡੀਆਂ, ਸੁਖਜੀਤ ਕੌਰ ਸ਼ਾਮਖੇੜਾ, ਗੁਰਪ੍ਰੀਤ ਕੌਰ ਦਿਉਣ ਖੇੜਾ, ਸਿਮਰਜੀਤ ਕੌਰ ਕਿੱਲਿਆਂਵਾਲੀ ਤੇ ਪਰਮਜੀਤ ਕੌਰ ਬਾਦਲ ਆਦਿ ਆਗੂ ਮੌਜੂਦ ਸਨ।

**ਹਰਗੋਬਿੰਦ ਕੌਰ ਨੂੰ ਕੀਤਾ ਗਿਆ ਸਨਮਾਨਤ**



# ਸ੍ਰੀਮਤੀ ਰੂਪ ਬਰਾੜ ਦੀ ਅੰਤਮ ਅਰਦਾਸ 'ਤੇ ਪਾਠ ਦੇ ਭੋਗ ਪਾਏ

**ਦੋਰਾਹਾ (ਹਰਮਿੰਦਰ ਸੇਠ)**



ਗੁਰੂ ਨਾਨਕ ਨੈਸ਼ਨਲ ਕਾਲਜ ਤੇ ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਦੇ ਪ੍ਰਧਾਨ ਸ਼੍ਰੀਮਤੀ ਰੂਪ ਕੌਰ ਬਰਾੜ ਦਾ 20 ਜਨਵਰੀ, 2024 ਨੂੰ ਅਚਾਨਕ ਦਿਹਾਂਤ ਹੋ ਗਿਆ ਸੀ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਗੁਰੂ ਨਾਨਕ ਨੈਸ਼ਨਲ ਕਾਲਜ, ਦੋਰਾਹਾ ਦੇ ਡਾ. ਈਸ਼ਵਰ ਸਿੰਘ ਮੈਮੋਰੀਅਲ ਹਾਲ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਅੰਤਮ ਅਰਦਾਸ ਕੀਤੀ ਗਈ।

ਇਸ ਮੌਕੇ ਡਾ. ਈਸ਼ਵਰ ਸਿੰਘ ਮੈਮੋਰੀਅਲ ਹਾਲ ਵਿੱਚ ਇਕੱਤਰ ਪਰਵਾਰ ਮੈਂਬਰਾਂ, ਰਿਸ਼ਤੇਦਾਰਾਂ ਅਤੇ ਸਮੂਹ ਸੰਗਤ ਵੱਲੋਂ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਨਿੱਘੀ ਸ਼ਰਧਾਂਜਲੀ ਦਿੱਤੀ ਗਈ। ਸ਼੍ਰੀਮਤੀ ਰੂਪ ਬਰਾੜ ਦੀ ਅੰਤਮ ਅਰਦਾਸ ਅਤੇ ਭੋਗ ਨਮਿਤ ਆਯੋਜਤ ਇਸ ਸਮਾਗਮ ਵਿੱਚ ਸਾਬਕਾ ਖ਼ਜ਼ਾਨਾ ਮੰਤਰੀ ਮਨਪ੍ਰੀਤ ਸਿੰਘ ਬਾਦਲ ਉਚੇਚੇ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸ. ਮਨਪ੍ਰੀਤ ਸਿੰਘ ਬਾਦਲ ਨੇ ਸ਼੍ਰੀਮਤੀ ਬਰਾੜ ਦੇ ਅਚਾਨਕ ਸਦੀਵੀ ਵਿਛੋੜੇ ਨੂੰ ਗੁਰੂ ਨਾਨਕ ਨੈਸ਼ਨਲ ਕਾਲਜ, ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਅਤੇ ਇਲਾਕੇ ਲਈ ਕਦੇ ਨਾ ਪੂਰਾ ਹੋ ਸਕਣ ਵਾਲਾ ਘਾਟਾ ਆਖਦਿਆਂ ਉਨ੍ਹਾਂ ਦੇ ਨਕਸ਼ੇ ਕਦਮ ਉੱਤੇ ਚੱਲਣ ਲਈ ਪ੍ਰੇਰਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਦੁੱਖ ਦਾ ਪ੍ਰਗਟਾਵਾ ਕਰਨ ਪਹੁੰਚੇ ਰਾਜਨੀਤਕ ਆਗੂ ਯਾਦਵਿੰਦਰ ਸਿੰਘ ਯਾਦੂ ਦੁਆਰਾ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਭੇਜਿਆ ਸ਼ੋਕਮਤਾ ਪੜ੍ਹਿਆ ਗਿਆ। ਇਸ ਤੋਂ ਇਲਾਵਾ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਤੇ ਗੁਰਕੀਰਤ ਸਿੰਘ ਕੋਟਲੀ ਦੀ ਸੁਪਤਨੀ ਸ਼੍ਰੀਮਤੀ ਗੁਰਪ੍ਰੀਤ ਕੌਰ ਕੋਟਲੀ ਨੇ ਸ਼ੋਕ ਸਮਾਗਮ ਵਿੱਚ ਹਾਜ਼ਰੀ ਲਵਾਉਂਦਿਆਂ ਦੁੱਖ ਦਾ ਪ੍ਰਗਟਾਵਾ ਕੀਤਾ। ਗੁਰੂ ਨਾਨਕ ਨੈਸ਼ਨਲ ਕਾਲਜ ਤੇ ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਤਰਫ਼ੋਂ ਕਾਲਜ ਪ੍ਰਿੰਸੀਪਲ ਡਾ. ਨਿਰਲੇਪ ਕੌਰ ਨੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸ਼੍ਰੀਮਤੀ ਰੂਪ ਬਰਾੜ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ। ਸਮਾਗਮ ਦੀ ਸਮਾਪਤੀ ਉਪਰੰਤ ਮਨਪ੍ਰੀਤ ਸਿੰਘ ਬਾਦਲ ਨੇ ਕਰਨਲ ਰੁਪਿੰਦਰ ਸਿੰਘ ਬਰਾੜ ਦੇ ਸਮੂਹ ਪਰਿਵਾਰ ਵੱਲੋਂ ਇਸ ਦੁੱਖ ਦੀ ਘੜੀ ਵਿੱਚ ਸ਼ਾਮਲ ਹੋਣ ਲਈ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਸ਼੍ਰੀਮਤੀ ਰੂਪ ਬਰਾੜ ਦੇ ਸਪੁੱਤਰ ਹਰਪ੍ਰਤਾਪ ਸਿੰਘ ਬਰਾੜ ਨੇ ਆਪਣੀ ਮਾਤਾ ਜੀ ਦੀ ਯਾਦ ਵਿੱਚ ਗੁਰੂ ਨਾਨਕ ਨੈਸ਼ਨਲ ਕਾਲਜ ਤੇ ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਨੂੰ ਹਰ ਸਾਲ ਲੋੜਵੰਦ ਵਿਦਿਆਰਥੀਆਂ ਲਈ 4 ਲੱਖ ਰੁਪਏ ਸਹਾਇਤਾ ਰਾਸ਼ੀ ਬਤੌਰ ਵਜ਼ੀਫ਼ਾ ਦੇਣ ਦਾ ਐਲਾਨ ਕੀਤਾ। ਮੰਚ ਸੰਚਾਲਕ ਦੀ ਜ਼ਿੰਮੇਵਾਰੀ ਜੋਗਿੰਦਰ ਸਿੰਘ ਓਬਰਾਏ ਨੇ ਅਦਾ ਕੀਤੀ।

ਇਸ ਮੌਕੇ ਸਵ: ਸ਼੍ਰੀਮਤੀ ਰੂਪ ਬਰਾੜ ਦੇ ਪਰਵਾਰ ਵੱਲੋਂ ਉਨ੍ਹਾਂ ਦੇ ਪਤੀ ਕਰਨਲ ਰੁਪਿੰਦਰ ਸਿੰਘ ਬਰਾੜ, ਸਪੁੱਤਰ ਹਰਪ੍ਰਤਾਪ ਸਿੰਘ ਬਰਾੜ, ਸ਼ੇਰਪ੍ਰਤਾਪ ਸਿੰਘ ਬਰਾੜ, ਵੀਰਪ੍ਰਤਾਪ ਸਿੰਘ ਬਰਾੜ, ਨੂੰਹਾਂ ਰੁਪਿੰਦਰ ਕੌਰ ਬਰਾੜ ਤੇ ਸੋਬਿਤਾ ਬਰਾੜ, ਭੈਣ ਸਰਤਾਜ ਕੌਰ ਤੇ ਉਨ੍ਹਾਂ ਦੇ ਪਤੀ ਮੇਜਰ ਭੁਪਿੰਦਰ ਸਿੰਘ ਢਿੱਲੋਂ, ਭੈਣ ਗੁਰਸ਼ਿੰਦਰ ਕੌਰ ਅਤੇ ਉਨ੍ਹਾਂ ਦੇ ਪਤੀ ਐੱਸ.ਪੀ.ਐੱਸ. ਔਲਖ (ਰਿਟਾਇਰਡ ਡੀਜੀਪੀ) ਤੇ ਕਨੇਡਾ ਤੋਂ ਇਕਬਾਲ ਮਾਹਲ ਅੰਤਮ ਅਰਦਾਸ ਵਿੱਚ ਸ਼ਾਮਲ ਹੋਏ।

# ਖੇਡ ਮੰਤਰੀ ਵੱਲੋਂ 'ਸੁਪਰ 100' ਸਕੀਮ ਦੀ ਸ਼ੁਰੂਆਤ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**




ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਖੇਡਾਂ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤਾਂ ਜੁ ਵਿਸ਼ਵ ਪੱਧਰ 'ਤੇ ਸੂਬੇ ਦੀ ਸ਼ਾਨ ਨੂੰ ਮੁੜ ਬਹਾਲ ਕੀਤਾ ਜਾ ਸਕੇ।ਫਿਰੋਜ਼ਪੁਰ ਜ਼ਿਲ੍ਹੇ ਦਾ ਦੇਸ਼ ਦੀਆਂ ਖੇਡਾਂ ਵਿੱਚ ਬਹੁਤ ਵੱਡਾ ਯੋਗਦਾਨ ਹੈ।ਬੜੇ ਮਾਣ ਵਾਲੀ ਗੱਲ ਹੈ ਕਿ ਫ਼ਿਰੋਜ਼ਪੁਰ ਨੇ ਹਾਕੀ ਖੇਡ ਵਿੱਚ ਹਰਮੀਕ ਸਿੰਘ, ਅਜੀਤ ਸਿੰਘ, ਗਗਨ ਅਜੀਤ ਸਿੰਘ, ਨਿਸ਼ਾਨੇਬਾਜ਼ੀ ਖੇਡ ਵਿੱਚ ਗੁਰਬੀਰ ਸੰਧੂ, ਮਾਨਵਜੀਤ ਸੰਧੂ, ਰੰਜਨ ਸੋਢੀ ਅਤੇ ਰੋਇੰਗ ਵਿੱਚ ਮਨਜੀਤ ਸਿੰਘ ਜਿਹੇ ਵੱਡੇ ਖਿਡਾਰੀ ਦੇਸ਼ ਨੂੰ ਦਿੱਤੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਗਣਤੰਤਰ ਦਿਵਸ ਮੌਕੇ ਖੇਡਾਂ ਤੇ ਯੁਵਕ ਸੇਵਾਵਾਂ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਵੱਲੋਂ ਫ਼ਿਰੋਜ਼ਪੁਰ ਵਿਖੇ ਨਿਵੇਕਲੀ ਸਕੀਮ 'ਸੁਪਰ ਹੰਡਰਡ (100)' ਦੀ ਸ਼ੁਰੂਆਤ ਕਰਨ ਮੌਕੇ ਕੀਤਾ।ਇਸ ਸਕੀਮ ਦੀ ਸ਼ੁਰੂਆਤ ਕਰਨ ਮੌਕੇ ਮੀਤ ਹੇਅਰ ਨੇ ਕਿਹਾ ਕਿ ਇਸ ਤਹਿਤ ਸੂਬਾ ਪੱਧਰ 'ਤੇ ਜ਼ਿਲ੍ਹੇ ਦਾ ਨਾਮ ਰੌਸ਼ਨ ਕਰਨ ਵਾਲੇ ਜ਼ਿਲ੍ਹੇ ਵਿੱਚੋਂ ਸੁਪਰ ਹੰਡਰਡ (100) ਖਿਡਾਰੀ ਚੁਣੇ ਗਏ ਹਨ।

ਉਨ੍ਹਾਂ ਕਿਹਾ ਕਿ ਵਧੀਆ ਮਿਹਨਤ ਕਰਕੇ ਸੂਬਾ ਪੱਧਰ 'ਤੇ ਨਾਮਣਾ ਖੱਟਣ ਵਾਲੇ ਖਿਡਾਰੀਆਂ ਦੇ ਸੰਪੂਰਨ ਤੇ ਸਰਬਪੱਖੀ ਵਿਕਾਸ ਲਈ ਇਸ ਸਕੀਮ ਨੂੰ ਲਾਂਚ ਕੀਤਾ ਗਿਆ ਹੈ।

ਉਨ੍ਹਾਂ ਦੀ ਡਾਇਟ ਦਾ ਸਾਰਾ ਪ੍ਰਬੰਧ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੀਐੱਸਆਰ ਗਤੀਵਿਧੀਆਂ ਰਾਹੀਂ ਕੀਤਾ ਜਾਵੇਗਾ।ਖਿਡਾਰੀਆਂ ਦੇ ਸੰਪੂਰਨ ਤੇ ਬਹੁਪੱਖੀ ਵਿਕਾਸ ਲਈ ਉਨ੍ਹਾਂ ਨੂੰ ਸਪੋਰਟਸ ਸਾਇੰਸ ਤੇ ਬਾਇਓਮਕੈਨਿਕਸ ਵਿਧੀਆਂ ਰਾਹੀਂ ਅੰਤਰਰਾਸ਼ਟਰੀ ਪੱਧਰ ਦੀ ਟ੍ਰੇਨਿੰਗ ਮੁਹੱਈਆ ਕਰਾਉਣ ਲਈ ਮਹਾਰਾਜਾ ਭੁਪਿੰਦਰ ਸਿੰਘ ਸਪੋਰਟਸ ਯੂਨੀਵਰਸਿਟੀ ਪਟਿਆਲਾ ਨਾਲ ਸਮਝੌਤਾ ਕੀਤਾ ਗਿਆ ਹੈ, ਜਿਸ ਰਾਹੀਂ ਖਿਡਾਰੀਆਂ ਨੂੰ ਅਧੁਨਿਕ ਤਕਨੀਕ ਨਾਲ ਅੰਤਰਰਾਸ਼ਟਰੀ ਪੱਧਰ ਦੀ ਸਿਖਲਾਈ ਦਿੱਤੀ ਜਾਵੇਗੀ। ਮੀਤ ਹੇਅਰ ਨੇ ਕਿਹਾ ਕਿ ਨਵੀਂ ਖੇਡ ਨੀਤੀ ਤਹਿਤ ਜਿੱਥੇ ਖਿਡਾਰੀਆਂ ਨੂੰ ਨਕਦ ਇਨਾਮ ਦਿੱਤੇ ਜਾ ਰਹੇ ਹਨ ਉੱਥੇ ਖੇਡ ਮੁਕਾਬਲਿਆਂ ਦੀ ਤਿਆਰੀ ਲਈ ਵੀ ਨਕਦ ਰਾਸ਼ੀ ਦਿੱਤੀ ਜਾ ਰਹੀ ਹੈ।ਇਸ ਮੌਕੇ ਜ਼ਿਲ੍ਹੇ ਦੇ ਸੁਪਰ-100 ਖਿਡਾਰੀਆਂ ਨੂੰ ਖੇਡ ਮੰਤਰੀ ਵੱਲੋਂ ਸਨਮਾਨਤ ਵੀ ਕੀਤਾ ਗਿਆ।ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਇਸ ਮੌਕੇ ਕਿਹਾ ਕਿ ਸੁਪਰ ਹੰਡਰਡ (100) ਸਕੀਮ ਤਹਿਤ ਖਿਡਾਰੀਆਂ ਦੇ ਖੇਡਾਂ ਦੇ ਪੱਧਰ ਨੂੰ ਹੋਰ ਉੱਚਾ ਚੁੱਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉੱਚ ਪੱਧਰ ਦੀ ਖੇਡ ਸਿਖਲਾਈ ਦੇਣ ਲਈ ਫ਼ੌਜ ਤੇ ਬੀਐੱਸਐੱਫ ਦੇ ਕੋਚਾਂ ਦੀਆਂ ਸੇਵਾਵਾਂ ਲਈਆਂ ਗਈਆਂ ਹਨ ਤੇ ਉਨ੍ਹਾਂ ਨੂੰ ਹੋਰ ਹਰ ਉਹ ਸੁਵਿਧਾ ਉਪਲਬਧ ਕਰਵਾਈ ਜਾਵੇਗੀ, ਜਿਸ ਨਾਲ ਰਾਸ਼ਟਰੀ, ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀ ਤਿਆਰ ਕੀਤੇ ਜਾ ਸਕਣ।

# ਕਿਸਾਨੀ ਮੰਗਾਂ ਸੰਬੰਧੀ ਬੀ ਕੇ ਯੂ ਡਕੌਂਦਾ ਵੱਲੋਂ ਵਿਸ਼ਾਲ ਟਰੈਕਟਰ ਪਰੇਡ



**ਜਗਰਾਉਂ (ਅਮਿਤ ਖੰਨਾ)**-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 26 ਜਨਵਰੀ ਨੂੰ ਦੇਸ਼ ਭਰ 'ਚ ਕੀਤੀ ਗਈ ਟਰੈਕਟਰ ਪਰੇਡ ਦੀ ਲੜੀ 'ਚ ਬਜ਼ਾਰਾਂ 'ਚ ਵਿਸ਼ਾਲ ਟਰੈਕਟਰ ਮਾਰਚ ਕੱਢਿਆ ਗਿਆ। ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਦੀ ਅਗਵਾਈ 'ਚ ਸੈਂਕੜੇ ਟਰੈਕਟਰ ਨਵੀਂ ਅਨਾਜ ਮੰਡੀ ਵਿਖੇ ਇਕੱਤਰ ਹੋਏ। ਜਗਰਾਂਓ, ਸਿੱਧਵਾਂ ਬੇਟ, ਰਾਏਕੋਟ ਬਲਾਕਾਂ ਦੇ ਕਿਸਾਨਾਂ ਦੀ ਰੈਲੀ ਨੂੰ ਸੰਬੋਧਨ ਕਰਦਿਆਂ ਲੋਕ ਆਗੂ ਕੰਵਲਜੀਤ ਖੰਨਾ, ਜਗਤਾਰ ਸਿੰਘ ਦੇਹੜਕਾ ਨੇ ਕਿਹਾ ਕਿ ਤਿੰਨ ਵਰ੍ਹੇ ਪਹਿਲਾਂ ਦੇਸ਼ ਭਰ ਦੇ ਕਿਸਾਨਾਂ ਨੇ ਹਜਾਰਾਂ ਦੀ ਗਿਣਤੀ ਦਿੱਲੀ ਦੀ ਇਤਿਹਾਸਕ ਟਰੈਕਟਰ ਪਰੇਡ 'ਚ ਹਿੱਸਾ ਲੈ ਕੇ ਮੋਦੀ ਦੀ ਹੈਂਕੜ ਭੰਨੀ ਸੀ। ਮੋਦੀ ਹਕੂਮਤ ਨੇ ਲਿਖਤੀ ਵਾਅਦਾ ਕਰਕੇ ਕਿਸਾਨਾਂ ਨੂੰ ਤੇਈ ਫ਼ਸਲਾਂ 'ਤੇ ਐਮ.ਐਸ.ਪੀ ਦੇਣ, ਬਿਜਲੀ ਐਕਟ ਅਤੇ ਪ੍ਰਦਰਸ਼ਨ ਐਕਟ ਰੱਦ ਕਰਨ, ਸਾਰੇ ਪੁਲਸ ਕੇਸ ਰੱਦ ਕਰਨ, ਲਖੀਮਪੁਰ ਖੀਰੀ ਕਤਲ ਕਾਂਡ ਦੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦੇਣ ਦੀ ਮੰਗ ਲਾਗੂ ਕਰਨ ਤੋਂ ਇਨਕਾਰੀ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਲਾਗੂ ਕਰਾਉਣ, ਕਿਸਾਨੀ ਸਿਰ ਚੜ੍ਹੇ ਹਰ ਕਿਸਮ ਦੇ ਕਰਜ਼ੇ ਰੱਦ ਕਰਾਉਣ, ਫ਼ਸਲੀ ਬੀਮਾ ਸਕੀਮ ਲਾਗੂ ਕਰਾਉਣ, ਸ਼ਹੀਦ ਕਿਸਾਨ ਪਰਵਾਰਾਂ ਦੇ ਆਸ਼ਰਿਤਾਂ ਨੂੰ ਮੁਆਵਜ਼ਾ ਤੇ ਨੌਕਰੀ ਦੇਣ, ਸੱਠ ਸਾਲ ਤੋਂ ਉਪਰ ਕਿਸਾਨ ਲਈ ਦਸ ਹਜ਼ਾਰ ਰੁਪਏ ਮਾਸਿਕ ਪੈਨਸ਼ਨ ਹਾਸਲ ਕਰਨ ਆਦਿ ਮੰਗਾਂ 'ਤੇ ਜ਼ੋਰ ਦੇਣ ਲਈ ਇਹ ਟਰੈਕਟਰ ਪਰੇਡ ਕੀਤੀ ਗਈ ਹੈ। ਇਸ ਸਮੇਂ ਕੀਲਰੀਆਂ ਆਬਾਦਕਾਰ ਸੰਘਰਸ਼ ਕਰ ਰਹੇ ਮਾਨਸਾ ਜ਼ਿਲ੍ਹੇ ਦੇ ਕਿਸਾਨਾਂ ਨੂੰ ਗ੍ਰਿਫ਼ਤਾਰ ਕਰਨ ਦੀ ਸਖਤ ਨਿੰਦਾ ਕਰਦਿਆਂ ਗ੍ਰਿਫ਼ਤਾਰ ਕਿਸਾਨ ਰਿਹਾਅ ਕਰਨ ਦੀ ਨਾਅਰਿਆਂ ਦੀ ਗੂੰਜ 'ਚ ਮੰਗ ਕੀਤੀ ਗਈ। ਨਵੀਂ ਅਨਾਜ ਮੰਡੀ ਤੋਂ ਤੁਰ ਕੇ ਇਹ ਕਾਫ਼ਲਾ ਵਾਇਆ ਸ਼ੇਰਪੁਰ ਫਾਟਕ, ਕਾਲਜ ਰੋਡ, ਲਾਜਪਤ ਰਾਏ ਰੋਡ, ਕਮਲ ਚੌਂਕ, ਰਾਣੀ ਝਾਂਸੀ ਚੌਂਕ, ਤਹਿਸੀਲ ਰੋਡ, ਬਸ ਸਟੈਂਡ, ਮਲਕ ਰੋਡ, ਰਾਏਕੋਟ ਰੋਡ ਤੇ ਮਿਸਾਲੀ ਮਾਰਚ ਕੀਤਾ। ਝੰਡਿਆਂ, ਬੈਨਰਾਂ ਨਾਲ ਲੈਸ ਟਰੈਕਟਰ ਪਰੇਡ ਨੇ ਲੋਕਾਂ ਨੂੰ ਕਿਸਾਨੀ ਮੰਗਾਂ ਨਾਲ ਜੋੜਿਆ ਤੇ ਮੋਦੀ ਤੇ ਮਾਨ ਹਕੂਮਤ ਖਿਲਾਫ਼ ਜਾਗਰੂਕ ਕੀਤਾ।

# ਦੇਸ਼ ਭਗਤ 'ਵਰਸਿਟੀ ਕੈਂਪਸ 'ਚ ਗਣਤੰਤਰ ਦਿਵਸ ਦੌਰਾਨ ਰਾਸ਼ਟਰੀ ਝੰਡਾ ਲਹਿਰਾਇਆ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੇ ਕੌਮੀ ਆਜ਼ਾਦੀ ਸੰਗਰਾਮ ਤੇ ਆਧੁਨਿਕ ਭਾਰਤੀ ਗਣਰਾਜ ਦੀ ਸਥਾਪਨਾ ਵਿੱਚ ਪੰਜਾਬੀਆਂ ਵੱਲੋਂ ਨਿਭਾਈ ਅਹਿਮ ਭੂਮਿਕਾ ਦੀ ਯਾਦ ਵਿੱਚ ਕਰਾਏ ਸਮਾਗਮ ਦੀ ਅਗਵਾਈ ਕੀਤੀ। ਉਨ੍ਹਾਂ 75ਵੀਂ ਵਰ੍ਹੇਗੰਢ ਮੌਕੇ ਗਣਤੰਤਰ ਦਿਵਸ ਸਮਾਗਮ ਦੌਰਾਨ ਰਾਸ਼ਟਰੀ ਝੰਡਾ ਲਹਿਰਾਇਆ। ਝੰਡਾ ਲਹਿਰਾਉਣ ਤੋਂ ਬਾਅਦ ਡਾ. ਜ਼ੋਰਾ ਸਿੰਘ ਨੇ ਅਜ਼ਾਦੀ ਦੀ ਪ੍ਰਾਪਤੀ ਤੇ ਆਧੁਨਿਕ ਭਾਰਤੀ ਗਣਰਾਜ ਨੂੰ ਰੂਪ ਦੇਣ ਵਿੱਚ ਪੰਜਾਬੀਆਂ ਦੀ ਅਹਿਮ ਭੂਮਿਕਾ ਬਾਰੇ ਚਾਨਣਾ ਪਾਇਆ ਤੇ ਅਣਗਿਣਤ ਕੁਰਬਾਨੀਆਂ ਦੇ ਕੇ ਏਕਤਾ, ਅਖੰਡਤਾ ਤੇ ਪ੍ਰਭੂਸੱਤਾ ਨੂੰ ਕਾਇਮ ਰੱਖਣ ਲਈ ਪਾਏ ਯੋਗਦਾਨ ਬਾਰੇ ਦੱਸਿਆ ।

ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਨੇ ਲੜਕੀਆਂ ਨੂੰ ਸਸ਼ਕਤੀਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਨੂੰ ਹਰ ਖੇਤਰ 'ਚ ਮੱਲਾਂ ਮਾਰਨ ਲਈ ਉਤਸ਼ਾਹਤ ਕੀਤਾ ਅਤੇ ਕਿਹਾ ਕਿ ਉਨ੍ਹਾਂ ਨੇ ਸਫ਼ਲਤਾ ਦੀਆਂ ਨਵੀਆਂ ਕਹਾਣੀਆਂ ਸਿਰਜੀਆਂ। ਉਨ੍ਹਾਂ ਇਸ ਤੱਥ 'ਤੇ ਮਾਣ ਮਹਿਸੂਸ ਕੀਤਾ ਕਿ 50% ਤੋਂ ਵੱਧ ਨੌਕਰੀਆਂ ਲੜਕੀਆਂ ਦੁਆਰਾ ਪ੍ਰਾਪਤ ਕੀਤੀਆਂ ਜਾਂਦੀਆਂ ਹਨ, ਜਿਸ ਨਾਲ ਉਹ ਰਾਜ ਤੇ ਦੇਸ ਦੀ ਸਮਾਜਿਕ-ਆਰਥਿਕ ਤਰੱਕੀ ਵਿੱਚ ਸਰਗਰਮ ਯੋਗਦਾਨ ਪਾਉਂਦੀਆਂ ਹਨ।

ਇਸ ਮੌਕੇ ਚਾਂਸਲਰ ਦੇ ਸਲਾਹਕਾਰ ਡਾ. ਵਰਿੰਦਰ ਸਿੰਘ ਨੇ ਦੇਸ਼ ਭਗਤ ਸ: ਲਾਲ ਸਿੰਘ ਵਰਗੀਆਂ ਪ੍ਰਸਿੱਧ ਸ਼ਖ਼ਸੀਅਤਾਂ ਦੇ ਨਾਂਅ 'ਤੇ ਯੂਨੀਵਰਸਿਟੀਆਂ ਦਾ ਨਾਮਕਰਨ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਤਾਂ ਜੁ ਉਨ੍ਹਾਂ ਦੀ ਸ਼ਾਨਦਾਰ ਵਿਰਾਸਤ ਨੂੰ ਕਾਇਮ ਰੱਖਿਆ ਜਾ ਸਕੇ। ਉਨ੍ਹਾਂ ਯੂਨੀਵਰਸਿਟੀ ਦੀਆਂ ਵਿਦਿਆਰਥਣਾਂ ਦੇ ਹੌਸਲੇ ਦੀ ਸ਼ਲਾਘਾ ਕਰਦਿਆਂ ਭਰੋਸਾ ਪ੍ਰਗਟਾਇਆ ਕਿ ਮੌਕਾ ਮਿਲਣ 'ਤੇ ਉਹ ਕੋਈ ਵੀ ਟੀਚਾ ਹਾਸਲ ਕਰ ਸਕਦੀਆਂ ਹਨ। ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ।

ਡੀ.ਬੀ.ਯੂ ਦੇ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਨੇ ਦੇਸ਼ ਭਗਤ ਯੂਨੀਵਰਸਿਟੀ ਨੂੰ ਦੇਸ ਦੀ ਇੱਕ ਸੂਖਮ ਯੂਨੀਵਰਸਿਟੀ ਵਜੋਂ ਉਜਾਗਰ ਕੀਤਾ, ਜਿਸ ਵਿੱਚ ਦੇਸ਼ ਵਿਦੇਸ਼ ਦੇ ਹਰ ਕੋਨੇ ਤੋਂ ਵਿਦਿਆਰਥੀ ਇੱਥੇ ਪੜ੍ਹਦੇ ਹਨ। ਉਨ੍ਹਾਂ ਆਸ ਪ੍ਰਗਟਾਈ ਕਿ ਵਿਦਿਆਰਥੀ ਭਵਿੱਖ ਵਿੱਚ ਯੂਨੀਵਰਸਿਟੀ ਦਾ ਨਾਂਅ ਰੌਸ਼ਨ ਕਰਨਗੇ ਅਤੇ ਉਨ੍ਹਾਂ ਨੂੰ ਆਪਣੇ ਜੀਵਨ ਤੇ ਕਰੀਅਰ ਦੇ ਮਾਰਗਾਂ ਦਾ ਫ਼ੈਸਲਾ ਕਰਨ ਦੀ ਅਪੀਲ ਕੀਤੀ। ਸਮਾਰੋਹ ਦੌਰਾਨ ਚਾਂਸਲਰ ਨੇ ਪਰੇਡ ਦਾ ਨਿਰੀਖਣ ਕੀਤਾ ਤੇ ਲੜਕੀਆਂ ਅਤੇ ਲੜਕਿਆਂ ਸਮੇਤ ਐਨ.ਸੀ.ਸੀ. ਦੀ ਜਲ ਸੈਨਾ, ਸੈਨਾ ਤੇ ਹਵਾਈ ਸੈਨਾ ਦੀਆਂ ਟੁਕੜੀਆਂ ਵੱਲੋਂ ਪ੍ਰਭਾਵਸ਼ਾਲੀ ਮਾਰਚ ਪਾਸਟ ਤੋਂ ਸਲਾਮੀ ਲਈ। ਸ਼ਹੀਦ ਭਗਤ ਸਿੰਘ ਅਤੇ ਆਜ਼ਾਦੀ ਘੁਲਾਟੀਏ ਲਾਲ ਸਿੰਘ ਦੇ ਬੁੱਤਾਂ 'ਤੇ ਹਾਰ ਭੇਟ ਕਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਉਪਰੰਤ ਮਠਿਆਈਆਂ ਵੰਡੀਆਂ ਗਈਆਂ।

## ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਵੱਲੋਂ ਡੀ ਆਈ ਜੀ ਤੇ ਐੱਸ ਐੱਸ ਪੀ ਨਾਲ ਮੁਲਾਕਾਤ



**ਸੰਗਰੂਰ (ਪ੍ਰਵੀਨ ਸਿੰਘ)**-ਬਜ਼ੁਰਗਾਂ ਤੇ ਸਮਾਜ ਸੇਵਾ ਨੂੰ ਸਮਰਪਤ ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਦੇ ਪ੍ਰਧਾਨ ਡਾ. ਨਰਵਿੰਦਰ ਕੌਸ਼ਲ ਅਤੇ ਜਨਰਲ ਸਕੱਤਰ ਜਗਜੀਤ ਸਿੰਘ ਦੀ ਅਗਵਾਈ ਵਿੱਚ ਹਰਚਰਨ ਸਿੰਘ ਭੁੱਲਰ ਆਈ.ਪੀ.ਐਸ. ਡੀ.ਆਈ.ਜੀ ਪਟਿਆਲਾ ਡਵੀਜ਼ਨ ਅਤੇ ਸਰਤਾਜ ਸਿੰਘ ਚਹਿਲ ਆਈ.ਪੀ.ਐਸ, ਐਸ.ਐਸ.ਪੀ. ਸੰਗਰੂਰ ਨਾਲ ਮੁਲਾਕਾਤ ਕੀਤੀ।

ਸੰਸਥਾ ਦੇ ਸੀਨੀਅਰ ਮੀਤ ਪ੍ਰਧਾਨ ਸ੍ਰੀ ਰਾਜ ਕੁਮਾਰ ਅਰੋੜਾ ਨੇ ਦੋਨਾਂ ਪੁਲਸ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦਾ ਕਿ ਇਹ ਸੰਸਥਾ ਬਜ਼ੁਰਗਾਂ ਦੀ ਭਲਾਈ ਲਈ ਕੰਮ ਕਰ ਰਹੀ ਹੈ ਅਤੇ ਉਨ੍ਹਾਂ ਦੀ ਨਿਰੋਈ ਸਿਹਤ ਲਈ ਮੈਡੀਕਲ ਕੈਂਪ ਮਨੋਰੰਜਨ ਲਈ ਸੱਭਿਆਚਾਰਕ ਅਤੇ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਜਾਂਦਾ ਹੈ। ਰੋਜ਼ਾਨਾ ਸ਼ਾਮ ਨੂੰ ਬਜ਼ੁਰਗ ਬਨਾਸਰ ਬਾਗ ਵਿਖੇ ਸਥਿਤ ਦਫ਼ਤਰ ਵਿਖੇ ਇਕੱਠੇ ਹੋ ਕੇ ਗੱਲਾਬਾਤਾਂ ਕਰਦੇ ਅਤੇ ਦਫ਼ਤਰ ਵਿਖੇ ਲੱਗੇ ਓਪਨ ਜਿੰਮ ਵਿੱਚ ਕਸਰਤ ਕਰਦੇ ਹਨ। ਬਨਾਸਰ ਬਾਗ ਦੀ ਸੈਰ ਕਰਕੇ ਆਪਣੀ ਸਿਹਤ ਨੂੰ ਬਰਕਾਰ ਰੱਖਦੇ ਹਨ। ਪ੍ਰਧਾਨ ਡਾ. ਨਰਵਿੰਦਰ ਕੌਸ਼ਲ ਜਨਰਲ ਸਕੱਤਰ ਜਗਜੀਤ ਸਿੰਘ ਤੇ ਸੀਨੀਅਰ ਮੀਤ ਪ੍ਰਧਾਨ ਭੁਪਿੰਦਰ ਸਿੰਘ ਜੱਸੀ ਤੇ ਜੀਤ ਸਿੰਘ ਢੀਂਡਸਾ ਨੇ ਦੋਵਾਂ ਪੁਲਿਸ ਅਧਿਕਾਰੀਆਂ ਨੂੰ ਦੱਸਿਆ ਕਿ ਬਜ਼ੁਰਗ ਸਾਡੇ ਸਮਾਜ ਦਾ ਸਰਮਾਇਆ ਹਨ, ਇਨ੍ਹਾਂ ਦੇ ਤਜਰਬੇ ਤੋਂ ਸਾਨੂੰ ਬਹੁਤ ਕੁੱਝ ਸਿਖਣ ਨੂੰ ਮਿਲਦਾ ਹੈ।

## ਆਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਨੂੰ ਘਰਾਂ 'ਚ ਜਾ ਕੇ ਕੀਤਾ ਸਨਮਾਨਤ



**ਹੁਸ਼ਿਆਰਪੁਰ (ਓ ਪੀ ਰਾਣਾ )**-ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਦੇ ਨਿਰਦੇਸ਼ਾਂ 'ਤੇ ਜ਼ਿਲ੍ਹੇ ਦੇ ਸਮੂਹ ਬੀ. ਡੀ. ਪੀ. ਓਜ਼ ਵੱਲੋਂ ਆਪਣੇ ਬਲਾਕਾਂ ਨਾਲ ਸਬੰਧਤ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਦਾ ਉਨ੍ਹਾਂ ਦੇ ਘਰਾਂ ਵਿਚ ਜਾ ਕੇ ਸਨਮਾਨ ਕੀਤਾ ਗਿਆ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਨ੍ਹਾਂ ਆਜ਼ਾਦੀ ਘੁਲਾਟੀਆਂ ਸਦਕਾ ਹੀ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਇਸ ਲਈ ਉਨ੍ਹਾਂ ਨੂੰ ਪੂਰਾ ਮਾਣ-ਸਨਮਾਨ ਦੇਣਾ ਸਾਡਾ ਫਰਜ਼ ਬਣਦਾ ਹੈ। ਉਨ੍ਹਾਂ ਦੱਸਿਆ ਕਿ ਹੁਸ਼ਿਆਰਪੁਰ ਨਾਲ ਸਬੰਧਤ ਆਜ਼ਾਦੀ ਘੁਲਾਟੀਆਂ ਨੇ ਦੇਸ਼ ਦੇ ਆਜ਼ਾਦੀ ਸੰਗਰਾਮ ਵਿਚ ਅਹਿਮ ਭੂਮਿਕਾ ਅਦਾ ਕਰਦਿਆਂ ਜ਼ਿਲ੍ਹੇ ਦਾ ਦੁਨੀਆ ਭਰ ਵਿਚ ਨਾਂਅ ਰੋਸ਼ਨ ਕੀਤਾ ਹੈ।

## ਡਰਾਈਵਰ ਤੇ ਕੰਡਕਟਰ ਨੇ ਇਮਾਨਦਾਰੀ ਦੀ ਮਿਸਾਲ ਕੀਤੀ ਪੇਸ਼

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** -ਪੀ ਆਰ ਟੀ ਸੀ ਕਪੂਰਥਲਾ ਡੀਪੂ



ਵਿਖੇ ਬਤੌਰ ਡਰਾਈਵਰ ਅਤੇ ਕੰਡਕਟਰ ਦੀ ਸੇਵਾ ਨਿਭਾਅ ਰਹੇ ਹਰਜੀਤ ਸਿੰਘ ਪੰਨੂ ਅਤੇ ਅਜੈਪਾਲ ਸਿੰਘ ਮਾਨਕ ਨੂੰ ਗੁਆਚਿਆ ਪਰਸ ਉਸ ਸਮੇਂ ਲੱਭਾ, ਜਦੋਂ ਉਹ ਚੰਡੀਗੜ੍ਹ ਤੋਂ ਕਪੂਰਥਲਾ ਬੱਸ ਲੈ ਕੇ ਜਾ ਰਹੇ ਸਨ। ਬੱਸ ਨੂੰ ਡਰਾਈਵਰ ਹਰਜੀਤ ਸਿੰਘ ਪੰਨੂ ਚਲਾ ਰਹੇ ਸਨ। ਜਦੋਂ ਬੱਸ ਦਾ ਕੰਡਕਟਰ ਸਵਾਰੀਆਂ ਦੀਆਂ ਟਿਕਟਾਂ ਕੱਟਣ ਲਈ ਪਿੱਛੇ ਗਿਆ ਤਾਂ ਉਸ ਦੀ ਨਜ਼ਰ ਸੀਟ 'ਤੇ ਇੱਕ ਪਰਸ 'ਤੇ ਪਈ। ਪਰਸ ਵਿਚ ਨਗਦ ਰਾਸ਼ੀ ਤੋਂ ਇਲਾਵਾ ਜ਼ਰੂਰੀ ਕਾਗਜ਼ਾਤ ਸਨ। ਬੱਸ ਡਰਾਈਵਰ ਪੰਨੂ ਵੱਲੋਂ ਉਨ੍ਹਾਂ ਨਾਲ ਫੋਨ 'ਤੇ ਸੰਪਰਕ ਕੀਤਾ ਗਿਆ। ਹਰਜੀਤ ਸਿੰਘ ਨੇ ਦੱਸਿਆ ਕਿ ਪਰਸ 'ਚ ਉਹਨਾਂ ਦੀ ਇੰਸ਼ੋਰੈਂਸ ਤੇ ਨੰਬਰ ਮੌਜੂਦ ਹੋਣ ਕਰਕੇ ਉਨ੍ਹਾਂ ਨਾਲ ਸੰਪਰਕ ਕੀਤਾ ਗਿਆ। ਹਰਜੀਤ ਸਿੰਘ ਪੰਨੂ ਅਤੇ ਅਜੈਪਾਲ ਸਿੰਘ ਮਾਨਕ ਨੇ ਅਸਲ ਮਾਲਕ ਹੱਥ ਪਰਸ ਦੇ ਕੇ ਇਮਾਨਦਾਰੀ ਦੀ ਮਿਸਾਲ ਪੈਦਾ ਕੀਤੀ ਹੈ। ਅਸਲ ਮਾਲਕ ਅਮਰਿੰਦਰ ਸਿੰਘ ਵਾਸੀ ਕੁਲਾਮ ਰੋਡ ਜ਼ਿਲ੍ਹਾ ਨਵਾਂਸ਼ਹਿਰ ਨੇ ਵੀ ਡਰਾਈਰ ਅਤੇ ਕੰਡਕਟਰ ਦੇ ਇਸ ਉਪਰਾਲੇ ਦੀ ਸ਼ਘਾ ਕੀਤੀ ਤੇ ਦੋਵਾਂ ਦਾ ਧੰਨਵਾਦ ਕੀਤਾ।

## ਮਹਿਲਾ ਵਣ ਗਾਰਡ ਰਮਨਪ੍ਰੀਤ ਕੌਰ ਸਨਮਾਨਤ



**ਮਾਹਿਲਪੁਰ (ਸਫਰੀ)** - ਕਸਬਾ ਸੈਲਾ ਖੁਰਦ ਵਿਖੇ ਜੰਗਲੀ ਜੀਵ ਸੁਰੱਖਿਆ ਵਿਭਾਗ ਦੇ ਸਥਾਨਕ ਬੀਟ ਤੋਂ ਮਹਿਲਾ ਵਣ ਗਾਰਡ ਰਮਨਪ੍ਰੀਤ ਕੌਰ ਨੂੰ ਇਲਾਕੇ ਦੀਆਂ ਸਮਾਜਕ ਅਤੇ ਰਾਜਨੀਤਿਕ ਜਥੇਬੰਦੀਆਂ ਦੇ ਆਗੂਆਂ ਵੱਲੋਂ ਵਿਸ਼ੇਸ਼ ਸੇਵਾਵਾਂ ਦੇਣ ਬਦਲੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪੰਜਾਬ ਕਿਸਾਨ ਸਭਾ ਦੇ ਜਨਰਲ ਸਕੱਤਰ ਅਤੇ ਸੀ ਪੀ ਐਮ ਦੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਗੁਰਨੇਕ ਸਿੰਘ ਭੱਜਲ, ਸੀ ਪੀ ਐਮ ਦੇ ਜ਼ਿਲ੍ਹਾ ਸਕੱਤਰੇਤ ਮੈਂਬਰ ਕਾਮਰੇਡ ਮਹਿੰਦਰ ਕੁਮਾਰ ਵੱਢੋਵਾਣ, ਚੌਧਰੀ ਅੱਛਰ ਸਿੰਘ ਅਤੇ ਹੋਰ ਆਗੂਆਂ ਨੇ ਵਣ ਗਾਰਡ ਰਮਨਪ੍ਰੀਤ ਕੌਰ ਦੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਸ਼ਿਵਾਲਿਕ ਦੀਆਂ ਪਹਾੜੀਆਂ ਵਿੱਚ ਲਗਾਤਾਰ ਵਧ ਰਹੀਆਂ ਸ਼ਿਕਾਰ ਦੀਆਂ ਗਤੀਵਿਧੀਆਂ ਨੂੰ ਨੱਥ ਪਾਉਣ ਅਤੇ ਸ਼ਿਕਾਰੀਆਂ ਵਿਰੁੱਧ ਵਿਭਾਗੀ ਕਾਰਵਾਈ ਕਰਨ ਦੀਆਂ ਮਿਸਾਲੀ ਕਾਰਵਾਈਆਂ ਵਣ ਗਾਰਡ ਰਮਨਪ੍ਰੀਤ ਕੌਰ ਵੱਲੋਂ ਨਿਭਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਜੰਗਲੀ ਜੀਵ ਰਾਸ਼ਟਰ ਦੀ ਧਰੋਹਰ ਹੁੰਦੇ ਹਨ ਪਰ ਇਨ੍ਹਾਂ ਦੀ ਸੁਰੱਖਿਆ ਸਬੰਧੀ ਵਿਭਾਗ ਦੀਆਂ ਨਾਕਸ ਕਾਰਵਾਈਆਂ ਅਕਸਰ ਸੁਰਖੀਆਂ ਵਿੱਚ ਰਹਿੰਦੀਆਂ ਹਨ। ਉਨ੍ਹਾਂ ਕਿਹਾ ਕਿ ਪਰ ਪਿਛਲੇ ਕੁਝ ਮਹੀਨਿਆਂ ਤੋਂ ਰਮਨਪ੍ਰੀਤ ਕੌਰ ਵੱਲੋਂ ਨਿਭਾਈਆਂ ਸੇਵਾਵਾਂ ਨਾਲ ਇਲਾਕੇ ਦੇ ਲੋਕਾਂ ਵਿੱਚ ਵੀ ਇਨ੍ਹਾਂ ਜੰਗਲੀ ਜੀਵਾਂ ਨੂੰ ਬਚਾਉਣ ਦੀ ਇੱਕ ਲਹਿਰ ਚੱਲੀ ਹੈ ਜਿਸ ਕਰਕੇ ਰਮਨਪ੍ਰੀਤ ਕੌਰ ਵਿਸ਼ੇਸ਼ ਸਨਮਾਨ ਦੇ ਹੱਕਦਾਰ ਹਨ। ਇਸ ਮੌਕੇ ਹੋਰ ਆਗੂਆਂ ਵਿੱਚ ਜੋਗਾ ਸਿੰਘ ਦਦਿਆਲ, ਨੀਲਮ ਕੁਮਾਰੀ ਵੱਢੋਆਣ, ਸਤਨਾਮ ਸਿੰਘ ਢਿੱਲੋਂ, ਰਕੇਸ਼ ਬਬਲੀ ਅਤੇ ਹਰਮੇਸ਼ ਸਤਨੌਰ ਆਦਿ ਹਾਜ਼ਰ ਸਨ।

## ਬੇਗਮਪੁਰ ਸੰਗਤਪੁਰ ਵਿਖੇ ਸਲਾਨਾ ਮੇਲਾ ਮਨਾਇਆ



**ਬਹਿਰਾਮ (ਅਵਤਾਰ ਕਲੇਰ)**- ਧੰਨ ਧੰਨ ਬਾਬਾ ਨਿੱਕੇ ਸ਼ਾਹ ਜੀ, ਝੁਮਾਂ ਵਾਲੀ ਸਰਕਾਰ ਦਾ ਸਲਾਨਾ ਮੇਲਾ ਗੱਦੀ ਨਸ਼ੀਨ ਸੰਤ ਪ੍ਰੀਤਮ ਦਾਸ ਦੀ ਰਹਿਨੁਮਾਈ ਅਤੇ ਗ੍ਰਾਮ ਪੰਚਾਇਤ , ਨਗਰ ਨਿਵਾਸੀਆਂ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ । ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ ਸੰਤ ਸੁਰਿੰਦਰ ਦਾਸ ਅਟਾਰੀ , ਸੰਤ ਪ੍ਰੇਮ ਦਾਸ ਫਰਾਲਾ, ਸੰਤ ਟਹਿਲ ਨਾਥ ਨੰਗਲ ਖੇੜਾ, ਸੰਤ ਸੁਖਵਿੰਦਰ ਦਾਸ , ਸੰਤ ਗੁਰਮੀਤ ਰਾਮ ਹਾਜੀਪੁਰ, ਸੰਤ ਮਹਿੰਦਰ ਦਾਸ ਬੀਰਮਪੁਰ , ਸੰਤ ਕਪੂਰ ਦਾਸ ਜਲੰਧਰ , ਸੰਤ ਚਮਨ ਦਾਸ ਜਗਪਾਲ ਪੁਰ , ਜਥੇਦਾਰ ਸਰੂਪ ਸਿੰਘ ਖਲਵਾੜਾ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਦਰਬਾਰ ਦੀਆਂ ਧਾਰਮਿਕ ਰਸਮਾਂ ਉਪਰੰਤ ਪੰਜਾਬੀ ਕਲਾਕਾਰਾਂ ਰਾਜਾ ਗੁਲਾਬਗੜੀਆ, ਸੋਨਾਮੀਕਾ , ਲਵੀਸ ਚੌਹਾਨ , ਕੌਰ ਸਿਸਟਰਜ਼ , ਨਿਰਮਲਜੀਤ ਤੋਂ ਇਲਾਵਾ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ । ਗੱਦੀਨਸ਼ੀਨ ਸੰਤ ਪ੍ਰੀਤਮ ਦਾਸ ਵਲੋਂ ਪਹੁੰਚੇ ਹੋਏ ਮਹਾਂਪੁਰਸ਼ਾਂ , ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ। ਬਾਬਾ ਜੀ ਦਾ ਲੰਗਰ ਅਤੁੱਟ ਵਰਤਾਇਆ ਗਿਆ ।

# ਜਾਲ੍ਹੀ ਪੁਲਸ ਮੁਲਾਜ਼ਮ ਨੇ ਹੀ ਰਚਿਆ ਸੀ ਥਾਰ 'ਚ ਫਾਇਰ ਕਰਨ ਦਾ ਡਰਾਮਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਅੱਜ ਪੁਲਸ ਲਾਈਨ ਹੁਸ਼ਿਆਰਪੁਰ ਵਿਖੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਐਸ.ਪੀ (ਡੀ) ਹੁਸ਼ਿਆਰਪੁਰ ਸਰਬਜੀਤ ਸਿੰਘ ਬਾਹੀਆ ਨੇ ਦੱਸਿਆ ਕਿ ਕੱਲ੍ਹ ਗਣਤੰਤਰ ਦਿਵਸ ਦੇ ਮੌਕੇ ਸਵੇਰ ਦੇ ਸਮੇਂ ਦਸੂਹਾ ਪੁਲਸ ਸਟੇਸ਼ਨ ਜਿਲ੍ਹਾ ਹੁਸ਼ਿਆਰਪੁਰ ਨੂੰ ਸੂਚਨਾ ਮਿਲੀ ਸੀ ਕਿ ਇੱਕ ਲਾਵਾਰਸ ਗੱਡੀ ਥਾਰ ਖੜ੍ਹੀ ਹੈ ਜਿਹਦੇ 'ਤੇ ਫਾਇਰਿੰਗ ਹੋਈ ਹੈ ਅਤੇ ਬਿਨਾਂ ਦੇਰੀ ਸਾਡੇ ਦਸੂਹਾ ਦੇ ਡੀ ਐਸ ਪੀ ਅਤੇ ਐਸ ਐਚ ਓ ਦਸੂਹਾ ਉੱਥੇ ਮੌਕੇ 'ਤੇ ਪਹੁੰਚੇ ਅਤੇ ਅਗਲੀ ਇਨਵੈਸਟੀਗੇਸ਼ਨ ਕਰਦੇ ਹੋਏ ਐਫ ਆਈ ਆਰ ਨੰ: 17 ਆਰਮਜ਼ ਐਕਟ ਦੇ ਤਹਿਤ ਦਰਜ ਕੀਤੀ। ਉਹਦੇ ਵਿੱਚ ਸਾਨੂੰ ਜੋ ਪਤਾ ਲੱਗਾ ਕਿ ਕੋਈ ਰਜੀਵ ਉਰਫ ਛੋਟੂ ਨਾਂ ਦਾ ਪਹਿਲਵਾਨ ਹੈ। ਉਹ ਇਸ ਗੱਡੀ 'ਚ ਸਵਾਰ ਹੋ ਕੇ ਸਵੇਰੇ ਘਰੋਂ ਆਇਆ ਪਰੰਤੂ ਮਿਸਿੰਗ ਹੋ ਗਿਆ ਅਤੇ ਜਦੋਂ ਅਸੀਂ ਅੱਗੇ ਹੋਰ ਇਨਵੈਸਟੀਗੇਸ਼ਨ ਕੀਤੀ ਤਾਂ ਸਾਨੂੰ ਹੋਰ ਬਹੁਤ ਸਾਰੇ ਕਲੂ ਮਿਲੇ। ਜਾਂਚ ਦੌਰਾਨ ਪਤਾ ਲੱਗਾ ਕਿ ਇਹ ਜਿਹੜੇ ਫਾਇਰ ਹੋਏ ਹਨ ਇਨ੍ਹਾਂ ਨੇ ਜਾਣਬੁੱਝ ਕੇ ਆਪ ਹੀ ਖੜ੍ਹੀ ਗੱਡੀ ਵਿੱਚ ਮਾਰੇ ਹਨ, ਕੋਈ ਚਲਦੀ 'ਤੇ ਅਟੈਕ ਨਹੀਂ ਹੋਇਆ । ਇਸ ਇਨਵੈਸਟੀਗੇਸਨ ਦੇ ਦੌਰਾਨ ਹੀ ਸਾਨੂੰ ਹੋਰ ਨੌਜਵਾਨ ਮਿਲੇ ਜਿਹੜੇ ਕਿ ਹਰਿਆਣੇ ਤੇ ਪੰਜਾਬ ਤੋਂ ਸਨ ਉਨ੍ਹਾਂ ਦੱਸਿਆ ਕਿ ਰਾਜੀਵ ਪਹਿਲਵਾਨ ਉਰਫ ਛੋਟੂ ਨੇ ਪੁਲਸ ਵਿਚ ਭਰਤੀ ਕਰਾਉਣ ਦੇ ਨਾਂ 'ਤੇ ਸਾਡੇ ਨਾਲ ਠੱਗੀ ਮਾਰੀ ਹੈ। ਇਸ ਵਲੋਂ 26 ਜਨਵਰੀ ਨੂੰ ਜਲੰਧਰ ਪੀ ਏ ਪੀ ਦਾ ਟਾਈਮ ਦਿੱਤਾ ਗਿਆ ਸੀ। ਉੱਥੇ ਇਸ ਨੇ ਸਾਨੂੰ ਜੁਆਇਨਿੰਗ ਲੈਟਰ ਦੇਣੇ ਸਨ। ਉੱਥੇ ਇਹ ਸਾਰੇ ਨੌਜਵਾਨ ਪਹੁੰਚ ਗਏ। ਕਿਉਂਕਿ ਇਸ ਨੂੰ ਪਤਾ ਸੀ ਕਿ ਮੈਂ ਲੋਕਾਂ ਨਾਲ ਠੱਗੀ ਮਾਰੀ ਹੈ ਮੈਂ ਇਨ੍ਹਾਂ ਨੂੰ ਅੱਜ ਜੁਆਇਨਿੰਗ ਲੈਟਰ ਨਹੀਂ ਦਿਵਾ ਸਕਦਾ। ਉਨ੍ਹਾਂ ਤੋਂ ਭੱਜਣ ਲਈ ਇਹਨੇ ਉਨ੍ਹਾਂ ਨੂੰ ਡਰਾਉਣ ਲਈ ਕਿ ਗੈਂਗਸਟਰਾਂ ਨੇ ਮੇਰੇ 'ਤੇ ਗੋਲੀਆਂ ਚਲਾ ਕੇ ਕਿਸੇ ਨੇ ਮੇਰੀ ਕਿਡਨੈਪਿੰਗ ਕਰ ਲਈ ਹੈ। ਇਸ ਨੇ ਇਹ ਸਾਰਾ ਝੂਠਾ ਡਰਾਮਾ ਰਚਿਆ। ਪੁਲਸ ਨੇ ਦੱਸਿਆ ਕਿ ਇਸ ਕੇਸ ਵਿਚ ਹੁਣ ਤੱਕ ਅਸੀਂ ਪੰਜ ਬੰਦੇ ਅਰੈਸਟ ਕਰ ਲਏ ਹਨ। ਇੱਕ ਰਜੀਵ ਛੋਟੂ, ਇਸ ਦਾ ਇੱਕ ਹੋਰ ਸਾਥੀ ਅਜੇ ਹੈ ਜਿਹੜਾ ਕਿ ਹਰਿਆਣੇ ਤੋਂ ਹੈ ਜਿਹਨੇ ਛੋਟੂ ਨੂੰ 14 ਬੰਦੇ ਲਿਆ ਕੇ ਦਿੱਤੇ ਹਨ। ਇਹਦਾ ਇੱਕ ਹੋਰ ਸਾਥੀ ਉਸਤਾਦ ਕੈਲਾ ਅਤੇ ਇਹਦਾ ਇੱਕ ਜੀਜਾ ਸੰਜੀਵ ਹੈ। ਉਸ ਨੇ ਵੀ ਦਸੂਹਾ ਤੇ ਮਕੇਰੀਆਂ ਦੇ ਨੌਜਵਾਨਾਂ ਤੋਂ ਭਰਤੀ ਕਰਾਉਣ ਲਈ ਪੈਸੇ ਲਏ ਹੋਏ ਹਨ। ਕਿਉਂਕਿ ਇਹ ਛੋਟੂ ਆਪਣੇ ਆਪ ਨੂੰ ਪੁਲਸ ਵਿੱਚ ਦੱਸਦਾ ਸੀ ਅਤੇ ਵਰਦੀ ਪਾ ਕੇ ਇਹਨੇ ਫੋਟੋ ਵੀ ਆਪਣੀਆਂ ਫੇਸਬੁਕ 'ਤੇ ਪਾਈਆਂ ਹੋਈਆਂ ਸਨ। ਇਸ ਦੇ ਕੋਲੋਂ ਸਾਨੂੰ ਇੱਕ ਆਈ ਡੀ ਕਾਰਡ ਮਿਲਿਆ ਜਿਹੜਾ ਝੂਠਾ ਹੈ। ਇਸ ਦੇ ਘਰ ਜਦੋਂ ਪੁਲਸ ਨੇ ਰੇਡ ਮਾਰੀ ਤਾਂ ਪੁਲਸ ਨੇ ਇਸ ਨੂੰ ਅਰੈਸਟ ਕੀਤਾ ਤਾਂ ਇੱਕ ਪਿਸਟਲ ਅਤੇ ਪੁਲਸ ਦੀਆਂ ਤਿੰਨ ਵਰਦੀਆਂ ਮਿਲੀਆਂ। ਪ੍ਰਾਪਤ ਪਿਸਟਲ ਉਹ ਹੀ ਸੀ ਜਿਸ ਨਾਲ ਇਸ ਨੇ ਆਪਣੀ ਗੱਡੀ ਥਾਰ 'ਤੇ ਆਪ ਫਾਇਰ ਮਾਰੇ ਸਨ। ਇਸ ਦਾ ਇੱਕ ਦੋਸਤ ਹੈ ਹਰਜਿੰਦਰ ਹਨੀ ਹੈ। ਰਜੀਵ ਛੋਟੂ ਅਤੇ ਹਰਜਿੰਦਰ ਹਨੀ ਨੇ ਕੀਤੀ ਹੋਈ ਪਲੈਨਿੰਗ ਦੇ ਮੁਤਾਬਕ ਜਿੱਥੇ ਇਸ ਨੇ ਗੱਡੀ ਛੱਡੀ ਉਥੋਂ ਅੱਗੇ ਹਨੀ ਨੇ ਆਪਣੀ ਆਲਟੋ ਗੱਡੀ ਤੇ ਇਸ ਨੂੰ ਪਿੱਕ ਕੀਤਾ ਅਤੇ ਹਨੀ ਤੇ ਇਹ ਇਕੱਠੇ ਹੀ ਸੀ। ਉਨ੍ਹਾਂ ਦੱਸਿਆ ਕਿ ਹੁਣ ਤੱਕ ਲੋਕਾਂ ਨਾਲ ਪ੍ਰੋਕਸੀਮੇਟਲੀ ਦੋ ਕਰੋੜ ਦੀ ਠੱਗੀ ਸਾਹਮਣੇ ਆਈ ਹੈ। ਅਜੇ ਤੱਕ ਟੋਟਲ 20 ਬੰਦੇ ਸਾਡੇ ਸਾਹਮਣੇ ਆਏ ਹਨ, ਜਿਨਾਂ ਦੇ ਨਾਂ ਸਾਡੇ ਕੋਲ ਮੌਜੂਦ ਹਨ। ਉਮੀਦ ਹੈ ਕਿ ਇਹ ਗਿਣਤੀ ਹੋਰ ਵਧੂਗੀ। ਇਸ ਦੇ ਘਰੋਂ ਇੱਕ ਇੰਸਪੈਕਟਰ, ਇੱਕ ਏ ਐਸ ਆਈ ਅਤੇ ਇੱਕ ਹੈਡ ਕੰਸਟੇਬਲ ਦੀ ਵਰਦੀ ਬਰਾਮਦ ਹੋਈ ਹੈ। ਜਦੋਂ ਇਸ ਦਾ ਉਸਤਾਦ ਕੈਲਾ ਅਤੇ ਇਹ ਛਿੰਝ 'ਤੇ ਜਾਂਦੇ ਸਨ ਤਾਂ ਇਹ ਵਰਦੀ ਪਾ ਕੇ ਆਪਣੇ ਉਸਤਾਦ ਨਾਲ ਬਤੌਰ ਗੰਨਮੈਨ ਜਾਂਦੇ ਸਨ। ਇਹ ਲੋਕਾਂ ਨੂੰ ਪਿਛਲੇ ਡੇਢ ਦੋ ਸਾਲ ਤੋਂ ਆਪਣੇ ਆਪ ਨੂੰ ਪੁਲਸ ਸਪੋਰਟਸ ਮੁਲਾਜ਼ਮ ਦੱਸਦਾ ਸੀ।

# ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਕਿਸਾਨ ਜਥੇਬੰਦੀਆਂ ਨੇ ਕੱਢਿਆ ਟਰੈਕਟਰ ਮਾਰਚ



**ਮਾਹਿਲਪੁਰ (ਸਫਰੀ)**- ਸੰਯੁਕਤ ਕਿਸਾਨ ਮੋਰਚੇ ਵੱਲੋਂ ਕਿਸਾਨੀ ਮੰਗਾਂ ਨੂੰ ਲੈ ਕੇ ਗਣਤੰਤਰ ਦਿਵਸ ਮੌਕੇ ਟਰੈਕਟਰ ਮਾਰਚ ਦੀ ਦਿੱਤੀ ਹੋਈ ਕਾਲ ਸਬੰਧੀ ਕੁਲ ਹਿੰਦ ਕਿਸਾਨ ਸਭਾ, ਕਿਰਤੀ ਕਿਸਾਨ ਸਭਾ, ਸ਼ੇਰੇ ਪੰਜਾਬ ਦੁਆਬਾ ਕਿਸਾਨ ਯੂਨੀਅਨ ਅਤੇ ਜਮਹੂਰੀ ਕਿਸਾਨ ਸਭਾ ਦੀ ਅਗਵਾਈ ਹੇਠ ਸਮੁੰਦੜਾ ਤੋਂ ਸੈਲਾ ਖੁਰਦ ਤੱਕ ਟਰੈਕਟਰ ਮਾਰਚ ਕੱਢਿਆ ਗਿਆ। ਜਿਸ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਸ਼ਾਮਲ ਹੋ ਕੇ ਕੇਂਦਰ ਸਰਕਾਰ ਖਿਲਾਫ਼ ਨਾਅਰੇਬਾਜ਼ੀ ਕੀਤੀ। ਇਸ ਮੌਕੇ ਕਿਸਾਨ ਆਗੂ ਦਰਸ਼ਨ ਸਿੰਘ ਮੱਟੂ, ਗੁਰਨੇਕ ਸਿੰਘ ਭੱਜਲ, ਹਰਮੇਸ਼ ਢੇਸੀ, ਜਸਵੰਤ ਸਿੰਘ ਭੱਠਲ, ਬਲਵੰਤ ਰਾਮ ਆਦਿ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਸਾਰੀਆਂ ਫਸਲਾਂ 'ਤੇ ਐਮ.ਐਸ.ਪੀ ਲਾਗੂ ਕਰੇ ਅਤੇ ਕਿਸਾਨਾਂ ਤੇ ਮਜ਼ਦੂਰਾਂ ਸਿਰ ਚੜ੍ਹੇ ਕਰਜੇ ਨੂੰ ਖਤਮ ਕੀਤਾ ਜਾਵੇ। ਇਸ ਤੋਂ ਇਲਾਵਾ ਫਸਲ ਬੀਮਾ ਯੋਜਨਾ ਲਾਗੂ ਕੀਤੀ ਜਾਵੇ ਅਤੇ ਲਖੀਮਪੁਰ ਖੀਰੀ ਦੇ ਦੋਸ਼ੀਆਂ ਨੂੰ ਸਜਾ ਦੀ ਮੰਗ ਤੇ ਹੋਰ ਮੰਗਾਂ ਨੂੰ ਲੈ ਕੇ ਅੱਜ ਦੇ ਟਰੈਕਟਰ ਮਾਰਚ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਕਿਸਾਨ ਆਗੂ ਹਰਜਿੰਦਰ ਸਿੰਘ, ਸ਼ਮਸ਼ੇਰ ਸਿੰਘ, ਸਤਨਾਮ ਸਿੰਘ, ਬਹਾਦਰ ਸਿੰਘ, ਮੱਖਣ ਸਿੰਘ, ਤੀਰਥ ਸਿੰਘ, ਸੰਦੀਪ ਸਿੰਘ ਮਿੰਟੂ, ਪਰਮਜੀਤ ਸਿੰਘ ਰੁੜਕੀ ਖਾਸ, ਅਮਰੀਕ ਸਿੰਘ, ਕਰਤਾਰ ਸਿੰਘ, ਹਰਭਜਨ ਸਿੰਘ, ਸੱਜਣ ਸਿੰਘ ਧਮਾਈ, ਭੁਪਿੰਦਰ ਸਿੰਘ , ਦਮਨ ਜੋਤ ਸਿੰਘ ਸਰਪੰਚ, ਜਸਵਿੰਦਰ ਸਿੰਘ ਆਦਿ ਹਾਜ਼ਰ ਸਨ।

# ਨਵਜੋਤ ਸਾਹਿਤ ਸੰਸਥਾ ਔੜ ਦੀ ਚੋਣ ਸਰਬਸੰਮਤੀ ਨਾਲ ਹੋਈ



**ਬਹਿਰਾਮ (ਅਵਤਾਰ ਕਲੇਰ)**- ਨਵਜੋਤ ਸਾਹਿਤ ਸੰਸਥਾ ਔੜ (ਰਜਿ.) ਦੀ ਸਲਾਨਾ ਚੋਣ ਅੱਜ ਸਰਬਸੰਮਤੀ ਨਾਲ ਕੀਤੀ ਗਈ। ਇਸ ਸਬੰਧੀ ਸੰਸਥਾ ਦੇ ਦਫਤਰ 'ਚ ਇਕੱਤਰ ਮੈਂਬਰਾਂ ਨੇ ਸਰਬਸੰਮਤੀ ਨਾਲ ਗੁਰਨੇਕ ਸਿੰਘ ਸ਼ੇਰ ਨੂੰ ਪ੍ਰਧਾਨ ਅਤੇ ਸੁਰਜੀਤ ਮਜਾਰੀ ਨੂੰ ਮੁੱਖ ਸਕੱਤਰ ਚੁਣਿਆ। ਇਸ ਚੋਣ 'ਤੇ ਧੰਨਵਾਦ ਕਰਦਿਆਂ ਗੁਰਨੇਕ ਸਿੰਘ ਸ਼ੇਰ ਅਤੇ ਸੁਰਜੀਤ ਮਜਾਰੀ ਨੇ ਕਿਹਾ ਕਿ ਉਹ ਇਸ ਵਰ੍ਹੇ ਸੰਸਥਾ ਦੀਆਂ ਸਾਹਿਤਕ ਪਿਰਤਾਂ ਨੂੰ ਹੋਰ ਪ੍ਰਫੁੱਲਤ ਕਰਨ ਲਈ ਤਨਦੇਹੀ ਨਾਲ ਯਤਨ ਕਰਨਗੇ। ਸੰਸਥਾ ਦੀ ਬਾਕੀ ਕਾਰਜਕਾਰਨੀ ਵਿੱਚ ਮੈਡਮ ਰਜਨੀ ਸ਼ਰਮਾ ਨੂੰ ਮੁੱਖ ਸਲਾਹਕਾਰ, ਅਮਰ ਜਿੰਦ ਨੂੰ ਸੀਨੀਅਰ ਮੀਤ ਪ੍ਰਧਾਨ, ਸੁੱਚਾ ਰਾਮ ਜਾਡਲਾ ਨੂੰ ਮੀਤ ਪ੍ਰਧਾਨ, ਦਵਿੰਦਰ ਸਕੋਹਪੁਰੀ ਨੂੰ ਸਕੱਤਰ, ਨੀਰੂ ਜੱਸਲ ਨੂੰ ਸਹਾਇਕ ਸਕੱਤਰ, ਹਰਬੰਸ ਕੌਰ ਨੂੰ ਖਜ਼ਾਨਚੀ, ਚਮਨ ਮੱਲਪੁਰੀ ਨੂੰ ਸਹਾਇਕ ਖਜ਼ਾਨਚੀ, ਰਵਿੰਦਰ ਮੱਲ੍ਹਾ ਬੇਦੀਆਂ ਨੂੰ ਦਫ਼ਤਰ ਸਕੱਤਰ, ਹਰਮਿੰਦਰ ਹੈਰੀ ਨੂੰ ਪ੍ਰੈਸ ਸਕੱਤਰ, ਰੇਸ਼ਮ ਕਰਨਾਣਵੀ ਨੂੰ ਆਡੀਟਰ ਅਤੇ ਹਰੀ ਕ੍ਰਿਸ਼ਨ ਪਟਵਾਰੀ, ਪਿਆਰਾ ਲਾਲ ਬੰਗਡ, ਦਵਿੰਦਰ ਬੇਗ਼ਮਪੁਰੀ, ਸੁਰਿੰਦਰ ਭਾਰਤੀ, ਕਸ਼ਮੀਰੀ ਕੈਂਥ, ਕੇਵਲ ਰਾਮ, ਸਤਿੰਦਰ ਸੋਢੀ, ਰਾਜਿੰਦਰ ਜੱਸਲ, ਮੱਖਣ ਬਖਲੌਰ ਆਦਿ ਨੂੰ ਕਾਰਜਕਾਰੀ ਮੈਂਬਰ ਵਜੋਂ ਸ਼ਾਮਲ ਕੀਤਾ। ਇਹ ਚੋਣ ਪ੍ਰਕਿਰਿਆ ਰੌਸ਼ਨ ਕਲਾ ਕੇਂਦਰ ਗੱਜਰ ਦੇ ਸੰਚਾਲਕ ਕਮਲਜੀਤ ਕੰਵਰ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਜ਼ਿਲ੍ਹਾ ਪ੍ਰਧਾਨ ਦੇਸ ਰਾਜ ਬਾਲੀ ਦੀ ਅਗਵਾਈ ਵਿੱਚ ਕੀਤੀ ਗਈ। ਚੁਣੀ ਗਈ ਨਵੀਂ ਟੀਮ ਨੂੰ ਸੰਸਥਾ ਦੇ ਸਰਪ੍ਰਸਤ ਗੁਰਦਿਆਲ ਰੌਸ਼ਨ, ਪ੍ਰੋ. ਸੰਧੂ ਵਰਿਆਣਵੀ, ਸਤਪਾਲ ਸਾਹਲੋਂ ਨੇ ਸ਼ੁੱਭਕਾਮਨਾਵਾਂ ਦਿੱਤੀਆਂ।

ਇਸ ਮੌਕੇ ਗੀਤਕਾਰ ਰਾਮ ਸ਼ਰਨ ਜੋਸ਼ੀਲਾ ਦੇ ਦੇਹਾਂਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਹਾਜ਼ਰੀਨ ਵਲੋਂ ਸੰਸਥਾ ਦੇ ਮੁਢਲੇ ਮੈਂਬਰਾਂ 'ਚ ਸ਼ਾਮਲ ਸਤਪਾਲ ਸਾਹਲੋਂ, ਪਿਆਰਾ ਲਾਲ ਬੰਗ, ਸੁਰਿੰਦਰ ਭਾਰਤੀ, ਚਮਨ ਮੱਲਪੁਰੀ ਅਤੇ ਬਿੰਦਰ ਮੱਲਾ ਬੇਦੀਆਂ ਦਾ ਵਿਸ਼ੇਸ਼ ਸਨਮਾਨ ਕਰਨ ਲਈ ਮਤਾ ਵੀ ਪਾਇਆ ਗਿਆ। ਇਹ ਸਨਮਾਨ ਰਸਮ ਸੰਸਥਾ ਦੀ ਮਹੀਨਾਵਾਰ ਮੀਟਿੰਗ ਤਹਿਤ ਫਰਵਰੀ ਵਿੱਚ ਨਿਭਾਈ ਜਾਵੇਗੀ ਅਤੇ ਇਹ ਰਸਮ ਨਿਭਾਉਣ ਵਾਲਿਆਂ ਵਿੱਚ ਵਿਨੇ ਸ਼ਰਮਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣਗੇ।

# ਸੀ ਪੀ ਐੱਮ ਦੀ ਤਹਿਸੀਲ ਕਮੇਟੀ ਦੀ ਮੀਟਿੰਗ



**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)**-ਅੱਜ ਇਥੇ ਸ਼ਹੀਦ ਚੰਨਣ ਸਿੰਘ ਧੂਤ ਭਵਨ ਵਿਖੇ ਹੁਸ਼ਿਆਰਪੁਰ ਤਹਿਸੀਲ ਦੀ ਪਾਰਟੀ ਮੀਟਿੰਗ ਸਾਥੀ ਸੰਤੋਖ ਸਿੰਘ ਭੀਲੋਵਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਹਾਜ਼ਰ ਸੂਬਾ ਕਮੇਟੀ ਮੈਂਬਰ ਸਾਥੀ ਗੁਰਮੇਸ਼ ਸਿੰਘ ਨੇ ਪੰਜਾਬ ਦੀ ਅਜੋਕੀ ਅਵਸਥਾ ਬਾਰੇ ਅਤੇ ਨਰਿੰਦਰ ਮੋਦੀ ਵਲੋਂ ਦੇਸ਼ ਦੇ ਪ੍ਰਧਾਨ ਮੰਤਰੀ ਬਣਨ ਸਮੇਂ ਸੰਵਿਧਾਨ ਦੀ ਸਹੁੰ ਖਾਧੀ ਸੀ ਪਰ ਹੁਣ ਅਯੁੱਧਿਆ ਅੰਦਰ ਸੰਵਿਧਾਨ ਨੂੰ ਦਰਕਿਨਾਰ ਕਰਦਿਆਂ ਪ੍ਰਾਨ ਪ੍ਰਤਿਸ਼ਠਾ ਦੇ ਨਾਂ 'ਤੇ ਧਾਰਮਿਕ ਰਹੁ ਰੀਤਾਂ ਕਰਨ ਬਾਰੇ ਚਾਨਣਾ ਪਾਇਆ। ਉਨ੍ਹਾਂ ਨੇ ਪਾਰਟੀ ਦੇ ਫੈਸਲੇ ਅਨੁਸਾਰ 2024 ਦੀਆਂ ਚੋਣਾਂ ਵਿੱਚ ਫਿਰਕੂ ਅਤੇ ਕਾਰਪੋਰੇਟ ਗੱਠਜੋੜ ਨੂੰ ਹਰਾਉਣ ਲਈ ਆਪਣੇ ਆਪਣੇ ਇਲਾਕੇ ਵਿੱਚ ਪੂਰੀ ਸਰਗਰਮੀ ਨਾਲ ਕੰਮ ਕਰਨ ਦਾ ਸੱਦਾ ਦਿੱਤਾ। ਮੀਟਿੰਗ ਦੇ ਫੈਸਲਿਆਂ ਦੀ ਜਾਣਕਾਰੀ ਦਿੰਦਿਆਂ ਸਾਥੀ ਬਲਵਿੰਦਰ ਸਿੰਘ ਨੇ ਦੱਸਿਆ ਕਿ ਤਹਿਸੀਲ ਅੰਦਰ ਮੈਂਬਰਸ਼ਿਪ ਨਵੀਨੀਕਰਨ ਦਾ ਕੰਮ 31 ਜਨਵਰੀ ਤੱਕ ਮੁਕੰਮਲ ਕਰ ਲਿਆ ਜਾਵੇਗਾ। ਸੂਬਾ ਫੰਡ ਅਤੇ ਜ਼ਿਲ੍ਹਾ ਫੰਡ 15 ਫਰਵਰੀ ਤੱਕ ਇਕੱਠਾ ਕਰਨ ਦਾ ਫੈਸਲਾ ਕੀਤਾ ਗਿਆ। 4 ਫਰਵਰੀ ਨੂੰ ਸਾਥੀ ਰਘੁਨਾਥ ਸਿੰਘ ਦੀ ਬੀਨੇਵਾਲ ਬਰਸੀ ਸਮੇਂ ਅਤੇ 15 ਫਰਵਰੀ ਨੂੰ ਸ਼ਹੀਦ ਸਾਥੀ ਚਨਣ ਸਿੰਘ ਧੂਤ ਅਤੇ ਸ਼ਹੀਦ ਸਾਥੀ ਹੁਕਮ ਚੰਦ ਗੁਲਸ਼ਨ ਦੀ ਬਰਸੀ ਸਮੇਂ ਪਿੰਡ ਧੂਤਕਲਾਂ ਵਿੱਚ ਵੱਧ ਤੋਂ ਵੱਧ ਸਾਥੀਆਂ ਨੂੰ ਸ਼ਾਮਲ ਕਰਨ ਦਾ ਫੈਸਲਾ ਕੀਤਾ ਗਿਆ। 16 ਫਰਵਰੀ ਦੀ ਟਰੇਡ ਯੂਨੀਅਨਜ਼ ਵਲੋਂ ਦੇਸ਼ ਵਿਆਪੀ ਹੜਤਾਲ ਦੇ ਸਮਰਥਨ ਵਿੱਚ ਸੰਯੁਕਤ ਕਿਸਾਨ ਮੋਰਚੇ ਵਲੋਂ ਪਿੰਡਾਂ ਨੂੰ ਬੰਦ ਕਰਾਉਣ ਦੇ ਸੱਦੇ ਨੂੰ ਨੇਪਰੇ ਚਾੜ੍ਹਨ ਲਈ ਪਿੰਡਾਂ ਅੰਦਰ ਲੋਕਾਂ ਨੂੰ ਲਾਮਬੰਦ ਕਰਨ ਲਈ ਜਥਾ ਮਾਰਚ ਕਰਨ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਪ੍ਰੇਮਲਤਾ, ਸੁਰਿੰਦਰ ਕੌਰ, ਨਿਰਮਲਾ ਦੇਵੀ, ਰਾਜਰਾਣੀ, ਗੁਰਬਖਸ਼ ਸਿੰਘ ਸੂਸ, ਧਨਪਤ, ਗੁਰਮੀਤ ਸਿੰਘ ਕਾਣੇ, ਪਰਸਨ ਸਿੰਘ ਲਹਿਲੀ ਅਤੇ ਮਹਿੰਦਰ ਸਿੰਘ ਭੀਲੋਵਾਲ ਹਾਜ਼ਰ ਸਨ।

## ਪ੍ਰਭ ਆਸਰਾ ਸੰਸਥਾ ਦੇ ਬੱਚੇ ਨੈਸ਼ਨਲ ਚੈਂਪੀਅਨਸ਼ਿਪ ਫਲੋਰ ਬਾਲ ਲਈ ਰਵਾਨਾ



**ਕੁਰਾਲੀ (ਮੋਹਨ ਅਗਰਵਾਲ)**-ਕੁਰਾਲੀ ਸ਼ਹਿਰ ਦੀ ਹੱਦ ਵਿਚ ਲਾਵਾਰਿਸ ਲੋਕਾਂ ਦੀ ਸੇਵਾ ਸੰਭਾਲ ਕਰ ਰਹੀ ਪ੍ਰਭ ਆਸਰਾ ਸੰਸਥਾ ਦੇ ਬੱਚੇ ਸਪੈਸ਼ਲ ਓਲੰਪਿਕ ਭਾਰਤ ਵੱਲੋਂ ਕਰਵਾਏ ਜਾ ਰਹੇ ਨੈਸ਼ਨਲ ਚੈਂਪੀਅਨਸ਼ਿਪ ਫਲੋਰ ਬਾਲ ਲਈ ਰਵਾਨਾ ਹੋਏ। ਸੰਸਥਾ ਦੇ ਮੁਖੀ ਭਾਈ ਸ਼ਮਸ਼ੇਰ ਸਿੰਘ ਅਤੇ ਬੀਬੀ ਰਜਿੰਦਰ ਕੌਰ ਨੇ ਦੱਸਿਆ ਕਿ ਜੀਵਨ 'ਚ ਸਿੱਖਿਆ, ਸਿਹਤ ਅਤੇ ਖੇਡਾਂ ਦਾ ਵਿਸ਼ੇਸ਼ ਮਹੱਤਵ ਹੁੰਦਾ ਹੈ। ਪ੍ਰਭ ਆਸਰਾ ਸੰਸਥਾ ਦੇ ਬੱਚੇ ਫਲੋਰ ਬਾਲ ਨੈਸ਼ਨਲ ਚੈਂਪੀਅਨਸ਼ਿਪ ਲਈ ਪੰਜਾਬ ਵੱਲੋਂ ਸਿਲੈਕਟ ਹੋਏ ਹਨ। ਸੰਸਥਾ ਦੇ ਬੱਚੇ ਪਹਿਲਾਂ ਵੀ ਕਈ ਮੈਡਲ ਜਿੱਤ ਚੁੱਕੇ ਹਨ। ਸੰਸਥਾ ਵੱਲੋਂ ਵਿਸ਼ਨੂੰ ਅਤੇ ਪ੍ਰਵੀਨ ਦਿੱਲੀ ਲਈ ਅੱਜ ਰਵਾਨਾ ਹੋ ਰਹੇ ਹਨ। ਬੱਚਿਆਂ ਲਈ ਸਪੈਸ਼ਲ ਕੋਚ ਅਤੇ ਟੀਚਰ ਵੀ ਰੱਖੇ ਗਏ ਹਨ। ਇਨ੍ਹਾਂ ਵੱਲੋਂ ਬੱਚਿਆਂ ਨੂੰ ਖੇਡਾਂ ਲਈ ਸਪੈਸ਼ਲ ਟ੍ਰੇਨਿੰਗ ਦਿੱਤੀ ਜਾਂਦੀ ਹੈ। ਬੱਚਿਆਂ ਨੂੰ ਖੇਡਾਂ ਵਿੱਚ ਹੋਰ ਅੱਗੇ ਲਿਆਉਣ ਲਈ ਸੰਸਥਾ ਵੱਲੋਂ ਸਪੈਸ਼ਲ ਗਰਾਊਂਡ ਵੀ ਤਿਆਰ ਕੀਤੇ ਜਾ ਰਹੇ ਹਨ। ਉਨ੍ਹਾਂ ਬੱਚਿਆਂ ਨੂੰ ਕਾਮਯਾਬੀ ਹਾਸਲ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਵਿਧਾਇਕ ਦਸੂਹਾ ਵਿਰੁੱਧ ਰੈਲੀ



**ਹੁਸ਼ਿਆਰਪੁਰ, ਦਸੂਹਾ (ਬਲਵੀਰ ਸਿੰਘ ਸੈਣੀ)** ਸੂਬੇ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਜਥੇਬੰਦੀ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵਲੋਂ ਆਪਣੀਆਂ ਮੰਗਾਂ ਸਬੰਧੀ ਕੀਤੇ ਜਾ ਰਹੇ ਸੰਘਰਸ਼ ਅਤੇ ਸਰਕਾਰ ਦੀ ਵਾਅਦਾ ਖਿਲਾਫੀ ਵਿਰੁੱਧ ਕੀਤੇ ਜਾ ਰਹੇ ਸੰਘਰਸ਼ ਨੂੰ ਹੋਰ ਵੀ ਪ੍ਰਚੰਡ ਕਰਦਿਆਂ ਚੋਣਾਂ ਤੋਂ ਪਹਿਲਾਂ ਆਪ ਪਾਰਟੀ ਦੇ ਵਿਧਾਇਕਾਂ ਨੂੰ ਉਨ੍ਹਾਂ ਦੇ ਵਾਅਦੇ ਯਾਦ ਕਰਵਾਉਣ ਲਈ ਮੰਗ-ਪੱਤਰ ਦੇਣ ਦੇ ਪ੍ਰੋਗਰਾਮ ਤਹਿਤ ਅੱਜ ਦਸੂਹਾ ਵਿਖੇ ਹਲਕਾ ਦਸੂਹਾ ਦੇ ਵਿਧਾਇਕ ਕਰਮਵੀਰ ਸਿੰਘ ਘੁੰਮਣ ਨੂੰ ਮੰਗ-ਪੱਤਰ ਦਿੱਤਾ।

ਇਸ ਤੋਂ ਪਹਿਲਾਂ ਨਵੀਂ ਕਚਹਿਰੀ ਦਸੂਹਾ ਦੇ ਨੇੜੇ ਫ਼ਰੰਟ ਦੇ ਆਗੂਆਂ ਦਲਵੀਰ ਸਿੰਘ ਭੁੱਲਰ, ਨਰਿੰਦਰ ਸਿੰਘ ਗੋਲੀ, ਸ਼ਾਂਤੀ ਸਰੂਪ, ਰਾਜੀਵ ਸ਼ਰਮਾ ਅਤੇ ਰਜਤ ਮਹਾਜਨ ਦੀ ਅਗਵਾਈ ਹੇਠ ਹੋਈ ਰੋਸ-ਰੈਲੀ ਕੀਤੀ ਗਈ। ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਰੋਹ ਨੂੰ ਦੇਖਦਿਆਂ ਹਲਕਾ ਦਸੂਹਾ ਦੇ ਵਿਧਾਇਕ ਵਲੋਂ ਰੈਲੀ ਵਿੱਚ ਪਹੁੰਚ ਕੇ ਮੰਗ ਪੱਤਰ ਪ੍ਰਾਪਤ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਸਤੀਸ਼ ਰਾਣਾ, ਜਸਵੀਰ ਤਲਵਾੜਾ, ਪ੍ਰਿੰਸੀਪਲ ਅਮਨਦੀਪ ਸ਼ਰਮਾ, ਇੰਦਰਜੀਤ ਵਿਰਦੀ, ਪਰਦੁੱਮਣ ਗੌਤਮ, ਬਲਵੀਰ ਸਿੰਘ, ਓਂਕਾਰ ਸਿੰਘ, ਸੰਜੀਵ ਧੂਤ, ਇੰਦਰਸੁਖਦੀਪ ਸਿੰਘ, ਅਸ਼ੋਕ ਕੁਮਾਰ, ਭੁਪਿੰਦਰ ਸਿੰਘ ਤੇ ਬਲਬੀਰ ਸਿੰਘ ਨੇ ਕਿਹਾ ਕਿ ਮੌਜੂਦਾ ਸਰਕਾਰ ਵਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਵੱਲ ਕੋਈ ਵੀ ਧਿਆਨ ਨਹੀਂ ਦਿੱਤਾ ਜਾ ਰਿਹਾ। ਤਿੰਨ ਵਾਰ ਮੀਟਿੰਗ ਦਾ ਸਮਾਂ ਦੇ ਕੇ ਵੀ ਸਰਕਾਰ ਵਲੋਂ ਸਾਂਝੇ ਮੁਲਾਜ਼ਮ ਫ਼ਰੰਟ ਦੇ ਆਗੂਆਂ ਨਾਲ ਮੀਟਿੰਗ ਨਹੀਂ ਕੀਤੀ ਗਈ। ਆਗੂਆਂ ਵਲੋਂ ਮੰਗ ਕੀਤੀ ਗਈ ਕਿ ਸਮੂਹ ਕੱਚੇ ਮੁਲਾਜ਼ਮਾਂ ਦੀਆਂ ਸੇਵਾਵਾਂ ਨੂੰ ਰੈਗੂਲਰ ਕੀਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਮਹਿਗਾਈ ਭੱਤੇ ਦੀਆਂ ਕਿਸ਼ਤਾਂ ਨੂੰ ਸਮੇਤ ਬਕਾਏ ਜਾਰੀ ਕੀਤਾ ਜਾਵੇ, ਪੈਨਸ਼ਨਰਾਂ 'ਤੇ 2.59 ਦਾ ਗੁਣਾਂਕ ਲਾਗੂ ਕੀਤਾ ਜਾਵੇ, ਜਨਤਕ ਅਦਾਰਿਆਂ ਅੰਦਰ ਖਾਲੀ ਪਈਆਂ ਅਸਾਮੀਆਂ ਨੂੰ ਪੱਕੇ ਤੌਰ 'ਤੇ ਭਰਿਆ ਜਾਵੇ। ਮੰਗ ਪੱਤਰ ਪ੍ਰਾਪਤ ਕਨ ਮੌਕੇ ਵਿਧਾਇਕ ਵਲੋਂ ਮੰਗਾਂ ਨੂੰ ਹੱਲ ਕਰਨ ਲਈ ਮੁੱਖ ਮੰਤਰੀ ਅਤੇ ਕੈਬਨਿਟ ਸਬ ਕਮੇਟੀ ਨਾਲ ਮੀਟਿੰਗ ਕਰਵਾਉਣ ਦਾ ਭਰੋਸਾ ਦਿੱਤਾ। ਇਸ ਮੌਕੇ ਬਲਬੀਰ ਸਿੰਘ, ਸ਼ਿਵ ਕੁਮਾਰ ਤਲਵਾੜਾ, ਭੁਪਿੰਦਰ ਸਿੰਘ, ਮਨੋਹਰ ਲਾਲ, ਪ੍ਰਿੰਸ ਗੜ੍ਹਦੀਵਾਲਾ, ਅਮਰਜੀਤ ਕਾਨੂੰਗੋ, ਗਿਆਨ ਸਿੰਘ ਗੁਪਤਾ, ਵਰਿੰਦਰ ਵਿੱਕੀ, ਨਿਰਮਲ ਸਿੰਘ ਨਿਹਾਲਪੁਰ, ਮਨਜੀਤ ਸਿੰਘ ਦਸੂਹਾ, ਜਸਦੀਪ ਕੌਰ, ਅਸ਼ੋਕ ਕੁਮਾਰ, ਸੁਰਜੀਤ ਸਿੰਘ, ਜਗਜੀਤ ਸਿੰਘ, ਠਾਕੁਰ ਸੁਰਜੀਤ ਸਿੰਘ ਅਤੇ ਬਲਵਿੰਦਰ ਸਿੰਘ ਆਦਿ ਆਗੂ ਵੀ ਹਾਜ਼ਰ ਸਨ।

# 144 ਅਤਿ-ਆਧੁਨਿਕ ਵਾਹਨ ਸੂਬੇ ਦੀਆਂ 5500 ਕਿਲੋਮੀਟਰ ਸੜਕਾਂ ਦੀ ਕਰਨਗੇ ਨਿਗਰਾਨੀ

**ਜਲੰਧਰ (ਸ਼ੈਲੀ ਐਲਬਰਟ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਆਪਣੀ ਕਿਸਮ ਦੀ ਪਹਿਲੀ ਸੜਕ ਸੁਰੱਖਿਆ ਫੋਰਸ ਦੀ ਸ਼ੁਰੂਆਤ ਕੀਤੀ ਜੋ ਲੋਕਾਂ ਦੀਆਂ ਕੀਮਤੀ ਜਾਨਾਂ ਬਚਾਉਣ ਲਈ 5500 ਕਿਲੋਮੀਟਰ ਸੜਕਾਂ ਦੀ ਨਿਗਰਾਨੀ ਕਰੇਗੀ। ਸੜਕ ਸੁਰੱਖਿਆ ਫੋਰਸ ਨੂੰ ਸੜਕਾਂ ਦੀ ਕੁਸ਼ਲਤਾ ਨਾਲ ਨਿਗਰਾਨੀ ਕਰਨ ਲਈ ਪਹਿਲੇ ਪੜਾਅ ਵਿੱਚ 144 ਅਤਿ ਆਧੁਨਿਕ ਵਾਹਨ ਦਿੱਤੇ ਗਏ ਹਨ। ਇਨ੍ਹਾਂ ਵਾਹਨਾਂ ਵਿੱਚ 116 ਟੋਇਟਾ ਹਿਲਕਸ ਅਤੇ 28 ਮਹਿੰਦਰਾ ਸਕਾਰਪੀਓ ਸ਼ਾਮਲ ਹਨ ਅਤੇ ਸੜਕਾਂ ਦੀ ਨਿਗਰਾਨੀ ਲਈ ਇਹ ਵਾਹਨ ਹਰ 30 ਕਿਲੋਮੀਟਰ ਦੇ ਵਕਫ਼ੇ ਨਾਲ ਤਾਇਨਾਤ ਕੀਤੇ ਜਾਣਗੇ। ਇਨ੍ਹਾਂ ਵਾਹਨਾਂ ਵਿੱਚ ਚਾਰ ਪੁਲਸ ਮੁਲਾਜ਼ਮਾਂ ਦੀ ਟੀਮ ਹੋਵੇਗੀ ਜਿਸ ਦੀ ਅਗਵਾਈ ਪੈਟਰੋਲਿੰਗ ਇੰਚਾਰਜ ਵਜੋਂ ਏ.ਐਸ.ਆਈ. ਜਾਂ ਉਸ ਤੋਂ ਉੱਚ ਰੈਂਕ ਦਾ ਅਧਿਕਾਰੀ ਕਰੇਗਾ।

ਹਰ ਜ਼ਿਲ੍ਹੇ ਵਿਚ ਰੋਡ ਇੰਟਰਸੈਪਟਰ ਤਾਇਨਾਤ ਕੀਤੇ ਜਾਣਗੇ ਜਿਨ੍ਹਾਂ ਦੀ ਨਿਗਰਾਨੀ ਤਿੰਨ ਪੁਲਸ ਮੁਲਾਜ਼ਮ ਕਰਨਗੇ। ਐਸ.ਐਸ.ਐਫ. ਦੇ ਪਹਿਲੇ ਪੜਾਅ ਵਿੱਚ 1296 ਨਵੇਂ ਭਰਤੀ ਪੁਲਸ ਮੁਲਾਜ਼ਮਾਂ ਅਤੇ ਮੌਜੂਦਾ 432 ਮੁਲਾਜ਼ਮਾਂ ਨੂੰ ਤਾਇਨਾਤ ਕੀਤਾ ਜਾਵੇਗਾ। ਇਹ ਟੀਮਾਂ ਅੱਠ ਘੰਟੇ ਦੀ ਸ਼ਿਫਟ ਮੁਤਾਬਕ 24 ਘੰਟੇ ਤਾਇਨਾਤ ਰਹਿਣਗੀਆਂ, ਜਿਸ ਸਬੰਧੀ ਉਨ੍ਹਾਂ ਨੂੰ ਪੁਲਸ ਟਰੇਨਿੰਗ ਅਕੈਡਮੀ, ਕਪੂਰਥਲਾ ਵਿਖੇ ਵਿਸ਼ੇਸ਼ ਸਿਖਲਾਈ ਦਿੱਤੀ ਗਈ ਹੈ। ਟਰੈਫਿਕ ਨਿਯਮਾਂ ਦੀ ਉਲੰਘਣਾ ਨੂੰ ਰੋਕਣ ਲਈ ਇਹ ਵਾਹਨ ਸਪੀਡ ਗਨ, ਐਲਕੋਮੀਟਰ, ਈ-ਚਲਾਨ ਮਸ਼ੀਨਾਂ ਅਤੇ ਏ.ਆਈ. ਅਧਾਰਤ ਸਮਾਰਟ ਪ੍ਰਣਾਲੀ ਵਰਗੇ ਅਤਿ ਆਧੁਨਿਕ ਉਪਕਰਨਾਂ ਨਾਲ ਲੈਸ ਹਨ। ਉਨ੍ਹਾਂ ਕੋਲ ਕਮਾਂਡ ਐਂਡ ਕੰਟਰੋਲ ਸੈਂਟਰ ਦੇ ਨਾਲ ਨਾਲ ਰੀਅਲ-ਟਾਈਮ ਸੀ.ਸੀ.ਟੀ.ਵੀ. ਕੈਮਰਿਆਂ ਵਾਲੀ ਰਿਕਵਰੀ ਵੈਨ ਵੀ ਹੋਵੇਗੀ। ਇਸ ਦੇ ਨਾਲ ਹੀ ਸੜਕ ਹਾਦਸਿਆਂ ਦੀ ਜਾਂਚ ਅਤੇ ਤਕਨੀਕੀ ਕੰਮ ਸੰਭਾਲਣ ਲਈ ਮਕੈਨੀਕਲ ਇੰਜੀਨੀਅਰ, ਸਿਵਲ ਇੰਜੀਨੀਅਰ ਅਤੇ ਆਈ.ਟੀ. ਮਾਹਰ ਵੀ ਹੋਣਗੇ।

# ਰੰਧਾਵਾ ਨੇ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ 12ਵੀਂ ਬੱਸ ਨੂੰ ਕੀਤਾ ਰਵਾਨਾ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਪੰਜਾਬ ਦੇ ਲੋਕਾਂ ਦੀ ਇੱਛਾ ਅਨੁਸਾਰ ਸੇਵਾ ਕਰਨ ਦੀ ਭਗਵੰਤ ਸਿੰਘ ਮਾਨ ਸਰਕਾਰ ਦੀ ਵਚਨਬੱਧਤਾ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਸ਼ਰਧਾਲੂਆਂ ਦਾ 12ਵਾਂ ਜੱਥਾ ਸ੍ਰੀ ਆਨੰਦਪੁਰ ਸਾਹਿਬ ਲਈ ਰਵਾਨਾ ਕੀਤਾ ਗਿਆ।

ਜੀਰਕਪੁਰ ਦੇ ਗੁਰਦੁਆਰਾ ਸ੍ਰੀ ਨਾਭਾ ਸਾਹਿਬ ਤੋਂ ਸ੍ਰੀ ਅਨੰਦਪੁਰ ਸਾਹਿਬ, ਮਾਤਾ ਚਿੰਤਪੁਰਨੀ, ਮਾਤਾ ਜਵਾਲਾ ਜੀ ਅਤੇ ਮਾਤਾ ਨੈਣਾ ਦੇਵੀ ਲਈ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਦਿਆਂ ਵਿਧਾਇਕ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਆਪਣੇ ਵਚਨਾਂ ਦੇ ਪੱਕੇ ਵਿਅਕਤੀ ਵਜੋਂ ਜਾਣੇ ਜਾਂਦੇ ਹਨ। ਰਾਜ ਅਤੇ ਇਸ ਦੇ ਵਸਨੀਕਾਂ ਪ੍ਰਤੀ ਉਨ੍ਹਾਂ ਦੇ ਸਮਰਪਣ ਅਤੇ ਵਚਨਬੱਧਤਾ ਦੇ ਅਨੁਸਾਰ, ਸਿਹਤ ਅਤੇ ਸਿੱਖਿਆ ਦੇ ਬੁਨਿਆਦੀ ਢਾਂਚੇ ਵਿੱਚ ਸੁਧਾਰ, 600 ਯੂਨਿਟ ਤੱਕ ਮੁਫਤ ਘਰੇਲੂ ਬਿਜਲੀ ਅਤੇ ਲਗਭਗ 41000 ਨੌਜਵਾਨਾਂ ਨੂੰ ਯੋਗਤਾ ਅਤੇ ਕਾਬਲੀਅਤ ਦੇ ਆਧਾਰ 'ਤੇ ਨੌਕਰੀਆਂ ਮਹਿਜ 24 ਮਹੀਨਿਆਂ ਦੇ ਕਾਰਜਕਾਲ ਵਿੱਚ ਪੂਰੇ ਕੀਤੇ ਗਏ ਵਾਅਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਉਨ੍ਹਾਂ ਦੇ ਧਾਰਮਿਕ ਅਕੀਦਤ ਵਾਲੇ ਧਾਰਮਿਕ ਸਥਾਨਾਂ ਦੀ ਮੁਫਤ



ਯਾਤਰਾ ਕਰਨ ਦਾ ਉਦੇਸ ਉਨ੍ਹਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਨਾ ਹੈ, ਚਾਹੇ ਉਨ੍ਹਾਂ ਦਾ ਕੋਈ ਵੀ ਧਰਮ ਹੋਵੇ। ਵਿਧਾਇਕ ਰੰਧਾਵਾ ਨੇ ਕਿਹਾ ਕਿ ਸਾਰੇ ਸ਼ਰਧਾਲੂਆਂ ਨੂੰ ਠਹਿਰਨ ਅਤੇ ਖਾਣ-ਪੀਣ ਦੀ ਸਹੂਲਤ ਵੀ ਮੁਫਤ ਦਿੱਤੀ ਜਾ ਰਹੀ ਹੈ। ਬੱਸ ਵਿੱਚ ਸਵਾਰ ਸ਼ਰਧਾਲੂਆਂ ਨੂੰ ਸੁੱਭ ਕਾਮਨਾਵਾਂ ਦਿੰਦੇ ਹੋਏ, ਉਨ੍ਹਾਂ ਨੇ ਲੋੜੀਂਦੇ ਟਾਇਲਟਰੀਜ ਦੇ ਨਾਲ-ਨਾਲ ਕੰਬਲ, ਬੈੱਡਸ਼ੀਟਾਂ ਅਤੇ ਸਿਰਹਾਣੇ ਦੀਆਂ ਕਿੱਟਾਂ ਵੀ ਦਿੱਤੀਆਂ। ਉਨ੍ਹਾਂ ਦੱਸਿਆ ਕਿ ਅੱਜ ਰਵਾਨਾ ਕੀਤੀ ਗਈ ਬੱਸ ਜ਼ਿਲ੍ਹੇ ਵਿੱਚੋਂ ਬਾਰ੍ਹਵੀਂ ਅਤੇ ਡੇਰਾਬੱਸੀ ਹਲਕੇ ਤੋਂ ਪੰਜਵੀਂ ਬੱਸ ਹੈ। ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਦੀ ਇੱਛਾ ਅਨੁਸਾਰ ਉਨ੍ਹਾਂ ਨੂੰ ਧਾਰਮਿਕ ਸਥਾਨਾਂ ਤੱਕ ਪਹੁੰਚਾਉਣ ਲਈ ਹੋਰ ਬੱਸਾਂ ਦਾ ਪ੍ਰਬੰਧ ਵੀ ਕੀਤਾ ਜਾਵੇਗਾ।

## ਸਰਕਾਰੀ ਆਈ ਟੀ ਆਈ ਵਿਖੇ ਰਾਸ਼ਟਰੀ ਵੋਟਰ ਦਿਵਸ ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**—ਸਰਕਾਰੀ ਆਈ ਟੀ ਆਈ ਹੁਸ਼ਿਆਰਪੁਰ ਵਿਖੇ ਪ੍ਰਿੰਸੀਪਲ ਹਰੀਸ਼ ਮੋਹਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਾਰਜਕਾਰੀ ਪ੍ਰਿੰਸੀਪਲ ਗੁਰਨਾਮ ਸਿੰਘ ਦੀ ਅਗਵਾਈ ਵਿੱਚ ਨੋਡਲ ਅਫ਼ਸਰ ਹੰਸ ਰਾਜ ਵਲੋਂ ਰਾਸ਼ਟਰੀ ਵੋਟਰ ਦਿਵਸ ਮਨਾਇਆ ਗਿਆ। ਪ੍ਰਿੰਸੀਪਲ ਬੇਸਿਕ ਟ੍ਰੇਨਿੰਗ ਸੈਂਟਰ ਤਰਲੋਚਨ ਸਿੰਘ, ਟ੍ਰੇਨਿੰਗ ਅਫਸਰ ਸਤਪਾਲ ਸਿੰਘ, ਰਜਿੰਦਰ ਸਿੰਘ, ਦਲਜੀਤ ਸਿੰਘ, ਰਵੀ ਕੁਮਾਰ, ਗੁਰਜਿੰਦਰ ਸਿੰਘ, ਪੁਨੀਤ ਕੌਰ, ਚੰਦਰ ਸ਼ੇਖਰ ਆਜ਼ਾਦ, ਪੁਸ਼ਪਿੰਦਰ ਸਿੰਘ, ਕਮਲਪ੍ਰੀਤ ਕੌਰ, ਪੁਰਵਿੰਦਰ ਕੌਰ,ਅਨਿਲ ਕੁਮਾਰ, ਸੰਜੀਵ ਕੁਮਾਰ ਮੱਲ੍ਹੀ, ਮਨਜਿੰਦਰ ਸਿੰਘ, ਦਵਿੰਦਰ ਸਿੰਘ,ਅਵਤਾਰ ਸਿੰਘ, ਸਤਪਾਲ, ਲਖਵਿੰਦਰ ਸਿੰਘ, ਮਸਤ ਰਾਮ, ਅਸ਼ਵਨੀ ਕੁਮਾਰ ਸਮੇਤ ਸੰਸਥਾ ਦੇ ਸਟਾਫ ਮੈਂਬਰਾਂ ਅਤੇ ਸਿਖਿਆਰਥੀਆਂ ਨੇ ਭਾਰਤ ਦੇ ਲੋਕਤੰਤਰ ਵਿੱਚ ਪੂਰਾ ਵਿਸ਼ਵਾਸ ਰੱਖਣ, ਆਪਣੇ ਦੇਸ਼ ਦੀਆਂ ਲੋਕਤੰਤਰੀ ਪ੍ਰੰਪਰਾਵਾਂ ਕਾਇਮ ਰੱਖਣ, ਸਾਰੀਆਂ ਚੋਣਾਂ ਵਿੱਚ ਆਪਣੇ ਵੋਟ ਦੇ ਹੱਕ ਦੀ ਵਰਤੋਂ ਚੋਣਾਂ ਸਮੇ ਨਿਡਰ ਹੋ ਕੇ ਧਰਮ, ਵਰਗ, ਜਾਤੀ, ਭਾਈਚਾਰੇ, ਭਾਸ਼ਾ ਅਤੇ ਕਿਸੇ ਵੀ ਪ੍ਰਕਾਰ ਦੇ ਲਾਲਚ ਦੇ ਪ੍ਰਭਾਵ ਤੋਂ ਬਿਨਾਂ ਕਰਨ ਦਾ ਪ੍ਰਣ ਲਿਆ।

# ਅਣ-ਐਲਾਨੇ ਬਿਜਲੀ ਕੱਟਾਂ ਦੇ ਸਤਾਏ ਲੋਕਾਂ ਨੇ ਘੇਰਿਆ ਦੌਲਤਪੁਰ ਦਾ ਬਿਜਲੀ ਘਰ





**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ )** ਨੇੜਲੇ ਪਿੰਡਾਂ 'ਚ ਪਿਛਲੇ ਕਰੀਬ ਇਕ ਮਹੀਨੇ ਤੋਂ ਬਿਜਲੀ ਦੇ ਲਗ ਰਹੇ ਅਣ-ਐਲਾਨੇ ਕੱਟਾਂ ਦੇ ਰੋਸ ਵਜੋਂ ਅਨੇਕਾਂ ਪਿੰਡਾਂ ਦੇ ਵਸਨੀਕਾਂ ਨੇ 66 ਕੇ.ਵੀ. ਦੌਲਤਪੁਰ ਬਿਜਲੀ ਘਰ ਦੇ ਮੁੱਖ ਗੇਟ 'ਤੇ ਧਰਨਾ ਲਗਾਇਆ। ਇਸ ਦੌਰਾਨ ਰੋਹ ਵਿਚ ਆਏ ਮੁਜਾਹਰਾਕਾਰੀਆਂ ਨੇ ਕਈ ਇਲਾਕਿਆਂ ਨੂੰ ਜਾਂਦੀ ਬਿਜਲੀ ਦੀ ਸਪਲਾਈ ਵੀ ਬੰਦ ਕਰਵਾ ਦਿੱਤੀ ਅਤੇ ਕਿਹਾ ਕਿ ਜੇਕਰ ਉਹਨਾਂ ਨੂੰ ਰੈਗੂਲਰ ਸਪਲਾਈ ਨਹੀਂ ਮਿਲੇਗੀ ਤਾਂ ਇਸ ਬਿਜਲੀ ਘਰ ਤੋਂ ਹੋਰਨਾਂ ਇਲਾਕਿਆਂ ਨੂੰ ਵੀ ਸਪਲਾਈ ਨਹੀਂ ਹੋਣ ਦਿੱਤੀ ਜਾਵੇਗੀ। ਪਿੰਡ ਵਾਸੀਆਂ ਦੇ ਗੁੱਸੇ ਨੂੰ ਦੇਖਦੇ ਹੋਏ ਮਹਿਕਮੇ ਦੇ ਅਧਿਕਾਰੀਆਂ 'ਚ ਹੜਕੰਪ ਮਚ ਗਿਆ। ਮੌਕੇ 'ਤੇ ਮੌਜੂਦ ਪਾਵਰਕਾਮ ਵਿਭਾਗ ਦੇ ਕਰਮਚਾਰੀਆਂ ਨੇ ਆਪਣੇ ਸੀਨੀਅਰ ਅਧਿਕਾਰੀਆਂ ਨਾਲ ਧਰਨਕਾਰੀਆਂ ਦੀ ਮੋਬਾਇਲ ਫੋਨ ਰਾਹੀਂ ਗੱਲ ਕਰਵਾਈ ਤੇ ਕਰੀਬ ਚਾਰ ਘੰਟੇ ਬਾਅਦ ਧਰਨਾ ਸਮਾਪਤ ਹੋਇਆ। ਇਸ ਮੌਕੇ ਗੱਲਬਾਤ ਕਰਦਿਆਂ ਕੁਲਵਿੰਦਰ ਸਿੰਘ ਕਾਲਾ ਸਰਪੰਚ ਅਠੌਲੀ, ਸਤਨਾਮ ਸਿੰਘ ਸਿੱਧੂ ਸਰਪੰਚ ਸੁੰਨੜਾ ਰਾਜਪੂਤਾਂ, ਸਰਨਜੀਤ ਸਿੰਘ ਅਠੌਲੀ, ਬਲਜੀਤ ਸਿੰਘ ਹਰਦਾਸਪੁਰ, ਮੇਜਰ ਸਿੰਘ ਅਠੌਲੀ, ਚੂਹੜ ਸਿੰਘ ਗੰਡਮ, ਬਲਜਿੰਦਰ ਸਿੰਘ ਮਾਨਾਂਵਾਲੀ, ਹੈਪੀ ਸਲਾਰਪੁਰ, ਪਾਲਾ ਤੇ ਮੰਗਾ ਦੌਲਤਪੁਰ ਨੇ ਦੱਸਿਆ ਕਿ ਪਿਛਲੇ ਕਰੀਬ ਇਕ ਮਹੀਨੇ ਤੋਂ ਪਿੰਡਾਂ ਵਿਚ ਦਿਨ ਵਿਚ ਕਈ ਵਾਰ ਅਚਾਨਕ ਹੀ ਬਿਜਲੀ ਚਲੀ ਜਾਂਦੀ ਹੈ ਜਿਸ ਨਾਲ ਲੋਕ ਬੜੇ ਪਰੇਸ਼ਾਨ ਹਨ ਅਤੇ ਜਨ-ਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਉਹਨਾਂ ਦੱਸਿਆ ਕਿ ਠੰਡ 'ਚ ਸਵੇਰੇ ਸਕੂਲ ਜਾਣ ਸਮੇਂ ਬੱਚਿਆਂ ਦੇ ਨਹਾਉਣ ਲਈ ਪਾਣੀ ਗਰਮ ਕਰਨ ਅਤੇ ਰਾਤ ਨੂੰ ਬਿਜਲੀ ਬੰਦ ਹੋਣ ਨਾਲ ਰਸੋਈ ਦਾ ਕੰਮ ਨਬੇੜਨ 'ਚ ਭਾਰੀ ਪਰੇਸ਼ਾਨੀ ਹੁੰਦੀ ਹੈ। ਕਈ ਘੰਟੇ ਦੇ ਕੱਟਾਂ ਕਾਰਨ ਇਨਵਰਟਰ ਵੀ ਪੂਰੀ ਤਰ੍ਹਾਂ ਚਾਰਜ ਨਹੀਂ ਹੋ ਰਹੇ ਜਿਸ ਕਰਕੇ ਉਹਨਾਂ ਨੂੰ ਬਹੁਤ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਿੰਡ ਵਾਸੀਆਂ ਨੇ ਦੱਸਿਆ ਕਿ ਮਹਿਕਮੇ ਦੇ ਅਧਿਕਾਰੀਆਂ ਨੇ ਜਲਦੀ ਹੀ ਸਮੱਸਿਆ ਦੂਰ ਕਰਨ ਦਾ ਭਰੋਸਾ ਦਿੱਤਾ ਹੈ ਪਰ ਜੇਕਰ ਉਹਨਾਂ ਦੀ ਮੁਸ਼ਕਿਲ ਦਾ ਹੱਲ ਨਾ ਹੋਇਆ ਤਾਂ ਆਉਣ ਵਾਲੇ ਦਿਨਾਂ ਵਿਚ ਹੋਰ ਵੀ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਪਿੰਡ ਅਠੌਲੀ, ਮਾਨਾਂਵਾਲੀ, ਸੁੰਨੜਾ ਰਾਜਪੂਤਾਂ, ਦਰਵੇਸ਼ ਪਿੰਡ, ਸਲਾਰਪੁਰ, ਦੌਲਤਪੁਰ, ਮਹੇੜੂ, ਰਾਏਪੁਰ, ਗੰਡਮਾ, ਮੇਹਟਾਂ, ਹਰਦਾਸਪੁਰ ਅਤੇ ਨਾਰੰਗਸ਼ਾਹਪੁਰ ਦੇ ਵਸਨੀਕ ਵੱਡੀ ਗਿਣਤੀ 'ਚ ਹਾਜ਼ਰ ਸਨ।

## ਦਰਬਾਰ ਬਾਬਾ ਮਸਤ ਵਿਖੇ ਕਰਵਾਇਆ ਸਾਲਾਨਾ ਜੋੜ ਮੇਲਾ

**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ)** ਦਰਬਾਰ ਬਾਬਾ ਮਸਤ ਪਿੰਡ ਸੰਗਤਪੁਰ ਵਿਖੇ ਸਾਂਈ ਰਾਮ ਕਿਸ਼ਨ ਸੰਗਤਪੁਰ ਵਾਲਿਆਂ ਦੀ ਨਿੱਘੀ ਯਾਦ ਨੂੰ ਸਮਰਪਿਤ ਸਾਲਾਨਾ ਜੋੜ ਮੇਲਾ ਸਾਂਈ ਤਰਸੇਮ ਲਾਲ ਦੀ ਅਗਵਾਈ ਹੇਠ ਸਮੂਹ ਸੰਗਤਾਂ ਵੱਲੋਂ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸਵੇਰੇ ਝੰਡੇ, ਚਰਾਗ਼ ਅਤੇ ਚਾਦਰ ਦੀ ਰਸਮ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਉਪਰੰਤ ਕੱਵਾਲ ਰਸ਼ੀਦ ਮੁਹੰਮਦ ਪੰਡੋਰੀ ਨੇ ਰੂਹਾਨੀ ਕਲਾਮ ਪੇਸ਼ ਕੀਤੇ ਅਤੇ ਨਕਾਲ ਸ਼ਫੀ ਖੁਸ਼ੀ ਢੱਕ ਪੰਡੋਰੀ ਅਤੇ ਪਾਰਟੀ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ। ਲੰਗਰ ਦੀ ਸੇਵਾ ਅਤੁੱਟ ਵਰਤਾਈ ਗਈ। ਇਸ ਮੌਕੇ ਚਰਨਜੀਤ, ਸੋਨੀ ਬੰਗੜ, ਮੰਗਤ ਰਾਮ, ਹਰਮਨਦੀਪ ਸਿੰਘ, ਰਮਨਦੀਪ ਸਿੰਘ, ਅਮਨਦੀਪ ਸਿੰਘ, ਅੰਮ੍ਰਿਤ, ਪ੍ਰੀਤਮ ਦਾਸ, ਚੰਦਨ, ਮਨਜੀਤ ਬੇਗਮਪੁਰ, ਮੋਹਿਤ, ਮਨਵੀਰ, ਸਾਹਿਬ, ਗੌਰਵ ਆਦਿ ਹਾਜ਼ਰ ਸਨ।

## ਜਿੰਪਾ ਨੇ ਜਨਤਾ ਦਰਬਾਰ 'ਚ ਸੁਣੀਆਂ 300 ਲੋਕਾਂ ਦੀਆਂ ਸ਼ਿਕਾਇਤਾਂ

**ਹੁਸ਼ਿਆਰਪੁਰ (ਓ ਪੀ ਰਾਣਾ, ਸੈਣੀ)**-ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਆਪਣੇ ਦਫ਼ਤਰ ਵਿਚ ਲੋਕਾਂ ਦੀਆਂ ਸਮੱਸਿਆਵਾਂ ਸੁਣਦੇ ਹੋਏ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਮੌਕੇ 'ਤੇ ਇਨ੍ਹਾਂ ਸਮੱਸਿਆਵਾਂ ਦਾ ਜਲਦ ਤੋਂ ਜਲਦ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਲੋਕਾਂ ਦੀਆਂ ਜਾਇਜ਼ ਸਮੱਸਿਆਵਾਂ ਨੂੰ ਨਿਸ਼ਚਤ ਸਮੇਂ ਵਿਚ ਹੱਲ ਕਰਨ ਨੂੰ ਪਹਿਲ ਦਿੱਤੀ ਜਾ ਰਹੀ ਹੈ। ਕੈਬਨਿਟ ਮੰਤਰੀ ਨੇ ਆਪਣੇ ਦਫ਼ਤਰ ਵਿਚ ਲਗਾਏ ਜਨਤਾ ਦਰਬਾਰ ਵਿਚ ਕਰੀਬ 300 ਲੋਕਾਂ ਦੀਆਂ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸ਼ਿਕਾਇਤਾਂ ਨੂੰ ਗੌਰ ਨਾਲ ਸੁਣਦੇ ਹੋਏ ਅਧਿਕਾਰੀਆਂ ਨੂੰ ਇਨ੍ਹਾਂ ਸ਼ਿਕਾਇਤਾਂ ਦਾ ਨਿਯਮਾਂ ਅਨੁਸਾਰ ਜਲਦ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਸਿਹਤ, ਮਾਲ, ਪੁਲਸ, ਸਿੱਖਿਆ, ਜਲ ਸਪਲਾਈ ਤੇ ਸੈਨੀਟੇਸ਼ਨ, ਸਮਾਜਿਕ ਸੁਰੱਖਿਆ, ਸਮਾਜਿਕ ਨਿਆਂ ਅਤੇ ਅਧਿਕਾਰਤਾ, ਖੁਰਾਕ ਤੇ ਸਿਵਲ ਸਪਲਾਈਜ਼, ਡਰੇਨੇਜ, ਮਾਈਨਿੰਗ, ਖੇਤੀ, ਟਰਾਂਸਪੋਰਟ, ਸਹਿਕਾਰੀ, ਨਗਰ ਨਿਗਮ, ਡੇਅਰੀ ਵਿਕਾਸ, ਬਿਜਲੀ ਵਿਭਾਗ ਆਦਿ ਨਾਲ ਸਬੰਧਤ ਸ਼ਿਕਾਇਤਾਂ ਦਾ ਮੌਕੇ 'ਤੇ ਹੱਲ ਕੀਤਾ ਗਿਆ। ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਉਹ ਆਪਣੇ ਦਫ਼ਤਰ ਵਿਚ ਜਿਥੇ ਲੋਕਾਂ ਦੀਆਂ ਸਮੱਸਿਆਵਾਂ ਸੁਣ ਰਹੇ ਹਨ, ਉਥੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ 'ਤੇ ਹੀ ਜ਼ਿਲ੍ਹਾ ਪ੍ਰਸ਼ਾਸਨ ਵਲੋਂ 'ਸਰਕਾਰ ਤੁਹਾਡੇ ਦੁਆਰ' ਮੁਹਿੰਮ ਤਹਿਤ ਪਿੰਡਾਂ ਵਿਚ ਪਹੁੰਚ ਕੇ ਲੋਕਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਹਰ ਸਮੱਸਿਆ ਨੂੰ ਵਚਨਬੱਧ ਢੰਗ ਨਾਲ ਦੂਰ ਕਰਨਾ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਹੈ।

# ਖੇਤੀ ਸੰਕਟ ਦੇ ਹੱਲ ਲਈ ਵਿਆਪਕ ਯੋਜਨਾਬੰਦੀ ਦੀ ਲੋੜ : ਡਾ. ਦਵਿੰਦਰ ਸ਼ਰਮਾ



**ਜਲੰਧਰ, (ਇਕਬਾਲ ਉਭੀ)**-ਖੇਤੀ ਦਾ ਸੰਕਟ ਬੇਸ਼ੱਕ ਵਿਸ਼ਵ ਵਿਆਪੀ ਹੈ ਤੇ ਕਈ ਵਿਕਸਿਤ ਮੁਲਕਾਂ ਅੰਦਰ ਵੀ ਕਿਸਾਨ ਗੁਰਬਤ ਭਰਿਆ ਜੀਵਨ ਜਿਉਣ ਲਈ ਮਜ਼ਬੂਰ ਹਨ, ਪਰ ਭਾਰਤ ਅੰਦਰ ਖੇਤੀ ਦਾ ਸੰਕਟ ਇਸ ਕਦਰ ਗੰਭੀਰ ਤੇ ਵਿਕਰਾਲ ਰੂਪ ਧਾਰਨ ਕਰ ਚੁੱਕਾ ਹੈ ਕਿ ਕਰਜ਼ੇ ਹੇਠ ਦੱਬੇ ਕਿਸਾਨ ਖੁਦਕੁਸ਼ੀਆਂ ਕਰਨ ਲਈ ਮਜ਼ਬੂਰ ਹੋ ਰਹੇ ਹਨ, ਭਾਵੇਂ ਕਿ ਇਹ ਸਹੀ ਹੱਲ ਨਹੀਂ ਹੈ। ਇਸੇ ਤਰ੍ਹਾਂ ਪੰਜਾਬ ਅੰਦਰ ਇਸ ਸਮੇਂ ਜਿੱਥੇ ਧਰਤੀ ਹੇਠਲੇ ਪਾਣੀ ਦਾ ਗੰਭੀਰ ਸੰਕਟ ਪੈਦਾ ਹੋ ਗਿਆ ਹੈ, ਉੱਥੇ ਕਦੇ ਜਰਖੇਜ ਕਹੀ ਜਾਂਦੀ ਪੰਜਾਬ ਦੀ ਜ਼ਮੀਨ ਹੁਣ ਜ਼ਹਿਰੀਲੀ ਹੀ ਨਹੀਂ ਹੋ ਚੁੱਕੀ ਸਗੋਂ ਇਸ ਦੀ ਉਪਜਾਊ ਸ਼ਕਤੀ ਵੀ ਲਗਾਤਾਰ ਖਤਮ ਹੁੰਦੀ ਜਾ ਰਹੀ ਹੈ। ਇਸ ਸਭ ਲਈ ਸਮੇਂ ਦੀਆਂ ਕੇਂਦਰੀ ਤੇ ਰਾਜ ਸਰਕਾਰਾਂ ਦੀਆਂ ਗਲਤ ਨੀਤੀਆਂ ਜ਼ਿੰਮੇਵਾਰ ਹਨ। ਜੇਕਰ ਸਮਾਂ ਰਹਿੰਦੇ ਖੇਤੀ ਸੰਕਟ ਦੇ ਹੱਲ ਲਈ ਸੰਜੀਦਾ ਯਤਨ ਨਾ ਕੀਤੇ ਗਏ ਤਾਂ ਖੁਰਾਕ ਸੁਰੱਖਿਆ ਦੇ ਨਾਲ-ਨਾਲ ਕਿਸਾਨੀ ਦੀ ਹੋਂਦ ਹੀ ਖਤਰੇ 'ਚ ਜਾ ਪਵੇਗੀ। ਇਹ ਵਿਚਾਰ ਖੇਤੀ ਆਰਥਿਕਤਾ ਦੇ ਉੱਘੇ ਮਾਹਿਰ ਦਵਿੰਦਰ ਸ਼ਰਮਾ ਤੇ ਹੋਰਨਾਂ ਬੁੱਧੀਜੀਵੀਆ ਨੇ ਇੱਥੇ ਪੰਜਾਬ ਪ੍ਰੈੱਸ ਕਲੱਬ ਵਿਖੇ ਕਲੱਬ ਦੇ ਬਾਨੀ ਪ੍ਰਧਾਨ ਆਰ ਐਨ ਸਿੰਘ ਦੀ ਯਾਦ 'ਚ 'ਪੰਜਾਬ ਦੀ ਖੇਤੀ-ਸਮੱਸਿਆਵਾਂ ਤੇ ਸੰਭਾਵਨਾਵਾਂ' ਵਿਸ਼ੇ 'ਤੇ ਕਰਵਾਏ ਗਏ ਇਕ ਸੈਮੀਨਾਰ ਦੌਰਾਨ ਪ੍ਰਗਟ ਕੀਤੇ। ਡਾ. ਦਵਿੰਦਰ ਸ਼ਰਮਾ ਨੇ ਕਿਹਾ ਕਿ ਖੇਤੀ ਸੰਕਟ ਦੇ ਹੱਲ ਲਈ ਵਿਆਪਕ ਯੋਜਨਾਬੰਦੀ ਦੀ ਲੋੜ ਹੈ। ਉਨ੍ਹਾਂ ਇਤਿਹਾਸਿਕ ਤੱਥਾਂ ਤੇ ਅੰਕੜਿਆਂ ਦੇ ਹਵਾਲੇ ਨਾਲ ਸੂਬੇ ਦੇ ਖੇਤੀ ਸੰਕਟ ਅਤੇ ਲਗਾਤਾਰ ਨਿਘਰਦੀ ਜਾ ਰਹੀ ਆਰਥਿਕ ਹਾਲਤ ਸੰਬੰਧੀ ਹੈਰਾਨੀਜਨਕ ਤੇ ਅੱਖਾਂ ਖੋਲ੍ਹਣ ਵਾਲੇ ਖੁਲਾਸੇ ਕਰਦੇ ਹੋਏ ਕਿਹਾ ਕਿ ਖੇਤੀ ਸੰਕਟ ਦਾ ਮੁੱਢ ਸੂਬੇ 'ਚ ਹਰੀ ਕ੍ਰਾਂਤੀ ਦੀ ਸ਼ੁਰੂਆਤ ਨਾਲ ਬੱਝਾ ਤੇ ਉਸ ਸਮੇਂ ਜਿਸ ਤਰ੍ਹਾਂ ਪੈਦਾਵਾਰ ਵਧਾਉਣ ਲਈ ਰਸਾਇਣਾਂ ਦੀ ਅੰਨ੍ਹੇਵਾਹ ਵਰਤੋਂ ਕੀਤੀ ਗਈ, ਉਸ ਨਾਲ ਨਾ ਕੇਵਲ ਵਾਤਾਵਰਨ ਸੰਬੰਧੀ ਵੱਡੀਆਂ ਸਮੱਸਿਆਵਾਂ ਪੈਦਾ ਹੋਈਆਂ ਸਗੋਂ ਸੂਬੇ ਅੰਦਰ ਪਾਣੀ ਦਾ ਵੀ ਵੱਡਾ ਸੰਕਟ ਪੈਦਾ ਹੋ ਗਿਆ। ਉਨ੍ਹਾਂ ਕਿਹਾ ਕਿ ਅੱਜ ਦੇਸ਼ ਭਰ ਦੇ 17 ਜ਼ਿਲ੍ਹਿਆਂ 'ਚ ਕਿਸਾਨਾਂ ਦੀ ਸਾਲਾਨਾ ਆਮਦਨ 20 ਹਜ਼ਾਰ ਰੁਪਏ ਤੋਂ ਵੀ ਘੱਟ ਹੈ, ਜਿਸ ਤੋਂ ਸਾਫ ਹੈ ਕਿ ਅੱਧੇ ਮੁਲਕ ਦੇ ਕਿਸਾਨ 1700 ਰੁਪਏ ਪ੍ਰਤੀ ਮਹੀਨੇ 'ਤੇ ਗੁਜ਼ਾਰਾ ਕਰਨ ਲਈ ਮਜ਼ਬੂਰ ਹਨ। ਉਨ੍ਹਾਂ ਕਿਹਾ ਕਿ ਵਿਸ਼ਵ ਬੈਂਕ ਦੀ ਇਕ ਰਿਪੋਰਟ ਮੁਤਾਬਿਕ ਦੇਸ਼ ਦੇ 91 ਫੀਸਦੀ ਲੋਕ 280 ਰੁਪਏ ਤੋਂ ਵੀ ਘੱਟ ਆਮਦਨੀ 'ਚ ਗੁਜ਼ਾਰਾ ਕਰ ਰਹੇ ਹਨ। ਪੰਜਾਬ 'ਚ ਤਾਂ ਕਿਸਾਨਾਂ ਦੀ ਆਮਦਨ ਮਨਰੇਗਾ ਮਜ਼ਦੂਰਾਂ ਦੀ ਦਿਹਾੜੀ ਤੋਂ ਵੀ ਘੱਟ ਹੈ। ਇਸ ਮੌਕੇ ਉਨ੍ਹਾਂ ਆਂਧਰਾ ਪ੍ਰਦੇਸ਼ ਦੇ ਖੇਤੀ ਮਾਡਲ ਦੀ ਮਿਸਾਲ ਦਿੰਦੇ ਹੋਏ ਕਿਹਾ ਕਿ ਪੰਜਾਬ ਨੂੰ ਉਸ ਤੋਂ ਸੇਧ ਲੈ ਕੇ ਕੁਦਰਤੀ ਖੇਤੀ ਕਰਨ ਲਈ ਕਦਮ ਚੁੱਕਣੇ ਚਾਹੀਦੇ ਹਨ। ਦਵਿੰਦਰ ਸ਼ਰਮਾ ਨੇ ਖੇਤੀ ਦੇ ਸੰਕਟ ਲਈ ਕਿਸਾਨਾਂ ਦੀ ਆਮਦਨ 'ਚ ਲਗਾਤਾਰ ਆਈ ਗਿਰਾਵਟ ਸਬੰਧੀ ਅੰਕੜਿਆਂ ਦੇ ਹਵਾਲੇ ਨਾਲ ਕਿਹਾ ਕਿ ਸਾਲ 1970 'ਚ ਜਦੋਂ ਕਿਸਾਨ ਦੀ ਆਮਦਨ 76 ਰੁਪਏ ਪ੍ਰਤੀ ਕੁਇੰਟਲ ਹੋਇਆ ਕਰਦੀ ਸੀ, ਉਸ ਸਮੇਂ ਸਰਕਾਰੀ ਮੁਲਾਜ਼ਮਾਂ ਦੀ ਤਨਖਾਹ ਵੀ 90 ਕੁ ਰੁਪਏ ਮਹੀਨੇ ਦੇ ਕਰੀਬ ਸੀ, ਪਰ ਸਾਲ 2015 ਤੱਕ ਪਹੁੰਚਦੇ-ਪਹੁੰਚਦੇ ਹੋਏ ਸਰਕਾਰੀ ਮੁਲਾਜ਼ਮਾਂ ਤੇ ਹੋਰਨਾਂ ਵਰਗਾਂ ਦੇ ਲੋਕਾਂ ਦੀ ਆਮਦਨ 'ਚ ਤਾਂ 300 ਗੁਣਾ ਤੱਕ ਵਾਧਾ ਹੋਇਆ ਪਰ ਕਿਸਾਨਾਂ ਦੀ ਆਮਦਨ ਉਸ ਦਰ ਨਾਲ ਨਹੀਂ ਵਧੀ, ਜਿਸ ਕਾਰਨ ਕਿਸਾਨਾਂ ਦੀ ਆਰਥਿਕ ਹਾਲਤ ਲਗਾਤਾਰ ਨਿਘਰਦੀ ਗਈ। ਉਨ੍ਹਾਂ ਕਿਹਾ ਕਿ ਅੱਜ ਪੈੱਨ ਤੋਂ ਲੈ ਕੇ ਕਾਰ ਤੇ ਹਵਾਈ ਜ਼ਹਾਜ ਤੱਕ ਹਰ ਚੀਜ਼ ਦੀ ਕੀਮਤ ਤੈਅ ਹੁੰਦੀ ਹੈ ਪਰ ਕਿਸਾਨਾਂ ਦੀ ਉਪਜ ਦੀ ਕੋਈ ਪੱਕੀ ਕੀਮਤ ਨਹੀਂ ਹੁੰਦੀ ਤੇ ਉਸ ਨੂੰ ਬਾਜ਼ਾਰ ਦੇ ਭਰੋਸੇ 'ਤੇ ਛੱਡ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜਦ ਤੱਕ ਸਰਕਾਰਾਂ ਕਿਸਾਨਾਂ ਲਈ ਪੱਕੀ ਆਮਦਨ ਦਾ ਪ੍ਰਬੰਧ ਨਹੀਂ ਕਰਦੀਆਂ ਤਦ ਤੱਕ ਆਮਦਨ ਦੁੱਗਣੀ ਕਰਨ ਦੇ ਵਾਅਦੇ ਤੇ ਦਾਅਵੇ ਪੂਰੀ ਤਰ੍ਹਾਂ ਨਾਲ ਖੋਖਲੇ ਹਨ। ਇਸ ਮੌਕੇ ਡਾ. ਦਵਿੰਦਰ ਸ਼ਰਮਾ ਨੇ ਇਕ ਹੋਰ ਹੈਰਾਨੀਜਨਕ ਖੁਲਾਸਾ ਕਰਦੇ ਹੋਏ ਕਿਹਾ ਕਿ ਕੋਲੰਬੀਆ ਦੀ ਇਕ ਯੂਨੀਵਰਸਿਟੀ ਵਲੋਂ ਕੀਤੇ ਗਏ ਸਰਵੇ ਤੋਂ ਇਹ ਗੱਲ ਵੀ ਸਾਫ ਹੋ ਗਈ ਹੈ ਕਿ ਕਿਸਾਨਾਂ ਨੂੰ ਕਣਕ ਤੇ ਝੋਨੇ ਦੇ ਫਸਲੀ ਚੱਕਰ ਵਿਚੋਂ ਬਾਹਰ ਕੱਢਣ ਨਾਲ ਵੀ ਸੂਬੇ 'ਚ ਪੈਦਾ ਹੋਇਆ ਪਾਣੀ ਦਾ ਸੰਕਟ ਛੇਤੀ ਕੀਤੇ ਹੱਲ ਨਹੀਂ ਹੋ ਸਕਦਾ। ਅਜਿਹੇ 'ਚ ਖੇਤੀ ਸੰਕਟ ਦੇ ਹੱਲ ਲਈ ਹੋਰ ਵੀ ਗੰਭੀਰਤਾ ਨਾਲ ਸੋਚਣ ਤੇ ਯੋਜਨਾਬੰਦੀ ਨਾਲ ਕੰਮ ਕਰਨ ਦੀ ਲੋੜ ਹੈ। ਉਨ੍ਹਾਂ ਇਸ ਗੱਲ 'ਤੇ ਵੀ ਸਵਾਲ ਉਠਾਇਆ ਕਿ ਇਕ ਪਾਸੇ ਤਾਂ ਸਰਕਾਰ ਕਿਸਾਨਾਂ ਨੂੰ ਝੋਨਾ ਨਾ ਲਾਉਣ ਦੀ ਸਲਾਹ ਦੇ ਰਹੀ ਹੈ ਤੇ ਦੂਸਰੇ ਪਾਸੇ ਪਰਾਲੀ ਦੀ ਸਾਂਭ-ਸੰਭਾਲ ਲਈ ਕਿਸਾਨਾਂ ਨੂੰ ਸਬਸਿਡੀ 'ਤੇ ਮਸ਼ੀਨਾ ਮੁਹੱਈਆ ਕਰਵਾ ਰਹੀ ਹੈ। ਉਨ੍ਹਾਂ ਇਸ ਪਿੱਛੇ ਵੀ ਕਾਰਪੋਰੇਟ ਅਦਾਰਿਆਂ ਦੀ ਵੱਡੀ ਸਾਜਿਸ਼ ਦੱਸਦੇ ਹੋਏ ਕਿਹਾ ਕਿ ਸਰਕਾਰਾਂ ਵੀ ਇਨ੍ਹਾਂ ਮਸਲਿਆਂ 'ਤੇ ਕਿਸਾਨਾਂ ਨੂੰ ਗੁੰਮਰਾਹ ਕਰ ਰਹੀਆਂ ਹਨ। ਇਸ ਮੌਕੇ ਉੱਘੇ ਕਹਾਣੀਕਾਰ ਪ੍ਰੋ. ਵਰਿਆਮ ਸਿੰਘ ਸੰਧੂ ਨੇ ਵੀ ਮੌਜੂਦਾ ਖੇਤੀ ਸੰਕਟ 'ਤੇ ਚਿੰਤਾ ਪ੍ਰਗਟ ਕਰਦੇ ਹੋਏ ਕਿਹਾ ਕਿ ਉਨ੍ਹਾਂ ਨੇ ਅੱਜ ਤੋਂ ਕਈ ਦਹਾਕੇ ਪਹਿਲਾਂ ਹੀ ਆਪਣੀਆਂ ਕਹਾਣੀਆਂ 'ਚ ਕਰਜ਼ੇ 'ਚ ਡੁੱਬੀ ਪੰਜਾਬ ਦੀ ਕਿਸਾਨੀ ਦਾ ਜ਼ਿਕਰ ਕਰਦਿਆਂ ਉਨ੍ਹਾਂ ਨੂੰ ਸੁਚੇਤ ਕਰਨ ਦਾ ਯਤਨ ਕੀਤਾ ਸੀ। ਡਾ. ਕਮਲੇਸ਼ ਸਿੰਘ ਦੁੱਗਲ ਨੇ ਪ੍ਰੈੱਸ ਕਲੱਬ ਵੱਲੋਂ ਇਸ ਗੰਭੀਰ ਮਸਲੇ 'ਤੇ ਚਰਚਾ ਕਰਵਾਉਣ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਯਤਨ ਜਾਰੀ ਰੱਖਣੇ ਚਾਹੀਦੇ ਹਨ। ਇਸ ਤੋਂ ਪਹਿਲਾਂ ਉੱਘੇ ਪੱਤਰਕਾਰ ਤੇ ਪੰਜਾਬ ਪ੍ਰੈੱਸ ਕਲੱਬ ਦੇ ਪ੍ਰਧਾਨ ਸਤਨਾਮ ਸਿੰਘ ਮਾਣਕ ਨੇ ਡਾ. ਦਵਿੰਦਰ ਸ਼ਰਮਾ ਤੇ ਹੋਰਨਾਂ ਪ੍ਰਮੁੱਖ ਸ਼ਖਸ਼ੀਅਤਾਂ ਦਾ ਸਵਾਗਤ ਕਰਦਿਆਂ ਸੂਬੇ ਦੇ ਖੇਤੀ ਸੰਕਟ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ। ਇਸ ਤੋਂ ਪਹਿਲਾਂ ਉਨ੍ਹਾਂ ਕਲੱਬ ਦੇ ਮੈਂਬਰਾਂ ਦੇ ਨਾਲ ਆਰ. ਐਨ. ਸਿੰਘ ਦੇ ਬੁੱਤ 'ਤੇ ਫੁੱਲ ਮਾਲਾਵਾਂ ਭੇਟ ਕਰਕੇ ਉਨ੍ਹਾਂ ਨੂੰ ਆਪਣੀ ਸ਼ਰਧਾ ਦੇ ਫੁੱਲ ਵੀ ਭੇਟ ਕੀਤੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਤਨਾਮ ਸਿੰਘ ਚਾਨਾ, ਪੰਜਾਬ ਪ੍ਰੈਸ ਕਲੱਬ ਦੇ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਥਾਪਾ, ਰਾਕੇਸ਼ ਸ਼ਾਂਤੀਦੂਤ, ਆਤਮ ਪ੍ਰਕਾਸ਼ ਸਿੰਘ ਬਬਲੂ, ਪ੍ਰੋ. ਗੋਪਾਲ ਸਿੰਘ ਬੁੱਟਰ, ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸਾਬਕਾ ਸਕੱਤਰ ਗੁਰਮੀਤ ਸਿੰਘ, ਸਰਦਾਰ ਜਸਬੀਰ ਸਿੰਘ ਸੇਵਾ ਮੁਕਤ ਪੀਸੀਐਸ ਸੀਨੀਅਰ ਪੱਤਰਕਾਰ ਆਈ. ਪੀ. ਸਿੰਘ, ਪਾਲ ਸਿੰਘ ਨੌਲੀ ਤੇ ਕਲੱਬ ਦੇ ਮੈਨੇਜਰ ਜਤਿੰਦਰਪਾਲ ਸਿੰਘ ਆਦਿ ਵੀ ਮੌਜੂਦ ਸਨ। ਇਸ ਮੌਕੇ ਮੰਚ ਦਾ ਸੰਚਾਲਨ ਕਲੱਬ ਦੇ ਸਕੱਤਰ ਮੇਹਰ ਮਲਿਕ ਵਲੋਂ ਬਾਖੂਬੀ ਕੀਤਾ ਗਿਆ।

29-JAN-PAGE-9.qxd 1/28/2024 10:27 PM Page 1



# ਅਕਾਲਗੜ੍ਹ ਵਿਖੇ ਫੁੱਟਬਾਲ ਟੂਰਨਾਮੈਂਟ ਦਾ ਸ਼ਾਨਦਾਰ ਆਗਾਜ਼

**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ)** ਦਸ਼ਮੇਸ਼ ਸਪੋਰਟਸ ਕਲੱਬ ਅਕਾਲਗੜ੍ਹ ਵਲੋਂ ਸਮੂਹ ਗ੍ਰਾਮ ਪੰਚਾਇਤ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 1971 ਦੀ ਭਾਰਤ-ਪਾਕਿਸਤਾਨ ਜੰਗ ਵਿਚ ਸ਼ਹੀਦ ਹੋਏ ਗੁਰਬਚਨ ਸਿੰਘ ਅਕਾਲਗੜ੍ਹ ਅਤੇ ਦੰਦਾਂ ਨਾਲ ਰੇਲਗੱਡੀ ਦਾ ਇੰਜਨ ਤੇ ਜਹਾਜ ਖਿੱਚ ਕੇ ਵਿਸ਼ਵ ਰਿਕਾਰਡ ਬਨਾਉਣ ਵਾਲੇ ਨਰਿੰਦਰ ਸਿੰਘ ਅਕਾਲਗੜ੍ਹ ਦੀ ਨਿੱਘੀ ਯਾਦ ਨੂੰ ਸਮਰਪਿਤ 41ਵੇਂ ਸਲਾਨਾ ਫੁਟਬਾਲ ਟੂਰਨਾਮੈਂਟ ਦਾ ਉਦਘਾਟਨ ਨਰਿੰਦਰ ਸਿੰਘ ਮੈਮੋਰੀਅਲ ਸਪੋਰਟਸ ਸਟੇਡੀਅਮ ਅਕਾਲਗੜ੍ਹ ਵਿਖੇ ਐਨ.ਆਰ.ਆਈ. ਵੀਰਾਂ ਤਰਸੇਮ ਸਿੰਘ ਯੂ.ਐਸ.ਏ., ਸਤਨਾਮ ਸਿੰਘ ਸਾਬਕਾ ਸਰਪੰਚ ਯੂ.ਐਸ.ਏ., ਜਗੀਰ ਸਿੰਘ ਯੂ.ਐਸ.ਏ., ਤਰਲੋਚਨ ਸਿੰਘ ਯੂ.ਐਸ.ਏ., ਰੇਸ਼ਮ ਸਿੰਘ ਲਾਡੀ ਯੂ.ਐਸ.ਏ. ਵਲੋਂ ਸਾਂਝੇ ਤੌਰ ਤੇ ਕੀਤਾ ਗਿਆ। ਇਸ ਮੌਕੇ ਹੈੱਡ ਗ੍ਰੰਥੀ ਭਾਈ ਗੁਰਦੇਵ ਸਿੰਘ ਗੁਰਦੁਆਰਾ ਸ੍ਰੀ ਸਿੰਘ ਸਭਾ ਅਕਾਲਗੜ੍ਹ ਵਲੋਂ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਉਦਘਾਟਨ ਦੀ ਰਸਮ ਨਿਭਾਉਂਦੇ ਹੋਏ ਐਨ.ਆਰ.ਆਈ. ਵੀਰਾਂ ਨੇ ਖਿਡਾਰੀਆਂ ਨਾਲ ਜਾਣ-ਪਛਾਣ ਕੀਤੀ। ਉਦਘਾਟਨੀ ਮੈਚ ਪਿੰਡ ਮੇਹਟਾਂ ਤੇ ਰਾਮਪੁਰ ਸੁੰਨੜਾ ਦੀਆਂ ਟੀਮਾਂ ਵਿਚਕਾਰ ਹੋਇਆ। ਟੂਰਨਾਮੈਂਟ ਦੇ ਆਖਰੀ ਦਿਨ 50 ਸਾਲ ਤੋਂ ਉੱਪਰ ਉਮਰ ਵਾਲਿਆਂ ਦੀ 100 ਮੀਟਰ ਦੌੜ ਵੀ ਕਰਵਾਈ ਜਾਵੇਗੀ। ਇਸ ਮੌਕੇ ਭਗਤ ਗੁਰਦਿਆਲ ਸਿੰਘ, ਸਰਪੰਚ ਗੁਲਜਾਰ ਸਿੰਘ ਅਕਾਲਗੜ੍ਹ, ਸਾਬਕਾ ਸਰਪੰਚ ਸਤਨਾਮ ਸਿੰਘ, ਪੰਚਾਇਤ ਮੈਂਬਰ ਪਿਆਰਾ ਸਿੰਘ ਤੇ ਮਨਜੀਤ ਲਾਲ, ਅਮਨਦੀਪ ਸਿੰਘ, ਜਸਵਿੰਦਰ ਸਿੰਘ ਠੇਕੇਦਾਰ, ਗੁਰਨਾਮ ਪਾਲ, ਜਸਵੰਤ ਸਿੰਘ ਫੌਜੀ, ਨਛੱਤਰ ਸਿੰਘ ਨੰਬਰਦਾਰ, ਪ੍ਰੀਤ ਅਕਾਲਗੜ੍ਹ, ਹਰਵਿੰਦਰ ਸਿੰਘ, ਸੰਤੋਖ ਸਿੰਘ ਕਾਲਾ, ਕਾਕੂ ਅਕਾਲਗੜ੍ਹ, ਸਨੀ ਅਕਾਲਗੜ੍ਹ, ਸਰਵਣ ਸਿੰਘ ਸੈਣੀ, ਰਾਜੂ ਸਾਊਂਡ, ਧਰਮਪਾਲ ਭੋਲਾ ਸਪੇਨ, ਬਲਜਿੰਦਰ ਸਿੰਘ ਅਕਾਲਗੜ੍ਹ ਤੋਂ ਇਲਾਵਾ ਵੱਡੀ ਗਿਣਤੀ ਵਿਚ ਪਿੰਡ ਵਾਸੀ ਹਾਜ਼ਰ ਸਨ।



# ਡੇਅਰੀ ਵਿਕਾਸ ਵਿਭਾਗ ਵੱਲੋਂ ਸਿਖਲਾਈ ਕੋਰਸ ਅੱਜ ਤੋਂ

**ਹੁਸ਼ਿਆਰਪੁਰ, (ਓ ਪੀ ਰਾਣਾ)** ਪੜ੍ਹੇ-ਲਿਖੇ ਬੇਰੋਜ਼ਗਾਰ ਨੌਜਵਾਨ, ਕਿਸਾਨ ਅਤੇ ਡੇਅਰੀ ਫਾਰਮਰਾਂ 2 ਹਫਤੇ ਦਾ ਡੇਅਰੀ ਸਿਖਲਾਈ ਕੋਰਸ ਸ਼ੁਰੂ ਕੀਤਾ ਜਾ ਰਿਹਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਡੇਅਰੀ ਹਰਵਿੰਦਰ ਸਿੰਘ ਨੇ ਦੱਸਿਆ ਕਿ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਕੁਲਦੀਪ ਸਿੰਘ ਜੱਸੋਵਾਲ ਦੀ ਅਗਵਾਈ ਹੇਠ ਡੇਅਰੀ ਵਿਕਾਸ ਵਿਭਾਗ ਵਲੋਂ 2 ਹਫਤੇ ਡੇਅਰੀ ਸਿਖਲਾਈ ਪ੍ਰੋਗਰਾਮ 29 ਜਨਵਰੀ ਤੋਂ ਡੇਅਰੀ ਸਿਖਲਾਈ ਕੇਂਦਰ, ਫਗਵਾੜਾ ਵਿਖੇ ਸ਼ੁਰੂ ਕੀਤਾ ਜਾ ਰਿਹਾ ਹੈ।ਇਸ ਸਿਖਲਾਈ ਪ੍ਰੋਗਰਾਮ ਵਿਚ ਦੁਧਾਰੂ ਪਸ਼ੂਆਂ ਦੀ ਖਰੀਦ ਤੋਂ ਲੈ ਕੇ ਰੱਖ-ਰਖਾਅ, ਖਾਧ-ਖੁਰਾਕ, ਨਸਲ ਸੁਧਾਰ, ਸਾਂਭ-ਸੰਭਾਲ ਅਤੇ ਸੁਚੱਜੇ ਮੰਡੀਕਰਨ ਦੀਆਂ ਨਵੀਨਤਮ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਇਸ ਸਿਖਲਾਈ ਨਾਲ ਪੜ੍ਹੇ-ਲਿਖੇ ਬੇਰੋਜ਼ਗਾਰ ਨੌਜਵਾਨ ਆਪਣਾ ਧੰਦਾ ਸ਼ੁਰੂ ਕਰਕੇ ਆਪਣੇ ਪੈਰਾਂ 'ਤੇ ਖੜ੍ਹੇ ਹੋ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਸਿਖਲਾਈ ਪ੍ਰੋਗਰਾਮ ਵਿਚ ਭਾਗ ਲੈਣ ਵਾਲਾ ਸਿਖਿਆਰਥੀ ਪੇਂਡੂ ਖੇਤਰ ਨਾਲ ਸੰਬੰਧ ਰੱਖਦਾ ਹੋਵੇ, ਘੱਟ ਤੋਂ ਘੱਟ ਪੰਜਵੀਂ ਪਾਸ ਹੋਵੇ ਅਤੇ ਉਸ ਦੀ ਉਮਰ 18 ਤੋਂ 55 ਸਾਲ ਤੱਕ ਹੋਣੀ ਚਾਹੀਦੀ ਹੈ। ਇਸ ਸਿਖਲਾਈ ਕੋਰਸ ਦੀ ਫੀਸ 1000 ਰੁਪਏ ਜਨਰਲ ਸ਼੍ਰੇਣੀ ਲਈ ਅਤੇ 750 ਰੁਪਏ ਅਨੁਸੂਚਿਤ ਜਾਤੀ ਦੇ ਸਿਖਿਆਰਥੀਆਂ ਲਈ ਹੋਵੇਗੀ।ਡਿਪਟੀ ਡਾਇਰੈਕਟਰ ਡੇਅਰੀ ਨੇ ਦੱਸਿਆ ਕਿ ਸਿਖਲਾਈ ਲੈਣ ਦੇ ਚਾਹਵਾਨ ਆਪਣੇ ਦਸਤਾਵੇਜ ਜਿਵੇਂ ਕਿ ਪੜ੍ਹਾਈ ਦਾ ਸਰਟੀਫਿਕੇਟ, ਆਧਾਰ ਕਾਰਡ, ਵੋਟਰ ਕਾਰਡ, ਜਾਤੀ ਦਾ ਸਰਟੀਫਿਕੇਟ ਅਤੇ 2 ਪਾਸਪੋਰਟ ਸਾਈਜ਼ ਫੋਟੋਆਂ ਨਾਲ ਲੈ ਕੇ 27 ਜਨਵਰੀ ਤੱਕ ਦਫਤਰ ਡਿਪਟੀ ਡਾਇਰੈਕਟਰ ਡੇਅਰੀ, ਮਿੰਨੀ ਸਕੱਤਰੇਤ, ਚੌਥੀ ਮੰਜ਼ਿਲ, ਕਮਰਾ ਨੰਬਰ 439 ਵਿਖੇ ਦਫ਼ਤਰੀ ਕੰਮਕਾਜ਼ ਦੇ ਸਮੇਂ ਦੌਰਾਨ ਸੰਪਰਕ ਕਰ ਸਕਦੇ ਹਨ।

# ਪੰਜਾਬ ਸਰਕਾਰ ਵੱਲੋਂ ਤਿਆਰ ਕੀਤੀਆਂ ਝਾਕੀਆਂ ਦਾ ਸ੍ਰੀ ਅਨੰਦਪੁਰ ਸਾਹਿਬ 'ਚ ਨਿੱਘਾ ਸਵਾਗਤ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਪੰਜਾਬ ਦੇ ਮਹਾਨ ਯੋਧੇ, ਮਾਈ ਭਾਗੋ-ਔਰਤਾਂ ਦਾ ਸ਼ਕਤੀਕਰਨ ਅਤੇ ਪੰਜਾਬੀ ਸੱਭਿਆਚਾਰ ਬਾਰੇ ਪੰਜਾਬ ਸਰਕਾਰ ਵਲੋਂ ਤਿਆਰ ਕੀਤੀਆਂ ਝਾਕੀਆਂ ਦਾ ਸ੍ਰੀ ਅਨੰਦਪੁਰ ਸਾਹਿਬ ਵਿਚ ਨਿੱਘਾ ਸਵਾਗਤ ਹੋਇਆ। ਵਿਕਸਿਤ ਪੰਜਾਬ ਝਾਕੀਆਂ ਸ੍ਰੀ ਅਨੰਦਪੁਰ ਸਾਹਿਬ ਦੇ ਬੱਸ ਸਟੈਂਡ, ਪੰਜ ਪਿਆਰਾ ਪਾਰਕ, ਕੀਰਤਪੁਰ ਸਾਹਿਬ, ਬੁੰਗਾ ਸਾਹਿਬ, ਭਰਤਗੜ੍ਹ ਤੇ ਘਨੌਲੀ ਵਿੱਚ ਪਹੁੰਚੀਆਂ ਜਿੱਥੇ ਉਨ੍ਹਾਂ ਦਾ ਥੋੜ੍ਹੇ ਸਮੇਂ ਲਈ ਠਹਿਰਾਓ ਕੀਤਾ ਗਿਆ ਸੀ, ਪ੍ਰੰਤੂ ਇਲਾਕਾ ਵਾਸੀਆਂ ਦਾ ਭਾਰੀ ਉਤਸ਼ਾਹ ਅਤੇ ਆਮ ਲੋਕਾਂ ਵਿੱਚ ਦੇਸ਼ ਭਗਤੀ ਦੀ ਭਾਵਨਾ ਨੂੰ ਵੇਖਦੇ ਹੋਏ ਝਾਕੀਆਂ ਨੂੰ ਕਾਫੀ ਸਮਾਂ ਇੱਕ ਇੱਕ ਸਥਾਨ ਤੇ ਰੁਕਣਾ ਪਿਆ।

ਨਗਰ ਕੌਂਸਲ ਪ੍ਰਧਾਨ ਹਰਜੀਤ ਸਿੰਘ ਜੀਤਾ ਸਮੇਤ ਬਹੁ ਗਿਣਤੀ ਕੌਸਲਰਾਂ ਸਮੇਤ ਇਲਾਕੇ ਦੇ ਪਤਵੰਤਿਆਂ, ਸੰਸਥਾਵਾ ਦੇ ਮੁਖੀਆਂ ਨੇ ਇਨ੍ਹਾਂ ਝਾਕੀਆਂ ਦਾ ਸ੍ਰੀ ਅਨੰਦਪੁਰ ਸਾਹਿਬ ਵਿਚ ਨਿੱਘਾ ਸਵਾਗਤ ਕੀਤਾ। ਜਿਲ੍ਹਾ ਯੋਜਨਾ ਕਮੇਟੀ ਰੂਪਨਗਰ ਦੇ ਚੇਅਰਮੈਨ ਹਰਮਿੰਦਰ ਸਿੰਘ ਢਾਹੇ, ਨੰਗਲ ਤੋਂ ਸੀਨੀਅਰ ਆਗੂਆਂ ਡਾ.ਸੰਜੀਵ ਗੌਤਮ, ਕੀਰਤਪੁਰ ਸਾਹਿਬ ਤੋਂ ਚੇਅਰਮੈਨ ਕਮਿੱਕਰ ਸਿੰਘ ਡਾਢੀ, ਚੇਅਰਮੈਨ ਰਾਮ ਕੁਮਾਰ ਮੁਕਾਰੀ, ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਜਸਪਾਲ ਸਿੰਘ ਢਾਹੇ, ਜੁਝਾਰ ਸਿੰਘ ਆਸਪੁਰ, ਕੈਪਟਨ ਗੁਰਨਾਮ ਸਿੰਘ, ਡਾ.ਜਰਨੈਲ ਸਿੰਘ, ਓਕਾਰ ਸਿੰਘ, ਸਤੀਸ਼ ਚੋਪੜਾ, ਐਡਵੋਕੇਟ ਨੀਰਜ ਸ਼ਰਮਾ, ਨਤਿਨ ਸ਼ਰਮਾ ਸਮੇਤ ਵੱਡੀ ਗਿਣਤੀ ਆਗੂਆ ਨੇ ਵਿਕਸਿਤ ਪੰਜਾਬ ਝਾਕੀਆਂ ਦਾ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਪਹੁੰਚਣ 'ਤੇ ਸਵਾਗਤ ਕਰਦੇ ਹੋਏ ਕਿਹਾ ਕਿ ਇਸ ਨਾਲ ਜ਼ਿੱਥੇ ਆਮ ਲੋਕਾਂ ਵਿੱਚ ਦੇਸ਼ ਭਗਤੀ ਦੀ ਭਾਵਨਾ ਹੋਰ ਵਧੇਰੇ ਮਜਬੂਤ ਹੋਈ ਹੈ, ਉਥੇ ਪੰਜਾਬ ਦੇ ਮਹਾਨ ਯੋਧੇ, ਮਾਈ ਭਾਗੋ-ਔਰਤਾਂ ਦਾ ਸਸਕਤੀਕਰਨ ਅਤੇ ਪੰਜਾਬੀ ਸੱਭਿਆਚਾਰ ਬਾਰੇ ਹਰ ਵਰਗ ਨੂੰ ਜਾਣਕਾਰੀ ਮਿਲ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ ਦੀਆਂ ਕੁਰਬਾਨੀਆਂ, ਸ਼ਹੀਦੀਆਂ, ਵਿਰਸੇ ਅਤੇ ਸੱਭਿਆਚਾਰਕ ਨੂੰ ਅਣਗੌਲਿਆ ਕਰਨਾ ਬਹੁਤ ਹੀ ਮੰਦਭਾਗਾ ਹੈ।

# ਆਂਗਣਵਾੜੀ ਸੈਂਟਰਾਂ ਰਾਹੀਂ ਪੌਸ਼ਟਿਕ ਭੋਜਨ ਸਪਲਾਈ ਕਰਨ ਵਾਸਤੇ 33.65 ਕਰੋੜ ਰੁਪਏ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਆਂਗਣਵਾੜੀ ਸੈਂਟਰਾਂ ਰਾਹੀਂ ਸਪਲਾਈ ਕੀਤੇ ਪੋਸ਼ਟਿਕ ਭੋਜਨ ਵਾਸਤੇ ਪੰਜਾਬ ਸਰਕਾਰ ਨੇ 33.65 ਕਰੋੜ ਰੁਪਏ ਦੀ ਰਾਸ਼ੀ ਜਾਰੀ ਕਰ ਦਿੱਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸੂਬੇ ਦੇ ਆਂਗਣਵਾੜੀ ਸੈਂਟਰਾਂ ਵਿੱਚ ਲਾਭਪਾਤਰੀਆਂ ਨੂੰ ਗਿਜਾਈ ਵਸਤੂਆਂ ਦੀ ਸਪਲਾਈ ਮਾਰਕਫੈਡ ਰਾਹੀ ਕੀਤੀ ਜਾ ਰਹੀ ਹੈ। ਸਪਲੀਮੈਂਟਰੀ ਨਿਊਟਰੀਸ਼ਨ ਪ੍ਰੋਗਰਾਮ ਸਕੀਮ ਤਹਿਤ ਚਾਲੂ ਵਿੱਤੀ ਸਾਲ ਦੌਰਾਨ ਮਾਰਕਫੈਡ ਵੱਲੋਂ ਕੀਤੀ ਜਾ ਰਹੀ ਸਪਲਾਈ ਦਾ ਹੁਣ ਤੱਕ ਦਾ ਭੁਗਤਾਨ ਕਰ ਦਿੱਤਾ ਗਿਆ ਹੈ। ਇਸੇ ਦੌਰਾਨ ਉਨ੍ਹਾਂ ਨੇ ਸਬੰਧਤ ਜ਼ਿਲ੍ਹਾ ਪ੍ਰੋਗਰਾਮ ਅਫਸਰਾਂ ਨੂੰ ਫੰਡਾਂ ਦੀ ਵਰਤੋ ਸਰਕਾਰੀ ਨਿਯਮਾਂ ਅਨੁਸਾਰ ਕਰਨ ਲਈ ਹਦਾਇਤ ਕੀਤੀ ਹੈ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਅੰਮ੍ਰਿਤਸਰ ਜ਼ਿਲ੍ਹੇ ਨੂੰ 4.17 ਕਰੋੜ, ਬਰਨਾਲਾ ਨੂੰ 65.94 ਲੱਖ, ਬਠਿੰਡਾ ਨੂੰ 2.28 ਕਰੋੜ, ਫਰੀਦਕੋਟ ਨੂੰ 40.22 ਲੱਖ, ਫਾਜ਼ਿਲਕਾ ਨੂੰ 4.35 ਕਰੋੜ ਅਤੇ 5.99 ਲੱਖ (ਕੁਕਿੰਗ ਕੋਸਟ), ਫਿਰੋਜ਼ਪੁਰ ਨੂੰ 4 ਕਰੋੜ ਅਤੇ 4.69 ਲੱਖ (ਕੁਕਿੰਗ ਕੋਸਟ), ਗੁਰਦਾਸਪੁਰ ਨੂੰ 1.56 ਕਰੋੜ, ਹੁਸ਼ਿਆਰਪੁਰ ਨੂੰ 5 ਕਰੋੜ, ਜਲੰਧਰ ਨੂੰ 2.51 ਕਰੋੜ, ਲੁਧਿਆਣਾ ਨੂੰ 97.48 ਲੱਖ, ਮਾਨਸਾ ਨੂੰ 97.33 ਲੱਖ, ਮੋਗਾ ਨੂੰ 50 ਲੱਖ, ਰੋਪੜ ਨੂੰ 92 ਲੱਖ, ਸੰਗਰੂਰ ਨੂੰ 3.07 ਕਰੋੜ, ਕਪੂਰਥਲਾ ਨੂੰ 2.14 ਕਰੋੜ ਰੁਪਏ ਜ਼ਾਰੀ ਕੀਤੇ ਗਏ ਹਨ। ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਦੇ ਲੋਕਾਂ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ ਅਤੇ ਬੱਚਿਆਂ, ਗਰਭਵਤੀ ਔਰਤਾਂ ਅਤੇ ਦੁੱਧ ਚੁੰਘਾਉਣ ਵਾਲੀਆਂ ਮਾਵਾਂ ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ ਅਤੇ ਇਨ੍ਹਾਂ ਦੀ ਭਲਾਈ ਲਈ ਭਗਵੰਤ ਮਾਨ ਸਰਕਾਰ ਵਚਨਬੱਧ ਹੈ।

# ਮਾਨ ਸਰਕਾਰ ਨੇ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ : ਲਖਵਿੰਦਰ ਲੱਖੀ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ ਉਂਕਾਰ ਸਿੰਘ )**- ਪੰਜਾਬ ਦੀ ਮਾਨ ਸਰਕਾਰ ਨੂੰ ਸੱਤਾ ਵਿੱਚ ਆਏ ਕਰੀਬ 2 ਸਾਲ ਹੋ ਗਏ ਹਨ ਪਰ ਅਜੇ ਤੱਕ ਚੋਣਾਂ ਦੌਰਾਨ ਕੀਤੇ ਵਾਅਦਿਆਂ ਵਿੱਚੋਂ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ। ਪੰਜਾਬ ਦੇ ਵਿਕਾਸ ਨੂੰ ਸਿਖਰਾਂ ਤੱਕ ਪਹੁੰਚਾਉਣ ਦੇ ਵਾਅਦੇ ਕਰਨ ਵਾਲੀ ਆਪ ਸਰਕਾਰ ਸਿਆਸੀ ਖੇਡਾਂ ਖੇਡਣ ਵਿੱਚ ਹੀ ਲੱਗੀ ਹੋਈ ਹੈ ਅਤੇ ਆਪਣੇ ਕੀਤੇ ਵਾਅਦਿਆਂ ਨੂੰ ਛੱਡ ਕੇ ਨੌਜਵਾਨ ਪੀੜੀ ਨੂੰ ਨਸ਼ਿਆਂ ਜਿਹੀਆਂ ਅਲਾਮਤਾਂ ਵਿੱਚ ਗਰਕ ਕਰਦੀ ਜਾ ਰਹੀ ਹੈ। ਸਰਕਾਰ ਨੇ ਅੱਜ ਤੱਕ ਪੰਜਾਬ ਨੂੰ ਖ਼ਸ਼ਸਹਾਲੀ ਦੀਆਂ ਲੀਹਾਂ 'ਤੇ ਲਿਆਉਣ ਦੀ ਥਾਂ ਸਿਆਸੀ ਰੜਕਾਂ ਹੀ ਕੱਢੀਆਂ ਹਨ ਜਿਸ ਕਾਰਨ ਪੰਜਾਬ ਦੀ ਜਨਤਾ ਇਸ ਨੂੰ ਜਲਦ ਚਲਦਾ ਕਰਨ ਲਈ ਦ੍ਰਿੜ ਸੰਕਲਪ ਕਰੀ ਬੈਠੀ ਹੈ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਟਾਂਡਾ ਵਿਖੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਮੀਟਿੰਗ 'ਚ ਹਾਜਰ ਵਰਕਰਾਂ ਦੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਨੇ ਕਿਹਾ ਕਿ ਮਾਨ ਸਰਕਾਰ ਨੇ ਆਪਣੇ ਕੀਤੇ ਹੋਏ ਵਾਦਿਆਂ ਦੇ ਮੁਤਾਬਿਕ ਨੌਜਵਾਨਾਂ ਨੂੰ ਨੌਕਰੀਆਂ ਤਾਂ ਕੀ ਦੇਣੀਆਂ ਸਨ ਉਲਟਾ ਨਸ਼ਿਆਂ ਜਿਹੀਆਂ ਬੁਰੀਆਂ ਅਲਾਮਤਾਂ ਵਿੱਚ ਗਰਕ ਕਰ ਦਿੱਤਾ ਹੈ। ਸਰਕਾਰ ਨੇ ਜਿਹੜੇ ਸਬਜ ਬਾਗ ਵਿਖਾ ਕੇ ਸੱਤਾ ਹਾਸਲ ਕੀਤੀ ਸੀ ਉਹ ਵਾਅਦੇ ਪੂਰੇ ਨਾ ਕਰਕੇ ਪੰਜਾਬ ਦੀ ਜਨਤਾ ਦੇ ਸੁਪਨਿਆਂ ਨੂੰ ਚਕਨਾ ਚੂਰ ਕਰ ਦਿੱਤਾ ਹੈ। ਬਾਦਲ ਸਰਕਾਰ ਨੇ ਜਿਹੜੀਆਂ ਜਨਹਿਤ ਸਕੀਮਾਂ ਚਲਾਈਆਂ ਸਨ ਉਨ੍ਹਾਂ ਸਕੀਮਾਂ ਨੂੰ ਵੀ ਬੰਦ ਕਰ ਦਿੱਤਾ ਹੈ ਜਿਸ ਕਾਰਨ ਲੋਕਾਂ ਵਿੱਚ ਭਾਰੀ ਰੋਸ ਦੀ ਭਾਵਨਾ ਜਾਗ੍ਰਿਤ ਹੋ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਮਾਨ ਸਰਕਾਰ ਦੀਆਂ ਲੂੰਬੜ ਚਾਲਾਂ ਤੋਂ ਹੁਣ ਭਲੀ ਭਾਂਤ ਜਾਣੂ ਹੋ ਗਈ ਹੈ ਜਿਸਦਾ ਖਾਮੀਆਜਾ ਹੁਣ ਆਉਂਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਭੁਗਤਣਾ ਪਵੇਗਾ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦਾ ਹਰ ਅਕਾਲੀ ਵਰਕਰ ਪਾਰਟੀ ਦਾ ਪੂਰਾ ਵਫਾਦਾਰ ਹੈ ਅਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਚੱਟਾਨ ਵਾਂਗ ਖੜ੍ਹਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦਾ ਹਰ ਵਰਕਰ ਪੂਰੀ ਇਮਾਨਦਾਰੀ ਤੇ ਮਿਹਨਤ ਨਾਲ ਲੋਕਾਂ ਨਾਲ ਤਾਲਮੇਲ ਕਰ ਰਿਹਾ ਹੈ ਅਤੇ ਅਕਾਲੀ ਦਲ ਬਾਦਲ ਦੀਆਂ ਲੋਕ ਹਿੱਤ ਨੀਤੀਆਂ ਤੋਂ ਜਾਣੂ ਕਰਵਾ ਰਿਹਾ ਹੈ ਜਿਸ ਦਾ ਜਨਤਾ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਅਤੇ ਲੋਕ ਅਕਾਲੀ ਦਲ ਨਾਲ ਜੁੜਦੇ ਜਾ ਰਹੇ ਹਨ। ਇਸ ਮੌਕੇ 'ਤੇ ਸਤਨਾਮ ਸਿੰਘ ਬੰਟੀ ਪ੍ਰਧਾਨ ਬੀ.ਸੀ ਸ਼ਹਿਰੀ, ਨਿਰਮਲ ਸਿੰਘ ਸਾਬਕਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਅਮਨਦੀਪ ਸਿੰਘ ਮੀਤ ਪ੍ਰਧਾਨ ਕਿਸਾਨ ਵਿੰਗ, ਅਵਤਾਰ ਸਿੰਘ ਸਰਪੰਚ ਸਸੋਲੀ ਅਤੇ ਹੋਰ ਅਕਾਲੀ ਵਰਕਰ ਹਾਜ਼ਰ ਸਨ।

# ਅੱਜ ਤੋਂ ਨਾਨ ਐੱਸ ਐੱਸ ਏ ਕੰਮਾਂ ਦਾ ਬਾਈਕਾਟ

**ਜਲੰਧਰ (ਰਾਜੇਸ਼ ਥਾਪਾ)** ਸਰਵ ਸਿੱਖਿਆ ਅਭਿਆਨ ਮਿਡ ਡੇ ਮੀਲ ਦਫ਼ਤਰੀ ਕਰਮਚਾਰੀ ਯੂਨੀਅਨ ਵਲੋਂ 26 ਜਨਵਰੀ ਨੂੰ ਲੁਧਿਆਣਾ, ਜਲੰਧਰ ਅਤੇ ਮੋਹਾਲੀ ਵਿਖੇ ਰੋਸ ਪ੍ਰਦਰਸ਼ਨ ਦਾ ਪ੍ਰੋਗਰਾਮ ਦਿੱਤਾ ਗਿਆ ਸੀ ਜਿਸ ਸਬੰਧੀ ਪੁਲਸ ਪ੍ਰਸ਼ਾਸ਼ਨ ਵਲੋਂ ਲਗਾਤਾਰ ਸੰਪਰਕ ਕੀਤਾ ਜਾ ਰਿਹਾ ਸੀ।

ਇਸ ਕੜੀ ਵਿੱਚ ਜਲੰਧਰ ਪ੍ਰਸ਼ਾਸ਼ਨ ਵਲੋਂ ਜ਼ਿਲ੍ਹਾ ਪ੍ਰਧਾਨ ਤੇ ਸਟੇਟ ਕਮੇਟੀ ਮੈਂਬਰ ਸ਼ੋਭਿਤ ਭਗਤ,ਗਗਨਦੀਪ ਸ਼ਰਮਾ ਨੂੰ ਸ਼ਾਮ ਵਿੱਤ ਮੰਤਰੀ, ਪੰਜਾਬ ਹਰਪਾਲ ਸਿੰਘ ਚੀਮਾ ਨਾਲ ਮਿਲਾਇਆ ਗਿਆ। ਉਨ੍ਹਾਂ ਵਲੋਂ 31 ਜਨਵਰੀ ਨੂੰ ਮੀਟਿੰਗ ਦਾ ਸਮਾਂ ਦਿੱਤਾ ਗਿਆ ਹੈ ਜੇਕਰ 31 ਜਨਵਰੀ ਦੀ ਮੀਟਿੰਗ ਬੇਸਿੱਟਾ ਰਹਿੰਦੀ ਹੈ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਦੇ ਨਾਲ ਹੀ 29 ਜਨਵਰੀ ਤੋਂ ਨਾਨ ਐਸ ਐਸ ਏ ਕੰਮਾਂ ਦਾ ਬਾਈਕਾਟ ਕੀਤਾ ਜਾਵੇਗਾ।

# 16 ਸਾਲ ਦੇ ਬੱਚਿਆਂ ਲਈ ਕੋਚਿੰਗ ਬੰਦ ਕਰਨ ਦੇ ਫੈਸਲੇ ਦਾ ਫੈਡਰੇਸ਼ਨ ਵੱਲੋਂ ਸਵਾਗਤ



**ਲੋਹੀਆਂ ਖਾਸ (ਰੀਨਾ ਸ਼ਰਮਾ) :** ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ ਦੇ ਕੋਰ ਕਮੇਟੀ ਮੈਂਬਰਾਂ ਦੀ ਮੀਟਿੰਗ ਹੋਈ ਜਿਸ ਵਿੱਚ ਭਾਰਤ ਸਰਕਾਰ ਵੱਲੋਂ ਕੋਚਿੰਗ ਸੈਂਟਰਾਂ ਨੂੰ ਨਿਰੰਤਰਣ ਕਰਨ ਦੇ ਫੈਸਲੇ 'ਤੇ ਚਰਚਾ ਕੀਤੀ ਗਈ। ਫੈਡਰੇਸ਼ਨ ਦੇ ਸਾਰੇ ਮੈਂਬਰਾਂ ਨੇ ਸਰਕਾਰ ਦੇ ਇਸ ਫੈਸਲੇ ਦਾ ਸਵਾਗਤ ਕੀਤਾ। ਜਾਣਕਾਰੀ ਦਿੰਦੇ ਹੋਏ ਫੈਡਰੇਸ਼ਨ ਦੇ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ ਨੇ ਦੱਸਿਆ ਕਿ ਮਾਪਿਆਂ ਦੀਆਂ ਇੱਛਾਵਾਂ ਅਤੇ ਕੋਚਿੰਗ ਸੈਂਟਰਾਂ ਦੇ ਦਬਾਅ ਕਾਰਨ ਵਿਦਿਆਰਥੀਆਂ ਵੱਲੋਂ ਖੁਦਕੁਸ਼ੀਆਂ ਦਾ ਦੌਰ ਵਧ ਰਿਹਾ ਸੀ। ਇਸੇ ਮੁੱਦੇ ਨੂੰ ਲੈ ਕੇ ਵੱਖ ਵੱਖ ਸਮੇਂ ਵਿੱਚ ਪਾਰਲੀਮੈਂਟ ਵਿੱਚ ਇਹ ਗੱਲ ਉਠਾਈ ਜਾਂਦੀ ਰਹੀ ਹੈ। ਉਹਨਾਂ ਕਿਹਾ ਕਿ ਕੋਚਿੰਗ ਸੈਂਟਰਾਂ ਵਿੱਚ ਕਰਾਈ ਜਾਂਦੀ ਪੜ੍ਹਾਈ ਐਨ.ਈ.ਪੀ. 2020 ਦੀ ਕਸੌਟੀ 'ਤੇ ਪੂਰੀ ਨਹੀਂ ਉਤਰਦੀ। ਕਿਉਂਕਿ ਇਸ ਵਿੱਚ ਫਾਰਮੇਟਿਵ ਅਸੈਸਮੈਂਟ ਨੂੰ ਕੋਈ ਸਥਾਨ ਨਹੀਂ। ਮੌਜੂਦਾ ਚੱਲ ਰਹੀ ਸੈਕੰਡਰੀ ਸਕੂਲ ਪ੍ਰੀਖਿਆ ਪ੍ਰਣਾਲੀ ਵੀ ਵਿਦਿਆਰਥੀਆਂ ਨੂੰ ਇਹਨਾਂ ਕੋਚਿੰਗ ਸੈਂਟਰਾਂ ਵਿੱਚ ਧੱਕਣ ਲਈ ਜ਼ਿੰਮੇਵਾਰ ਹੈ। ਨੈਸ਼ਨਲ ਟੈਸਟਿੰਗ ਏਜੰਸੀ (ਐਨ.ਟੀ.ਏ.) ਵੱਲੋਂ ਨੀਟ ਅਤੇ ਜੇ.ਈ. ਮੇਨ ਦੀ ਤਿਆਰੀ ਵਿੱਚ ਮਦਦ ਕਰਨ ਲਈ ਐਪ ਵੀ ਜਾਰੀ ਕੀਤੀ ਗਈ ਹੈ ਜੋ ਕਿ ਇੱਕ ਚੰਗਾ ਕਦਮ ਹੈ। ਭਾਰਤ ਸਰਕਾਰ ਦੇ ਡਿਪਾਰਟਮੈਂਟ ਆਫ ਹਾਇਰ ਐਜੂਕੇਸ਼ਨ ਵੱਲੋਂ ਕੋਚਿੰਗ ਸੈਂਟਰਾਂ ਲਈ ਦਿਸ਼ਾ ਨਿਰਦੇਸ਼ ਤੈਅ ਕੀਤੇ ਗਏ ਹਨ ਜਿਹਨਾਂ ਨੂੰ ਲਾਗੂ ਕਰਵਾਉਣਾ ਰਾਜ ਸਰਕਾਰਾਂ ਦੀ ਜ਼ਿੰਮੇਵਾਰੀ ਹੈ। ਜ਼ਿਕਰਯੋਗ ਹੈ ਕਿ ਬਿਹਾਰ, ਗੋਆ, ਉਤਰ ਪ੍ਰਦੇਸ਼, ਕਰਨਾਟਕਾ, ਮਣੀਪੁਰ ਅਤੇ ਰਾਜਸਥਾਨ ਵੱਲੋਂ ਪਹਿਲਾਂ ਹੀ ਇਸ ਸਬੰਧੀ ਨਿਰਣਾ ਲਿਆ ਜਾ ਚੁੱਕਾ ਹੈ। ਫੈਡਰੇਸ਼ਨ ਕੋਰ ਕਮੇਟੀ ਨੇ ਬੱਚਿਆਂ ਦੀ ਸੁਰੱਖਿਆ ਲਈ ਫਾਇਰ ਸੇਫਟੀ ਅਤੇ ਬਿਲਡਿੰਗ ਸੇਫਟੀ ਸਬੰਧੀ ਕੋਚਿੰਗ ਸੈਂਟਰਾਂ ਉੱਪਰ ਨਿਯਮ ਲਾਗੂ ਹੋਣ ਨੂੰ ਚੰਗਾ ਮੰਨਿਆ ਹੈ। ਸਕੂਲਾਂ ਅਤੇ ਕਾਲਜਾਂ ਉੱਪਰ ਬਹੁਤ ਸਾਰੇ ਨਿਯਮ ਲਾਗੂ ਹੁੰਦੇ ਹਨ ਜੋ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਂਦੇ ਹਨ ਪਰੰਤੂ ਇਹਨਾਂ ਕੋਚਿੰਗ ਸੰਸਥਾਵਾਂ ਉੱਪਰ ਕੋਈ ਵੀ ਨਿਯਮ ਨਹੀਂ ਸਨ। ਇਸ ਮੌਕੇ ਜ਼ਿਲ੍ਹਾ ਪ੍ਰਤੀਨਿਧ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਮੈਨੇਜਮੈਂਟ ਅਤੇ ਮਾਪੇ ਇਸ ਗੱਲ ਵਿੱਚ ਵਿੱਚ ਰਾਹਤ ਮਹਿਸੂਸ ਕਰਨਗੇ ਕਿ 16 ਸਾਲ ਤੱਕ ਦੇ ਵਿਦਿਆਰਥੀਆਂ ਨੂੰ ਕੋਚਿੰਗ ਸੰਸਥਾਵਾਂ ਦਾਖਲ ਨਹੀਂ ਕਰ ਸਕਣਗੀਆਂ ਅਤੇ ਬਾਕੀ ਕਲਾਸਾਂ ਲਈ ਵੀ ਕੋਚਿੰਗ ਸਕੂਲ ਸਮੇਂ ਵਿੱਚ ਨਹੀਂ ਹੋ ਸਕੇਗੀ। ਫੈਡਰੇਸ਼ਨ ਇਸ ਸਬੰਧੀ ਪੰਜਾਬ ਸਰਕਾਰ ਨੂੰ ਵੱਖਰੇ ਤੌਰ 'ਤੇ ਬੇਨਤੀ ਕਰ ਰਹੀ ਹੈ ਅਤੇ ਨਾਲ ਹੀ ਫੈਡਰੇਸ਼ਨ ਇਹਨਾਂ ਨਿਯਮਾਂ ਨੂੰ ਲਾਗੂ ਕਰਵਾਉਣ ਲਈ ਪਹਿਰਾ ਦਿੰਦੀ ਰਹੇਗੀ।

# ਨਵੇਂ ਥਾਣਾ ਮੁਖੀ ਨੇ ਅਹੁਦਾ ਸੰਭਾਲਿਆ



**ਮਾਹਿਲਪੁਰ (ਸਫਰੀ)** -ਜ਼ਿਲ੍ਹਾ ਹੁਸ਼ਿਆਰਪੁਰ ਅਧੀਨ ਪੈਂਦਾ ਥਾਣਾ ਮਾਹਿਲਪੁਰ ਵਿਚ ਸਬ ਇੰਸਪੈਕਟਰ ਰਮਨ ਕੁਮਾਰ ਨੇ ਥਾਣਾ ਮੁਖੀ ਵਜੋਂ ਚਾਰਜ ਸੰਭਾਲ ਲਿਆ ਹੈ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰ ਕਿਸੇ ਵੀ ਕੀਮਤ 'ਤੇ ਨਹੀਂ ਬਖਸ਼ੇ ਜਾਣਗੇ। ਨੌਜਵਾਨ ਜੋ ਨਸ਼ਾ ਛੱਡਣਾ ਚਾਹੁੰਦੇ ਹਨ, ਸਿੱਧਾ ਮੇਰੇ ਨਾਲ ਸੰਪਰਕ ਕਰਨ। ਉਨ੍ਹਾਂ ਦੀ ਪੂਰੀ ਮਦਦ ਕੀਤੀ ਜਾਵੇਗੀ । ਚਾਈਨਾ ਡੋਰ ਨਾਲ ਨਿੱਤ ਵਾਪਰ ਰਹੇ ਹਾਦਸਿਆਂ ਵਾਰੇ ਥਾਣਾ ਮੁਖੀ ਨੇ ਕਿਹਾ ਕਿ ਚਾਈਨਾ ਡੋਰ ਵੇਚਣ ਵਾਲਿਆਂ ਤੇ ਵਰਤਣ ਵਾਲਿਆਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਸਾਡਾ ਕੋਈ ਕਰਮਚਾਰੀ ਤੁਹਾਡੀ ਗੱਲ ਠੀਕ ਤਰਾਂ ਨਹੀਂ ਸੁਣ ਰਿਹਾ ਤਾਂ ਬੇਝਿਜਕ ਮੇਰੇ ਨਾਲ ਸੰਪਰਕ ਕਰੋ। ਸਾਡੀ ਪੂਰੀ ਕੋਸ਼ਿਸ਼ ਰਹੇਗੀ ਕਿ ਟ੍ਰੈਫਿਕ ਨੂੰ ਵਧੀਆ ਤਰੀਕੇ ਨਾਲ ਵਹਾਲ ਕੀਤਾ ਜਾਵੇ । ਥਾਣਾ ਮਾਹਿਲਪੁਰ ਅਧੀਨ ਪਿੰਡਾਂ ਦੀਆਂ ਪੰਚਾਇਤਾਂ ਨੂੰ ਸਹਿਯੋਗ ਦੀ ਅਪੀਲ ਕੀਤੀ।

# ਵੱਖ-ਵੱਖ ਥਾਈਂ ਧੂਮ-ਧਾਮ ਨਾਲ ਗਣਤੰਤਰ ਦਿਵਸ ਮਨਾਇਆ



ਜਲੰਧਰ



ਚਮਕੌਰ ਸਾਹਿਬ



ਹੁਸ਼ਿਆਰਪੁਰ



ਫਗਵਾੜਾ



ਨਵਾਂਸ਼ਹਿਰ

**ਜਲੰਧਰ ( ਰਾਜੇਸ ਥਾਪਾ)**- ਸ਼ਿਵ ਕਲਾ ਮੰਚ ਰਜਿ. ਰਾਮਲੀਲਾ ਕਮੇਟੀ ਮਾਡਲ ਹਾਊਸ ਵੱਲੋਂ ਦੁਸਹਿਰਾ ਗਰਾਊਂਡ ਮਾਡਲ ਹਾਊਸ ਵਿਖੇ 75ਵਾਂ ਗਣਤੰਤਰ ਦਿਵਸ ਮਨਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਸ੍ਰੀ ਗੁਰੂ ਹਰਿਗੋਬਿੰਦ ਗੁਰਦੁਆਰਾ ਸਿੰਘ ਸਭਾ ਕੋਟ ਮੁਹੱਲਾ ਦੇ ਪ੍ਰਧਾਨ ਕੁਲਵਿੰਦਰ ਸਿੰਘ ਚੀਮਾ ਨੇ ਭਾਰਤੀ ਤਿਰੰਗਾ ਲਹਿਰਾਇਆ ਇਸ ਮੌਕੇ ਲਕਸ਼ਮੀ ਨਰਾਇਣ ਮੰਦਰ ਮਾਡਲ ਹਾਊਸ ਦੇ ਪ੍ਰਧਾਨ ਦਿਨੇਸ਼ ਸ਼ਰਮਾ, ਸੇਵਾਦਲ ਲਕਸ਼ਮੀ ਨਰਾਇਣ ਮਾਡਲ ਹਾਊਸ ਦੇ ਪ੍ਰਧਾਨ ਅਸ਼ੋਕ ਚੌਹਾਨ, ਵਿਕਰਮ ਸ਼ਰਮਾ, ਬ੍ਰਹਮਣ ਸਭਾ ਦੇ ਜਰਨਲ ਸਕੱਤਰ ਹਰਿੰਦਰ ਸ਼ਰਮਾ, ਬ੍ਰਦਰਜ ਹੁੱਡ ਸਭਾ ਦੇ ਸੁਰਿੰਦਰ ਸ਼ਿੰਦਾ, ਆਪ ਦੇ ਆਗੂ ਨਵੀਨ ਸੋਨੀ, ਰੋਜੀ ਸ਼ਰਮਾ ਹਾਜਰ ਹੋਏ। ਇਸ ਮੌਕੇ ਮੁੱਖ ਮਹਿਮਾਨ ਕੁਲਵਿੰਦਰ ਸਿੰਘ ਚੀਮਾ ਨੇ ਸਮੂਹ ਦੇਸ ਵਾਸੀਆਂ ਤੇ ਮਾਡਲ ਨਿਵਾਸੀ ਨੂੰ ਵਧਾਈ ਦਿੱਤੀ। ਇਸ ਮੌਕੇ ਸ਼ਿਵ ਕਲਾ ਮੰਚ ਦੇ ਪ੍ਰਧਾਨ ਗਣੇਸ਼ ਭਗਤ ਦੱਸਿਆ ਅਸੀਂ ਦੁਨੀਆਂ ਸਭ ਤੋਂ ਵੱਡੇ ਲੋਕਤੰਤਰ ਦੇ ਨਿਵਾਸੀ ਹਾਂ। ਬਾਬਾ ਸਹਿਬ ਡਾਕਟਰ ਭੀਮ ਰਾਓ ਅੰਬੇਡਕਰ ਨੇ ਭਾਰਤੀ ਸੰਵਿਧਾਨ ਲਿਖਕੇ ਭਾਰਤ ਵਿਚ ਰਹਿ ਰਹੇ ਸਭ ਧਰਮਾਂ ਦੇ ਲੋਕਾਂ ਦਾ ਮਾਨ ਸਨਮਾਨ ਕੀਤਾ। ਇਸ ਮੌਕੇ ਸਰਕਾਰੀ ਅਤੇ ਗੈਰ ਸਰਕਾਰੀ ਸਕੂਲਾਂ ਦੇ ਲੱਗਭਗ 100 ਵਿਦਿਆਰਥੀਆਂ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ। ਜਿਸ ਦੇਸ਼ ਭਗਤੀ ਨਾਲ ਸਬੰਧਤ ਗੀਤ, ਕਵਿਤਾਵਾਂ, ਸਕਿੱਟਾ, ਭੰਗੜਾ, ਗਿੱਧਾ ਅਤੇ ਸੋਲੋ ਡਾਂਸ ਪੇਸ਼ ਕਰਕੇ ਇਲਾਕਾ ਨਿਵਾਸੀਆਂ ਦਾ ਮਨਮੋਹ ਲਿਆ। ਇਸ ਮੌਕੇ ਸ਼ਿਵ ਕਲਾ ਮੰਚ ਚੇਅਰਮੈਨ ਸੁਰਿੰਦਰ ਸ਼ਰਮਾ, ਪ੍ਰਧਾਨ ਗਣੇਸ਼ ਭਗਤ, ਖਜਾਨਚੀ ਵੀਰਭਾਨ ਭਗਤ, ਟਰੱਸਟੀ ਅਵਤਾਰ ਸਿੰਘ ਚਾਵਲਾ, ਸੀਨੀਅਰ ਉਪ ਪ੍ਰਧਾਨ ਹਰਸ ਬਿੰਦਰਾ, ਉਪ ਪ੍ਰਧਾਨ ਗਿਰਧਾਰੀ ਲਾਲ ਸੰਦਲ, ਭੁਪਿੰਦਰ ਨਾਰੰਗ, ਇੰਦਰਜੀਤ ਝਾਅ, ਸਤਨਾਮ ਸਿੰਘ ਭਾਟੀਆ, ਨਰਿੰਦਰ ਭਗਤ, ਕ੍ਰਿਸ਼ਨ ਲਾਲ ਗਾਂਧੀ ਨੇ ਮੁੱਖ ਮਹਿਮਾਨ ਕੁਲਵਿੰਦਰ ਸਿੰਘ ਚੀਮਾ, ਦਿਨੇਸ਼ ਸ਼ਰਮਾ ਅਤੇ ਰੰਗਾਰੰਗ ਪ੍ਰੋਗਰਾਮ 'ਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

**ਜਲੰਧਰ (ਇਕਬਾਲ ਸਿੰਘ ਉਭੀ)**- ਸਥਾਨਕ ਕਾਂਗਰਸ ਭਵਨ ਵਿਖੇ 75ਵਾਂ ਗਣਤੰਤਰ ਦਿਵਸ ਮਨਾਇਆ ਗਿਆ । ਇਸ ਮੌਕੇ ਦੇਸ਼ ਦੀ ਸ਼ਾਨ ਤਿਰੰਗਾ ਲਹਿਰਾਇਆ ਗਿਆ । ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਜਿੰਦਰ ਬੇਰੀ ਨੇ ਕਿਹਾ ਕਿ ਅੱਜ ਦਾ ਦਿਨ ਸਾਡੇ ਦੇਸ਼ ਲਈ ਇਤਿਹਾਸਕ ਦਿਨ ਹੈ ।ਅੱਜ ਦੇ ਦਿਨ 26 ਜਨਵਰੀ 1950 ਨੂੰ ਸਾਡੇ ਮਹਾਨ ਦੇਸ਼ ਦਾ ਸੰਵਿਧਾਨ ਲਾਗੂ ਹੋਇਆ ਸੀ। ਇਸ ਕਰਕੇ ਹੀ ਇਹ ਦਿਹਾੜਾ ਸਾਰੇ ਦੇਸ਼ ਵਿੱਚ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਇਸ ਮੌਕੇ ਕਰਮਜੀਤ ਕੌਰ ਚੌਧਰੀ, ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆਂ ਵਿਧਾਇਕ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਦਿਹਾਤੀ, ਪਵਨ ਕੁਮਾਰ ਸੀਨੀਅਰ ਉਪ ਪ੍ਰਧਾਨ, ਪ੍ਰੇਮ ਨਾਥ ਦਕੋਹਾ, ਰਾਜੇਸ਼ ਜਿੰਦਲ ਟੋਨੂੰ, ਹਰੀਸ਼ ਢਲ , ਰਸ਼ਪਾਲ ਜੱਖੂ , ਬਚਨ ਲਾਲ, ਬਲਬੀਰ ਅੰਗੁਰਾਲ, ਵਿਜੈ ਕੁਮਾਰ ਦਕੋਹਾ, ਮਨਦੀਪ ਜੱਸਲ, ਮਨਮੋਹਨ ਸਿੰਘ ਮੋਨਾ, ਸੁਦੇਸ਼ ਕੁਮਾਰ, ਬਿਸ਼ੰਬਰ ਕੁਮਾਰ, ਰਾਕੇਸ਼ ਕੁਮਾਰ, ਬਲਰਾਜ ਠਾਕੁਰ ਸਾਬਕਾ ਪ੍ਰਧਾਨ, ਨਰੇਸ਼ ਵਰਮਾ ਚੇਅਰਮੈਨ, ਭਗਤ ਬਿਸ਼ਨ ਦਾਸ, ਰਿਸ਼ੀਕੇਸ਼ ਵਰਮਾ, ਸੰਜੂ ਅਰੋੜਾ, ਅਮਨ ਪੰਨੋਵਾਲੀ, ਈਸ਼ਵਰ ਸੋਨਕਰ, ਜਸਵਿੰਦਰ ਸਿੰਘ ਮਠਾਰੂ, ਸੁਖਜਿੰਦਰ ਪਾਲ ਮਿੰਟੂ, ਦੀਪਕ ਟੇਲਾ, ਹਰਸ ਰਾਣਾ ਵਰਮਾ , ਅਮਰੀਕ ਕੇ ਪੀ , ਨਿਸ਼ਾਂਤ ਘਈ , ਨੰਦ ਲਾਲ , ਅਰੁਣ ਸਹਿਗਲ , ਰਵੀ ਬੱਗਾ , ਜਗਮੋਹਨ ਛਾਬੜਾ , ਅਮਿਤ ਮਟੂ , ਯਸ ਪਾਲ ਸਫਰੀ, ਦਵਿੰਦਰ ਕੋਹਲੀ , ਯਸ ਪਾਲ, ਰੰਜੀਤ ਸਿੰਘ, ਸੁਰਜੀਤ ਕੌਰ, ਸ਼ਬਨਮ, ਅੰਜਲੀ ਸਹੋਤਾ, ਵੰਸ਼ਿਕਾ, ਰਣਜੀਤ ਕੌਰ ਰਾਣੋ, ਮਨਦੀਪ ਕੌਰ, ਮਮਤਾ ਸਾਹਨੀ, ਰਮੇਸ਼, ਲਕਸ਼ਮਣ ਮਹੇ, ਗੁਰਬਚਨ ਜੱਲਾ, ਨਰਿੰਦਰ ਪਹਿਲਵਾਨ, ਡਾ. ਸ਼ਸ਼ੀਕਾਂਤ , ਸੋਮ ਰਾਜ ਸੋਮੀ, ਮਦਨ ਲਾਲ ਨਾਹਰ, ਰਵਿੰਦਰ ਰਵੀ, ਹਰਜੀਤ ਬਿੱਕਾ, ਹਰਪਾਲ ਸਿੰਘ ਸੰਧੂ ਮੌਜੂਦ ਸਨ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, ( ਗੁਰਜੀਤ ਬਿੱਲਾ)**—ਪੰਜਾਬ ਦੇ ਸਕੂਲ ਅਤੇ ਉਚੇਰੀ ਸਿੱਖਿਆ, ਭਾਸ਼ਾ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਮੰਤਰੀ ਹਰਜੋਤ ਸਿੰਘ ਬੈਂਸ ਨੇ ਗਣਤੰਤਰ ਦਿਵਸ ਮੌਕੇ ਸ਼ਹੀਦ ਮੇਜਰ (ਸ਼ੌਰਿਆ ਚੱਕਰ) ਹਰਮਿੰਦਰ ਪਾਲ ਸਿੰਘ ਸਰਕਾਰੀ ਕਾਲਜ ਮੋਹਾਲੀ ਵਿਖੇ ਰਾਸ਼ਟਰੀ ਝੰਡਾ ਲਹਿਰਾਇਆ। ਉਨ੍ਹਾਂ ਮਹਾਨ ਆਜਾਦੀ ਘੁਲਾਟੀਆਂ ਜਿਵੇਂ ਕਿ ਕਰਤਾਰ ਸਿੰਘ ਸਰਾਭਾ, ਸਰਦਾਰ ਭਗਤ ਸਿੰਘ, ਸੁਖਦੇਵ, ਸਰਦਾਰ ਉਧਮ ਸਿੰਘ, ਮਦਨ ਲਾਲ ਢੀਂਗਰਾ, ਲਾਲਾ ਹਰਦਿਆਲ ਅਤੇ ਲਾਲਾ ਲਾਜਪਤ ਰਾਏ ਅਤੇ ਸਾਡੇ ਸੰਵਿਧਾਨ ਦੇ ਨਿਰਮਾਤਾ ਡਾਕਟਰ ਬੀ ਆਰ ਅੰਬੇਦਕਰ ਦੇ ਯੋਗਦਾਨ ਨੂੰ ਸਲਾਮ ਕਰਦਿਆਂ ਕਿਹਾ ਕਿ ਸਾਨੂੰ ਭਾਰਤ ਦੇ ਸੁਤੰਤਰਤਾ ਸੰਗਰਾਮ ਵਿੱਚ ਕੁਰਬਾਨੀਆਂ ਦਾ 80 ਪ੍ਰਤੀਸ਼ਤ ਤੋਂ ਵੱਧ ਹਿੱਸਾ ਪੰਜਾਬੀਆਂ ਹਿੱਸੇ ਆਉਣ 'ਤੇ ਮਾਣ ਹੈ। ਉਨ੍ਹਾਂ ਪੰਜਾਬ ਦੀ ਧਰਤੀ ਤੋਂ ਸ਼ੁਰੂ ਹੋਈਆਂ ਗਦਰ ਲਹਿਰ, ਬੱਬਰ ਅਕਾਲੀ ਲਹਿਰ, ਗੁਰਦੁਆਰਾ ਸੁਧਾਰ ਲਹਿਰ, ਕਾਮਾਗਾਟਾਮਾਰੂ ਅਤੇ ਪਗੜੀ ਸੰਭਾਲ ਜੱਟਾਂ ਵਰਗੀਆਂ ਲਹਿਰਾਂ ਨੂੰ ਆਜਾਦੀ ਦੀ ਲਹਿਰ ਦੀ ਮਜਬੂਤ ਨੀਂਹ ਵਜੋਂ ਯਾਦ ਕਰਦਿਆਂ ਕਿਹਾ ਕਿ ਆਜਾਦੀ ਬਾਅਦ ਕਰੜਾ ਸੰਘਰਸ਼ ਕਰਕੇ ਦੇਸ਼ ਨੂੰ ਅਨਾਜ ਉਤਪਾਦਨ ਵਿੱਚ ਆਤਮ ਨਿਰਭਰ ਬਣਾਉਣ ਦਾ ਸਿਹਰਾ ਵੀ ਸਾਡੇ ਮਿਹਨਤੀ ਲੋਕਾਂ ਸਿਰ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਿਸ ਨੇ ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਤੋਂ ਸਹੁੰ ਚੁੱਕ ਕੇ ਆਪਣਾ ਸਫਰ ਸ਼ੁਰੂ ਕੀਤਾ ਸੀ, ਉਹ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦੇ ਨੂੰ ਪੂਰੀ ਤਨਦੇਹੀ ਨਾਲ ਨਿਭਾਅ ਰਹੀ ਹੈ। ਸਿੱਖਿਆ ਮੰਤਰੀ ਨੇ ਕਿਹਾ ਕਿ ਦਹਾਕਿਆਂ ਬਾਅਦ ਅਸਲ ਅਰਥਾਂ ਵਿੱਚ ਪੰਜਾਬ ਨੂੰ ਚੁਣੀ ਹੋਈ ਸਰਕਾਰ ਹੁਣ ਮਿਲੀ ਹੈ ਜਿਹੜੀ ਲੋਕਤੰਤਰ ਦੀ ਭਾਵਨਾ ਲੋਕਾਂ ਦੀ, ਲੋਕਾਂ ਦੁਆਰਾ ਅਤੇ ਲੋਕਾਂ ਲਈ ਸਰਕਾਰ ਨੂੰ ਪੂਰਾ ਕਰਦੀ ਹੈ। ਭਗਵੰਤ ਸਿੰਘ ਮਾਨ ਸਰਕਾਰ ਨੇ ਸਿਹਤ, ਸਿੱਖਿਆ, ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ, ਬਿਜਲੀ ਸੁਧਾਰ ਅਤੇ ਸਬਸਿਡੀਆਂ ਅਤੇ ਮਾਲੀਆ ਪੈਦਾ ਕਰਨ ਵਿੱਚ ਮਿਸਾਲ ਕਾਇਮ ਕੀਤੀ ਹੈ। ਆਮ ਆਦਮੀ ਕਲੀਨਿਕਾਂ ਦੇ ਸੰਕਲਪ ਨੇ ਆਮ ਲੋਕਾਂ ਨੂੰ ਉਨ੍ਹਾਂ ਦੇ ਦਰਵਾਜੇ 'ਤੇ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਸਕੂਲ ਆਫ ਐਮੀਨੈਂਸ ਸਿੱਖਿਆ ਨੂੰ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਸੰਸਥਾਵਾਂ ਦੇ ਉੱਚ ਮਿਆਰਾਂ ਦੇ ਬਰਾਬਰ ਬਣਾਉਣ ਲਈ ਇੱਕ ਕ੍ਰਾਂਤੀਕਾਰੀ ਤਬਦੀਲੀ ਸਾਬਤ ਹੋ ਰਹੇ ਹਨ। ਜੀ.ਐਸ.ਟੀ. ਦੀ ਉਗਰਾਹੀ ਵਿੱਚ ਵਾਧੇ ਨੇ ਭਗਵੰਤ ਸਿੰਘ ਮਾਨ ਸਰਕਾਰ ਦੀ ਸੂਬੇ ਨੂੰ ਆਪਣੇ ਵਿੱਤੀ ਸਾਧਨਾਂ ਨਾਲ ਲੋਕਾਂ ਨੂੰ ਵੱਖ-ਵੱਖ ਭਲਾਈ ਸਕੀਮਾਂ ਦਾ ਲਾਭ ਪਹੁੰਚਾਉਣ ਲਈ ਦ੍ਰਿੜਤਾ ਦਾ ਸਬੂਤ ਦਿੱਤਾ ਹੈ। ਮੁਫ਼ਤ ਘਰੇਲੂ ਬਿਜਲੀ ਦਾ ਜੀਰੋ ਬਿੱਲ ਵਾਲੇ 90 ਫੀਸਦੀ ਖਪਤਕਾਰਾਂ ਨੂੰ ਫਾਇਦਾ ਹੋਇਆ ਹੈ। ਪੰਜਾਬ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੈ ਕਿ ਅਸੀਂ ਥਰਮਲ ਪਲਾਂਟ ਖਰੀਦਿਆ ਹੈ। ਉਨ੍ਹਾਂ ਆਪਣੇ ਵਿਭਾਗ ਵੱਲੋਂ ਕੀਤੀਆਂ ਪਹਿਲਕਦਮੀਆਂ ਦੀ ਗੱਲ ਕਰਦਿਆਂ ਕਿਹਾ ਕਿ 117 ਸਕੂਲ ਆਫ ਐਮੀਨੈਂਸ, ਸਿੰਗਾਪੁਰ ਵਿਖੇ ਪ੍ਰਿੰਸੀਪਲਾਂ ਨੂੰ ਅੰਤਰਰਾਸਟਰੀ ਉੱਚ ਮਿਆਰੀ ਸਿਖਲਾਈ ਅਤੇ ਇੰਡੀਅਨ ਇੰਸਟੀਚਿਊਟ ਆਫ ਮੈਨੇਜਮੈਂਟ, ਅਹਿਮਦਾਬਾਦ ਵਿਖੇ ਹੈੱਡ ਮਾਸਟਰਾਂ ਦੀ ਸਿਖਲਾਈ ਨੇ ਸਿੱਖਿਆ ਵਿਭਾਗ ਦੇ ਇਤਿਹਾਸ ਵਿੱਚ ਨਵੇਂ ਦਿਸਹੱਦੇ ਕਾਇਮ ਕੀਤੇ ਹਨ। ਇਸ ਤੋਂ ਇਲਾਵਾ, ਅਸੀਂ ਹਾਲ ਹੀ ਵਿੱਚ ਤਬਾਦਲਾ ਨੀਤੀ ਨੂੰ ਹੋਰ ਆਸਾਨ ਬਣਾਉਣ ਲਈ ਨਵੀਂ ਅਤੇ ਪਾਰਦਰਸੀ ਟ੍ਰਾਂਸਫਰ ਨੀਤੀ ਲਿਆਂਦੀ ਹੈ। ਮੁੱਖ ਮੰਤਰੀ ਤੀਰਥ ਯਾਤਰਾ, ਸ਼ਹੀਦ ਸੈਨਿਕਾਂ ਦੀ ਐਕਸ-ਗ੍ਰੇਸ਼ੀਆ ਗ੍ਰਾਂਟ ਵਿੱਚ ਵਾਧਾ, 550 ਭ੍ਰਿਸ਼ਟ ਸਿਆਸੀ ਲੋਕਾਂ ਅਤੇ ਅਧਿਕਾਰੀਆਂ ਵਿਰੁੱਧ ਕਾਰਵਾਈ, ਪੰਜਾਬ ਦੇ 39406 ਨੌਜਵਾਨਾਂ ਨੂੰ ਨੌਕਰੀਆਂ ਦੇਣ ਤੋਂ ਇਲਾਵਾ 12710 ਐਡਹਾਕ/ਠੇਕੇ 'ਤੇ ਰੱਖੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ, 664 'ਆਪ' ਕਲੀਨਿਕ ਖੋਲ੍ਹੇ ਜਾਣੇ, ਸੜਕ ਹਾਦਸਿਆਂ ਵਿੱਚ ਕੀਮਤੀ ਜਾਨਾਂ ਬਚਾਉਣ ਲਈ ਸੜਕ ਸੁਰੱਖਿਆ ਫੋਰਸ ਦੀ ਸਥਾਪਨਾ, ਪੰਜਾਬ ਨੂੰ ਨਿਵੇਸ਼ਕਾਂ ਲਈ ਇੱਕ ਪਸੰਦੀਦਾ ਸਥਾਨ ਬਣਾਉਣਾ, ਅੰਤਰਰਾਸ਼ਟਰੀ ਅਤੇ ਰਾਸਟਰੀ ਖਿਡਾਰੀਆਂ ਨੂੰ ਕੁੱਲ 70 ਕਰੋੜ ਰੁਪਏ ਦੇ ਭਾਰੀ ਨਕਦ ਇਨਾਮ, 43 ਨਾਗਰਿਕ ਕੇਂਦਰਿਤ ਸੇਵਾਵਾਂ ਦੀ ਡੋਰ ਸਟੈਪ ਡਿਲੀਵਰੀ ਕੇਵਲ 1076 ਨੰਬਰ ਡਾਇਲ ਕਰਕੇ ਦੇਣਾ, ਇੰਤਕਾਲਾਂ ਦੇ ਬਕਾਇਆ ਨੂੰ ਖਤਮ ਕਰਨ ਲਈ ਜਨਤਕ ਮਾਲ ਲੋਕ ਅਦਾਲਤਾਂ ਲਾਉਣਾ, ਸਾਡੇ 22 ਮਹੀਨਿਆਂ ਦੇ ਕਾਰਜਕਾਲ ਦੀਆਂ ਪ੍ਰਮੁੱਖ ਪ੍ਰਾਪਤੀਆਂ ਹਨ। ਇਸ ਤੋਂ ਪਹਿਲਾਂ ਸਿੱਖਿਆ ਮੰਤਰੀ ਨੇ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਅਤੇ ਐਸ ਐਸ ਪੀ ਡਾਕਟਰ ਸੰਦੀਪ ਗਰਗ ਦੇ ਨਾਲ ਪਰੇਡ ਦਾ ਨਿਰੀਖਣ ਕੀਤਾ ਅਤੇ ਪਰੇਡ ਕਮਾਂਡਰ ਡੀ ਐਸ ਪੀ ਹਰਸਿਮਰਤ ਸਿੰਘ ਛੇਤਰਾ ਦੀ ਅਗਵਾਈ ਵਿੱਚ ਮਾਰਚ ਪਾਸਟ ਤੋਂ ਸਲਾਮੀ ਲਈ।

**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**-ਚਮਕੌਰ ਸਾਹਿਬ ਦੇ ਉੱਪ ਮੰਡਲ ਪ੍ਰਸ਼ਾਸਨ ਵੱਲੋਂ ਇੱਥੇ ਦੀ ਅਨਾਜ ਮੰਡੀ ਵਿਖੇ 75ਵਾਂ ਗਣਤੰਤਰ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ । ਐਸਡੀਐਮ ਅਮਰੀਕ ਸਿੰਘ ਸਿੱਧੂ ਨੇ ਤਿਰੰਗਾ ਝੰਡਾ ਲਹਿਰਾਇਆ ਅਤੇ ਪਰੇਡ ਤੋਂ ਸਲਾਮੀ ਲਈ । ਇਸ ਤੋਂ ਬਾਅਦ ਸਿੱਧੂ ਨੇ ਵੱਖ - ਵੱਖ ਵਿਭਾਗਾਂ ਵਿੱਚ ਚੰਗੀ ਕਾਰਗੁਜ਼ਾਰੀ ਦਿਖਾਉਣ ਵਾਲੇ ਮੁਲਾਜ਼ਮਾਂ ਅਤੇ ਆਜਾਦੀ ਘੁਲਾਟੀਆਂ ਦੇ ਪਰਵਾਰਕ ਮੈਂਬਰਾਂ ਦਾ ਸਨਮਾਨ ਕੀਤਾ । ਇਸੇ ਤਰ੍ਹਾਂ ਬੇਲਾ ਕਾਲਜ



ਭੋਗਪੁਰ

ਸਮੇਤ ਸਰਕਾਰੀ ਸਕੂਲਾਂ ਤੇ ਨਿੱਜੀ ਸਕੂਲਾਂ ਵਿੱਚ ਵੀ ਗਣਤੰਤਰ ਦਿਵਸ ਮਨਾਇਆ । ਇਸ ਤੋਂ ਇਲਾਵਾ ਐਸ ਐਸ ਮੈਮੋਰੀਅਲ ਐਜੂਕੇਸ਼ਨਲ ਸੁਸਾਇਟੀ ਵੱਲੋ ਗਣਤੰਤਰ ਦਿਵਸ ਮਨਾਇਆ ਅਤੇ ਪ੍ਰੋ ਆਰ ਸੀ ਢੰਡ ਦੀ ਅਗਵਾਈ ਹੇਠ ਬਜੁਰਗਾਂ ਦਾ ਸਨਮਾਨ ਕੀਤਾ ਗਿਆ । ਇਸ ਮੌਕੇ ਤਹਿਸੀਲਦਾਰ ਕਰਮਜੋਤ ਸਿੰਘ, ਨਾਇਬ ਤਹਿਸੀਲਦਾਰ ਦਲਵਿੰਦਰ ਸਿੰਘ, ਬੀਡੀਪੀਓ ਹਰਕੀਰਤ ਸਿੰਘ, ਕਾਰਜ ਸਾਧਕ ਅਫਸਰ ਗੁਰਦੀਪ ਸਿੰਘ,ਅਕਾਲੀ ਦਲ ਦੇ ਸੂਬਾ ਆਗੂ ਬਲਦੇਵ ਸਿੰਘ ਹਾਫਿਜਾਬਾਦ , ਨਗਰ ਕੌਂਸਲ ਦੇ ਵਾਇਸ ਪ੍ਰਧਾਨ ਭੁਪਿੰਦਰ ਸਿੰਘ ਭੂਰਾ ਅਤੇ ਆਪ ਦੇ ਬਲਾਕ ਪ੍ਰਧਾਨ ਪਰਮਜੀਤ ਸਿੰਘ ਪੰਮੀ ਆਦਿ ਹਾਜ਼ਰ ਸਨ ।

**ਭੋਗਪੁਰ:-(ਗੁਰਪ੍ਰੀਤ ਸਿੰਘ ਭੋਗਲ)**-26 ਜਨਵਰੀ ਨੂੰ ਸਾਡੇ ਦੇਸ਼ ਵਿਚ ਬੜੇ ਖੁਸ਼ੀਆਂ ਭਰੇ ਦਿਹਾੜੇ ਵਜੋਂ ਮਨਾਇਆ ਜਾਂਦਾ ਹੈ। ਇਸ ਦਿਨ ਭਾਰਤ ਦੇਸ਼ ਦਾ ਸੰਵਿਧਾਨ ਲਾਗੂ ਹੋਇਆ ਸੀ। ਇਸ ਮਹਾਨ ਦਿਹਾੜੇ ਨੂੰ ਡੈਮੋਕਰੈਟਿਕ ਭਾਰਤੀਯ ਲੋਕ ਦਲ ਵੱਲੋਂ ਪਾਰਟੀ ਦੇ ਪੰਜਾਬ ਪ੍ਰਧਾਨ ਪ੍ਰੇਮ ਮਸੀਹ ਦੀ ਅਗਵਾਈ ਹੇਠ ਕਰਨ ਇਨਕਲੇਵ ਵਿਖੇ ਬਹੁਤ ਸ਼ਰਧਾ ਪੂਰਵਕ ਮਨਾਇਆ ਗਿਆ। ਇਸ ਪ੍ਰੋਗਰਾਮ ਵਿਚ ਮੁੱਖ ਮਹਿਮਾਨ ਗੁਰਮੁੱਖ ਸਿੰਘ ਖੋਸਲਾ ਰਾਸ਼ਟਰੀ ਪ੍ਰਧਾਨ ਡੈਮੋਕਰੈਟਿਕ ਭਾਰਤੀਯ ਲੋਕ ਦਲ ਵੱਲੋਂ ਦੇਸ਼ ਦੇ ਤਿਰੰਗੇ ਝੰਡੇ ਨੂੰ ਲਹਿਰਾਇਆ ਗਿਆ ਅਤੇ ਬੱਚਿਆਂ ਵੱਲੋਂ ਰਾਸ਼ਟਰੀ ਗੀਤ ਗਾਇਆ ਗਿਆ। ਇਸ ਮੌਕੇ ਗੁਰਮੁੱਖ ਸਿੰਘ ਖੋਸਲਾ ਨੇ 75ਵੇਂ ਅਜ਼ਾਦੀ ਦਿਹਾੜੇ ਦੀ ਦੇਸ਼ ਵਾਸੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਅੱਜ ਦੇ ਦਿਨ 26 ਜਨਵਰੀ 1950 ਨੂੰ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੁਆਰਾ ਲਿਖਤ ਸੰਵਿਧਾਨ ਭਾਰਤ 'ਚ ਲਾਗੂ ਹੋਇਆ ਸੀ। ਉਨ੍ਹਾਂ ਕਿਹਾ ਕਿ ਭਾਰਤ ਦਾ ਸੰਵਿਧਾਨ ਸਰਬਉੱਤਮ ਸੰਵਿਧਾਨ ਹੈ। ਕਿਉਂਕਿ ਇਸ ਦੇਸ਼ ਵਿਚ ਪਸ਼ੂਆਂ ਨਾਲੋਂ ਵੀ ਭੈੜੀ ਜ਼ਿੰਦਗੀ ਬਤੀਤ ਕਰਨ ਵਾਲੇ ਪਛੜੇ ਵਰਗ ਦੇ ਲੋਕਾਂ ਨੂੰ ਬਾਬਾ ਸਾਹਿਬ ਡਾ.ਬੀ.ਆਰ ਅੰਬੇਡਕਰ ਨੇ ਬਰਾਬਰਤਾ ਦੇ ਹੱਕ ਲੈ ਕੇ ਦਿੱਤੇ। ਖੋਸਲਾ ਨੇ ਇਹ ਵੀ ਕਿਹਾ ਕਿ ਜੇਕਰ ਅੱਜ ਅਸੀਂ 75ਵਾਂ ਗਣਤੰਤਰ ਦਿਹਾੜਾ ਮਨਾ ਰਹੇ ਹਾਂ, ਇਸ ਲਈ ਭਾਰਤ ਵਾਸੀਆਂ ਨੂੰ ਬਹੁਤ ਵੱਡੀ ਕੀਮਤ ਦੇਣੀ ਪਈ ਹੈ। ਭਾਰਤ ਨੂੰ ਇੱਕ ਗਣਰਾਜ ਦਾ ਰੁਤਬਾ ਹਾਸਲ ਕਰਨ ਲਈ ਵਰ੍ਹਿਆਂ ਬੱਧੀ ਸੰਘਰਸ਼ ਕਰਨਾ ਪਿਆ ਹੈ ਅਤੇ ਵੱਡੀਆਂ ਕੁਰਬਾਨੀਆਂ ਦੇਣੀਆਂ ਪਈਆਂ ਹਨ। ਇਸ ਮੌਕੇ ਡੈਮੋਕਰੈਟਿਕ ਭਾਰਤੀਯ ਲੋਕ ਦਲ ਦੇ ਰਾਸਟਰੀ ਜਨਰਲ ਸਕੱਤਰ ਰੂੜਾ ਰਾਮ ਗਿੱਲ, ਰਾਸ਼ਟਰੀ ਸਕੱਤਰ ਗੁਰਦੇਵ ਮਾਲੜੀ, ਰਾਸ਼ਟਰੀ ਸਕੱਤਰ ਮੰਗਤ ਰਾਮ ਕਲਿਆਣ, ਕੁਲਜੀਤ ਸਿੰਘ ਰਾਸ਼ਟਰੀ ਪ੍ਰਵਕਤਾ, ਸੁਮਾਇ ਰਾਮ ਪਟੇਲ ਪ੍ਰਧਾਨ ਸੂਬਾ ਬਿਹਾਰ, ਹਰਵਿੰਦਰ ਮਾਨ ਉੱਪ ਪ੍ਰਧਾਨ ਪੰਜਾਬ, ਰੇਸ਼ਮ ਸਿੰਘ ਭੱਟੀ ਚੇਅਰਮੈਨ ਕ੍ਰਿਸਚੀਅਨ ਵਿੰਗ ਪੰਜਾਬ, ਮਨੋਜ ਕੁਮਾਰ ਮੁਰਾਰ ਸਕੱਤਰ ਪੰਜਾਬ, ਡਾ. ਸੋਮ ਨਾਥ ਸੀਨੀਅਰ ਆਗੂ ਪੰਜਾਬ, ਨੀਲਮ ਗਿੱਲ ਜਨਰਲ ਸਕੱਤਰ ਮਹਿਲਾ ਵਿੰਗ ਪੰਜਾਬ, ਸੁਨੀਲ ਮਸੀਹ ਕਾਕਾ ਪ੍ਰਧਾਨ ਦੁਆਬਾ ਜ਼ੋਨ, ਪ੍ਰਦੀਪ ਕਲਿਆਣ ਹੁਸ਼ਿਆਰਪੁਰ ਸੀਨੀਅਰ ਆਗੂ, ਸੁਖਵੀਰ ਸਿੰਘ ਸਹੋਤਾ ਪ੍ਰਧਾਨ ਜ਼ਿਲ੍ਹਾ ਜਲੰਧਰ, ਤਰਸੇਮ ਸਿੰਘ ਪ੍ਰਧਾਨ ਬਲਾਕ ਕਰਤਾਰਪੁਰ, ਹਰਜੀਤ ਸਿੰਘ ਜੀਤਾ ਪ੍ਰਧਾਨ ਦਿੱਤੂ ਨੰਗਲ ਨੇ ਦੇਸ਼ ਵਾਸੀਆਂ ਨੂੰ 75ਵੇਂ ਗਣਤੰਤਰ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ।

**ਭੋਗਪੁਰ :** ਵੁਡਬਰੀ ਸਕੂਲ ਭੋਗਪੁਰ ਵਿਖੇ ਸਕੂਲ ਚੇਅਰਪਰਸਨ ਮਿਸਜ ਪਰਮਜੀਤ ਕੌਰ ਦੀ ਅਗਵਾਈ ਹੇਠ ਗਣਤੰਤਰ ਦਿਵਸ ਮਨਾਇਆ ਗਿਆ। ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਨਾਲ ਸਬੰਧਿਤ ਗੀਤ, ਕਵਿਤਾਵਾਂ ਅਤੇ ਲੋਕ ਨਾਚ ਪੇਸ਼ ਕੀਤੇ ਗਏ। ਵਿਦਿਆਰਥੀਆਂ ਨੇ ਪਰਵਾਰ, ਸਮਾਜ ਅਤੇ ਦੇਸ਼ ਪ੍ਰਤੀ ਜਿੰਮੇਵਾਰੀ ਨਿਭਾਉਣ ਦਾ ਸੰਦੇਸ਼ ਦਿੱਤਾ। ਮੈਡਮ ਨੇ 26 ਜਨਵਰੀ, 1950 ਨੂੰ ਦੇਸ਼ 'ਚ ਲਾਗੂ ਸਵਿਧਾਨ ਬਾਰੇ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਭਾਰਤ ਦਾ ਸੰਵਿਧਾਨ ਸਾਰਿਆਂ ਨੂੰ ਬਰਾਬਰ ਹੱਕ ਪ੍ਰਦਾਨ ਕਰਦਾ ਹੈ। ਅੰਤ ਵਿਚ ਮੈਡਮ ਨੇ ਬੱਚਿਆਂ ਅਤੇ ਸਮੂਹ ਸਟਾਫ ਨੂੰ ਗਣਤੰਤਰ ਦਿਵਸ ਦੀ ਵਧਾਈ ਦਿੱਤੀ।

**ਹੁਸ਼ਿਆਰਪੁਰ, (ਓ ਪੀ ਰਾਣਾ, ਬਲਬੀਰ ਸਿੰਘ ਸੈਣੀ)** ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ 75ਵੇਂ ਗਣਤੰਤਰ ਦਿਵਸ ਮੌਕੇ ਸਥਾਨਕ ਪੁਲਸ ਲਾਈਨ ਗਰਾਊਂਡ ਹੁਸ਼ਿਆਰਪੁਰ ਵਿਖੇ ਕਰਵਾਏ ਜ਼ਿਲ੍ਹਾ ਪੱਧਰੀ ਸਮਾਗਮ ਵਿਚ ਰਾਸ਼ਟਰੀ ਝੰਡਾ ਲਹਿਰਾਇਆ। ਡਿਪਟੀ ਕਮਿਸ਼ਨਰ ਨੇ ਐਸ ਐਸ ਪੀ ਸੁਰੇਂਦਰ ਲਾਂਬਾ, ਵਧੀਕ ਡਿਪਟੀ ਕਮਿਸ਼ਨਰ (ਜ) ਰਾਹੁਲ ਚਾਬਾ ਅਤੇ ਪਰੇਡ ਕਮਾਂਡਰ ਇੰਸਪੈਕਟਰ ਜਸਵੀਰ ਕੌਰ ਸਮੇਤ ਪਰੇਡ ਦਾ ਨਿਰੀਖਣ ਕਰਨ ਉਪਰੰਤ ਸ਼ਾਨਦਾਰ ਮਾਰਚ ਪਾਸਟ ਤੋਂ ਸਲਾਮੀ ਲਈ। ਇਸ ਮੌਕੇ ਸਕੂਲੀ ਬੱਚਿਆਂ ਵੱਲੋਂ ਸ਼ਾਨਦਾਰ ਮਾਸ ਪੀ.ਟੀ ਸ਼ੋਅ, ਸੱਭਿਆਚਾਰਕ ਪ੍ਰੋਗਰਾਮ ਦੀ ਪੇਸ਼ਕਾਰੀ ਕੀਤੀ ਗਈ ਅਤੇ ਗਿੱਧੇ ਤੇ ਭੰਗੜੇ ਦੀਆਂ ਧਮਾਲਾਂ ਪਈਆਂ। ਡਿਪਟੀ ਕਮਿਸ਼ਨਰ ਨੇ ਸਮਾਗਮ ਵਿਚ ਵਿਸ਼ੇਸ਼ ਤੌਰ 'ਤੇ ਆਏ ਆਜ਼ਾਦੀ ਘੁਲਾਟੀਆਂ ਅਤੇ ਸ਼ਹੀਦ ਸੈਨਿਕਾਂ ਦੇ ਪਰਵਾਰਾਂ ਦਾ ਵੀ ਸਨਮਾਨ ਕੀਤਾ ਗਿਆ। ਇਸੇ ਤਰ੍ਹਾਂ ਉਨ੍ਹਾਂ ਲੋੜਵੰਦਾਂ ਨੂੰ ਸਿਲਾਈ ਮਸ਼ੀਨਾਂ, ਮੋਟਰ ਟਰਾਈ ਸਾਈਕਲ ਤੇ ਟਰਾਈ ਸਾਈਕਲ ਵੀ ਸੌਂਪੇ। ਇਸ ਤੋਂ ਇਲਾਵਾ ਵੱਖ-ਵੱਖ ਖੇਤਰਾਂ ਵਿਚ ਨਾਮਣਾ ਖੱਟਣ ਵਾਲੀਆਂ ਸ਼ਖ਼ਸੀਅਤਾਂ ਤੇ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ।

ਇਸੇ ਤਰ੍ਹਾਂ ਨਗਰ ਸੁਧਾਰ ਟਰੱਸਟ ਹੁਸ਼ਿਆਰਪੁਰ ਵਿਖੇ ਗਣਤੰਤਰ ਦਿਵਸ ਮੌਕੇ ਚੇਅਰਮੈਨ ਹਰਮੀਤ ਸਿੰਘ ਔਲਖ ਵੱਲੋਂ ਤਿਰੰਗਾ ਝੰਡਾ ਲਹਿਰਾਇਆ ਗਿਆ। ਇਸ ਮੌਕੇ ਉਨ੍ਹਾਂ ਦੇਸ਼ ਦੇ ਆਜ਼ਾਦੀ ਸੰਗਰਾਮ ਵਿਚ ਯੋਗਦਾਨ ਪਾਉਣ ਵਾਲੇ ਸ਼ਹੀਦਾਂ ਤੇ ਮਹਾਨ ਸੁਤੰਤਰਤਾ ਸੰਗਰਾਮੀਆਂ ਨੂੰ ਯਾਦ ਕਰਦਿਆਂ 75ਵੇਂ ਗਣਤੰਤਰ ਦਿਵਸ ਦੀ ਦੇਸ਼-ਵਿਦੇਸ਼ ਵਿਚ ਵੱਸਦੇ ਸਾਰੇ ਭਾਰਤੀਆਂ ਖ਼ਾਸ ਤੌਰ 'ਤੇ ਪੰਜਾਬੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ 26 ਜਨਵਰੀ 1950 ਨੂੰ ਭਾਰਤੀ ਸੰਵਿਧਾਨ ਲਾਗੂ ਹੋ ਜਾਣ ਨਾਲ ਗਣਰਾਜ ਦੀ ਸਥਾਪਨਾ ਹੋਈ ਅਤੇ ਸਾਨੂੰ ਦੁਨੀਆ ਵਿਚ ਸਭ ਤੋਂ ਵੱਡੀ ਜਮਹੂਰੀਅਤ ਹੋਣ ਦਾ ਮਾਣ ਹਾਸਲ ਹੈ। ਉਨ੍ਹਾਂ ਕਿਹਾ ਕਿ ਇਹ ਦਿਹਾੜਾ ਆਜ਼ਾਦੀ ਘੁਲਾਟੀਆਂ ਅਤੇ ਸੰਵਿਧਾਨ-ਘਾੜਿਆਂ ਵੱਲੋਂ ਭਾਰਤ ਦੇ ਸੁਨਹਿਰੀ ਭਵਿੱਖ ਬਾਰੇ ਲਏ ਸੁਪਨਿਆਂ ਨੂੰ ਸਾਕਾਰ ਕਰਨ ਦੀ ਯਾਦ ਦਿਵਾਉਂਦਾ ਹੈ ਅਤੇ ਆਪਣੀ ਸਮੁੱਚੀ ਕਾਰਗੁਜ਼ਾਰੀ 'ਤੇ ਝਾਤ ਮਾਰਨ ਦਾ ਮੌਕਾ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਨਗਰ ਸੁਧਾਰ ਟਰੱਸਟ ਹੁਸ਼ਿਆਰਪੁਰ ਵੱਲੋਂ ਇਲਾਕੇ ਵਿਚ ਲੋਕਾਂ ਨੂੰ ਬਿਹਤਰ ਸੁਵਿਧਾਵਾਂ ਮੁਹੱਈਆ ਕਰਵਾਉਣ ਅਤੇ ਟਰੱਸਟ ਨੂੰ ਵੱਧ ਤੋਂ ਵੱਧ ਮਜ਼ਬੂਤ ਕਰਨ ਲਈ ਜੰਗੀ ਪੱਧਰ 'ਤੇ ਕੰਮ ਕੀਤੇ ਜਾ ਰਹੇ ਹਨ। ਇਸ ਮੌਕੇ ਨਗਰ ਸੁਧਾਰ ਟਰੱਸਟ ਦਫਤਰ ਦੇ ਅਧਿਕਾਰੀ ਅਤੇ ਕਰਮਚਾਰੀ ਵੀ ਮੌਜੂਦ ਸਨ।

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਭਾਰਤ ਦਾ 75ਵਾਂ ਗਣਤੰਤਰ ਦਿਵਸ ਹਰ ਸਾਲ ਦੀ ਤਰ੍ਹਾਂ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਲੋੜਵੰਦਾਂ ਨੂੰ ਗਰਮ ਕੰਬਲ ਵੰਡ ਕੇ ਮਨਾਇਆ ਗਿਆ। ਬਲੱਡ ਬੈਂਕ ਦੇ ਸਰਪ੍ਰਸਤ ਕੇ.ਕੇ. ਸਰਦਾਨਾ ਦੇ ਨਿਰਦੇਸ਼ਾਂ ਅਨੁਸਾਰ ਅਤੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ-ਰੇਖ ਹੇਠ ਕਰਵਾਏ ਗਏ ਇਸ ਪ੍ਰੋਗਰਾਮ ਦੌਰਾਨ ਐਸ.ਡੀ.ਐਮ ਜਸ਼ਨਜੀਤ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਨਾਇਬ ਤਹਿਸੀਲਦਾਰ ਮਨਦੀਪ ਸਿੰਘ ਵੀ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਰਹੇ। ਪਤਵੰਤਿਆਂ ਨੇ 51 ਲੋੜਵੰਦਾਂ ਨੂੰ ਠੰਢ ਤੋਂ ਬਚਾਅ ਲਈ ਗਰਮ ਕੰਬਲ ਵੰਡਦੇ ਹੋਏ ਹਾਜ਼ਰੀਨ ਨੂੰ ਗਣਤੰਤਰ ਦਿਵਸ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਕੰਬਲ ਵੰਡਣ ਦੀ ਸੇਵਾ ਐਨ.ਆਰ.ਆਈ. ਅਨਿਲ ਵਡੇਰਾ ਚੇਅਰਮੈਨ ਲੀਲਾਵਤੀ ਫਾਊਂਡੇਸ਼ਨ ਫਿਲੌਰ ਦੇ ਸਹਿਯੋਗ ਨਾਲ ਨੇਪਰੇ ਚਾੜ੍ਹੀ ਗਈ। ਉਨ੍ਹਾਂ ਨੇ ਆਏ ਹੋਏ ਪਤਵੰਤਿਆਂ ਦਾ ਧੰਨਵਾਦ ਕੀਤਾ ਅਤੇ ਦੱਸਿਆ ਕਿ ਹਰ ਸਾਲ ਕ੍ਰਿਸਮਿਸ, ਨਵੇਂ ਸਾਲ, ਲੋਹੜੀ ਅਤੇ ਗਣਤੰਤਰ ਦਿਵਸ 'ਤੇ ਗਰਮ ਕੰਬਲ ਵੰਡੇ ਜਾਂਦੇ ਹਨ। ਇਸ ਮੌਕੇ ਮੋਹਨ ਲਾਲ ਤਨੇਜਾ, ਕ੍ਰਿਸ਼ਨ ਕੁਮਾਰ, ਗੁਲਾਬ ਸਿੰਘ ਠਾਕੁਰ, ਸੁਧਾ ਬੇਦੀ, ਗੁਲਸ਼ਨ ਕਪੂਰ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਇਸੇ ਤਰ੍ਹਾਂ ਵਧੀਕ ਡਿਪਟੀ ਕਮਿਸ਼ਨਰ ਅਮਿਤ ਪੰਚਾਲ ਨੇ 75ਵੇਂ ਗਣਤੰਤਰਤਾ ਦਿਵਸ ਮੌਕੇ ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ( ਲੜਕੇ) ਦੀ ਗਰਾਊਂਡ ਵਿਖੇ ਕੌਮੀ ਝੰਡਾ ਲਹਿਰਾਉਂਦਿਆਂ ਦੇਸ਼ ਦੀ ਆਜ਼ਾਦੀ ਵਿੱਚ ਯੋਗਦਾਨ ਪਾਉਣ ਵਾਲੇ ਆਜ਼ਾਦੀ ਘੁਲਾਟੀਆਂ ਅਤੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ । ਪੰਜਾਬ ਵਾਸੀਆਂ ਨੂੰ ਗਣਤੰਤਰ ਦਿਵਸ ਦੀ ਮੁਬਾਰਕਬਾਦ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਪਰੇਡ ਦਾ ਨਿਰੀਖਣ ਕੀਤਾ ਅਤੇ ਮਾਰਚ ਪਾਸਟ ਤੋਂ ਸਲਾਮੀ ਲਈ। ਆਪਣੇ ਸੰਦੇਸ਼ ਵਿਚ ਪੰਚਾਲ ਨੇ ਕਿਹਾ ਕਿ ਆਜ਼ਾਦੀ ਪ੍ਰਾਪਤੀ ਲਈ ਚੱਲੇ ਲੰਬੇ ਸੰਘਰਸ਼ ਵਿੱਚ ਪੰਜਾਬੀਆਂ ਦਾ ਸਭ ਤੋਂ ਵੱਧ 80 ਫੀਸਦੀ ਯੋਗਦਾਨ ਰਿਹਾ। ਪੰਜਾਬ ਦੀ ਧਰਤੀ ਤੋਂ ਗਦਰ ਲਹਿਰ, ਕੂਕਾ ਲਹਿਰ, ਗੁਰਦੁਆਰਾ ਸੁਧਾਰ ਲਹਿਰ, ਬੱਬਰ ਅਕਾਲੀ ਲਹਿਰ, ਪੱਗੜੀ ਸੰਭਾਲ ਲਹਿਰ, ਪਰਜਾ ਤੰਤਰ, ਨੌਜਵਾਨ ਸਭਾ ਸ਼ੁਰੂ ਹੋਈ। ਸਮੇਂ-ਸਮੇਂ 'ਤੇ ਲੱਗੇ ਮੋਰਚਿਆਂ ਨੇ ਵਿਦੇਸ਼ੀ ਹਾਕਮਾਂ ਨੂੰ ਦੇਸ ਛੱਡਣ ਲਈ ਮਜਬੂਰ ਕੀਤਾ। ਉਨ੍ਹਾਂ ਕਿਹਾ ਕਿ ਆਜ਼ਾਦੀ ਲਈ ਸੰਘਰਸ ਵਿੱਚ ਪੰਜਾਬ ਦੇ ਸੂਰਬੀਰਾਂ ਦਾ ਬਹੁਤ ਵੱਡਾ ਯੋਗਦਾਨ ਰਿਹਾ, ਜਿਨਾਂ ਵਿੱਚ ਸਹੀਦ-ਏ-ਆਜਮ ਸਰਦਾਰ ਭਗਤ ਸਿੰਘ, ਰਾਜਗੁਰੂ, ਸੁਖਦੇਵ, ਕਰਤਾਰ ਸਿੰਘ ਸਰਾਭਾ, ਲਾਲਾ ਲਾਜਪਤ ਰਾਏ, ਸ਼ਹੀਦ ਮਦਨ ਲਾਲ ਢੀਂਗਰਾ, ਸ਼ਹੀਦ ਉਧਮ ਸਿੰਘ ਨੇ ਲਾਮਿਸਾਲ ਸ਼ਹੀਦੀਆਂ ਦੇ ਕੇ ਦੇਸ ਦੇ ਆਜ਼ਾਦੀ ਸੰਗਰਾਮ ਨੂੰ ਨਵੀਂ ਦਿਸ਼ਾ ਦਿੱਤੀ। 15 ਅਗਸਤ 1947 ਨੂੰ ਦੇਸ਼ ਆਜ਼ਾਦ ਹੋਣ ਉਪਰੰਤ 26 ਜਨਵਰੀ 1950 ਨੂੰ ਭਾਰਤੀ ਸੰਵਿਧਾਨ ਲਾਗੂ ਹੋ ਜਾਣ ਨਾਲ ਭਾਰਤ ਗਣਰਾਜ ਦੀ ਸਥਾਪਨਾ ਹੋਈ । ਉਨ੍ਹਾਂ ਦੇਸ਼ ਦੀਆਂ ਸਮੂਹ ਹਥਿਆਰਬੰਦ ਸੈਨਾਵਾਂ, ਅਰਧ ਸੈਨਿਕ ਬਲਾਂ ਅਤੇ ਸੂਬਿਆਂ ਦੀਆਂ ਪੁਲਸ ਫੋਰਸਾਂ ਦੇ ਅਫਸਰਾਂ, ਜਵਾਨਾਂ ਵਲੋਂ ਦੇਸ਼ ਦੀ ਆਜ਼ਾਦੀ ਨੂੰ ਕਾਇਮ ਰੱਖਣ ਅਤੇ ਦੇਸ਼ ਨੂੰ ਵੱਖ-ਵੱਖ ਚੁਣੌਤੀਆਂ ਤੋਂ ਸੁਰੱਖਿਅਤ ਰੱਖਣ ਲਈ ਵੀ ਸ਼ਲਾਘਾ ਕੀਤੀ। ਗਣਤੰਤਰ ਦਿਵਸ ਮੌਕੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵਲੋਂ ਦੇਸ਼ ਭਗਤੀ ਅਤੇ ਸੱਭਿਆਚਾਰ 'ਤੇ ਆਧਾਰਤ ਸਰਗਰਮੀਆਂ ਪੇਸ਼ ਕੀਤੀਆਂ ਗਈਆਂ ਇਸ ਮੌਕੇ ਐਸ.ਡੀ.ਐਮ. ਜਸਨਜੀਤ ਸਿੰਘ, ਐਸ ਪੀ ਗੁਰਪ੍ਰੀਤ ਸਿੰਘ ਗਿੱਲ, ਜ਼ਿਲ੍ਹਾ ਯੋਜਨਾ ਬੋਰਡ ਦੀ ਚੇਅਰਪਰਸਨ ਲਲਿਤ ਸਕਲਾਨੀ, ਆਮ ਆਦਮੀ ਪਾਰਟੀ ਦੇ ਆਗੂ ਜੋਗਿੰਦਰ ਸਿੰਘ ਮਾਨ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਐਡਵੋਕੇਟ ਕਸਮੀਰ ਸਿੰਘ ਮੱਲ੍ਹੀ, ਮਾਰਕਿਟ ਕਮੇਟੀ ਦੇ ਚੇਅਰਮੈਨ ਤਵਿੰਦਰ ਰਾਮ, ਐਸ.ਸੀ.ਸੈੱਲ ਪ੍ਰਧਾਨ ਸੰਤੋਸ਼ ਕੁਮਾਰ ਗੋਗੀ, ਅਵਤਾਰ ਸਿੰਘ ਪੰਡਵਾਂ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਵਿਦਿਆਰਥੀ ਮੌਜੂਦ ਸਨ।

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ )** -75ਵੇਂ ਗਣਤੰਤਰ ਦਿਵਸ ਦੇ ਮੌਕੇ ਪ੍ਰਕਾਸ਼ ਮਾਡਲ ਸੀਨੀਅਰ ਸੈਕੰਡਰੀ ਸਕੂਲ, ਰਾਹੋਂ ਰੋਡ ਨਵਾਂਸ਼ਹਿਰ ਡਾਇਰੈਕਟਰ ਸੁਖਰਾਜ ਸਿੰਘ ਕੈਂਡੀ ਨੇ ਵਿਦਿਆਰਥੀਆਂ ਨੂੰ ਬਹੁਤ ਹੀ ਅੱਵਲ ਢੰਗ ਨਾਲ ਪ੍ਰੇਰਿਤ ਕੀਤਾ ਜਿਸ ਦੇ ਸਿੱਟੇ ਵਜੋਂ ਸਕੂਲ ਦੇ ਲਗਭਗ 100 ਵਿਦਿਆਰਥੀਆਂ ਨੇ 75ਵੇਂ ਗਣਤੰਤਰ ਦਿਵਸ ਤੇ ਬਹੁਤ ਵੱਧ ਚੜ੍ਹ ਕੇ ਹਿੱਸਾ ਲਿਆ । ਇਸ ਸੁਨਹਿਰੀ ਮੌਕੇ ਸਕੂਲ ਦੇ 100 ਵਿਦਿਆਰਥੀਆਂ ਨੇ ' ਵੰਦੇ ਮਾਤਰਮ' ਉੱਤੇ ਬਹੁਤ ਸੋਹਣੀ ਪੇਸ਼ਕਸ਼ ਸਮਾਰੋਹ ਆਈ.ਟੀ.ਆਈ. ਵਿਖੇ ਕੀਤੀ । ਜਿਸ ਨੂੰ ਸਕੂਲ ਅਧਿਆਪਕਾ ਗੁਰਿੰਦਰ ਕੈਂਥ ਦੁਆਰਾ ਤਿਆਰ ਕਰਵਾਇਆ ਗਿਆ ਅਤੇ ਪੇਸ਼ਕਸ਼ ਦੌਰਾਨ ਸਕੂਲ 75ਵੇਂ ਗਣਤੰਤਰ ਦਿਵਸ ਪ੍ਰਕਾਸ਼ ਮਾਡਲ ਸੀਨੀਅਰ ਸੈਕੰਡਰੀ ਸਕੂਲ ਨਾਲ ਗਣਤੰਤਰ ਦਿਹਾੜੇ ਦੇ ਜਸ਼ਨ ਮਨਾਏ। ਡਾਇਰੈਕਟਰ ਸੁਖਰਾਜ ਸਿੰਘ ਕੈਂਡੀ ਨੇ ਵਿਦਿਆਰਥੀਆਂ ਨੂੰ ਗਣਤੰਤਰ ਦਿਹਾੜੇ ਵਾਲੇ ਦਿਨ ਦੇਸ਼ ਦਾ ਸੰਵਿਧਾਨ ਲਾਗੂ ਹੋਣ ਦੀ ਮਹੱਤਤਾ ਦੱਸੀ। ਅਧਿਆਪਕ ਰੀਤੂ ਕਪੂਰ, ਕੁਮਾਰੀ ਪੱਲਵੀ ਅਤੇ ਗੁਰਿੰਦਰ ਕੈਂਥ ਵੀ ਉਪਸਥਿਤ ਰਹੇ ।

# ਐੱਸ ਡੀ ਮਾਡਲ ਸਕੂਲ 'ਚ ਗਣਤੰਤਰ ਦਿਵਸ ਮਨਾਇਆ



**ਸੁਲਤਾਨਪੁਰ ਲੋਧੀ, ( ਹਨੀ )**-ਐੱਸ ਡੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਗਣਤੰਤਰ ਦਿਵਸ ਅਤੇ ਸਕੂਲ ਦਾ ਸਲਾਨਾ ਇਨਾਮ ਵੰਡ ਸਮਾਗਮ ਪ੍ਰਿੰਸੀਪਲ ਅੰਜੂ ਰਾਣੀ ਦੀ ਅਗਵਾਈ ਵਿਚ ਬੜੀ ਧੂਮਧਾਮ ਨਾਲ ਆਯੋਜਿਤ ਕੀਤਾ ਗਿਆ । ਐੱਸ ਡੀ ਸਭਾ ਦੇ ਪ੍ਰਧਾਨ ਅਤੇ ਉੱਘੇ ਸਮਾਜ ਸੇਵਕ ਰਕੇਸ਼ ਕੁਮਾਰ ਧੀਰ ਸਮਾਗਮ ਵਿਚ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ । ਜਿਨ੍ਹਾਂ ਦਾ ਪ੍ਰਿੰਸੀਪਲ, ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਵੱਲੋਂ ਜ਼ੋਰਦਾਰ ਸਵਾਗਤ ਕੀਤਾ ਗਿਆ । ਪ੍ਰਧਾਨ ਰਕੇਸ਼ ਧੀਰ ਨੇ ਕੌਮੀ ਝੰਡਾ ਲਹਿਰਾ ਕੇ ਸਮਾਗਮ ਦਾ ਆਗਾਜ਼ ਕੀਤਾ । ਇਸ ਦੌਰਾਨ ਸਕੂਲ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਦਿਆਂ ਦੇਸ਼ ਭਗਤੀ ਦੇ ਗੀਤ, ਕਵਿਤਾਵਾਂ, ਕੋਰੀਓਗ੍ਰਾਫੀ, ਗਿੱਧਾ, ਭੰਗੜਾ ਆਦਿ ਆਈਟਮਾਂ ਪੇਸ਼ ਕੀਤੀਆਂ ਗਈਆਂ। ਸਮਾਗਮ ਵਿਚ ਐੱਸ ਡੀ ਕਾਲਜ ਫਾਰ ਵੂਮੈਨ, ਲਾਰਡ ਕ੍ਰਿਸ਼ਨਾ ਇੰਟਰਨੈਸ਼ਨਲ ਸਕੂਲ, ਲਾਰਡ ਕ੍ਰਿਸ਼ਨਾ ਕਾਲਜ ਆਫ ਐਜੂਕੇਸ਼ਨ ਅਤੇ ਐੱਸ ਡੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਵੀ ਸ਼ਿਰਕਤ ਕੀਤੀ। ਪ੍ਰਿੰਸੀਪਲ ਅੰਜੂ ਬਾਲਾ ਨੇ ਪਹੁੰਚੇ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਅਤੇ ਸਕੂਲ ਦੀ ਸਲਾਨਾ ਰਿਪੋਰਟ ਪੇਸ਼ ਕੀਤੀ । ਉਨ੍ਹਾਂ ਸਕੂਲ ਦਾ ਨਤੀਜਾ 100 ਫੀਸਦੀ ਆਉਣ 'ਤੇ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ । ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਉਪਰੰਤ ਸਮਾਗਮ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਰਕੇਸ਼ ਧੀਰ ਨੇ ਸਮੂਹ ਦੇਸ਼ ਵਾਸੀਆਂ ਨੂੰ ਗਣਤੰਤਰ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ। ਉਨ੍ਹਾਂ ਅਕਾਦਮਿਕ, ਸਪੋਰਟਸ, ਸੱਭਿਆਚਾਰਕ ਤੇ ਧਾਰਮਿਕ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਅਦਾਰੇ ਦੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ । ਮੰਚ ਸੰਚਾਲਨ ਮੈਡਮ ਕੀਰਤੀ ਤੇ ਮੈਡਮ ਆਸਥਾ ਵੱਲੋਂ ਕੀਤਾ ਗਿਆ । ਇਸ ਮੌਕੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਦਿਨੇਸ਼ ਧੀਰ, ਪੈਟਰਨ ਲਾਲਾ ਅਮਰ ਚੰਦ ਧੀਰ, ਅਸ਼ੋਕ ਗੁਜਰਾਲ, ਮੈਨੇਜਰ ਉਮਾ ਦੱਤ ਸ਼ਰਮਾ, ਸ਼ਸ਼ੀ ਚੋਪੜਾ, ਕਮਲ ਕਿਸ਼ੋਰ ਚਾਵਲਾ, ਜਨਰਲ ਸੈਕਟਰੀ ਮੁਕੇਸ਼ ਪਸਰੀਚਾ, ਸੁਰੇਸ਼ ਧੀਰ, ਵਾਇਸ ਪ੍ਰਿੰਸੀਪਲ ਪੂਨਮ ਧੀਰ, ਮੈਡਮ ਨੀਤੂ ਰਾਣੀ, ਮਨਦੀਪ ਕੌਰ, ਸੋਨੀਆ, ਸੋਨਮ, ਕੰਚਨ, ਡਿੰਪਲ, ਬਲਵੀਰ ਕੌਰ, ਦੀਪਿਕਾ, ਪਵਨਦੀਪ ਕੌਰ, ਪਰਾਂਚਲ, ਪ੍ਰਭਜੋਤ ਕੌਰ, ਸ਼ੀਤਲ, ਮਮਤਾ, ਚੇਤਨਾ, ਰੇਖਾ, ਭਾਰਤੀ ਆਦਿ ਸਟਾਫ਼ ਮੈਂਬਰਾਂ ਤੋਂ ਇਲਾਵਾ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ, ਪ੍ਰਿੰਸੀਪਲ ਰੁਬੀ ਭਗਤ, ਪ੍ਰਿੰਸੀਪਲ ਮੋਨਿਕਾ ਸਿੰਘ, ਪ੍ਰਿੰਸੀਪਲ ਪਿੰਦਰਜੀਤ ਸਿੰਘ, ਰਜੀਵ ਕੁਮਾਰ ਸਰਮਾ, ਸਕਤੀ ਭਾਰਤਵਾਜ, ਸੰਜੀਵ ਸ਼ਰਮਾ ਵੀ ਹਾਜ਼ਰ ਸਨ।

29-JAN-PAGE-10.qxd 1/28/2024 10:16 PM Page 1



# ਹਜ਼ਾਰਾਂ ਟਰੈਕਟਰਾਂ ਨਾਲ ਸੰਯੁਕਤ ਕਿਸਾਨ ਮੋਰਚਾ ਨੇ ਕੀਤਾ ਟਰੈਕਟਰ ਮਾਰਚ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

16 ਫਰਵਰੀ ਨੂੰ ਦੇਸ਼ ਭਰ ਵਿਚ ਦਿੱਤੇ ਬੰਦ ਦੇ ਸੱਦੇ ਨੂੰ ਸਫ਼ਲ ਬਣਾਉਣ ਲਈ ਸੰਯੁਕਤ ਕਿਸਾਨ ਮੋਰਚਾ ਨੇ ਹਜ਼ਾਰਾਂ ਟਰੈਕਟਰਾਂ ਨਾਲ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਟਰੈਕਟਰ ਮਾਰਚ ਕਰਕੇ ਸ਼ੁਰੂਆਤ ਕਰ ਦਿੱਤੀ ਹੈ।ਮਾਰਚ ਦੌਰਾਨ ਕਿਸਾਨ ਜਥੇਬੰਦੀਆਂ ਨੇ ਕਿਸਾਨਾਂ-ਖੇਤ ਮਜ਼ਦੂਰਾਂ ਦੇ ਕਰਜ਼ੇ 'ਤੇ ਲੀਕ ਮਾਰਨ, ਸਾਰੀਆਂ ਫ਼ਸਲਾਂ ਦੀ ਸੀ 2+50 ਪ੍ਰਤੀਸ਼ਤ ਫਾਰਮੂਲੇ ਨਾਲ ਐੱਮਐੱਸਪੀ ਤੇ ਖਰੀਦ ਦੀ ਗਾਰੰਟੀ ਦਾ ਕਾਨੂੰਨ ਬਣਾਉਣ, ਖੇਤੀ ਲਾਗਤ ਵਸਤਾਂ ਦੀਆਂ ਕੀਮਤਾਂ ਘਟਾਉਣ, ਪ੍ਰੀਪੇਡ ਮੀਟਰਾਂ ਦੀ ਨੀਤੀ ਨੂੰ ਵਾਪਸ ਲੈਣ, ਸਰਲ ਤੇ ਸਰਕਾਰੀ ਫ਼ਸਲ ਬੀਮਾ ਯੋਜਨਾ ਲਾਗੂ ਕਰਨ, ਕਿਸਾਨ ਪਰਵਾਰਾਂ ਲਈ ਦਸ ਹਜ਼ਾਰ ਰੁਪਏ ਮਹੀਨਾ ਪੈਨਸ਼ਨ ਸਕੀਮ ਲਾਗੂ ਕਰਨ, ਲਖੀਮਪੁਰ ਖੀਰੀ ਕਾਂਡ ਦੇ ਮੁੱਖ ਸਰਗਨੇ ਕੇਂਦਰੀ ਗ੍ਰਹਿ ਰਾਜ ਮੰਤਰੀ ਅਜੇ ਮਿਸ਼ਰਾ ਟੈਨੀ ਨੂੰ ਕੇਸ ਦਰਜ ਕਰਕੇ ਗ੍ਰਿਫ਼ਤਾਰ ਕਰਨ ਤੇ ਚਾਰ ਲੇਬਰ ਕੋਡਾਂ ਨੂੰ ਰੱਦ ਕਰਨ ਦੇ ਨਾਲ ਨਾਲ ਬਿਜਲੀ, ਰੇਲਵੇ ਸਮੇਤ ਪਬਲਿਕ ਸੈਕਟਰ ਦੇ ਨਿੱਜੀਕਰਨ ਦੀਆਂ ਨੀਤੀਆਂ ਨੂੰ ਰੱਦ ਕਰਨ ਦੀਆਂ ਮੰਗਾਂ ਨੂੰ ਕੇਂਦਰ ਅਤੇ ਸੂਬਾ ਸਰਕਾਰ ਨੂੰ ਮੰਨ ਕੇ ਲਾਗੂ ਕਰਨ ਲਈ ਜ਼ੋਰਦਾਰ ਆਵਾਜ਼ ਬੁਲੰਦ ਕੀਤੀ।ਟਰੈਕਟਰ ਮਾਰਚ ਦੌਰਾਨ ਹੋਏ ਇਕੱਠਾਂ ਨੂੰ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਸੰਬੋਧਨ ਕੀਤਾ।ਉਨ੍ਹਾਂ ਕਿਸਾਨਾਂ ਨੂੰ ਖੇਤੀ ਖੇਤਰ ਉੱਤੇ ਕਾਰਪੋਰੇਟ ਪੱਖੀ ਨੀਤੀਆਂ ਦੇ ਹਮਲੇ ਨੂੰ ਪਛਾੜਣ ਲਈ ਤਿੰਨ ਖੇਤੀ ਕਾਨੂੰਨਾਂ ਵਿਰੁੱਧ ਲੜੇ ਗਏ ਇਤਿਹਾਸਕ ਤੇ ਸ਼ਾਨਾਮੱਤੇ ਕਿਸਾਨ ਘੋਲ ਤੋਂ ਪ੍ਰੇਰਨਾ ਲੈ ਕੇ ਅਗਲੇ ਪੜਾਅ ਦੇ ਜੁਝਾਰੂ ਘੋਲ ਲਈ ਤਿਆਰ ਹੋਣ ਦਾ ਸੱਦਾ ਦਿੱਤਾ।

ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਨੂੰ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਤੋਂ ਵੱਧ ਕੁਝ ਪਿਆਰਾ ਨਹੀਂ।ਇਸ ਨੇ ਕਾਰਪੋਰੇਟ ਦੇ 14.56 ਲੱਖ ਕਰੋੜ ਰੁਪਏ ਦੇ ਕਰਜ਼ੇ 'ਤੇ ਲੀਕ ਮਾਰ ਦਿੱਤੀ।ਕਾਰਪੋਰੇਟ ਘਰਾਣਿਆਂ ਨੇ ਆਪਣੇ ਮੁਨਾਫ਼ਿਆਂ ਖਾਤਰ ਦੇਸ਼ ਲੁੱਟ ਲਿਆ।ਦੇਸ਼ ਵਿੱਚ ਅਮੀਰਾਂ ਗਰੀਬਾਂ ਵਿੱਚ ਪਾੜਾ ਸਿਖਰ ਨੂੰ ਪਹੁੰਚ ਗਿਆ, ਪਰ ਸੰਸਾਰ ਵਿੱਚ ਅੰਨ ਜਦੋਂ ਅਨਾਜ ਦਾ ਸੰਕਟ ਗਹਿਰਾ ਹੋ ਰਿਹਾ, ਉਦੋਂ ਦੇਸ਼ ਦੀ ਅਨਾਜ ਸੁਰੱਖਿਆ ਲਈ ਦਿਨ ਰਾਤ ਮਿਹਨਤ ਕਰਨ ਵਾਲੇ ਕਿਸਾਨਾਂ ਤੇ ਖੇਤ ਮਜ਼ਦੂਰਾਂ ਨਾਲ ਸਰਕਾਰਾਂ ਦਾ ਰਵੱਈਆ ਮਤਰੇਈ ਮਾਂ ਵਾਲਾ ਹੈ।ਉਹ ਕਰਜ਼ੇ ਦੇ ਮਾਰੇ ਖੁਦਕੁਸ਼ੀਆਂ ਕਰਨ ਲਈ ਮਜਬੂਰ ਹਨ।

ਇਕੱਠਾਂ ਨੂੰ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਗੁਰਮੀਤ ਸਿੰਘ ਮਹਿਮਾ, ਸੂਬਾ ਪ੍ਰੈੱਸ ਸਕੱਤਰ ਅਵਤਾਰ ਸਿੰਘ ਮਹਿਮਾ, ਬੀਕੇਯੂ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ, ਬੀਕੇਯੂ ਪੰਜਾਬ ਸੁਬੇਦਾਰ ਜਸਵਿੰਦਰ ਸਿੰਘ ਭੁਲੇਰੀਆ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਸੁਰਜੀਤ ਕੁਮਾਰ ਬਜੀਦਪੁਰ ਨੇ ਸੰਬੋਧਨ ਕੀਤਾ।ਮਾਰਚ ਵਿੱਚ ਆਏ ਕਿਸਾਨਾਂ ਦਾ ਧੰਨਵਾਦ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਪੋਜੋ ਕੇ ਕੀਤਾ।ਸਟੇਜ ਸੈਕਟਰੀ ਦੀ ਜ਼ਿੰਮੇਵਾਰੀ ਜਤਿੰਦਰ ਕੁਮਾਰ ਰੇਵੀ ਨੇ ਨਿਭਾਈ।



ਟਰੈਕਟਰ ਮਾਰਚ ਕਰਦੇ ਹੋਏ ਕਿਸਾਨ ਜਥੇਬੰਦੀਆਂ ਦੇ ਆਗੂ।

# ਅਸ਼ਵਨੀ ਭੱਲਾ ਵੱਲੋਂ ਕਾਲਜ ਬੁਰਜ ਹਰੀ ਸਿੰਘ ਦਾ ਦੌਰਾ



**ਹਠੂਰ (ਨਛੱਤਰ ਸੰਧੂ)**-ਸਾਹਿਬਜ਼ਾਦਾ ਜ਼ੋਰਾਵਰ ਸਿੰਘ ਸਰਕਾਰੀ ਕਾਲਜ ਬੁਰਜ ਹਰੀ ਸਿੰਘ ਦੇ ਪ੍ਰਿੰਸੀਪਲ ਡਾਕਟਰ ਸ਼ਰਨਜੀਤ ਕੌਰ ਪਰਮਾਰ ਨੇ ਦੱਸਿਆ ਕਿ ਡਾਕਟਰ ਅਸ਼ਵਨੀ ਭੱਲਾ ਡਿਪਟੀ ਡਾਇਰੈਕਟਰ ਉਚੇਰੀ ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਕਾਲਜ ਦਾ ਦੌਰਾ ਕੀਤਾ ਗਿਆ, ਜਿਸ ਵਿੱਚ ਡਾਕਟਰ ਭੱਲਾ ਡਿਪਟੀ ਡਾਇਰੈਕਟਰ ਵੱਲੋਂ ਕਾਲਜ ਦੇ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਅਧਿਆਪਕ ਸਾਹਿਬਾਨ ਨਾਲ ਗੱਲਬਾਤ ਕੀਤੀ ਗਈ। ਪ੍ਰਿੰਸੀਪਲ ਵੱਲੋਂ ਕਾਲਜ ਦੀਆਂ ਮੁਸ਼ਕਲਾਂ ਬਾਬਤ ਅਧਿਕਾਰੀ ਸਾਹਿਬਾਨ ਨਾਲ ਵਿਸਥਾਰਪੂਰਵਕ ਚਰਚਾ ਕੀਤੀ ਗਈ ਤੇ ਡਿਪਟੀ ਡਾਇਰੈਕਟਰ ਸਾਹਿਬਾਨ ਵੱਲੋਂ ਮੁਸ਼ਕਲਾਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ। ਖਾਸ ਤੌਰ 'ਤੇ ਪੀ ਡਬਲਿਊ ਦੇ ਉੱਚ ਅਧਿਕਾਰੀਆਂ ਨਾਲ ਫੋਨ ਉੱਪਰ ਰਹਿੰਦਿਆਂ ਕੰਮਾਂ ਨੂੰ ਪੂਰਨ ਕਰਨ ਲਈ ਕਿਹਾ ਗਿਆ। ਡਿਪਟੀ ਡਾਇਰੈਕਟਰ ਨਾਲ ਡਾਕਟਰ ਪ੍ਰੋ. ਗੁਰਸ਼ਰਨਜੀਤ ਸਿੰਘ ਸੰਧੂ, ਸਤੀਸ਼ ਚੰਦਰ ਧਵਨ ਸਰਕਾਰੀ ਕਾਲਜ, ਲੁਧਿਆਣਾ ਵੀ ਮੌਜੂਦ ਸਨ। ਇਸ ਸਮੇਂ ਕਾਲਜ ਸਟਾਫ ਵਲੋਂ ਮਹਿਮਾਨਾਂ ਨੂੰ ਗੁਲਦਸਤੇ ਭੇਟ ਕੀਤੇ ਗਏ। ਪ੍ਰਿੰਸੀਪਲ ਵੱਲੋਂ ਆਏ ਅਧਿਕਾਰੀਆਂ ਦੁਆਰਾ ਦਿੱਤੇ ਗਏ ਭਰੋਸੇ ਦਾ ਧੰਨਵਾਦ ਕੀਤਾ ਗਿਆ।

# ਚੌਥਾ ਦਰਜਾ ਮੁਲਾਜ਼ਮਾਂ ਨੇ ਗਣਤੰਤਰ ਦਿਵਸ ਮੌਕੇ ਰਾਜਪਾਲ ਦੇ ਨਾਂਅ ਸੌਂਪਿਆ ਮੰਗਾਂ ਦਾ ਯਾਦ ਪੱਤਰ

**ਪਟਿਆਲਾ (ਪੱਤਰ ਪ੍ਰੇਰਕ)**

ਇੱਥੇ ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਦੇ ਪ੍ਰਧਾਨ ਸ੍ਰੀ ਦਰਸ਼ਨ ਸਿੰਘ ਲੁਬਾਣਾ ਤੇ ਜਨਰਲ ਸਕੱਤਰ ਸ੍ਰੀ ਬਲਜਿੰਦਰ ਸਿੰਘ ਦੀ ਅਗਵਾਈ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਹੈੱਡ ਪੋਸਟ ਆਫਿਸ ਦੇ ਨੇੜੇ ਇਕੱਠੇ ਹੋ ਕੇ ਵੱਖ-ਵੱਖ ਵਿਭਾਗਾਂ ਵਿੱਚ ਕੰਮ ਕਰਦੇ ਹਰ ਤਰ੍ਹਾਂ ਦੇ ਕਰਮਚਾਰੀਆਂ ਤੇ ਸਕੀਮ ਵਰਕਰਾਂ ਦੀਆਂ ਬੇਹੱਦ ਗੰਭੀਰ ਹੋ ਚੁੱਕੀਆਂ ਸਮੱਸਿਆਵਾਂ ਅਤੇ ਚਿਰਾਂ ਤੋਂ ਲਟਕਦੀਆਂ ਮੰਗਾਂ ਦੇ ਸਬੰਧ ਵਿੱਚ ਗਣਤੰਤਰ ਦਿਵਸ ਮੌਕੇ ਪਟਿਆਲਾ ਵਿਖੇ ਕੌਮੀ ਝੰਡਾ ਲਹਿਰਾਉਣ ਲਈ ਆਏ ਪੰਜਾਬ ਦੇ ਮਾਨਯੋਗ ਗਵਰਨਰ ਜੀ ਨੂੰ ਮੰਗ ਪੱਤਰ ਸੌਂਪਣ ਲਈ ਪੰਜਾਬ ਸਰਕਾਰ ਵਿਰੁੱਧ ਮਾਰਚ ਕਰਨ ਦੇ ਪ੍ਰੋਗਰਾਮ ਨੂੰ ਪ੍ਰਸ਼ਾਸਨ ਨੇ ਪੱਬਾਂ ਭਾਰ ਹੋ ਕੇ ਭਾਰੀ ਪੁਲਸ ਫੋਰਸ ਦੀ ਵਰਤੋਂ ਕਰਕੇ ਮਾਰਚ ਕਰਨ ਦੀ ਆਗਿਆ ਨਾ ਦਿੱਤੀ, ਪਰ ਇਸੇ ਮੌਕੇ ਸਬ ਡਵੀਜ਼ਨ ਮੈਜਿਸਟਰੇਟ ਨੇ ਮੰਗ ਪੱਤਰ ਵਸੂਲ ਕਰਕੇ ਮੰਗ ਪੱਤਰ ਮਾਨਯੋਗ ਰਾਜਪਾਲ ਤੱਕ ਪਹੁੰਚਾਉਣ ਦਾ ਵਾਅਦਾ ਕੀਤਾ।ਇਸ ਮੌਕੇ ਜੁੜੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰੀ ਦਰਸ਼ਨ ਸਿੰਘ ਲੁਬਾਣਾ ਪ੍ਰਧਾਨ ਨੇ ਕਿਹਾ ਕਿ ਜਿਵੇਂ ਪੰਜਾਬ ਦੇ ਵੱਖ-ਵੱਖ ਵਰਗ ਮਾਨ ਸਰਕਾਰ ਦੇ ਸਤਾ ਵਿੱਚ ਆਉਣ ਉਪਰੰਤ ਥੋੜ੍ਹੇ ਸਮੇਂ ਵਿੱਚ ਹੀ ਠੱਗੇ ਹੋਏ ਮਹਿਸੂਸ ਕਰ ਰਹੇ ਹਨ ਤੇ ਸੰਘਰਸ਼ ਕਰ ਰਹੇ ਹਨ ਇਸੇ ਤਰ੍ਹਾਂ ਹਰ ਕਿਸਮ ਦੇ ਮੁਲਾਜ਼ਮ ਪੰਜਾਬ ਸਰਕਾਰ ਨੂੰ ਮੁਲਾਜ਼ਮਾਂ ਨਾਲ ਧੋਖਾ ਕਰਨ ਵਾਲੀ ਸਭ ਤੋਂ ਵੱਧ ਮੁਲਾਜ਼ਮ-ਮਜ਼ਦੂਰ ਵਿਰੋਧੀ ਸਰਕਾਰ ਸਮਝਦੇ ਹਨ ਕਿਉਂਕਿ ਸਰਕਾਰ ਦੇ ਮੁੱਖੀ ਭਗਵੰਤ ਮਾਨ ਨੇ ਮੁਲਾਜ਼ਮਾਂ-ਮਜ਼ਦੂਰਾਂ ਦਾ ਕੋਈ ਮਸਲਾ ਹੱਲ ਨਹੀਂ ਕੀਤਾ। ਸ੍ਰੀ ਲੁਬਾਣਾ ਨੇ ਮੁਲਾਜ਼ਮਾਂ ਮਜ਼ਦੂਰਾਂ ਦੀਆਂ ਮੰਗਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਚੋਣਾਂ ਜਿੱਤਣ ਤੋਂ ਪਹਿਲਾਂ ਜਿੰਨੇ ਵਾਅਦੇ ਸ੍ਰੀ ਭਗਵੰਤ ਮਾਨ ਨੇ ਮੁਲਾਜ਼ਮਾਂ-ਮਜ਼ਦੂਰਾਂ ਦੇ ਮਸਲੇ ਹੱਲ ਕਰਨ ਲਈ ਕੀਤੇ ਸਨ, ਉਹ ਸਭ ਵਾਅਦੇ ਝੂਠੇ ਸਾਬਿਤ ਹੋਏ।ਆਗੂਆਂ ਵੱਲੋਂ ਕਰਮਚਾਰੀਆਂ ਨੂੰ ਭਵਿੱਖ ਦੇ ਸਖਤ ਸੰਘਰਸ਼ਾਂ ਲਈ ਤਿਆਰ ਰਹਿਣ ਅਤੇ 16 ਫਰਵਰੀ ਨੂੰ ਭਾਰਤ ਬੰਦ ਵਿੱਚ ਸ਼ਮੂਲੀਅਤ ਦਾ ਸੱਦਾ ਦੇ ਕੇ ਇਕੱਠ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਰੈਲੀ ਵਿੱਚ ਦੀਪ ਚੰਦ ਹੰਸ, ਵਰਿੰਦਰ ਬੈਣੀ, ਰਾਮ ਕਿਸ਼ਨ, ਗੁਰਦਰਸ਼ਨ ਸਿੰਘ, ਸਵਰਨ ਸਿੰਘ ਬੰਗਾ, ਰਾਮ ਲਾਲ ਰਾਮਾ, ਮਾਧੋ ਲਾਲ ਰਾਹੀ, ਰਾਮ ਪ੍ਰਸਾਦ ਸਹੋਤਾ, ਸੂਰਜ ਯਾਦਵ, ਸ਼ਿਵ ਚਰਨ, ਲਖਵੀਰ ਲੱਕੀ, ਪ੍ਰੀਤਮ ਚੰਦ ਠਾਕੁਰ, ਬਲਬੀਰ ਸਿੰਘ, ਰਾਕੇਸ਼ ਕਲਿਆਣ, ਇੰਦਰਪਾਲ ਵਾਲਿਆ, ਗੌਤਮ ਭਾਰਦਵਾਜ, ਦਰਸ਼ਨ ਸਿੰਘ ਘੱਗਾ, ਨੀਸ਼ਾ ਰਾਣੀ, ਅਮਨ ਸੰਧੂ, ਮੱਖਣ ਸਿੰਘ, ਸਤਪਾਲ ਲੰਗ, ਗੁਰਮੇਲ ਸਿੰਘ ਸਮਾਣਾ ਆਦਿ ਹਾਜ਼ਰ ਸਨ।

## ਕਾਤਰਾਂ

### ਥ੍ਰੀ ਵਹੀਲਰ ਤੇ ਲੋਹੇ ਸਮੇਤ ਤਿੰਨ ਗ੍ਰਿਫ਼ਤਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਦਰ ਫ਼ਿਰੋਜ਼ਪੁਰ ਪੁਲਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ ਤਿੰਨ ਵਿਅਕਤੀਆਂ ਨੂੰ 1 ਥਰੀ ਵਹੀਲਰ, 1 ਪਲੇਟ ਲੋਹਾ, 1 ਟੁੱਟੀ ਹੋਈ ਮੋਟਰ ਅਤੇ 1 ਮੋਟਰ ਦਾ ਬੈਂਡ ਸਮੇਤ ਗ੍ਰਿਫ਼ਤਾਰ ਕਰਕੇ ਉਨ੍ਹਾਂ ਖਿਲਾਫ਼ 379 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਗੁਰਨਾਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਇਲਾਕੇ ਵਿਚ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀਅਨ ਭੁਪਿੰਦਰ ਸਿੰਘ ਉਰਫ ਭਿੰਦਾ ਪੁੱਤਰ ਸੁਰਜੀਤ ਸਿੰਘ, ਕਮਲਜੀਤ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀਅਨ ਹਸਨ ਢੁੱਟ ਅਤੇ ਧਰਮਿੰਦਰ ਉਰਫ਼ ਫੌਜੀ ਪੁੱਤਰ ਜੋਗਿੰਦਰ ਵਾਸੀ ਪੀਰਾਂ ਵਾਲਾ ਨਸ਼ਾ ਕਰਨ ਦੇ ਆਦੀ ਹਨ ਤੇ ਇਹ ਤਿੰਨੋਂ ਜਣੇ ਮਿਲ ਕੇ ਆਰਮੀ ਦੇ ਬਣੇ ਮੋਰਚਿਆਂ ਵਿਚੋਂ ਲੋਹਾ ਤੇ ਕਿਸਾਨਾਂ ਦੇ ਖੇਤਾਂ ਵਿਚੋਂ ਮੋਟਰਾਂ ਤੇ ਸਮਾਨ ਚੋਰੀ ਕਰ ਲੈਂਦੇ ਹਨ। ਇਹ ਤਿੰਨੋਂ ਜਣੇ ਅੱਜ ਵੀ ਚੋਰੀ ਕੀਤਾ ਹੋਇਆ ਲੋਹਾ, ਥਰੀ ਵਹੀਲਰ 'ਤੇ ਲੱਦ ਕੇ ਸਿਟੀ ਫ਼ਿਰੋਜ਼ਪੁਰ ਵਿਖੇ ਵੇਚਣ ਲਈ ਆ ਰਹੇ ਹਨ। ਜੇਕਰ ਹੁਣੇ ਨਾਕਾਬੰਦੀ ਕੀਤੀ ਜਾਵੇ ਤਾਂ ਕਾਬੂ ਆ ਸਕਦੇ ਹਨ। ਪੁਲਸ ਪਾਰਟੀ ਵੱਲੋਂ ਨਾਕਾਬੰਦੀ ਕਰਕੇ ਦੋਸ਼ੀਅਨ ਨੂੰ ਸਮੇਤ ਥਰੀ ਵਹੀਲਰ ਦੇ ਕਾਬੂ ਕੀਤਾ ਗਿਆ ਤੇ ਤਲਾਸ਼ੀ ਦੌਰਾਨ 1 ਪਲੇਟ ਲੋਹਾ, 1 ਟੁੱਟੀ ਹੋਈ ਮੋਟਰ ਅਤੇ 1 ਮੋਟਰ ਦਾ ਬੈਂਡ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

### ਅਨੀਸ਼ ਕੁਮਾਰ ਗੁਪਤਾ ਰਾਸ਼ਟਰਪਤੀ ਐਵਾਰਡ ਨਾਲ ਸਨਮਾਨਤ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਹੋਮ ਗਾਰਡਜ਼ ਅਤੇ ਸਿਵਲ ਡਿਫੈਂਸ ਵਿਭਾਗ ਵਿਖੇ ਤੈਨਾਤ ਅਨੀਸ਼ ਕੁਮਾਰ ਗੁਪਤਾ ਪਲਟੂਨ ਕਮਾਂਡਰ (ਸਬ ਇੰਸਪੈਕਟਰ) ਨੂੰ ਗਣਤੰਤਰ ਦਿਵਸ ਮੌਕੇ ਭਾਰਤ ਦੇ ਰਾਸ਼ਟਰਪਤੀ ਵੱਲੋਂ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਬਦਲੇ ਸਨਮਾਨਤ ਕੀਤਾ ਗਿਆ।ਪੰਜਾਬ ਹੋਮ ਗਾਰਡਜ਼ ਤੇ ਸਿਵਲ ਡਿਫੈਂਸ ਨੂੰ ਮੈਰੀਟੋਰੀਅਸ ਸਰਵਿਸ ਮੈਡਲ ਨਾਲ ਸਨਮਾਨਤ ਕੀਤਾ ਗਿਆ ਹੈ।ਇਸ ਮੌਕੇ ਅਨੀਸ਼ ਕੁਮਾਰ ਗੁਪਤਾ ਪਲਟੂਨ ਕਮਾਂਡਰ (ਸਬ ਇੰਸਪੈਕਟਰ) ਨੂੰ ਡਿਵੀਜ਼ਨਲ ਕਮਾਂਡੈਂਟ ਚਰਨਜੀਤ ਸਿੰਘ, ਬਟਾਲੀਅਨ ਕਮਾਂਡਰ ਅਨਿਲ ਕੁਮਾਰ ਪਰੂਥੀ, ਜ਼ਿਲ੍ਹਾ ਕਮਾਂਡਰ ਰਜਿੰਦਰ ਕ੍ਰਿਸ਼ਨ ਅਤੇ ਸਮੂਹ ਸਟਾਫ਼ ਵੱਲੋਂ ਵਧਾਈ ਦਿੱਤੀ ਗਈ।

### 300 ਚਾਈਨੀਜ਼ ਗੱਟੂ ਡੋਰ ਸਮੇਤ ਕਾਬੂ, ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਿੰਥੈਟਿਕ ਤਾਰਾਂ ਦੀ ਵਰਤੋਂ ਨੂੰ ਰੋਕਣ ਲਈ ਕਾਨੂੰਨ ਹਨ, ਪਰ ਲਾਗੂ ਕਰਨ ਦੀ ਘਾਟ ਹੈ।ਰਾਜੇਸ਼ ਕੁਮਾਰ, ਏ.ਐਸ.ਆਈ. ਦੀ ਅਗਵਾਈ ਹੇਠਲੀ ਪੁਲਸ ਪਾਰਟੀ ਵੱਲੋਂ ਸ਼ਹਿਰ ਦੇ ਦਿੱਲੀ ਗੇਟ ਨੇੜੇ ਰੁਟੀਨ ਗਸ਼ਤ ਦੌਰਾਨ ਗੁਪਤ ਸੂਚਨਾ ਦੇ ਆਧਾਰ 'ਤੇ ਛਾਪੇਮਾਰੀ ਕੀਤੀ ਗਈ ਕਿ ਸੰਨੀ ਸ਼ਰਮਾ ਪੁਰਾਣਾ ਡਾਕਖਾਨਾ ਟਾਹਲੀ ਮੁਹੱਲਾ ਨੇੜੇ ਕਰਿਆਨਾ ਦੀ ਦੁਕਾਨ ਕਰਦਾ ਹੈ ਤੇ ਆਪਣੀ ਦੁਕਾਨ 'ਚ ਪਤੰਗਾਂ ਅਤੇ ਧਾਗੇ ਵੇਚਣ ਦਾ ਕੰਮ ਵੀ ਕਰਦਾ ਹੈ ਤੇ ਇਸ ਸਮੇਂ ਸਰਕਾਰ ਦੀਆਂ ਹਦਾਇਤਾਂ ਦੀ ਉਲੰਘਣਾ ਕਰਦੇ ਹੋਏ ਪਾਬੰਦੀਸ਼ੁਦਾ ਚੀਨੀ ਧਾਗੇ ਦੀ ਵਿਕਰੀ ਲਈ ਗਾਹਕਾਂ ਦਾ ਇੰਤਜ਼ਾਰ ਕਰ ਰਿਹਾ ਹੈ ਤੇ ਜੇਕਰ ਛਾਪਾ ਮਾਰਿਆ ਗਿਆ ਤਾਂ ਰੰਗੇ ਹੱਥੀਂ ਫੜਿਆ ਜਾ ਸਕਦਾ ਹੈ।ਸੂਚਨਾ 'ਤੇ ਤੇਜ਼ੀ ਨਾਲ ਕੰਮ ਕਰਦੇ ਹੋਏ ਪੁਲਸ ਨੇ ਸੰਨੀ ਦੀ ਦੁਕਾਨ 'ਤੇ ਛਾਪਾ ਮਾਰਿਆ ਅਤੇ ਚੀਨੀ ਧਾਗੇ ਦੇ 300 ਸਪੂਲ ਬਰਾਮਦ ਕੀਤੇ।ਆਈ.ਪੀ.ਸੀ. ਦੀ ਧਾਰਾ 188 ਦੇ ਤਹਿਤ ਇੱਕ ਕੇਸ ਦਰਜ ਕਰ ਉਸ ਨੂੰ ਜ਼ਮਾਨਤ 'ਤੇ ਰਿਹਾਅ ਕੀਤਾ ਗਿਆ ਸੀ, ਹਾਲਾਂਕਿ ਹੋਰ ਜਾਂਚ ਜਾਰੀ ਹੈ।ਪਿਛਲੇ ਸਾਲਾਂ ਵਿੱਚ ਕਈ ਘਟਨਾਵਾਂ ਵਾਪਰ ਚੁੱਕੀਆਂ ਹਨ ਤੇ ਜੇਕਰ ਇਸ ਦੀ ਲਗਾਤਾਰ ਵਰਤੋਂ ਨੂੰ ਨਾ ਰੋਕਿਆ ਗਿਆ ਤਾਂ ਇਸ ਸਾਲ ਨੁਕਸਾਨ ਹੋਵੇਗਾ।ਹਾਲਾਂਕਿ ਬਦਨਾਮ ਚੀਨੀ ਮਾਂਜਾ, ਇੱਕ ਨਾ ਟੁੱਟਣ ਵਾਲਾ ਨਾਈਲੋਨ ਧਾਗਾ ਹੈ, ਜਿਸ ਉਪਰ ਕਈ ਰਾਜਾਂ ਵਲੋਂ ਪਾਬੰਦੀ ਲਾਈ ਗਈ ਹੈ, ਕਿਉਂਕਿ ਇਹ ਪੰਛੀ ਪ੍ਰਜਾਤੀਆਂ ਅਤੇ ਮਨੁੱਖਾਂ ਨੂੰ ਬਹੁਤ ਨੁਕਸਾਨ ਪੁਚਾਉਂਦੀ ਹੈ, ਕੁਝ ਦੁਕਾਨਦਾਰ ਅਜੇ ਵੀ ਇਸ ਖਤਰਨਾਕ ਉਤਪਾਦ ਨੂੰ ਸਟੋਰ ਕਰਕੇ ਵੇਚ ਰਹੇ ਹਨ।

# ਲੜਕੀਆਂ ਦੇ ਅਧਿਕਾਰਾਂ ਬਾਰੇ ਵੱਧ ਤੋਂ ਵੱਧ ਜਾਗਰੂਕਤਾ ਪੈਦਾ ਕੀਤੀ ਜਾਵੇ : ਡਾ. ਜ਼ੋਰਾ ਸਿੰਘ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਦੇਸ਼ ਭਗਤ ਯੂਨੀਵਰਸਿਟੀ ਦੇ ਐਗਰੀਕਲਚਰਲ ਐਂਡ ਲਾਈਫ ਸਾਇੰਸਜ਼ ਫੈਕਲਟੀ ਦੇ ਐਗਰਿਮ ਕਲੱਬ ਵੱਲੋਂ ਰਾਸ਼ਟਰੀ ਬਾਲੜੀ ਦਿਵਸ ਮੌਕੇ ਇੱਕ ਗਿਆਨ ਭਰਪੂਰ ਲੈਕਚਰ ਕਰਵਾਇਆ ਗਿਆ।ਇਹ ਸਮਾਗਮ ਐਗਰੀਕਲਚਰ ਵਿਭਾਗ ਦੇ ਸੈਮੀਨਾਰ ਹਾਲ ਵਿੱਚ ਹੋਇਆ, ਜਿਸ ਵਿੱਚ ਸਰਕਾਰੀ ਗਰਲਜ਼ ਕਾਲਜ ਲੁਧਿਆਣਾ ਦੇ ਸਾਬਕਾ ਪ੍ਰਿੰਸੀਪਲ ਪ੍ਰੋਫੈਸਰ ਡਾ: ਮਹਿੰਦਰ ਕੌਰ ਗਰੇਵਾਲ, ਰਿਸੋਰਸ ਪਰਸਨ ਵਜੋਂ ਸ਼ਾਮਲ ਹੋਏ।ਇਸ ਵਿੱਚ ਬੱਚੀਆਂ ਦੇ ਅਧਿਕਾਰਾਂ ਬਾਰੇ ਜਾਗਰੂਕਤਾ ਪੈਦਾ ਕਰਨ, ਕੰਨਿਆ ਭਰੂਣ ਹੱਤਿਆ ਦੀ ਰੋਕਥਾਮ, ਲਿੰਗ ਆਧਾਰਤ ਪੱਖਪਾਤ ਨੂੰ ਖਤਮ ਕਰਨ, ਬਾਲੜੀਆਂ ਦੀ ਸਿੱਖਿਆ ਨੂੰ ਉਤਸ਼ਾਹਤ ਕਰਨ, ਬਾਲ ਵਿਆਹ ਨੂੰ ਰੋਕਣ ਤੇ ਲੜਕੀਆਂ ਦੇ ਸਸ਼ਕਤੀਕਰਨ ਲਈ ਵੱਖ-ਵੱਖ ਯੋਜਨਾਵਾਂ ਨੂੰ ਉਜਾਗਰ ਕਰਨ ਦੇ ਉਦੇਸ਼ ਨਾਲ ਇਸ ਪਹਿਲਕਦਮੀ ਨੇ ਸਰਗਰਮ ਭਾਗੀਦਾਰੀ ਹਾਸਲ ਕੀਤੀ।

ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ: ਜ਼ੋਰਾ ਸਿੰਘ ਨੇ ਸਮਾਗਮ ਦੀ ਮਹੱਤਤਾ ਨੂੰ ਰੇਖਾਂਕਿਤ ਕੀਤਾ ਤੇ ਬੱਚੀਆਂ ਨੂੰ ਪ੍ਰਭਾਵਿਤ ਕਰਨ ਵਾਲੇ ਅਹਿਮ ਮੁੱਦਿਆਂ 'ਤੇ ਰੌਸ਼ਨੀ ਪਾਉਣ ਦੀ ਲੋੜ 'ਤੇ ਜ਼ੋਰ ਦਿੱਤਾ।ਉਨ੍ਹਾ ਕਿਹਾ ਕਿ ਇਸ ਗਤੀਵਿਧੀ ਦਾ ਮਨੋਰਥ ਬਾਲੜੀਆਂ ਦੇ ਅਧਿਕਾਰਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਤੇ ਕੰਨਿਆ ਭਰੂਣ ਹੱਤਿਆ, ਲਿੰਗ ਪੱਖਪਾਤ ਤੇ ਬੱਚੀਆਂ ਲਈ ਸਿੱਖਿਆ ਦੀ ਮਹੱਤਤਾ ਵਰਗੀਆਂ ਪ੍ਰਮੁੱਖ ਚਿੰਤਾਵਾਂ ਨੂੰ ਦੂਰ ਕਰਨਾ ਹੈ।ਡਾ: ਦੀਪਇੰਦਰਪਾਲ ਸਿੰਘ ਨੇ ਸਰੋਤ ਪਰਸਨ ਤੇ ਭਾਗੀਦਾਰਾਂ ਦਾ ਸੁਆਗਤ ਕੀਤਾ ਤੇ ਇੱਕ ਸੂਝਵਾਨ ਚਰਚਾ ਲਈ ਸੁਰ ਤੈਅ ਕੀਤੀ। ਪ੍ਰੋ: ਡਾ: ਮਹਿੰਦਰ ਕੌਰ ਗਰੇਵਾਲ ਨੇ ਲਿੰਗ ਸੰਵੇਦਨਸ਼ੀਲਤਾ 'ਤੇ ਆਪਣਾ ਭਾਸ਼ਣ ਕੇਂਦਰਿਤ ਕਰਦਿਆਂ ਬੱਚੀਆਂ ਦੇ ਅਧਿਕਾਰਾਂ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਇਸ ਮੌਕੇ ਵਿਦਿਆਰਥੀਆਂ ਦੇ ਯੋਗਦਾਨ ਨੂੰ ਕਵਿਤਾਵਾਂ ਤੇ ਪੋਸਟਰ ਡਿਸਪਲੇ ਦੇ ਰੂਪ ਵਿੱਚ ਪ੍ਰਦਰਸ਼ਤ ਕੀਤਾ ਗਿਆ, ਜਿਸ ਨਾਲ ਉਨ੍ਹਾਂ ਦੀ ਵਚਨਬੱਧਤਾ ਦਾ ਪ੍ਰਦਰਸ਼ਨ ਕੀਤਾ ਗਿਆ। ਵਿਦਿਆਰਥਣ ਜਾਗ੍ਰਿਤੀ ਨੇ ਕੁਸ਼ਲਤਾ ਨਾਲ ਪ੍ਰੋਗਰਾਮ ਦਾ ਸੰਚਾਲਨ ਕੀਤਾ।

ਆਪਣੇ ਧੰਨਵਾਦ ਦੇ ਮਤੇ ਵਿੱਚ, ਖੇਤੀਬਾੜੀ ਤੇ ਜੀਵਨ ਵਿਗਿਆਨ ਦੇ ਡੀਨ, ਪ੍ਰੋਫੈਸਰ ਡਾ. ਐੱਚ. ਕੇ. ਸਿੱਧੂ ਨੇ ਯੂਨੀਵਰਸਿਟੀ ਪ੍ਰਬੰਧਨ, ਸਰੋਤ ਪਰਸਨ ਤੇ ਵਿਦਿਆਰਥੀਆਂ ਦੀ ਸਰਗਰਮ ਸ਼ਮੂਲੀਅਤ ਲਈ ਸਭ ਦਾ ਧੰਨਵਾਦ ਕੀਤਾ।

# ਜੀ ਟੀ ਯੂ ਤੇ ਪ.ਸ.ਸ.ਫ. (ਵਿਗਿਆਨਕ) ਵੱਲੋਂ ਨਵੇਂ ਸਾਲ ਦਾ ਕੈਲੰਡਰ ਜਾਰੀ

**ਜਲਾਲਾਬਾਦ (ਜੀਤ ਕੁਮਾਰ)**-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਕ) ਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਵਿਗਿਆਨਕ) ਵੱਲੋਂ ਸਾਲ 2024 ਦਾ ਕੈਲੰਡਰ ਜ਼ਿਲ੍ਹਾ ਆਗੂਆਂ ਵੱਲੋਂ ਸਥਾਨਕ ਬਹੁਮੰਤਵੀ ਸਪੋਰਟਸ ਸਟੇਡੀਅਮ ਵਿਖੇ ਪੰਜਾਬ ਦੇ ਮੁਲਾਜ਼ਮ ਆਗੂਆਂ ਗਗਨਦੀਪ ਸਿੰਘ ਭੁੱਲਰ, ਨਵਪ੍ਰੀਤ ਬੱਲੀ, ਸੁਰਿੰਦਰ ਕੰਬੋਜ, ਐੱਨ. ਡੀ. ਤਿਵਾੜੀ ਦੀ ਅਗਵਾਈ ਵਿੱਚ ਜਾਰੀ ਕੀਤਾ ਗਿਆ। ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਕ) ਨੇ ਇਸ ਵਾਰ ਕੈਲੰਡਰ ਸਮੁੱਚੇ ਅਧਿਆਪਕਾਂ ਨੂੰ ਸਮਰਪਤ ਕੀਤਾ ਹੈ, ਜੋ ਸੰਸਾਰ ਦੇ ਹਨੇਰੇ ਦਿਮਾਗਾਂ ਨੂੰ ਰੌਸ਼ਨ ਕਰਦੇ ਹਨ। ਫੈਡਰੇਸ਼ਨ ਨੇ ਕੈਲੰਡਰ ਮਰਹੂਮ ਸੰਘਰਸ਼ੀ ਮੁਲਾਜ਼ਮ ਆਗੂ ਲਾਲ ਸਿੰਘ ਧਨੌਲਾ ਨੂੰ ਸਮਰਪਣ ਕੀਤਾ ਹੈ, ਜਿਨ੍ਹਾਂ ਆਪਣਾ ਜੀਵਨ ਲੋਕ ਘੋਲਾਂ ਦੇ ਲੇਖੇ ਲਾਇਆ। ਇਸ ਮੌਕੇ ਆਗੂਆਂ ਨੇ ਮੰਗ ਕੀਤੀ ਕਿ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਕੱਚੇ ਮੁਲਾਜ਼ਮਾਂ ਨੂੰ ਪੂਰੀ ਤਨਖਾਹ 'ਤੇ ਪੱਕਾ ਕੀਤਾ ਜਾਵੇ, ਨਵ-ਨਿਯੁਕਤ ਮੁਲਾਜ਼ਮਾਂ 'ਤੇ ਪੰਜਾਬ ਸਕੇਲ ਲਾਗੂ ਕੀਤੇ ਜਾਣ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮ ਮੰਗਾਂ ਤੋਂ ਕਿਨਾਰਾ ਕਰ ਰਹੀ ਹੈ। ਇਸੇ ਕਰਕੇ ਸਮੁੱਚੇ ਮੁਲਾਜ਼ਮ ਵਰਗ ਨੂੰ ਇੱਕ ਮੰਚ 'ਤੇ ਇਕੱਠਾ ਹੋ ਕੇ ਸੰਘਰਸ਼ ਕਰਨਾ ਅਣਸਰਦੀ ਲੋੜ ਬਣ ਗਈ ਹੈ। ਦੇਸ਼ ਦੀਆਂ ਕੇਂਦਰੀ ਟਰੇਡ ਯੂਨੀਅਨਾਂ, ਜੋ 16 ਫਰਵਰੀ 2024 ਨੂੰ ਹੜਤਾਲ ਕਰ ਰਹੀਆਂ ਹਨ, ਨੇ ਪੰਜਾਬ ਦੇ ਅਧਿਆਪਕਾਂ ਤੇ ਸਮੂਹ ਮੁਲਾਜ਼ਮਾਂ ਨੂੰ ਇਸ ਹੜਤਾਲ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ। ਇਸ ਮੌਕੇ ਮੇਜਰ ਸਿੰਘ, ਸੁਖਵਿੰਦਰ ਸਿੰਘ ਡੀ ਪੀ, ਅਸ਼ੋਕ ਕੁਮਾਰ, ਜਗਜੀਤ ਸਿੰਘ ਸਰਾਰੀ, ਸੁਖਵਿੰਦਰ ਸਿੰਘ ਢਾਣੀ ਰੇਸ਼ਮ ਸਿੰਘ, ਕਪਿਲ ਕਪੂਰ, ਸਰਬੂਟਾ ਸਿੰਘ ਕੰਪਿਊਟਰ ਫੈਕਲਟੀ, ਰਾਜ ਕੁਮਾਰ, ਪ੍ਰਕਾਸ਼ ਦੋਸੀ, ਰਾਧੇ ਸ਼ਾਮ, ਰਜਿੰਦਰ ਕੁਮਾਰ, ਕੁਲਵਿੰਦਰ ਸਿੰਘ ਪੀ ਟੀ ਆਈ, ਜਤਿੰਦਰ ਸਿੰਘ, ਪ੍ਰਮੋਦ ਕੁਮਾਰ, ਮੁਨੀਸ਼ ਕੁਮਾਰ, ਮਨਜੀਤ ਸਿੰਘ, ਮੰਗਲ ਸਿੰਘ, ਮੈਡਮ ਕਿਰਨ, ਮੈਡਮ ਸੀਤਲ ਆਦਿ ਅਧਿਆਪਕ ਤੇ ਮੁਲਾਜ਼ਮ ਆਗੂ ਹਾਜ਼ਰ ਸਨ।

■ 16 ਦੀ ਦੇਸ਼-ਵਿਆਪੀ ਹੜਤਾਲ 'ਚ ਸ਼ਾਮਲ ਹੋਣ ਦਾ ਸੱਦਾ



# ਵੱਖ-ਵੱਖ ਥਾਵਾਂ 'ਤੇ ਗਣਤੰਤਰਤਾ ਦਿਵਸ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਨਗਰ ਕੌਂਸਲ ਦਫ਼ਤਰ ਵਿਖੇ 75ਵਾਂ ਗਣਤੰਤਰਤਾ ਦਿਵਸ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ। ਗਣਤੰਤਰ ਦਿਵਸ ਮੌਕੇ ਨਗਰ ਕੌਂਸਲ ਦਫ਼ਤਰ ਦੇ ਵਿਹੜੇ ਵਿੱਚ ਝੰਡਾ ਲਹਿਰਾਉਣ ਦੀ ਰਸਮ ਕਾਰਜ ਸਾਧਕ ਅਫ਼ਸਰ ਗੁਰਪਾਲ ਸਿੰਘ ਨੇ ਅਦਾ ਕੀਤੀ ਤੇ ਪੁਲਸ ਦੀ ਟੁਕੜੀ ਵੱਲੋਂ ਸਲਾਮੀ ਵੀ ਦਿੱਤੀ ਗਈ। ਸਕੂਲੀ ਬੱਚਿਆਂ ਵਲੋਂ ਰਾਸ਼ਟਰੀ ਗਾਇਨ ਵੀ ਕੀਤਾ ਗਿਆ। ਇਸ ਮੌਕੇ 'ਆਪ' ਆਗੂ ਮੋਹਿਤ ਕੁੰਦਰਾ, ਸੁਖਵਿੰਦਰ ਸਿੰਘ ਗਿੱਲ, ਆੜ੍ਹਤੀ ਬਲਵਿੰਦਰ ਸਿੰਘ ਮਾਨ, ਜਗਮੀਤ ਸਿੰਘ ਮੱਕੜ, ਪ੍ਰਵੀਨ ਮੱਕੜ, ਚੇਅਰਮੈਨ ਧਰਮਵੀਰ ਧੰਮੀ, ਨਰਿੰਦਰਪਾਲ ਨਿੰਦੀ, ਅਮਰਜੀਤ ਸਿੰਘ, ਸੁਖਦੇਵ ਸਿੰਘ ਬਿੱਟੂ, ਲੇਖਾਕਾਰ ਸੰਜੀਵ ਗਰੋਵਰ, ਭੁਪਿੰਦਰ ਸਿੰਘ ਆਦਿ ਮੌਜੂਦ ਸਨ।

ਇਸੇ ਤਰ੍ਹਾਂ ਡਾ. ਭੀਮ ਰਾਓ ਅੰਬੇਡਕਰ ਚੌਕ ਵਿਖੇ ਬਲਾਕ ਕਾਂਗਰਸ ਵੱਲੋਂ ਗਣਤੰਤਰਤਾ ਦਿਵਸ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਸ਼ਕਤੀ ਆਨੰਦ ਤੇ ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਨੇ ਡਾ. ਭੀਮ ਰਾਓ ਅੰਬੇਡਕਰ ਜੀ ਦੇ ਬੁੱਤ 'ਤੇ ਫੁੱਲ ਮਾਲਾਵਾਂ ਭੇਟ ਕੀਤੀਆਂ। ਇਸ ਮੌਕੇ ਬਲਵਿੰਦਰ ਰਾਏ ਚੌਧਰੀ, ਪਰਮਜੀਤ ਪੰਮੀ, ਅਮਰਜੀਤ ਸਿੰਘ (ਸਾਰੇ ਸਾਬਕਾ ਕੌਂਸਲਰ), ਸੁਖਦੀਪ ਸਿੰਘ ਸੋਨੀ, ਵਿਜੈ ਰਾਣਾ ਆਦਿ ਮੌਜੂਦ ਸਨ।

ਇਸ ਤੋਂ ਇਲਾਵਾ ਮਾਛੀਵਾੜਾ ਸਾਹਿਬ ਸੋਸ਼ਲ ਵੈੱਲਫੇਅਰ ਸੁਸਾਇਟੀ (ਐਨਜੀਓ) ਤੇ ਭਾਰਤੀਯ ਵਾਲਮੀਕਿ ਧਰਮ ਸਮਾਜ (ਭਾਵਾਧਸ) ਵੱਲੋਂ ਅੰਬੇਡਕਰ ਚੌਕ ਵਿਖੇ ਗਣਤੰਤਰ ਦਿਵਸ ਮਨਾਇਆ ਗਿਆ। ਆਗੂਆਂ ਵੱਲੋਂ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਬੁੱਤ 'ਤੇ ਫੁੱਲ ਮਲਾਵਾਂ ਅਰਪਤ ਕੀਤੇ ਗਏ। ਇਸ ਮੌਕੇ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ, ਨੰਬਰਦਾਰ ਰੌਸ਼ਨ ਹੰਸ, ਲਾਲੀ ਪਾਮੇ, ਮਿੰਕੂ ਹੰਸ, ਜਗਦੀਸ਼ ਚਾਨਣਾ, ਧਰਮਵੀਰ ਪਾਮੇ, ਸੰਜੀਵ ਪਾਮੇ, ਰਵੀ ਸਹੋਤਾ, ਦੀਪਕ ਬੱਗਣ, ਨੀਰਜ ਮੱਟੂ, ਹੈਪੀ ਪਾਮੇ, ਪਰਮਦੀਪਪਾਲ ਸਿੰਘ, ਰਜਤ ਪਾਮੇ, ਦਵਿੰਦਰ ਸਿੰਘ ਆਦਿ ਹਾਜ਼ਰ ਸਨ।

# ਵੋਟਰ ਜਾਗਰੂਕਤਾ ਦਿਵਸ ਮਨਾਇਆ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਦੇਵ ਸਮਾਜ ਕਾਲਜ ਫਾਰ ਵੂਮੈਨ, ਫਿਰੋਜ਼ਪੁਰ ਦੇ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਦੀ ਛਤਰ-ਛਾਇਆ ਅਤੇ ਪ੍ਰਿੰਸੀਪਲ ਡਾ. ਸੰਗੀਤਾ ਦੀ ਅਗਵਾਈ ਵਿੱਚ ਰਾਜਨੀਤੀ ਵਿਗਿਆਨ ਵਿਭਾਗ ਨੇ ਚੋਣ ਸਾਕਸ਼ਰਤਾ ਸੇਲ ਅਤੇ ਸਵੱਛ ਭਾਰਤ ਸੇਲ ਨੇ 25 ਜਨਵਰੀ 2024 ਨੂੰ ਵਿਦਿਆਰਥਣਾਂ ਵਿਚਕਾਰ ਮਤਦਾਨ ਅਧਿਕਾਰਾਂ ਦੇ ਬਾਰੇ ਵੋਟਰ ਜਾਗਰੂਕਤਾ 'ਤੇ ਵਿਸ਼ੇਸ਼ ਲੈਕਚਰ ਦਾ ਆਯੋਜਨ ਕਰਕੇ ਰਾਸ਼ਟਰੀ ਮਤਦਾਤਾ ਦਿਵਸ ਮਨਾਇਆ। ਕਾਲਜ ਦੀ ਚੋਣ ਸਾਕਸ਼ਰਤਾ ਕਲੱਬ ਦੇ ਨੋਡਲ ਅਧਿਕਾਰੀ ਅਤੇ ਰਾਜਨੀਤੀ ਵਿਗਿਆਨ ਵਿਭਾਗ ਦੇ ਪ੍ਰਮੁੱਖ ਡਾ. ਰੁਕਿੰਦਰ ਕੌਰ ਨੇ ਇੱਕ ਪ੍ਰਭਾਵਸ਼ਾਲੀ ਵਿਆਖਿਆਨ ਵਿੱਚ ਉਨ੍ਹਾਂ ਵਿਦਿਆਰਥਣਾਂ ਨੂੰ ਆਪਣੇ ਮਤਦਾਨ ਅਧਿਕਾਰਾ ਦੀ ਉਚਿਤ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।ਯੁਵਾ ਪੀੜ੍ਹੀ ਰਾਸ਼ਟਰ ਦਾ ਭਵਿੱਖ ਹੈ ਤੇ ਉਨ੍ਹਾਂ ਨੂੰ ਅਧਿਕਾਰਾਂ ਦੇ ਸਮੁਚਿਤ ਉਪਯੋਗ ਅਤੇ ਕਰਤਵਾਂ ਦੇ ਪ੍ਰਤੀ ਜ਼ਿੰਮੇਦਾਰ ਹੋਣਾ ਚਾਹੀਦਾ ਹੈ।ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਨੇ ਚੋਣ ਨੇੜੇ ਹੋਣ 'ਤੇ ਇਸ ਕਿਸਮ ਦੀਆਂ ਗਤੀਵਿਧੀਆਂ ਦੇ ਆਯੋਜਨ ਦੀ ਕੋਸ਼ਿਸ਼ ਦੀ ਸ਼ਲਾਘਾ ਕੀਤੀ।ਪ੍ਰਿੰਸੀਪਲ ਡਾ. ਸੰਗੀਤਾ ਨੇ ਵਿਦਿਆਰਥਣਾਂ ਨੂੰ ਸੰਬੋਧਤ ਕਰਦਿਆਂ ਰਾਸ਼ਟਰੀ ਮਤਦਾਤਾ ਦਿਵਸ ਦੇ ਇਤਿਹਾਸ ਤੇ ਚਾਨਣਾ ਪਾਇਆ ਅਤੇ ਕਿਹਾ ਕਿ ਭਾਰਤ ਇੱਕ ਲੋਕਤੰਤਰਿਕ ਦੇਸ਼ ਹੈ ਅਤੇ ਦੇਸ਼ ਦੇ ਲੋਕਾਂ ਨੂੰ ਆਪਣੇ ਨੇਤਾ ਚੁਣਨ ਦਾ ਅਧਿਕਾਰ ਹੈ।ਇੱਕ ਵੋਟ ਦੇਸ਼ ਦੀ ਕਿਸਮਤ ਬਦਲ ਸਕਦੀ ਹੈ।ਵਿਦਿਆਰਥਣਾਂ ਨੇ ਵੋਟ ਪਾਉਣ ਦੇ ਮਹੱਤਵ ਦੇ ਬਾਰੇ ਜਾਣਕਾਰੀ ਪ੍ਰਾਪਤ ਕੀਤੀ।ਵਿਦਿਆਰਥਣਾਂ ਨੇ ਇਸ ਗਤੀਵਿਧੀ ਵਿੱਚ ਵਧ-ਚੜ੍ਹ ਕੇ ਭਾਗ ਲਿਆ । ਵਿਦਿਆਰਥਣਾਂ ਕੋਲ ਬਹੁਤ ਸਾਰੇ ਸਵਾਲ ਸਨ, ਜਿਨ੍ਹਾਂ ਦਾ ਵਕਤਾ ਨੇ ਬਹੁਤ ਵਧੀਆ ਤਰੀਕੇ ਨਾਲ ਜਵਾਬ ਦਿੱਤਾ।ਰਾਸ਼ਟਰੀ ਮਤਦਾਤਾ ਦਿਵਸ ਦਾ ਸਮਾਪਨ ਰਾਸ਼ਟਰ ਗਾਨ ਦੇ ਨਾਲ ਕੀਤਾ ਗਿਆ।



# 16 ਨੂੰ ਡਾਇਰੈਕਟਰ ਦਫ਼ਤਰ ਹੋਵੇਗਾ ਰੋਸ ਮੁਜ਼ਾਹਰਾ : ਮਨਜੀਤ ਕੌਰ, ਮੰਗਵਾਲ, ਆਲਮਵਾਲਾ



**ਮਲੋਟ (ਗੁਰਮੀਤ ਸਿੰਘ ਮੱਕੜ)**

ਡਾਇਰੈਕਟਰ ਸਿਹਤ ਸੇਵਾਵਾਂ ਪਰਿਵਾਰ ਭਲਾਈ ਦੇ ਦਫ਼ਤਰ ਵਿਖੇ ਸਿਹਤ ਵਿਭਾਗ ਦੇ ਮਲਟੀਪਰਪਜ਼ ਹੈਲਥ ਵਰਕਰ ਫੀਮੇਲ ਕੇਡਰ ਦੀਆਂ ਪਦਉੱਨਤੀਆਂ ਦਾ ਕੇਸ ਲੰਮੇ ਸਮੇਂ ਤੋਂ ਲਟਕ ਰਿਹਾ ਹੈ, ਇਸੇ ਕਾਰਨ ਇਨ੍ਹਾਂ ਮੁਲਾਜ਼ਮਾਂ ਵਿੱਚ ਵਿਆਪਕ ਰੋਸ ਪੈਦਾ ਹੋ ਗਿਆ ਹੈ।

ਇਨ੍ਹਾਂ ਮੁਲਾਜ਼ਮਾਂ ਦੀ ਜਥੇਬੰਦੀ ਮਲਟੀਪਰਪਜ਼ ਹੈਲਥ ਇੰਪਲਾਈਜ਼ ਮੇਲ ਫੀਮੇਲ ਯੂਨੀਅਨ ਪੰਜਾਬ ਦੇ ਕਨਵੀਨਰ ਮਨਜੀਤ ਕੌਰ ਫ਼ਰੀਦਕੋਟ, ਗੁਰਪ੍ਰੀਤ ਸਿੰਘ ਮੰਗਵਾਲ, ਗੁਰਦੇਵ ਸਿੰਘ ਢਿੱਲੋਂ, ਲਖਵਿੰਦਰ ਕੌਰ ਜੌਹਲ, ਸੀਨੀਅਰ ਮੀਤ ਪ੍ਰਧਾਨ ਪ੍ਰਭਜੀਤ ਸਿੰਘ ਵੇਰਕਾ, ਸੁਖਜੀਤ ਸਿੰਘ ਆਲਮਵਾਲਾ, ਨਰਿੰਦਰ ਸ਼ਰਮਾ, ਮਨਜੀਤ ਕੌਰ ਗੁਰਦਾਸਪੁਰ ਤੇ ਹੋਰ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਪੰਜਾਬ ਦੇ ਵੀ ਨਿਰਦੇਸ਼ ਹਨ ਕਿ ਪਦਉੱਨਤੀਆਂ ਸਮਾਂਬੱਧ ਹੋਣ 'ਤੇ ਦਫਤਰ ਵੱਲੋਂ ਬੇਲੋੜੇ ਇਤਰਾਜ਼ ਲਗਾ ਕੇ ਸਮਾਂ ਲੰਘਾਇਆ ਜਾ ਰਿਹਾ ਹੈ। ਇਸੇ ਰੋਸ ਕਾਰਨ ਜਥੇਬੰਦੀ ਨੇ ਫ਼ੈਸਲਾ ਕੀਤਾ ਕਿ ਜੇਕਰ ਫਰਵਰੀ ਦੇ ਪਹਿਲੇ ਹਫ਼ਤੇ ਤੱਕ ਪਦਉੱਨਤੀਆਂ ਦਾ ਮਸਲਾ ਹੱਲ ਨਾ ਕੀਤਾ ਤਾਂ 16 ਫਰਵਰੀ ਨੂੰ ਸੂਬਾਈ ਨੁਮਾਇੰਦਾ ਰੋਸ ਮੁਜ਼ਾਹਰਾ ਡਾਇਰੈਕਟਰ ਦਫਤਰ 34 ਏ ਚੰਡੀਗੜ੍ਹ ਵਿਖੇ ਦਿੱਤਾ ਜਾਵੇਗਾ। ਇਸ ਰੋਸ ਮੁਜ਼ਾਹਰੇ ਸਬੰਧੀ ਉੱਚ ਅਧਿਕਾਰੀਆਂ ਨੂੰ ਈਮੇਲ ਤੇ 29 ਜਨਵਰੀ ਨੂੰ ਮਿਲ ਕੇ ਦੱਸ ਦਿੱਤਾ ਜਾਵੇਗਾ। ਆਗੂਆਂ ਨੇ ਅੱਗੇ ਕਿਹਾ ਕਿ ਹਰ ਮਹੀਨੇ ਬਿਨ੍ਹਾਂ ਪਦਉੱਨਤੀ ਇਹ ਮੁਲਾਜ਼ਮ ਸੇਵਾਮੁਕਤ ਹੋ ਰਹੇ ਹਨ। ਇਸੇ ਤਰ੍ਹਾਂ ਮੁਲਾਜ਼ਮਾਂ ਦੀਆਂ ਹੋਰ ਮੰਗਾਂ ਦਾ ਵੀ ਹੱਲ ਨਹੀ ਹੋ ਰਿਹਾ, ਇਸੇ ਕਾਰਨ ਸੰਘਰਸ਼ ਕਰਨ ਲਈ ਵਿਭਾਗ ਦੇ ਮੁਲਾਜ਼ਮ ਕਮਰਕੱਸੇ ਕੱਸ ਰਹੇ ਹਨ। ਇਸ ਮੌਕੇ ਆਗੂ ਭਗਵਾਨਦਾਸ ਮੁਕਤਸਰ, ਰਣਦੀਪ ਸਿੰਘ ਫ਼ਤਿਹਗੜ੍ਹ, ਜਗਸੀਰ ਸਿੰਘ ਮੁਕਤਸਰ, ਜਗਤਾਰ ਪਟਿਆਲਾ, ਬਲਜਿੰਦਰ ਬਰਨਾਲਾ, ਪਰਮਜੀਤ ਕੌਰ ਬਟਾਲਾ, ਗਗਨਦੀਪ ਸਿੰਘ ਖਾਲਸਾ ਅਵਤਾਰ ਗੰਢੂਆ, ਗੁਰਵਿੰਦਰ ਸਿੰਘ ਬਰ, ਦਲਜੀਤ ਸਿੰਘ ਢਿੱਲੋਂ, ਜਸਵਿੰਦਰ ਸਿੰਘ ਪੰਧੇਰ, ਸੁਖਜਿੰਦਰ ਫ਼ਾਜ਼ਿਲਕਾ, ਚੰਦ ਸਿੰਘ ਬਠਿੰਡਾ, ਜਸਵਿੰਦਰ ਸਿੰਘ ਤੇ ਸੰਜੀਵ ਜਲੰਧਰ ਸਮੇਤ ਹੋਰ ਆਗੂ ਹਾਜ਼ਰ ਸਨ।

# ਦੋਰਾਹਾ ਮੰਡਲ 'ਚ ਚੋਣਾਂ ਸੰਬੰਧੀ ਮੀਟਿੰਗ



**ਦੋਰਾਹਾ (ਹਰਮਿੰਦਰ ਸੇਠ)**-ਬੀਜੇਪੀ ਦੀ ਸ੍ਰੀ ਫ਼ਤਿਹਗੜ੍ਹ ਸਾਹਿਬ ਦੇ ਲੋਕ ਸਭਾ ਹਲਕੇ ਦੀ 2024 ਦੇ ਇਲੈਕਸ਼ਨਾਂ ਦੇ ਸਬੰਧ ਵਿੱਚ ਇਕ ਦੋਰਾਹਾ ਮੰਡਲ 'ਚ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪੰਜਾਬ ਦੇ ਸੀਨੀਅਰ ਲੀਡਰ ਮੰਥਰੀ ਸ੍ਰੀ ਨਿਬਾਸਲੂ ਜੀ, ਅਵਿਨਾਸ਼ ਰਾਏ ਖੰਨਾ, ਪਰਮਿੰਦਰ ਬਰਾੜ ਜਨਰਲ ਸਕੱਤਰ ਬੀਜੇਪੀ ਪੰਜਾਬ, ਬਿਕਰਮਜੀਤ ਸਿੰਘ ਚੀਮਾ ਜੀ ਉਪ ਪ੍ਰਧਾਨ ਬੀਜੇਪੀ ਪੰਜਾਬ, ਪ੍ਰਦੀਪ ਗਰਗ, ਦੀਦਾਰ ਭੱਟੀ, ਰਾਕੇਸ਼ ਗੁਪਤਾ, ਪ੍ਰਿੰਸੀਪਲ ਜਤਿੰਦਰ ਸ਼ਰਮਾ ਵਿਸ਼ੇਸ਼ ਤੌਰ 'ਤੇ ਪਹੁੰਚੇ।

ਮੀਟਿੰਗ ਵਿੱਚ ਸੀਨੀਅਰ ਲੀਡਰਸ਼ਿਪ ਵੱਲੋਂ ਆਉਣ ਵਾਲੇ ਲੋਕ ਸਭਾ ਇਲੈਕਸ਼ਨਾਂ ਦੇ ਸਬੰਧ ਵਿੱਚ ਵੱਖ ਵੱਖ ਮੰਡਲਾਂ ਵਿੱਚ ਬੂਥ ਪੱਧਰ 'ਤੇ ਡਿਊਟੀਆਂ ਲਾਈਆਂ ਗਈਆਂ ਤੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀਆਂ ਸਕੀਮਾਂ ਨੂੰ ਘਰ-ਘਰ ਪੁਚਾਉਣ ਲਈ ਕਿਹਾ।

# ਸੰਵਿਧਾਨ ਦੀ ਕਾਪੀ ਹਰ ਭਾਰਤ ਵਾਸੀ ਦੇ ਘਰ 'ਚ ਹੋਣੀ ਚਾਹੀਦੀ : ਡਾ. ਬਲੱਗਣ

**ਸਮਰਾਲਾ (ਸੁਰਜੀਤ ਸਿੰਘ)**-ਸਮਾਜਵਾਦੀ ਪਾਰਟੀ ਦੇ ਪੰਜਾਬ ਪ੍ਰਧਾਨ ਡਾ. ਸੋਹਨ ਲਾਲ ਬਲੱਗਣ ਨੇ ਗਣਤੰਤਰ ਦਿਵਸ ਮੌਕੇ ਦੇਸ਼ਵਾਸੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਹਰ ਭਾਰਤ ਵਾਸੀ ਨੂੰ ਸੰਵਿਧਾਨ ਵਿਚ ਦਰਜ ਉਨ੍ਹਾਂ ਦੇ ਅਧਿਕਾਰਾਂ ਦੀ ਜਾਣਕਾਰੀ ਹੋਣੀ ਚਾਹੀਦੀ ਹੈ।ਹਰ ਭਾਰਤਵਾਸੀ ਨੂੰ ਪਤਾ ਹੋਵੇ ਕਿ ਉਸ ਦੇ ਅਧਿਕਾਰ ਕੀ ਹਨ ਤੇ ਉਸ ਦੀਆਂ ਡਿਊਟੀਆਂ ਕੀ ਹਨ।ਉਨ੍ਹਾ ਕਿਹਾ ਦੇਸ਼ ਦੇ ਹਰ ਨਾਗਰਿਕ ਨੂੰ ਧਰਮ ਗ੍ਰੰਥ ਵਾਂਗ ਸੰਵਿਧਾਨ ਦੀ ਕਾਪੀ ਆਪਣੇ ਘਰ ਵਿੱਚ ਰੱਖਣੀ ਚਾਹੀਦੀ ਹੈ, ਕਾਨੂੰਨ ਦਾ ਅਧਿਐਨ ਕਰਨਾ ਚਾਹੀਦਾ ਹੈ।ਉਨ੍ਹਾ ਕਿਹਾ ਕਿ ਦੇਸ਼ ਸੰਵਿਧਾਨ ਮੁਤਾਬਿਕ ਚਲਦਾ ਹੈ ਨਾ ਕਿ ਧਾਰਮਿਕ ਨਿਰਦੇਸ਼ਾਂ ਅਨੁਸਾਰ। ਲੋਕਤੰਤਰ ਵਿੱਚ ਸੰਵਿਧਾਨ ਸਰਵ ਉੱਚ ਹੈ।ਉਨ੍ਹਾ ਕਿਹਾ ਕਿ ਪੁਲਸ, ਥਾਣੇ ਤੇ ਅਦਾਲਤਾਂ ਵਿੱਚ ਜੋ ਵੀ ਲੋਕਾਂ ਦੇ ਝਗੜੇ ਹੁੰਦੇ ਹਨ, ਉਹ ਸੰਵਿਧਾਨ ਵਿੱਚ ਦਰਜ ਕਾਨੂੰਨਾਂ ਮੁਤਾਬਕ ਹੀ ਨਜਿੱਠੇ ਜਾਂਦੇ ਹਨ। ਇੱਥੇ ਤੱਕ ਕੇ ਰਾਮ ਮੰਦਰ ਦਾ ਝਗੜਾ ਵੀ ਸੰਵਿਧਾਨ ਵਿੱਚ ਦਰਜ ਦੇਸ਼ ਦੇ ਕਾਨੂੰਨ ਮੁਤਾਬਕ ਹੀ ਨੇਪਰੇ ਚੜ੍ਹਿਆ ਹੈ। ਉਨ੍ਹਾ ਕਿਹਾ ਕਿ ਕੋਈ ਸਮਾਂ ਸੀ ਜਦੋਂ ਰਾਜਾ ਦੇ ਢਿੱਡ ਵਿਚੋਂ ਰਾਜੇ ਹੀ ਪੈਦਾ ਹੁੰਦੇ ਸਨ। ਉਨ੍ਹਾਂ ਸਮਿਆਂ ਵਿੱਚ ਦੱਬੇ-ਕੁਚਲੇ ਤੇ ਪਿੱਛੜੇ ਵਰਗ ਦੇ ਲੋਕਾਂ ਨੂੰ ਆਪਣੀ ਮਰਜ਼ੀ ਨਾਲ ਜੀਵਨ ਜਿਉਣ ਦੇ ਅਧਿਕਾਰ ਨਹੀਂ ਸਨ।ਸਰਮਾਏਦਾਰੀ ਨਿਜ਼ਾਮ ਗਰੀਬ ਲੋਕਾਂ ਨੂੰ ਗੁਲਾਮਾਂ ਵਾਂਗ ਰੱਖਦੇ ਸਨ ਤੇ ਉਨ੍ਹਾਂ ਦੀ ਖਰੀਦੋ-ਫਰੋਖਤ ਕਰਦੇ ਸਨ।ਇਸ ਦਾਸ ਪ੍ਰਥਾ ਦਾ ਭੋਗ ਪਾਉਣ ਲਈ ਤੇ ਸਮਾਜ ਵਿੱਚ ਮਨੁੱਖ ਨੂੰ ਮਨੁੱਖ ਬਣ ਕੇ ਵਿਚਰਨ ਲਈ ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਅਬਰਾਹਮ ਲਿੰਕਨ ਨੇ ਲੋਕਤੰਤਰ ਦੀ ਨੀਂਹ ਰੱਖੀ, ਜਿਸ ਨੂੰ ਕੁਲ ਦੁਨੀਆ ਵਿੱਚ ਮਾਨਤਾ ਮਿਲੀ ਤੇ ਦੁਨੀਆ ਵਿਚ ਲੋਕਤੰਤਰ ਦਾ ਸੂਤਰਪਾਤ ਹੋਇਆ।ਉਨ੍ਹਾ ਕਿਹਾ ਕਿ ਭਾਰਤ ਦੇ ਲੋਕਤੰਤਰ ਵਿੱਚ ਸੰਵਿਧਾਨ ਦਾ ਰਾਜ ਹੈ ਨਾ ਕਿ ਕਿਸੇ ਧਰਮ ਦਾ। ਉਨ੍ਹਾ ਕਿਹਾ ਕਿ ਦੇਸ਼ ਦਾ ਕੋਈ ਰਾਜ ਧਰਮ ਨਹੀਂ ਹੈ, ਬਲਕਿ ਸੰਵਿਧਾਨ ਵਿੱਚ ਦਰਜ ਹੈ ਕਿ ਦੇਸ਼ ਸਭ ਧਰਮਾਂ ਦਾ ਬਰਾਬਰ ਸਤਿਕਾਰ ਕਰੇਗਾ।ਉਨ੍ਹਾ ਭਾਰਤੀ ਜਨਤਾ ਪਾਰਟੀ ਦੀ ਰਾਜਨੀਤੀ ਤੇ ਕਟਾਖਸ਼ ਕਰਦਿਆਂ ਕਿਹਾ ਕਿ ਉਹ ਸੰਵਿਧਾਨ ਨੂੰ ਲਾਂਭੇ ਰੱਖ ਕੇ ਦੇਸ਼ ਵਿੱਚ ਇੱਕ ਧਰਮ ਦੀ ਰਾਜਨੀਤੀ ਕਰਨਾ ਚਾਹੁੰਦੀ ਹੈ।ਉਨ੍ਹਾ ਭਾਰਤ ਦੇ ਦੱਬੇ ਕੁਚਲੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਹੱਕਾਂ ਦੀ ਰਾਖੀ ਲਈ ਦੇਸ਼ ਦੇ ਕਾਨੂੰਨ ਤੇ ਸੰਵਿਧਾਨ ਦੀ ਜਾਣਕਾਰੀ ਨੂੰ ਪਹਿਲ ਦੇਣ ਅਤੇ ਜਿਸ ਸੰਵਿਧਾਨ ਨੇ ਉਨ੍ਹਾਂ ਨੂੰ ਬਰਾਬਰੀ ਦਾ ਹੱਕ ਦਿੱਤਾ ਹੈ, ਉਸ ਦੀ ਪੂਜਾ ਕਰਨ ਤੇ ਉਸ ਦਾ ਅਧਿਐਨ ਕਰਨ।



# ਅੱਜ ਪੰਜਾਬੀਆਂ 'ਚ ਟੱਪਰੀਵਾਸ ਰੁਚੀ ਭਾਰੂ ਹੋ ਚੁੱਕੀ ਹੈ : ਡਾ. ਸਵਰਾਜ ਸਿੰਘ



**ਸੰਗਰੂਰ (ਪ੍ਰਵੀਨ ਸਿੰਘ)**-ਵਰਲਡ ਪੰਜਾਬੀ ਸੈਂਟਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੇ ਗੁਰਮਤਿ ਲੋਕ ਧਾਰਾ ਵਿਚਾਰ ਮੰਚ ਪਟਿਆਲਾ ਵੱਲੋਂ ਪਰਵਾਸ ਤੇ ਪੰਜਾਬੀ ਮਾਨਸਿਕਤਾ ਬਾਰੇ ਸੰਵਾਦ ਰਚਾਇਆ ਗਿਆ। ਇਸ ਮੌਕੇ ਬੋਲਦੇ ਹੋਏ ਮੁੱਖ ਵਕਤਾ ਡਾ. ਸਵਰਾਜ ਸਿੰਘ ਵਿਸ਼ਵ ਚਿੰਤਕ ਨੇ ਕਿਹਾ ਕਿ ਸੰਵਾਦ ਦਾ ਸੰਕਲਪ ਤੇ ਸ਼੍ਰੀ ਗੁਰੂ ਨਾਨਕ ਦੇਵ ਜੀ ਨੇ ਉਜਾਗਰ ਕੀਤਾ, ਜਿੱਥੇ ਵਿਵਾਦ ਦਾ ਮੰਤਵ ਜਿੱਤ ਹਾਰ ਸਥਾਪਤ ਕਰਨਾ ਹੁੰਦਾ ਹੈ।ਪਰਵਾਸ ਅੱਜ ਪੰਜਾਬੀਆਂ ਦੀ ਸੱਭ ਤੋਂ ਵੱਡੀ ਸਮੱਸਿਆ ਤੇ ਚੁਣੌਤੀ ਬਣ ਗਿਆ ਹੈ।ਪਰਵਾਸ ਪੰਜਾਬੀਆਂ ਦੀ ਮਾਨਸਿਕਤਾ ਦਾ ਹਿੱਸਾ ਬਣ ਗਿਆ ਹੈ।ਅੱਜ ਪੰਜਾਬੀਆਂ ਵਿੱਚ ਟੱਪਰੀਵਾਸ (ਨੋਮੈਟਿਕ) ਰੁਚੀ ਭਾਰੂ ਹੋ ਚੁੱਕੀ ਹੈ।ਪੰਜਾਬੀ ਅੱਜ ਪਰਵਾਸ ਨੂੰ ਆਪਣੇ ਚੰਗੇ ਭਵਿੱਖ ਤੇ ਖੁਸ਼ਹਾਲੀ ਨਾਲ ਜੋੜ ਕੇ ਦੇਖਦੇ ਹਨ, ਪਰਵਾਸ ਅੱਜ ਪੰਜਾਬੀ ਸਮਾਜ ਵਿੱਚ ਤੁਹਾਡਾ ਸਮਾਜਿਕ ਸਥਾਨ ਵੀ ਨਿਰਧਾਰਤ ਕਰਦਾ ਹੈ। ਚੰਗੀਆਂ ਨੌਕਰੀਆਂ, ਪੁਜ਼ੀਸ਼ਨਾਂ ਤੇ ਜ਼ਮੀਨਾਂ, ਜਾਇਦਾਦਾਂ ਛੱਡ ਕੇ ਵੀ ਪੰਜਾਬੀ ਪਰਵਾਸ ਕਰ ਰਹੇ ਹਨ।ਅਸੀਂ ਵਲੈਤੀ ਜਾਂ ਇੰਪੋਰਟਡ ਚੀਜ਼ ਨੂੰ ਦੇਸੀ ਨਾਲੋਂ ਵਧੀਆ ਸਮਝਦੇ ਹਾਂ, ਭਾਵੇਂ ਕਿ ਕਈ ਵਾਰੀ ਪੰਜਾਬੀਆਂ ਦਾ ਆਪਣਾ ਨਜ਼ਰੀਆਂ ਹੀ ਇਸ ਧਾਰਨਾ ਦੇ ਉਲਟ ਹੁੰਦਾ ਹੈ, ਜਿਵੇਂ ਦੇਸੀ ਘਿਓ, ਦੇਸੀ ਆਂਡਾ, ਦੇਸੀ ਮੁਰਗਾ, ਦੇਸੀ ਕਣਕ ਆਦਿ ਦਾ ਸਵਾਦ ਪੰਜਾਬੀਆਂ ਨੂੰ ਵਲੈਤੀ ਨਾਲੋਂ ਚੰਗਾ ਲਗਦਾ ਰਿਹਾ ਹੈ।ਸਭ ਤੋਂ ਵਧੀਆਂ ਦੇਸੀ ਚੀਜ਼ ਪੰਜਾਬ ਦਾ ਜਲਵਾਯੂ ਹੈ, ਜੋ ਕਿ ਕੈਨੇਡਾ ਜਿੱਥੇ ਸਭ ਤੋਂ ਵੱਧ ਪੰਜਾਬੀ ਪਰਵਾਸ ਕਰ ਰਹੇ ਹਨ, ਨਾਲੋਂ ਕਈ ਗੁਣਾ ਵਧੀਆ ਹੈ। ਡਾ. ਭੀਮਇੰਦਰ ਸਿੰਘ ਡਾਇਰੈਕਟਰ ਨੇ ਵਰਲਡ ਪੰਜਾਬੀ ਸੈਂਟਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਕਿਹਾ ਕਿ ਇਹ ਸੈਂਟਰ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੀ ਬਿਹਤਰੀ ਲਈ ਹਰ ਸੰਭਵ ਕੋਸ਼ਿਸ਼ ਕਰੇਗਾ ਤੇ ਪੰਜਾਬੀ ਪਿਆਰੇ ਇਸ ਵਿੱਚ ਆਪਣੀ ਭੂਮਿਕਾ ਅਦਾ ਕਰਨਗੇ।ਡਾ. ਭਗਵੰਤ ਸਿੰਘ ਜਨਰਲ ਸਕੱਤਰ ਗੁਰਮਤਿ ਲੋਕਧਾਰਾ ਵਿਚਾਰ ਮੰਚ ਨੇ ਕਿਹਾ ਕਿ ਡਾ. ਸਵਰਾਜ ਸਿੰਘ ਦੀਆਂ ਧਾਰਨਾਵਾਂ ਅੱਜ ਸਹੀ ਸਾਬਿਤ ਹੋ ਰਹੀਆਂ ਹਨ।

ਡਾ. ਸੁਰਜੀਤ ਸਿੰਘ ਭੱਟੀ ਨੇ ਕਿਹਾ ਕਿ ਪਰਵਾਸ ਨੇ ਸਾਡੇ ਵਿੱਦਿਅਕ ਢਾਂਚੇ ਨੂੰ ਹਿਲਾ ਕੇ ਰੱਖ ਦਿੱਤਾ ਹੈ।ਸੰਵਾਦ ਦੇ ਆਰੰਭ ਵਿੱਚ ਡਾ. ਚਰਨਜੀਤ ਸਿੰਘ ਉਡਾਰੀ ਦੇ ਵਿਛੋੜੇ 'ਤੇ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਅਰਪਿਤ ਕੀਤੀ ਤੇ ਪ੍ਰਸਿੱਧ ਵਿਦਵਾਨ ਪ੍ਰੋ. ਮੇਵਾ ਸਿੰਘ ਤੁੰਗ ਦੀ ਸਿਹਤਯਾਬੀ ਲਈ ਕਾਮਨਾ ਵੀ ਕੀਤੀ ਗਈ।

# ਸਮਾਜ ਸੇਵੀ ਰਾਜ ਕੁਮਾਰ ਬਾਂਸਲ ਤੇ ਕਿਸ਼ੋਰੀ ਲਾਲ ਸਨਮਾਨਤ



**ਸੰਗਰੂਰ (ਪ੍ਰਵੀਨ ਸਿੰਘ)**-ਲੋਕ ਭਲਾਈ, ਸਮਾਜ ਸੇਵਾ ਦੇ ਕੰਮਾਂ ਅਤੇ ਬਜ਼ੁਰਗਾਂ, ਪੈਨਸ਼ਨਰਾਂ ਦੇ ਸਤਿਕਾਰ ਨੂੰ ਸਮਰਪਤ ਸੰਗਰੂਰ ਸੋਸ਼ਲ ਵੈਲਫੇਅਰ ਐਸੋਸੀਏਸ਼ਨ ਦੇ ਸੀਨੀਅਰ ਅਹੁਦੇਦਾਰ ਸ੍ਰੀ ਰਾਜ ਕੁਮਾਰ ਬਾਂਸਲ ਤੇ ਸ੍ਰੀ ਕਿਸ਼ੋਰੀ ਲਾਲ ਨੂੰ ਉਨ੍ਹਾਂ ਵੱਲੋਂ ਕੀਤੀਆਂ ਜਾਂਦੀਆਂ ਸਮਾਜ ਸੇਵੀ ਸੇਵਾਵਾਂ ਲਈ ਲਾਲਜੀਤ ਸਿੰਘ ਭੁੱਲਰ ਟਰਾਂਸਪੋਰਟ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ, ਮਾਨਯੋਗ ਜਤਿੰਦਰ ਜੋਰਵਾਲ ਆਈ ਏ ਐਸ ਡਿਪਟੀ ਕਮਿਸ਼ਨਰ ਤੇ ਸਰਤਾਜ ਸਿੰਘ ਚਹਿਲ ਐਸ.ਐਸ. ਪੀ. ਸੰਗਰੂਰ ਵੱਲੋਂ 75ਵੇਂ ਗਣਤੰਤਰ ਦਿਵਸ ਮੌਕੇ 'ਤੇ ਸਨਮਾਨ ਕੀਤਾ ਗਿਆ। ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਰਾਜ ਕੁਮਾਰ ਅਰੋੜਾ, ਚੇਅਰਮੈਨ ਰਵਿੰਦਰ ਸਿੰਘ ਗੁੱਡੂ, ਵਾਇਸ ਚੇਅਰਮੈਨ ਲਾਲ ਚੰਦ ਸੈਣੀ, ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਖ਼ਾਲਸਾ, ਕਰਨੈਲ ਸਿੰਘ ਸੇਖੋਂ, ਡਾ. ਮਨਮੋਹਨ ਸਿੰਘ, ਜਨਰਲ ਸਕੱਤਰ ਕੰਵਲਜੀਤ ਸਿੰਘ ਵਿੱਚ ਸਕੱਤਰ ਸੁਰਿੰਦਰ ਸਿੰਘ ਸੋਢੀ, ਨੈਸ਼ਨਲ ਐਵਾਰਡੀ ਮਾਸਟਰ ਸਤਦੇਵ ਸ਼ਰਮਾ, ਜਵਾਹਰ ਸ਼ਰਮਾ, ਸਕੱਤਰ ਜਨਰਲ ਤਿਲਕ ਰਾਜ ਸਤੀਜਾ ਨੇ ਕਿਹਾ ਕਿ ਸਮਾਜ ਸੇਵਾ ਇੱਕ ਉੱਤਮ ਸੇਵਾ ਹੈ। ਸਾਨੂੰ ਬਜ਼ੁਰਗਾਂ ਦੀ ਭਲਾਈ ਤੇ ਲੋਕ ਭਲਾਈ ਦੇ ਕੰਮ ਕਰਦੇ ਰਹਿਣਾ ਚਾਹੀਦਾ ਹੈ। ਐਸੋਸੀਏਸ਼ਨ ਵੱਲੋਂ ਸਮੇਂ-ਸਮੇਂ 'ਤੇ ਧਾਰਮਿਕ ਤੇ ਸਮਾਜਿਕ ਸਮਾਗਮ ਕਰਵਾ ਕੇ ਅਮਨ ਸ਼ਾਂਤੀ, ਆਪਸੀ ਭਾਈਚਾਰਕ ਸਾਂਝ ਤੇ ਪਿਆਰ ਸਤਿਕਾਰ ਦਾ ਸੱਦਾ ਦਿੱਤਾ ਜਾਂਦਾ ਹੈ। ਉਨ੍ਹਾਂ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦਾ ਸ੍ਰੀ ਰਾਜ ਕੁਮਾਰ ਬਾਂਸਲ ਤੇ ਕਿਸ਼ੋਰੀ ਲਾਲ ਨੂੰ ਸਨਮਾਨਤ ਕਰਨ 'ਤੇ ਧੰਨਵਾਦ ਕੀਤਾ।

# ਡਾਕਟਰ ਅਲਕੇਸ਼ ਅਰੋੜਾ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਮਾਨਵਤਾ ਦੀ ਸੇਵਾ ਨੂੰ ਸਮਰਪਤ ਡਾਕਟਰ ਅਲਕੇਸ਼ ਅਰੋੜਾ ਦੀ ਪਿਛਲੇ ਦਿਨੀਂ ਹੋਈ ਮੌਤ ਕਾਰਨ ਸਮਾਣਾ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਅੱਜ ਉਨ੍ਹਾ ਦਾ ਸ਼ਰਧਾਂਜਲੀ ਸਮਾਰੋਹ ਅਗਰਵਾਲ ਗਊਸ਼ਾਲਾ ਸਮਾਣਾ ਵਿਖੇ ਹੋਇਆ, ਜਿਸ ਵਿੱਚ ਵੱਖ ਵੱਖ ਰਾਜਨੀਤਕ, ਸਮਾਜਿਕ ਤੇ ਧਾਰਮਿਕ ਆਗੂਆਂ ਵੱਲੋਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।

ਸਾਬਕਾ ਨਗਰ ਕੌਂਸਲ ਪ੍ਰਧਾਨ ਸਮਾਣਾ ਸ੍ਰੀ ਯਸਪਾਲ ਸਿੰਗਲਾ ਨੇ ਕਿਹਾ ਕਿ ਉਨ੍ਹਾ ਨੇ ਸਿਵਲ ਹਸਪਤਾਲ ਸਮਾਣਾ ਵਿਖੇ ਕਰੀਬ 35, 36 ਸਾਲ ਮਨੁੱਖਤਾ ਦੀ ਸੇਵਾ ਕੀਤੀ।ਡਾਕਟਰ ਅਲਕੇਸ਼ ਅਰੋੜਾ ਤੇ ਉਨ੍ਹਾਂ ਦੇ ਪਤੀ ਡਾਕਟਰ ਸਤੀਸ਼ ਅਰੋੜਾ ਦੀ ਜੋੜੀ ਨੂੰ ਸ਼ਹਿਰ ਵਾਸੀ ਬਹੁਤ ਪਿਆਰ ਸਤਿਕਾਰ ਦਿੰਦੇ ਹਨ, ਕਿਉਂਕਿ ਉਹ ਬਿਨਾਂ ਕਿਸੇ ਲਾਲਚ ਦੇ ਮਰੀਜ਼ਾਂ ਦਾ ਇਲਾਜ ਕਰਨਾ ਆਪਣਾ ਡਾਕਟਰੀ ਧਰਮ ਸਮਝਦੇ ਹਨ ਸਮਾਣਾ ਇਲਾਕੇ ਤੇ ਜ਼ਿਆਦਾਤਰ ਲੋਕ ਉਨ੍ਹਾਂ ਵੱਲੋਂ ਹੁਣ ਚਲਾਏ ਚਾਰ ਰਹੇ ਪ੍ਰਾਈਵੇਟ ਅਰੋੜਾ ਨਰਸਿੰਗ ਹੋਮ ਵਿੱਚ ਇਲਾਜ ਕਰਵਾਉਂਦੇ ਹਨ, ਕਿਉਂਕਿ ਉਹ ਬਹੁਤ ਘੱਟ ਪੈਸਿਆਂ ਵਿੱਚ ਮਰੀਜ਼ਾਂ ਦਾ ਇਲਾਜ ਕਰਨਾ ਆਪਣਾ ਧਰਮ ਸਮਝਦੇ ਹਨ।ਉਨ੍ਹਾਂ ਕਿਹਾ ਕਿ ਪ੍ਰਮਾਤਮਾ ਡਾਕਟਰ ਅਲਕੇਸ਼ ਅਰੋੜਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਤੇ ਡਾਕਟਰ ਸਤੀਸ਼ ਅਰੋੜਾ ਨੂੰ ਲੰਮੀ ਉਮਰ ਅਤੇ ਚੰਗੀ ਸਿਹਤ ਬਖਸ਼ਣ ਤਾਂ ਜੋ ਉਹ ਆਪਣੇ ਸਪੁੱਤਰ ਡਾਕਟਰ ਸਾਹਿਲ ਅਰੋੜਾ ਤੇ ਨੂੰਹ ਡਾਕਟਰ ਅਨਾਮਿਕਾ ਨਾਲ ਮਿਲ ਕਿ ਮਨੁੱਖਤਾ ਦੀ ਸੇਵਾ ਨਿਰੰਤਰ ਕਰਦੇ ਰਹਿਣ।ਇਸ ਮੌਕੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਦੇ ਭਰਾ ਹਰਜਿੰਦਰ ਸਿੰਘ ਮਿੰਟੂ, ਪੀ ਏ ਗੁਰਦੇਵ ਸਿੰਘ ਟਿਵਾਣਾ, ਅਗਰਵਾਲ ਧਰਮਸ਼ਾਲਾ ਤੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾਕਟਰ ਮਦਨ ਮਿੱਤਲ, ਆਮ ਆਦਮੀ ਪਾਰਟੀ ਐੱਸ ਸੀ ਵਿੰਗ ਦੇ ਪ੍ਰਧਾਨ ਡਾਕਟਰ ਸੁਰਜੀਤ ਸਿੰਘ ਦਹੀਆ, ਆਮ ਆਦਮੀ ਯੂਥ ਵਿੰਗ ਸਮਾਣਾ ਦੇ ਪ੍ਰਧਾਨ ਪਾਰਸ ਸ਼ਰਮਾ, ਸਾਬਕਾ ਵਿਧਾਇਕ ਜਗਤਾਰ ਸਿੰਘ ਰਾਜਲਾ, ਸਾਬਕਾ ਨਗਰ ਕੌਂਸਲ ਪ੍ਰਧਾਨ ਕਪੂਰ ਚੰਦ ਬਾਂਸਲ, ਬਾਰ ਐਸੋਸੀਏਸ਼ਨ ਸਮਾਣਾ ਦੇ ਪ੍ਰਧਾਨ ਐਡਵੋਕੇਟ ਕਰਮਜੀਤ ਸਿੰਘ ਰੰਧਾਵਾ, ਐਡਵੋਕੇਟ ਕਸ਼ਮੀਰ ਸਿੰਘ ਵਿਰਕ, ਪੱਤਰਕਾਰ ਕੈਲਾਸ਼ ਸ਼ਰਮਾ, ਪੱਤਰਕਾਰ ਚਮਕੌਰ ਸਿੰਘ ਮੋਤੀ ਫਾਰਮ, ਪੱਤਰਕਾਰ ਪ੍ਰੀਤਮ ਸਿੰਘ ਨਾਗੀ, ਪੱਤਰਕਾਰ ਇਕਬਾਲ ਸਿੰਘ ਬੱਲ, ਸਾਬਕਾ ਕੌਂਸਲਰ ਸੁਦਰਸ਼ਨ ਮਿੱਤਲ, ਸੀਤਾ ਰਾਮ ਗੁਪਤਾ, ਐਡਵੋਕੇਟ ਨਵਦੀਪ ਸਿੰਘ ਢਿੱਲੋਂ ਨੇ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ।

29-JAN-PAGE-11-Majha-24.qxd 1/28/2024 10:32 PM Page 1



# ਬੜੇ ਉਤਸ਼ਾਹ ਨਾਲ ਮਨਾਇਆ ਵੱਖ-ਵੱਖ ਥਾਈਂ 75ਵਾਂ ਗਣਤੰਤਰ ਦਿਹਾੜਾ


ਗੁਰਦਾਸਪੁਰ


ਅੰਮ੍ਰਿਤਸਰ


ਧਾਰੀਵਾਲ


ਪਠਾਨਕੋਟ

**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ ਸਟੇਡੀਅਮ, ਗੁਰਦਾਸਪੁਰ ਵਿਖੇ 75ਵੇਂ ਗਣਤੰਤਰ ਦਿਹਾੜੇ ਨੂੰ ਸਮਰਪਿਤ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ ਪੂਰੇ ਉਤਸ਼ਾਹ ਨਾਲ ਕਰਵਾਇਆ ਗਿਆ।ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਪਹੁੰਚੇ ਮਾਣਯੋਗ ਜੈ ਕ੍ਰਿਸ਼ਨ ਸਿੰਘ ਰੋੜੀ, ਡਿਪਟੀ ਸਪੀਕਰ, ਪੰਜਾਬ ਵਿਧਾਨ ਸਭਾ ਨੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ।ਡਿਪਟੀ ਸਪੀਕਰ ਸ਼੍ਰੀ ਰੋੜੀ ਨੇ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਰੋਹ ਦੌਰਾਨ ਸੰਬੋਧਨ ਕਰਦਿਆਂ ਦੇਸ਼-ਵਿਦੇਸ਼ ਵਿਚ ਵੱਸਦੇ ਸਾਰੇ ਭਾਰਤੀਆਂ ਖਾਸ ਤੌਰ 'ਤੇ ਪੰਜਾਬੀਆਂ ਨੂੰ ਗਣਤੰਤਰ ਦਿਹਾੜੇ ਦੀ ਮੁਬਾਰਕਬਾਦ ਦਿੱਤੀ।ਉਨ੍ਹਾਂ ਕਿਹਾ ਕਿ ਸਾਡੇ ਮਹਾਨ ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਦੀ ਬਦੌਲਤ ਅਸੀਂ ਅੱਜ ਦੇ ਮਹਾਨ ਦਿਹਾੜੇ ਨੂੰ ਮਨਾਉਣ ਦੇ ਯੋਗ ਹੋਏ ਹਾਂ।ਸਾਨੂੰ ਮਾਣ ਹੈ ਕਿ ਦੇਸ਼ ਦੇ ਆਜ਼ਾਦੀ ਸੰਗਰਾਮ ਦੌਰਾਨ ਸਭ ਤੋਂ ਜ਼ਿਆਦਾ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ।ਪੰਜਾਬ ਦੀ ਧਰਤੀ ਤੋਂ ਆਜ਼ਾਦੀ ਲਈ ਚੱਲੀਆਂ ਗ਼ਦਰ ਲਹਿਰ, ਬੱਬਰ ਅਕਾਲੀ ਲਹਿਰ, ਕੂਕਾ ਲਹਿਰ, ਗੁਰਦੁਆਰਾ ਸੁਧਾਰ ਲਹਿਰ, ਕਾਮਾਗਾਟਾਮਾਰੂ, ਪਗੜੀ ਸੰਭਾਲ ਜੱਟਾ ਆਦਿ ਸੰਘਰਸ਼ੀ ਲਹਿਰਾਂ ਨੇ ਭਾਰਤ ਦੇ ਆਜ਼ਾਦੀ ਸੰਘਰਸ਼ ਨੂੰ ਨਵੀਂ ਦਿਸ਼ਾ ਅਤੇ ਦਸ਼ਾ ਦਿੱਤੀ।

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਅਧੀਨ ਸ੍ਰੀ ਗੁਰੂ ਤੇਗ ਬਹਾਦਰ ਕਾਲਜ ਫ਼ਾਰ ਵੂਮੈਨ ਵਿਖੇ ਗਣਤੰਤਰ ਦਿਵਸ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਨਾਨਕ ਸਿੰਘ ਨੇ ਝੰਡਾ ਲਹਿਰਾਉਣ ਦੀ ਰਸਮ ਨੂੰ ਅਦਾ ਕੀਤਾ। ਪ੍ਰੋਗਰਾਮ ਦੀ ਸ਼ੁਰੂਆਤ ਰਾਸ਼ਟਰੀ ਗੀਤ ਨਾਲ ਹੋਈ। ਉਪਰੰਤ ਵਿਦਿਆਰਥਣਾਂ ਨੂੰ ਪੜ੍ਹਾਈ ਤੋਂ ਇਲਾਵਾ ਸਮਾਜਿਕ ਗਤੀਵਿਧੀਆਂ 'ਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਸ: ਨਾਨਕ ਸਿੰਘ ਨੇ ਕਿਹਾ ਕਿ ਅਜ਼ਾਦੀਆਂ ਘੁਲਾਟੀਆਂ ਨੇ ਵਡਮੁੱਲੀਆਂ ਕੁਰਬਾਨੀਆਂ ਦੇ ਕੇ ਸਾਡੇ ਦੇਸ਼ ਨੂੰ ਆਜ਼ਾਦ ਕਰਵਾਇਆ, ਜਿਸ ਦੀ ਆਜ਼ਾਦੀ ਦੀ ਰੱਖਿਆ ਕਰਨਾ ਸਾਡਾ ਫਰਜ਼ ਬਣਦਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੇ ਅਧਿਕਾਰਾਂ ਤੇ ਫਰਜ਼ਾਂ ਬਾਰੇ ਭਰਪੂਰ ਜਾਣਕਾਰੀ ਹੋਣੀ ਚਾਹੀਦੀ ਹੈ। ਇਸ ਮੌਕੇ ਵਿਦਿਆਰਥੀਆਂ ਨੂੰ ਸ਼ਾਨਦਾਰ ਪ੍ਰਦਰਸ਼ਨ ਲਈ ਸੋਨੇ ਦੇ ਤਗਮੇ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮੂਹ ਸਟਾਫ਼ ਤੋਂ ਇਲਾਵਾ ਵਿਦਿਆਰਥੀ ਮੌਜੂਦ ਸਨ।

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਅਤੇ ਬਾਬਾ ਬੰਦਾ ਸਿੰਘ ਬਹਾਦਰ ਕਾਲਜ ਆਫ ਐਜੂਕੇਸ਼ਨ ਧਾਰੀਵਾਲ ਵਲੋਂ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਜੀ ਦੀ ਅਗਵਾਈ ਹੇਠ 75ਵਾਂ ਗਣਤੰਤਰ ਦਿਵਸ ਮਨਾਇਆ ਗਿਆ। ਡਾਇਰੈਕਟਰ ਸ. ਅਮਰਜੀਤ ਸਿੰਘ ਚਾਹਲ ਦੁਆਰਾ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ। ਇਸ ਮੌਕੇ ਤੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ ਜਿਸ ਵਿੱਚ ਲਿਟਲ ਸਪਰਾਊਟ ਦੇ ਬੱਚਿਆਂ ਨੇ ਸਭ ਤੋਂ ਪਹਿਲਾਂ ਮਾਰਚ ਪਾਸ ਕਰਦੇ ਹੋਏ ਸਭ ਦਾ ਮਨ ਮੋਹ ਲਿਆ। ਇਸ ਮੌਕੇ ਤੇ ਲਿਟਲ ਸਪਰਾਊਟ ਦੇ ਵਿਦਿਆਰਥੀਆਂ ਮਨਕੀਰਤਜੋਤ ਕੌਰ, ਪਰਨੀਤ ਕੌਰ, ਮਨਸਿਰਜਨ ਕੌਰ, ਏਕਜੋਤ ਸਿੰਘ, ਸਮਰੀਤ ਕੌਰ, ਨਵਿਆ ਵੱਲੋਂ ਕਵਿਤਾਵਾਂ, ਦੇਸ ਭਗਤੀ ਦੇ ਗੀਤ ਅਤੇ ਗਰੁੱਪ ਡਾਂਸ ਪੇਸ ਕੀਤਾ ਗਿਆ। ਛੇਵੀਂ ਤੇ ਸੱਤਵੀਂ ਜਮਾਤ ਦੀਆਂ ਵਿਦਿਆਰਥਣਾਂ ਮੋਨਾਲੀ ਕੁਮਾਰੀ, ਏਕਨੂਰ, ਪ੍ਰਭਸਿਮਰਨ ਕੌਰ, ਪ੍ਰਭਦੀਪ ਕੌਰ, ਜਸਨਪ੍ਰੀਤ ਕੌਰ, ਮਹਿਕਦੀਪ ਕੌਰ ਸਮਾਇਲਪ੍ਰੀਤ ਕੌਰ ਅਤੇ ਨਿਸ਼ਾ ਦੁਆਰਾ ਦੇਸ ਭਗਤੀ ਦੇ ਗੀਤਾਂ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ।

**ਪਠਾਨਕੋਟ (ਦਵਿੰਦਰ ਸਿੰਘ)**-75ਵੇਂ ਗਣਤੰਤਰ ਦਿਵਸ ਮੌਕੇ ਮੈਂ ਜ਼ਿਲ੍ਹਾ ਪਠਾਨਕੋਟ ਦੇ ਵਾਸੀਆਂ ਨੂੰ ਬਹੁਤ-ਬਹੁਤ ਵਧਾਈ ਦਿੰਦਾ ਹਾਂ, ਅੱਜ ਇਸ ਮੁਬਾਰਕ ਮੌਕੇ ਮੈਂ ਦੇਸ਼ ਦੀ ਆਜ਼ਾਦੀ ਲਈ ਲੜੇ ਗਏ ਲੰਮੇ ਸੰਘਰਸ਼ ਵਿੱਚ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਹਜ਼ਾਰਾਂ ਦੇਸ਼ ਭਗਤ ਸੂਰਬੀਰਾਂ ਨੂੰ ਦਿਲੋਂ ਸ਼ਰਧਾ ਅਤੇ ਸਤਿਕਾਰ ਭੇਟ ਕਰਦਾ ਹਾਂ, ਦੇਸ਼ ਦੇ ਆਜ਼ਾਦੀ ਸੰਗਰਾਮ ਵਿਚ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀ ਸੂਰਬੀਰਾਂ ਨੇ ਹੀ ਦਿੱਤੀਆਂ ਅਤੇ ਸਾਨੂੰ ਇਸ ਗੱਲ ਦਾ ਮਾਣ ਹੈ। ਇਹ ਪ੍ਰਗਟਾਵਾ ਗੁਰਮੀਤ ਸਿੰਘ ਖੁੱਡੀਆਂ ਖੇਤੀਬਾੜੀ ਅਤੇ ਪਸ਼ੂ ਪਾਲਣ ਮੰਤਰੀ ਪੰਜਾਬ ਨੇ ਮਲਟੀਪਰਪਜ਼ ਸਪੋਰਟਸ ਸਟੇਡੀਅਮ ਲਮੀਨੀ (ਪਠਾਨਕੋਟ) ਵਿਖੇ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਮੌਕੇ ਰਾਸ਼ਟਰੀ ਝੰਡਾ ਲਹਿਰਾਉਣ ਉਪਰੰਤ ਜ਼ਿਲ੍ਹਾ ਵਾਸੀਆਂ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਇਸ ਸਮਾਗਮ ਵਿੱਚ ਹਰਬੀਰ ਸਿੰਘ ਡਿਪਟੀ ਕਮਿਸ਼ਨਰ ਪਠਾਨਕੋਟ, ਦਲਜਿੰਦਰ ਸਿੰਘ ਢਿੱਲੋਂ ਐੱਸ.ਐੱਸ.ਪੀ. ਪਠਾਨਕੋਟ, ਅੰਕੁਰਜੀਤ ਸਿੰਘ ਵਧੀਕ ਡਿਪਟੀ ਕਮਿਸ਼ਨਰ (ਜ), ਮੇਜਰ ਡਾ. ਸੁਮਿਤ ਮੁਧ ਚੀਫ ਮਨਿਸਟਰਜ਼ ਫੀਲਡ ਅਫਸਰ-ਕਮ-ਐੱਸ.ਡੀ.ਐੱਮ ਜਿਉਤਸਨਾ ਸਿੰਘ ਪੀ.ਸੀ.ਐੱਸ., ਅਸ਼ਵਨੀ ਸ਼ਰਮਾ ਵਿਧਾਇਕ ਪਠਾਨਕੋਟ, ਵਿਭੂਤੀ ਸ਼ਰਮਾ ਚੇਅਰਮੈਨ ਟੂਰਿਜ਼ਮ ਡਿਵੈਲਪਮੈਂਟ ਕਾਰਪੋਰੇਸ਼ਨ, ਸੁਨੀਲ ਗੁਪਤਾ ਚੇਅਰਮੈਨ ਪੈਸਕੋ, ਸਾਹਿਬ ਸਿੰਘ ਸਾਬਾ, ਮਨੋਹਰ ਠਾਕੁਰ ਕਲਭੂਸ਼ਣ ਕੁਮਾਰ, ਰੇਖਾ ਮਨੀ ਸ਼ਰਮਾ ਮਹਿਲਾ ਵਿੰਗ ਜ਼ਿਲ੍ਹਾ ਪ੍ਰਧਾਨ ਪਠਾਨਕੋਟ, ਸਾਬਕਾ ਕੈਬਨਿਟ ਮੰਤਰੀ ਮਾਸਟਰ ਮੋਹਣ ਲਾਲ ਆਦਿ ਹਾਜ਼ਰ ਸਨ।

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਕਲਾਸਵਾਲਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਵਿਖੇ 75ਵਾਂ ਗਣਤੰਤਰ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਪ੍ਰੋਗਰਾਮ ਵਿੱਚ ਸਟੇਜ ਸੈਕਟਰੀ ਦੀ ਭੂਮਿਕਾ ਹਰਦੀਪ ਸਿੰਘ ਵੱਲੋਂ ਨਿਭਾਈ ਗਈ। ਇਸ ਪ੍ਰੋਗਰਾਮ ਵਿੱਚ ਸਕੂਲ ਦੇ ਐੱਨਸੀਸੀ ਕੈਡਿਟਾਂ ਅਤੇ ਐੱਨ.ਐੱਸ.ਐੱਸ ਵਲੰਟੀਅਰਾਂ ਨੇ ਭਾਗ ਲਿਆ। ਬੱਚਿਆਂ ਨੇ ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਨੂੰ ਸਮਰਪਿਤ ਗੀਤ ਗਾਇਨ ਕੀਤਾ। ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਵੋਟਰ ਦਿਵਸ ਨੂੰ ਸਮਰਪਿਤ ਵੋਟਰ ਪ੍ਰਣ ਲਿਆ। ਪ੍ਰਿੰ. ਸ਼ਾਲਿਨੀ ਦੱਤਾ ਨੇ ਬੱਚਿਆਂ ਨੂੰ ਪੜ੍ਹ ਲਿਖ ਕੇ ਆਪਣੇ ਦੇਸ਼ ਦਾ ਨਾਮ ਰੌਸ਼ਨ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸਕੂਲ ਉਪ ਪ੍ਰਿੰ. ਪਰਮਿੰਦਰ ਕੌਰ, ਹੈੱਡਮਾਸਟਰ ਪਰਮਜੀਤ ਸਿੰਘ ਅਤੇ ਸਮੂਹ ਸਕੂਲ ਸਟਾਫ ਹਾਜਰ ਸਨ।

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**—ਲਾਇਨਜ਼ ਕਲੱਬ ਅੰਮ੍ਰਿਤਸਰ ਸਿਵਲ ਲਾਈਨਜ਼ ਅਤੇ ਮਾਰਕੀਟ ਐਸੋਸੀਏਸ਼ਨ ਡਰੀਮ ਸਿਟੀ ਅੰਮ੍ਰਿਤਸਰ ਨੇ ਮਿਲ ਕੇ ਗਣਤੰਤਰ ਦਿਵਸ ਮੌਕੇ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਇਸ ਪ੍ਰੋਗਰਾਮ ਦੀ ਪ੍ਰਧਾਨਗੀ ਮੁੱਖ ਲਾਇਨ ਡਾ: ਤੇਜਪਾਲ ਸਿੰਘ ਸੰਧੂ ਨੇ ਕੀਤੀ ਅਤੇ ਇਸ ਮੌਕੇ ਉਨ੍ਹਾਂ ਹਾਜ਼ਰ ਸਮੂਹ ਮੈਂਬਰਾਂ ਨੂੰ ਕੌਮੀ ਤਿਉਹਾਰ ਦੀ ਹਾਰਦਿਕ ਵਧਾਈ ਦਿੱਤੀ ਅਤੇ ਲਾਇਨਜ਼ ਕਲੱਬ ਵੱਲੋਂ ਕੀਤੇ ਜਾ ਰਹੇ ਸੇਵਾ ਕਾਰਜਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਲਾਇਨ ਰਾਜੇਸ਼ ਸੇਠੀ ਸੈਕਟਰੀ, ਲਾਇਨ ਹਰਜੀਤ ਸਿੰਘ ਖਜਾਨਚੀ, ਲਾਇਨ ਮਨਦੀਪ ਸਿੰਘ ਮੀਤ ਪ੍ਰਧਾਨ, ਲਾਇਨ ਬਲਦੇਵ ਸਿੰਘ ਢਿੱਲੋਂ, ਲਾਇਨ ਜਸਵਿੰਦਰ ਸਿੰਘ, ਲਾਇਨ ਬਲਰਾਜ ਕੌਰ, ਲਾਇਨ ਅੰਜੂ ਸੇਠੀ, ਲਾਇਨ ਕੋਮਲ, ਲਾਇਨ ਵਿਜੇ ਕਪਿਲ, ਲਾਇਨ ਬਲਬੀਰ ਸਿੰਘ, ਲਾਇਨ ਐਚ.ਐਸ. ਕਾਹਲੋਂ, ਲਾਇਨ ਜਸਜੀਤ ਸਿੰਘ, ਲਾਇਨ ਐਸਕੇਸ਼ਰਮਾ, ਲਾਇਨ ਸੁਖਬੀਰ ਸ਼ਰਮਾ, ਲਾਇਨ ਵਿਨੋਦ ਸ਼ਰਮਾ, ਲਾਇਨ ਮਨਮੋਹਨ ਬਾਂਸਲ, ਲਾਇਨ ਜਸ, ਲਾਇਨ ਕੁਲਦੀਪ ਕੌਰ ਢਿੱਲੋਂ, ਲਾਇਨ ਮਧੂ ਆਹੂਜਾ ਆਦਿ ਹਾਜ਼ਰ ਸਨ।


ਤਰਸਿੱਕਾ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਪਾਵਰਕਾਮ ਸਬ ਡਿਵੀਜ਼ਨ ਦਫਤਰ ਧਾਰੀਵਾਲ ਵਿਖੇ ਬਿਜਲੀ ਮੁਲਾਜ਼ਮਾਂ ਵਲੋਂ ਉੱਪ ਮੰਡਲ ਅਫਸਰ ਇੰਜ. ਜਤਿੰਦਰ ਸ਼ਰਮਾ ਦੀ ਅਗਵਾਈ ਵਿੱਚ 75ਵਾਂ ਗਣਤੰਤਰ ਦਿਵਸ ਮਨਾਇਆ ਗਿਆ। ਇਸ ਮੌਕੇ ਕੌਮੀ ਝੰਡਾ ਲਹਿਰਾਇਆ ਤੇ ਦਫਤਰ ਦੀ ਛੱਤ ਉਪਰ ਸਤਿਕਾਰ ਸਹਿਤ ਝੰਡਾ ਲਗਾਇਆ ਗਿਆ। ਇਸ ਮੌਕੇ ਐਸਡੀਓ ਇੰਜ. ਜਤਿੰਦਰ ਸ਼ਰਮਾ ਨੇ ਸ਼ਹਿਰ ਵਾਸੀਆਂ ਅਤੇ ਬਿਜਲੀ ਕਰਮਚਾਰੀਆਂ ਨੂੰ ਗਣਤੰਤਰ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਅੰਗਰੇਜ਼ ਸਾਸ਼ਨ ਤੋਂ ਸਾਡਾ ਦੇਸ 1947 ਵਿੱਚ ਆਜ਼ਾਦ ਹੋ ਗਿਆ ਸੀ ਪਰ ਇਸ ਬਾਅਦ ਵੀ ਭਾਰਤ ਵਿੱਚ ਤਿੰਨ ਸਾਲ ਅੰਗਰੇਜਾਂ ਦੇ ਕਾਨੂੰਨ ਹੀ ਚੱਲਦੇ ਰਹੇ।

ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਦੇ ਯਤਨਾਂ ਸਦਕਾ ਦੇਸ਼ ਵਿੱਚ ਆਪਣਾ ਸੰਵਿਧਾਨ 26 ਜਨਵਰੀ 1950 ਨੂੰ ਲਾਗੂ ਹੋਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵੇਦ ਵਿਆਸ, ਰਮਨਪ੍ਰੀਤ, ਸਬਨਮ, ਬਲਜਿੰਦਰ ਕੌਰ, ਮਨੋਜ ਸ਼ਰਮਾ, ਜੋਧਾ ਸਿੰਘ, ਰਮਨ ਅੱਤਰੀ, ਗੁਰਪ੍ਰੀਤ, ਸੁਖਵੰਤ ਪਾਲ, ਦਵਿੰਦਰ ਸਿੰਘ ਵਾਹਲਾ, ਜਸਵੰਤ ਸਿੰਘ, ਗਗਨ ਕੁਮਾਰ, ਮਦਨ ਲਾਲ, ਰਾਜਿੰਦਰ ਸਿੰਘ ਆਦਿ ਬਿਜਲੀ ਕਰਮਚਾਰੀ ਹਾਜ਼ਰ ਸਨ।


ਕਾਦੀਆਂ


ਧਾਰੀਵਾਲ

## ਸੰਯੁਕਤ ਕਿਸਾਨ ਮੋਰਚੇ ਨੇ ਤਰਨਤਾਰਨ 'ਚ ਵਿਸ਼ਾਲ ਰੋਸ ਮਾਰਚ ਕੱਢਿਆ



ਤਰਨਤਾਰਨ (ਪ੍ਰਿਤਪਾਲ ਸਿੰਘ)- ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਕਿਸਾਨ ਜਥੇਬੰਦੀਆਂ ਵੱਲੋਂ ਤਰਨਤਾਰਨ ਦੀ ਦਾਣਾ ਮੰਡੀ ਵਿਖੇ ਇਕੱਠ ਕਰਕੇ ਕੇਂਦਰ ਦੀ ਭਾਜਪਾ ਸਰਕਾਰ ਖਿਲਾਫ ਰੋਹ ਭਰਪੂਰ ਵਿਸ਼ਾਲ ਪਰੇਡ ਦਾਣਾ ਮੰਡੀ ਤੋਂ ਸ਼ੁਰੂ ਕਰਕੇ ਬਜ਼ਾਰ ਵਿੱਚ ਦੀ ਡੀਸੀ ਦਫਤਰ ਤੱਕ ਕੀਤੀ ਗਈ ਜਿਸ ਦੀ ਅਗਵਾਈ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਗੁਰਪ੍ਰੀਤ ਸਿੰਘ ਗੰਡੀਵਿੰਡ, ਜਮਹੂਰੀ ਕਿਸਾਨ ਸਭਾ ਕੁਲਦੀਪ ਸਿੰਘ ਉਸਮਾ, ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਪਰਮਜੀਤ ਸਿੰਘ ਚੰਬਾ , ਕਿਰਤੀ ਕਿਸਾਨ ਯੂਨੀਅਨ ਦੇ ਹਰਵਿੰਦਰ ਸਿੰਘ ਵਲੀਪੁਰ , ਅਜਾਦ ਕਿਸਾਨ ਸੰਘਰਸ ਕਮੇਟੀ ਪੰਜਾਬ ਏਕਤਾ ਦੇ ਸੂਬਾ ਮੀਤ ਪ੍ਰਧਾਨ ਭੁਪਿੰਦਰ ਸਿੰਘ ਪੰਡੋਰੀ ਤਖਤ ਮੱਲ, ਕੌਮੀ ਕਿਸਾਨ ਯੂਨੀਅਨ ਦੇ ਸੂਬਾ ਸਕੱਤਰ ਅਜੈਬ ਸਿੰਘ ਅਲਾਦੀਨਪੁਰ, ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਦਲਵਿੰਦਰ ਸਿੰਘ ਪੰਨੂ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਅਮਰਬੀਰ ਸਿੰਘ ਨੌਸ਼ਹਿਰਾ, ਅਜ਼ਾਦ ਕਿਸਾਨ ਸੰਘਰਸ਼ ਕਮੇਟੀ ਦੇ ਜੱਸਾ ਸਿੰਘ ਕੱਦਗਿੱਲ ਅਤੇ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਮਨਿੰਦਰ ਸਿੰਘ ਲਾਲੀ, ਜ਼ਿਲ੍ਹਾ ਕਿਸਾਨ ਸੰਘਰਸ਼ ਕਮੇਟੀ ਪੰਜਾਬ (ਪੰਨੂ) ਦੇ ਸੁਖਵਿੰਦਰ ਸਿੰਘ ਘੜਕਾ ਸਿੰਘ ਦੇ ਆਗੂਆਂ ਨੇ ਕੀਤੀ। ਪ੍ਰੈਸ ਨਾਲ ਗੱਲਬਾਤ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਸੂਬਾ ਆਗੂ ਬਲਕਾਰ ਸਿੰਘ ਵਲਟੋਹਾ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਬੱਗੂ, ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਹਰਜੀਤ ਸਿੰਘ ਰਵੀ, ਅਜ਼ਾਦ ਕਿਸਾਨ ਸੰਘਰਸ਼ ਕਮੇਟੀ ਪੰਜਾਬ ਏਕਤਾ ਦੇ ਸੂਬਾ ਪ੍ਰਧਾਨ ਨਿਰਵੈਰ ਸਿੰਘ ਡਾਲੇਕੇ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਛੱਤਰ ਸਿੰਘ ਮੁਗਲ ਚੱਕ, ਕੌਮੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਤਰਸੇਮ ਸਿੰਘ ਲੁਹਾਰ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਹਰਬਰਿੰਦਰ ਸਿੰਘ ਨੌਸ਼ਹਿਰਾ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਮੁੱਖ ਬੁਲਾਰੇ ਠੇਕੇਦਾਰ ਅੰਮ੍ਰਿਤਪਾਲ ਸਿੰਘ ਜੌੜਾ, ਅਜ਼ਾਦ ਕਿਸਾਨ ਸੰਘਰਸ਼ ਕਮੇਟੀ (ਪੰਜਾਬ) ਦੇ ਅਜੀਤ ਸਿੰਘ ਲਹੀਆਂ, ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਗੁਰਬਚਨ ਸਿੰਘ ਘੜਕਾ ਆਦਿ ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰ ਦੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਕਿਸਾਨਾਂ ਦੀਆਂ ਮੰਗਾਂ ਦੇ ਕੀਤੇ ਲਿਖਤੀ ਵਾਅਦਿਆਂ ਤੋਂ ਮੁੱਕਰ ਕੇ ਕਿਸਾਨ ਮਾਰੂ ਨੀਤੀਆਂ ਨੂੰ ਲਾਗੂ ਕੀਤਾ ਜਾ ਰਿਹਾ ਹੈ ਜਿਨ੍ਹਾਂ ਦਾ ਸੰਯੁਕਤ ਕਿਸਾਨ ਮੋਰਚਾ ਭਾਰਤ ਲਗਾਤਾਰ ਵਿਰੋਧ ਕਰਦਾ ਆ ਰਿਹਾ ਹੈ ਜਿਸ ਦੀ ਲੜੀ ਤਹਿਤ ਮੋਰਚੇ ਵੱਲੋਂ ਪੂਰੇ ਭਾਰਤ ਵਿਚ ਜ਼ਿਲਿਆਂ ਅਤੇ ਤਹਿਸੀਲਾਂ ਵਿਚ ਗਣਤੰਤਰ ਦਿਵਸ 'ਤੇ ਟਰੈਕਟਰ ਪਰੇਡ ਕਰਕੇ ਕਿਸਾਨਾਂ ਅੰਦਰ ਫੁੱਟ ਰਹੇ ਗੁੱਸੇ ਦਾ ਪ੍ਰਗਟਾਵਾ ਕੀਤਾ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਭਾਰਤੀ ਸੰਵਿਧਾਨ ਨੂੰ ਤੋੜ ਕੇ ਔਰੰਗਜ਼ੇਬੀ ਰਾਜ ਲਾਗੂ ਕਰਨਾ ਚਾਹੁੰਦੀ ਹੈ। ਕੇਂਦਰ ਸਰਕਾਰ ਪਬਲਿਕ ਸੈਕਟਰ, ਖੇਤੀਬਾੜੀ ਸੈਕਟਰ ਅਤੇ ਕੋਆਪਰੇਟਿਵ ਸੈਕਟਰ ਨੂੰ ਤੋੜ ਕੇ ਰਾਜ ਪ੍ਰਬੰਧ ਦੀ ਵਾਗਡੋਰ ਪੂਰੇ ਰੂਪ ਵਿੱਚ ਕਾਰਪੋਰੇਟ ਘਰਾਣਿਆਂ ਹੱਥ ਫੜਾਉਣ ਤੇ ਲੱਗੀ ਹੋਈ ਹੈ ਭਾਰਤ ਦੇ ਦੇਸ਼ ਭਗਤ ਲੋਕ ਇਨ੍ਹਾਂ ਨੀਤੀਆਂ ਦਾ ਡਟਵਾਂ ਵਿਰੋਧ ਕਰਦੇ ਰਹਿਣਗੇ।

ਇਸ ਟਰੈਕਟਰ ਪਰੇਡ ਵਿੱਚ ਦਵਿੰਦਰ ਸੋਹਲ , ਸੁਖਦੇਵ ਸਿੰਘ ਚਾਹਲ, ਤਾਰਾ ਸਿੰਘ ਖਹਿਰਾ, ਹਰਪ੍ਰੀਤ ਸਿੰਘ ਚਾਹਲ, ਖਜਾਨ ਸਿੰਘ, ਹੀਰਾ ਸਿੰਘ, ਕਰਮਜੀਤ ਸਿੰਘ, ਅਮੋਲਕ ਸਿੰਘ ਗੋਰਖਾ, ਜਸਵਿੰਦਰ ਸਿੰਘ, ਤਰਸੇਮ ਸਿੰਘ, ਰਵਿੰਦਰ ਸਿੰਘ, ਗੁਰਚਰਨ ਸਿੰਘ ਸਭਰਾ, ਜਸਬੀਰ ਸਿੰਘ ਨੌਸ਼ਹਿਰਾ, ਅਮਰਜੀਤ ਸਿੰਘ ਕਾਲਵਾਂ, ਜਸਬੀਰ ਸਿੰਘ ਬਾਠ, ਸ਼ਮਸ਼ੇਰ ਸਿੰਘ, ਤਰਸੇਮ ਸਿੰਘ, ਕਸ਼ਮੀਰ ਸਿੰਘ ਮੰਮਣਕੇ, ਗਿਆਨ ਸਿੰਘ, ਸੁੱਖਾ ਸਿੰਘ, ਗੁਰਲਾਲ ਸਿੰਘ, ਵਿਰਸਾ ਸਿੰਘ, ਅਵਤਾਰ ਸਿੰਘ ਅਤੇ ਭਰਾਤਰੀ ਜਥੇਬੰਦੀਆਂ ਦੇ ਆਗੂਆਂ ਪੂਰਨ ਦਾਸ, ਅਜਮੇਰ ਸਿੰਘ ਕੰਗ, ਇਸਤਰੀ ਸਭਾ ਦੀ ਆਗੂ ਸੀਮਾ ਸੋਹਲ ਆਦਿ ਨੇ ਵੀ ਭਾਗ ਲਿਆ।

## ਗਣਤੰਤਰ ਦਿਵਸ ਮੌਕੇ ਪ੍ਰਿੰ. ਡਾ. ਸੁਨੀਤਾ ਕੌਸ਼ਲ ਦਾ ਸਨਮਾਨ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਕਾਦੀਆਂ ਦੇ ਪ੍ਰਿੰ. ਡਾ. ਸੁਨੀਤਾ ਕੌਸ਼ਲ ਨੂੰ ਗਣਤੰਤਰ ਦਿਵਸ ਮੌਕੇ ਡਿਪਟੀ ਸਪੀਕਰ ਪੰਜਾਬ ਸਰਕਾਰ ਜੈ ਕ੍ਰਿਸ਼ਨ ਰੋੜੀ ਅਤੇ ਗੁਰਦਾਸਪੁਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਿੱਖਿਆ ਅਤੇ ਸਮਾਜ ਸੇਵਾ ਦੇ ਖੇਤਰ ਵਿਚ ਪਾਏ ਵੱਡਮੁਲੇ ਯੋਗਦਾਨ ਬਦਲੇ ਸਨਮਾਨਿਤ ਕੀਤਾ ਗਿਆ ਹੈ।

ਇਸ ਮੌਕੇ ਡਾ. ਸੁਨੀਤਾ ਕੌਸ਼ਲ ਨੇ ਪਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਕਿਹਾ ਕਿ ਕਾਮਯਾਬੀ ਉੱਥੇ ਹੀ ਦਸਤਕ ਦਿੰਦੀ ਹੈ ਜਿੱਥੇ ਸਖਤ ਮਿਹਨਤ ਅਤੇ ਅਨੁਸ਼ਾਸਨ ਹੋਵੇ। ਜ਼ਿਕਰਯੋਗ ਹੈ ਕਿ ਪ੍ਰਿੰਸੀਪਲ ਡਾ. ਕੌਸ਼ਲ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦਾ ਬਹੁਤ ਥੋੜੇ ਸਮੇਂ ਵਿੱਚ ਰਿਕਾਰਡਤੋੜ ਵਿਕਾਸ ਕਰਵਾਇਆ ਹੈ। ਇਸ ਮੌਕੇ ਰਕੇਸ਼ ਕੁਮਾਰ ਇੰਚਾਰਜ ਸ.ਹ.ਸ ਭਾਮੜੀ, ਗੁਰਟੇਕ ਸਿੰਘ ਏਸੀਟੀ ਸਸਸਸ ਕਾਦੀਆਂ ਹਾਜ਼ਰ ਸਨ।

## ਨਜਾਇਜ਼ ਸ਼ਰਾਬ ਤੇ ਚੋਰੀ ਦੇ ਮੋਟਰਸਾਈਕਲ/ਐਕਟਿਵਾ ਸਮੇਤ ਦੋ ਗ੍ਰਿਫ਼ਤਾਰ



ਗੁਰਦਾਸਪੁਰ (ਦਿਨੇਸ਼ ਕੁਮਾਰ)-ਥਾਣਾ ਸਿਟੀ ਗੁਰਦਾਸਪੁਰ ਦੀ ਪੁਲਸ ਨੇ ਦੋ ਵੱਖ-ਵੱਖ ਮਾਮਲਿਆਂ ਵਿੱਚ ਦੋ ਦੋਸ਼ੀਆਂ ਨੂੰ ਨਜਾਇਜ਼ ਸ਼ਰਾਬ ਅਤੇ ਚੋਰੀ ਦੇ ਮੋਟਰਸਾਈਕਲਾਂ ਤੇ ਐਕਟੀਵਾ ਸਮੇਤ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਦੋਵਾਂ ਦੇ ਖਿਲਾਫ ਥਾਣਾ ਸਿਟੀ ਗੁਰਦਾਸਪੁਰ ਵਿੱਚ ਦੋ ਵੱਖ-ਵੱਖ ਮਾਮਲੇ ਦਰਜ ਕੀਤੇ ਗਏ ਹਨ। ਥਾਣਾ ਸਿਟੀ ਗੁਰਦਾਸਪੁਰ ਦੇ ਐੱਸਐੱਚਓ ਗੁਰਮੀਤ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਪੁਰਾਣਾ ਸ਼ਾਲਾ ਰੋਡ ਤੇ ਨਾਕਾਬੰਦੀ ਕੀਤੀ ਹੋਈ ਸੀ ਕਿ ਇਸ ਦੌਰਾਨ ਪੁਲਸ ਪਾਰਟੀ ਨੇ ਪੁਰਾਣਾ ਸ਼ਾਲਾ ਸਾਈਡ ਤੋਂ ਚਿੱਟੇ ਰੰਗ ਦੀ ਸਵਿਫਟ ਡਿਜ਼ਾਇਰ ਕਾਰ ਆਉਂਦੀ ਵੇਖੀ। ਪੁਲਸ ਪਾਰਟੀ ਨੇ ਸ਼ੱਕ ਦੇ ਆਧਾਰ 'ਤੇ ਕਾਰ ਨੂੰ ਰੋਕ ਕੇ ਜਦੋਂ ਤਲਾਸ਼ੀ ਲਈ ਤਾਂ ਉਸ ਵਿਚੋਂ 180 ਬੋਤਲਾਂ ਸ਼ਰਾਬ ਬਰਾਮਦ ਕੀਤੀ। ਪੁਲਸ ਅਫਸਰ ਨੇ ਦੱਸਿਆ ਕਿ ਪੁਲਸ ਪਾਰਟੀ ਨੇ ਦੋਸ਼ੀ ਗਗਨਦੀਪ ਉਰਫ ਸੋਨੂ ਮਹਾਜਨ ਵਾਸੀ ਸ਼ਿਮਲਾਪੱਤੀ ਲੁਧਿਆਣਾ ਨੂੰ ਗ੍ਰਿਫਤਾਰ ਕਰਕੇ ਮਾਮਲਾ ਦਰਜ ਕਰ ਲਿਆ। ਉਨ੍ਹਾਂ ਦੱਸਿਆ ਕਿ ਮੁੱਢਲੀ ਪੁੱਛ-ਗਿਛ ਦੌਰਾਨ ਦੋਸ਼ੀ ਨੇ ਦੱਸਿਆ ਹੈ ਕਿ ਉਹ ਇਹ ਸਰਾਬ ਅੰਮ੍ਰਿਤਸਰ ਤੋਂ ਲੈ ਕੇ ਆ ਰਿਹਾ ਸੀ ਅਤੇ ਇਹ ਸ਼ਰਾਬ ਕਿੱਥੇ ਵੇਚੀ ਜਾਣੀ ਸੀ ਇਸ ਬਾਰੇ ਉਸ ਦਾ ਰਿਮਾਂਡ ਲੈ ਕੇ ਹੋਰ ਪੁੱਛਗਿਛ ਕੀਤੀ ਜਾਵੇਗੀ। ਐੱਸਐੱਚਓ ਨੇ ਦੱਸਿਆ ਕਿ ਗਗਨਦੀਪ ਦੇ ਵਿਰੁੱਧ ਪਹਿਲਾਂ ਵੀ ਕਈ ਚੋਰੀ ਅਤੇ ਲੁੱਟਖੋਹ ਦੇ ਮਾਮਲੇ ਵੱਖ-ਵੱਖ ਥਾਣਿਆਂ ਵਿੱਚ ਦਰਜ ਹਨ। ਇਸੇ ਤਰ੍ਹਾਂ ਪੁਲਸ ਪਾਰਟੀ ਨੇ ਐੱਸਡੀ ਕਾਲਜ ਨੇੜੇ ਨਾਕਾਬੰਦੀ ਕੀਤੀ ਹੋਈ ਸੀ ਕਿ ਇਕ ਵਿਅਕਤੀ ਮੋਟਰਸਾਈਕਲ ਹੀਰੋ ਹਾਂਡਾ ਸਪਲੈਂਡਰ ਪਰੋ 'ਤੇ ਆਉਂਦਾ ਵਿਖਾਈ ਦਿੱਤਾ।

ਪੁਲਸ ਪਾਰਟੀ ਨੇ ਵਿਅਕਤੀ ਕੋਲੋਂ ਮੋਟਰਸਾਈਕਲ ਦੇ ਕਾਗਜ਼ ਮੰਗੇ ਤਾਂ ਉਹ ਟਾਲ-ਮਟੋਲ ਕਰਨ ਲੱਗਾ। ਸਖਤੀ ਨਾਲ ਪੁਛਗਿੱਛ ਕੀਤੀ ਤਾਂ ਉਸ ਨੇ ਸਵੀਕਾਰ ਕੀਤਾ ਕਿ ਉਸਨੇ ਇਹ ਮੋਟਰਸਾਈਕਲ ਚੋਰੀ ਕੀਤਾ ਸੀ ਤੇ ਉਸਦੇ ਕੋਲ ਕੋਈ ਕਾਗਜ਼ ਨਹੀਂ ਹੈ। ਪੁੱਛਗਿਛ ਕਰਨ 'ਤੇ ਦੋਸ਼ੀ ਦੀ ਨਿਸ਼ਾਨਦੇਹੀ 'ਤੇ ਦੋ ਹੋਰ ਵਾਹਨ ਬਰਾਮਦ ਕੀਤੇ ਗਏ। ਐੱਸਐੱਚਓ ਨੇ ਦੱਸਿਆ ਕਿ ਦੋਸ਼ੀ 'ਤੇ ਪਹਿਲਾਂ ਵੀ ਚੋਰੀ ਦੇ ਕਈ ਮੁਕੱਦਮੇ ਵੱਖ-ਵੱਖ ਥਾਣਿਆਂ ਵਿੱਚ ਦਰਜ ਹਨ ਅਤੇ ਉਸਦਾ ਅਦਾਲਤ ਪਾਸੋਂ ਰਿਮਾਂਡ ਲੈ ਕੇ ਹੋਰ ਪੁੱਛਗਿੱਛ ਵਿੱਚ ਹੋਰ ਖੁਲਾਸੇ ਹੋਣ ਦੀ ਵੀ ਉਮੀਦ ਹੈ।

## ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸਿੱਖ ਕੌਮ ਦੇ ਮਹਾਨ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਨਤਮਸਤਕ ਹੋ ਕੇ ਬਾਬਾ ਜੀ ਨੂੰ ਸਤਿਕਾਰ ਭੇਟ ਕੀਤਾ। ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਪਾਵਨ ਹੁਕਮਨਾਮਾ ਸਰਵਨ ਕਰਵਾਇਆ। ਉਨ੍ਹਾਂ ਸੰਗਤ ਨਾਲ ਸ਼ਹੀਦ ਬਾਬਾ ਦੀਪ ਸਿੰਘ ਦੇ ਜੀਵਨ ਇਤਿਹਾਸ ਬਾਰੇ ਵਿਚਾਰਾਂ ਵੀ ਕੀਤੀਆਂ। ਸਮਾਗਮ 'ਚ ਪਹੁੰਚੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਨ ਦੀ ਵਧਾਈ ਦਿੰਦਿਆਂ ਕਿਹਾ ਕਿ ਬਾਬਾ ਜੀ ਦੀਆਂ ਸੇਵਾਵਾਂ ਬਹੁਤ ਵੱਡੀਆਂ ਹਨ। ਉਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਾਰ ਪਾਵਨ ਸਰੂਪ ਆਪਣੇ ਹੱਥ ਨਾਲ ਲਿਖ ਕੇ ਤਖ਼ਤ ਸਾਹਿਬਾਨ ਤੇ ਪ੍ਰਕਾਸ਼ ਕਰਵਾਏ। ਉਨ੍ਹਾਂ ਕਿਹਾ ਕਿ ਬਾਬਾ ਜੀ ਦੀ ਸ਼ਹੀਦੀ ਦਾ ਇਤਿਹਾਸ ਵੀ ਲਾਸਾਨੀ ਹੈ। ਗੁਰਮਤਿ ਸਮਾਗਮਾਂ ਅੰਦਰ ਸਿੱਖ ਕੌਮ ਦੇ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਸਿੱਖ ਕੌਮ ਦੇ ਸ਼ਾਨਾਮੱਤੇ ਇਤਿਹਾਸ ਨਾਲ ਜੋੜਿਆ। 167 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਸਮਾਗਮਾਂ ਸਮੇਂ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਬਾਬਾ ਕਸ਼ਮੀਰ ਸਿੰਘ ਭੂਰੀਵਾਲੇ, ਬਾਬਾ ਨਾਹਰ ਸਿੰਘ ਸਾਧ ਜੀ, ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਸ਼੍ਰੋਮਣੀ ਕਮੇਟੀ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਬਾਵਾ ਸਿੰਘ ਗੁਮਾਨਪੁਰਾ, ਭਾਈ ਅਜਾਇਬ ਸਿੰਘ ਅਭਿਆਸੀ, ਸਕੱਤਰ ਪ੍ਰਤਾਪ ਸਿੰਘ, ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਬਲਵਿੰਦਰ ਸਿੰਘ ਖੈਰਾਬਾਦ, ਮੈਨੇਜਰ ਹਰਪ੍ਰੀਤ ਸਿੰਘ, ਜੁਗਰਾਜ ਸਿੰਘ, ਗੁਰਤਿੰਦਰਪਾਲ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਪ੍ਰਚਾਰਕ ਭਾਈ ਤਰਸੇਮ ਸਿੰਘ, ਭਾਈ ਬਲਵੰਤ ਸਿੰਘ ਐਨੋਕੋਟ ਨੇ ਵੀ ਹਾਜ਼ਰੀ ਭਰੀ।

## ਪ੍ਰਿੰ. ਰਵਿੰਦਰ ਕੌਰ ਆਹਲੂਵਾਲੀਆ ਡਿਪਟੀ ਕਮਿਸ਼ਨਰ ਵੱਲੋਂ ਸਨਮਾਨਿਤ




ਤਰਨ ਤਾਰਨ (ਪ੍ਰਿਤਪਾਲ ਸਿੰਘ)- ਗਣਤੰਤਰ ਦਿਵਸ ਸਮਾਰੋਹ ਤੇ ਮਾਣਯੋਗ ਡਿਪਟੀ ਕਮਿਸ਼ਨਰ ਸੰਦੀਪ ਕੁਮਾਰ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਦੇ ਪ੍ਰਿੰ. ਰਵਿੰਦਰ ਕੌਰ ਆਹਲੂਵਾਲੀਆ ਨੂੰ ਉਨ੍ਹਾਂ ਵੱਲੋਂ ਰਾਜ ਪੁਰਸਕਾਰ ਪ੍ਰਾਪਤ ਕਰਨ ਅਤੇ ਸਕੂਲ ਵੱਲੋਂ ਸ਼ਾਨਦਾਰ ਪ੍ਰਾਪਤੀਆਂ ਕਰਨ 'ਤੇ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਉਨ੍ਹਾਂ ਦੀ ਸੁਚੱਜੀ ਅਗਵਾਈ ਵਿੱਚ ਗਣਤੰਤਰ ਦਿਵਸ 'ਤੇ ਪੇਸ਼ ਕੀਤੀਆਂ ਕੁੱਲ 9 ਵਿੱਚੋਂ 7 ਪੇਸ਼ਕਾਰੀਆਂ ਉਨ੍ਹਾਂ ਦੇ ਸਕੂਲ ਦੀਆਂ ਰਹੀਆਂ। ਉਨ੍ਹਾਂ ਦੀ ਰਹਿਨੁਮਾਈ ਵਿੱਚ ਸਕੂਲ ਦੀਆਂ ਵਿਦਿਆਰਥਣਾਂ ਨੇ ਮਾਰਚ ਪਾਸਟ ਪੀਟੀ ਸ਼ੋਅ, ਬੈਂਡ, ਸਕਾਊਟ ਐਂਡ ਗਾਈਡਜ਼, ਸ਼ਬਦ, ਸਮੂਹ ਗਾਨ, ਗਿੱਧਾ ਅਤੇ ਰਾਸ਼ਟਰੀ ਗਾਨ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ। ਪ੍ਰਿੰਸੀਪਲ ਰਵਿੰਦਰ ਕੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਕੂਲ ਦੇ ਬਾਇਓਲੌਜੀ ਲੈਕਚਰਾਰ ਸੁਖਜੀਤ ਕੁਮਾਰ ਅਤੇ ਲਵਦੀਪ ਸਿੰਘ ਨੂੰ ਸਟੇਜ ਸੰਭਾਲਣ ਦਾ ਕੰਮ ਵੀ ਸ਼ਾਨਦਾਰ ਤਰੀਕੇ ਨਾਲ ਨਿਭਾਉਣ ਅਤੇ ਆਈਟਮਾਂ ਤਿਆਰ ਕਰਵਾਉਣ ਲਈ ਸਕੂਲ ਦੇ ਸਟਾਫ਼, ਤਜਿੰਦਰ ਸਿੰਘ, ਮਲਕੀਤ ਕੌਰ, ਸੁਖਜੀਤ ਕੌਰ, ਹਰਅੰਮ੍ਰਿਤਪਾਲ ਸਿੰਘ, ਤਨਵੀਰ ਕੌਰ ਦੀ ਤਾਰੀਫ਼ ਵੀ ਕੀਤੀ। ਉਨ੍ਹਾਂ ਦੱਸਿਆ ਕਿ ਇਸ ਸਕੂਲ ਨੂੰ ਪੰਜਾਬ ਦੇ ਕੁੱਲ 40 ਸਕੂਲਾਂ ਵਿੱਚੋਂ ਪੰਜਾਬ ਸਕੂਲ ਟੂ ਵਰਕ ਪ੍ਰੋਜੈਕਟ ਵਿੱਚ ਚੁਣਿਆ ਗਿਆ ਹੈ ਅਤੇ ਸਕੂਲ ਵਿੱਚ ਬੇਹਤਰੀਨ ਪੜ੍ਹਾਈ ਦੇ ਨਾਲ-ਨਾਲ ਕੌਮੀ ਪੱਧਰ ਦੇ ਖਿਡਾਰੀ ਤਿਆਰ ਕਰਨ ਅਤੇ ਸੱਭਿਆਚਾਰਕ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ।

## ਕਿਸਾਨ ਤੇ ਸੰਵਿਧਾਨ ਨੂੰ ਬਚਾਉਣ ਲਈ ਗਣਤੰਤਰ ਦਿਵਸ ਮੌਕੇ ਵਿਸ਼ਾਲ ਟਰੈਕਟਰ ਮਾਰਚ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਸੰਯੁਕਤ ਕਿਸਾਨ ਮੋਰਚੇ ਦੇ ਕੌਮੀ ਸੱਦੇ 'ਤੇ ਮੋਰਚੇ ਵਿੱਚ ਸ਼ਾਮਲ ਜਥੇਬੰਦੀਆਂ ਅਤੇ ਟਰੇਡ ਯੂਨੀਅਨ ਦੀ ਅਗਵਾਈ ਹੇਠ ਹਜ਼ਾਰਾਂ ਕਾਰਕੁਨਾਂ ਨੇ ਅੰਮ੍ਰਿਤਸਰ ਸ਼ਹਿਰ ਵਿੱਚ ਕੰਪਨੀ ਬਾਗ ਵਿੱਚ ਇਕੱਠੇ ਹੋ ਕੇ ਵਿਸ਼ਾਲ ਟਰੈਕਟਰ ਪਰੇਡ ਕੀਤੀ ਜਿਸ ਦੀ ਅਗਵਾਈ ਬਲਦੇਵ ਸਿੰਘ ਸੈਦਪੁਰ, ਸਤਨਾਮ ਸਿੰਘ ਝੰਡੇਰ, ਬਲਦੇਵ ਸਿੰਘ ਵੇਰਕਾ, ਪ੍ਰਭਜੀਤ ਸਿੰਘ ਤਿੰਮੋਵਾਲ, ਦਲਵਿੰਦਰ ਸਿੰਘ ਸ਼ਾਹ, ਰਣਬੀਰ ਸਿੰਘ ਬੱਲਕਲਾਂ, ਮਨਜੀਤ ਸਿੰਘ ਬਾਠ, ਗੁਰਦੇਵ ਸਿੰਘ ਵਰਪਾਲ, ਨਰਿੰਦਰ ਬੱਲ, ਭੁਪਿੰਦਰ ਸਿੰਘ, ਬਲਜਿੰਦਰ ਸਿੰਘ, ਸਵਿੰਦਰ ਸਿੰਘ ਮੀਰਾਂਕੋਟ ਤੇ ਨਿਸ਼ਾਨ ਸਿੰਘ ਸਾਂਘਣਾਂ ਨੇ ਕੀਤੀ। ਟਰੈਕਟਰ ਪਰੇਡ ਸ਼ੁਰੂ ਕਰਨ ਤੋਂ ਪਹਿਲਾਂ ਕੰਪਨੀ ਬਾਗ ਵਿੱਚ ਵਿਸ਼ਾਲ ਰੈਲੀ ਕੀਤੀ ਗਈ ਜਿਸਨੂੰ ਜਥੇਬੰਆਂ ਦੇ ਪ੍ਰਮੁੱਖ ਆਗੂਆਂ ਡਾਕਟਰ ਸਤਨਾਮ ਸਿੰਘ ਅਜਨਾਲਾ, ਜਤਿੰਦਰ ਸਿੰਘ ਛੀਨਾ, ਲਖਬੀਰ ਸਿੰਘ ਨਿਜ਼ਾਮਪੁਰ, ਧਨਵੰਤ ਸਿੰਘ ਖਤਰਾਏ ਕਲਾਂ, ਮਨਜੀਤ ਸਿੰਘ ਬਾਸਰਕੇ, ਸੁੱਚਾ ਸਿੰਘ ਅਜਨਾਲਾ, ਮੰਗਲ ਸਿੰਘ ਧਰਮਕੋਟ, ਚਰਨਜੀਤ ਸਿੰਘ ਬੱਲ ਕਲਾਂ, ਮਨਜੀਤ ਸਿੰਘ ਬਾਠ ਆਦਿ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਬੀਜੇਪੀ ਦੀ ਅਗਵਾਈ ਵਾਲੀ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਅਪਣਾਈਆਂ ਗਈਆਂ ਕਿਸਾਨ ਮਜ਼ਦੂਰ ਵਿਰੋਧੀ ਨੀਤੀਆਂ ਕਾਰਨ ਕਾਰਪੋਰੇਟ ਵੱਲੋਂ ਕੀਤੀ ਜਾ ਰਹੀ ਅੰਨੀ ਲੁੱਟ ਨੂੰ ਖਤਮ ਕਰਾਉਣ ਅਤੇ ਸੰਵਿਧਾਨ ਵਿੱਚ ਦਰਜ ਜਮਹੂਰੀ, ਧਰਮ ਨਿਰਪੱਖ, ਸੰਘੀ ਢਾਂਚਾ ਬਚਾਉਣ ਲਈ ਟਰੈਕਟਰ ਪਰੇਡ ਕੀਤੀ।

ਉਪਰੋਕਤ ਤੋਂ ਇਲਾਵਾ ਇਸ ਮੌਕੇ ਰਤਨ ਸਿੰਘ, ਮੇਜਰ ਸਿੰਘ ਕੜਿਆਲ, ਹਰਪਾਲ ਸਿੰਘ ਛੀਨਾ, ਕਾਬਲ ਸਿੰਘ ਸ਼ਾਹਪੁਰ, ਬਲਕਾਰ ਸਿੰਘ ਦੁਧਾਲਾ, ਟਰੇਡ ਯੂਨੀਅਨ ਆਗੂ ਰਕੇਸ਼ ਕੁਮਾਰ, ਗੁਰਮੀਤ ਸਿੰਘ ਸ਼ਾਮਨਗਰ ਆਦਿ ਨੇ ਵੀ ਸੰਬੋਧਨ ਕੀਤਾ।

## ਸਸਸ ਸਕੂਲ ਆਫ ਐਮੀਨੈਂਸ ਭਿੱਖੀਵਿੰਡ ਵਿਖੇ ਮਨਾਇਆ ਗਣਤੰਤਰ ਦਿਵਸ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਨ/ਰਣਬੀਰ ਸਿੰਘ ਗੋਲਣ)-75ਵਾਂ ਗਣਤੰਤਰ ਦਿਵਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਫ ਐਮੀਨੈਂਸ ਭਿੱਖੀਵਿੰਡ ਵਿਖੇ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਮਾਰੋਹ 'ਚ ਮੁੱਖ ਮਹਿਮਾਨ ਵਜੋਂ ਪਹੁੰਚੇ ਤਹਿਸੀਲਦਾਰ ਵਰਿੰਦਰ ਕੁਮਾਰ ਭਾਟੀਆ ਵੱਲੋਂ ਤਿਰੰਗਾ ਝੰਡਾ ਲਹਿਰਾਇਆ ਗਿਆ। ਦੱਸਣਯੋਗ ਹੈ ਕਿ ਸਮਾਗਮ 'ਚ ਵੱਖ-ਵੱਖ ਖੇਤਰਾਂ ਨਾਲ ਸੰਬੰਧਤ ਨਾਮਵਰ ਸ਼ਖਸੀਅਤਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ। ਇਸ ਮੌਕੇ ਥਾਣਾ ਮੁਖੀ ਭਿੱਖੀਵਿੰਡ ਗੁਰਚਰਨ ਸਿੰਘ ਦੀ ਅਗਵਾਈ ਹੇਠ ਪੰਜਾਬ ਪੁਲਸ ਦੇ ਜਵਾਨਾਂ ਤੇ ਵੱਖ-ਵੱਖ ਸਕੂਲਾਂ ਦੇ ਐੱਨਸੀਸੀ ਕੈਡਿਟਾਂ ਵੱਲੋਂ ਮਾਰਚ ਪਾਸਟ ਕਰਦਿਆਂ ਤਿਰੰਗੇ ਝੰਡੇ ਨੂੰ ਸਲਾਮੀ ਦਿੱਤੀ ਗਈ। ਇਸ ਮੌਕੇ ਵੱਖ-ਵੱਖ ਵਿਭਾਗਾਂ ਵੱਲੋਂ ਵਿਕਾਸ ਅਤੇ ਸਰਕਾਰੀ ਸਕੀਮਾਂ ਨੂੰ ਦਰਸਾਉਂਦੀਆਂ ਝਾਕੀਆਂ ਦੀ ਪੇਸ਼ਕਾਰੀ ਵੀ ਕੀਤੀ ਗਈ। ਇਸ ਮੌਕੇ ਆਪਣੇ ਸੰਬੋਧਨ 'ਚ ਦੇਸ਼ ਵਾਸੀਆਂ ਨੂੰ 75ਵੇਂ ਗਣਤੰਤਰ ਦਿਵਸ ਦੀਆਂ ਵਧਾਈਆਂ ਦਿੰਦਿਆਂ ਤਹਿਸੀਲਦਾਰ ਵਰਿੰਦਰ ਕੁਮਾਰ ਭਾਟੀਆ ਨੇ ਕਿਹਾ ਕਿ ਉਹ ਦੇਸ ਦੀਆਂ ਤਿੰਨੋਂ ਸੈਨਾਵਾਂ ਅਤੇ ਹਥਿਆਰਬੰਦ ਬਲਾਂ ਦੇ ਬਹਾਦਰ ਸੂਰਬੀਰਾਂ ਜੋ ਸਾਡੇ ਦੇਸ ਦੀ ਪ੍ਰਭੂਸੱਤਾ ਅਤੇ ਅਖੰਡਤਾ ਦੀ ਰਾਖੀ ਕਰ ਰਹੇ ਹਨ,ਨੂੰ ਸਲਾਮ ਕਰਦੇ ਹਨ। ਉਨ੍ਹਾਂ ਕਿਹਾ ਕਿ 26 ਜਨਵਰੀ 1950 ਨੂੰ ਗਵਰਨਮੈਂਟ ਆਫ ਇੰਡੀਆ ਐਕਟ (1935) ਦੀ ਥਾਂ ਆਜਾਦ ਭਾਰਤ ਦਾ ਸੰਵਿਧਾਨ ਲਾਗੂ ਹੋਇਆ ਸੀ, ਜਿਸ ਤੋਂ ਬਾਅਦ ਭਾਰਤ ਨੂੰ ਪੂਰਨ ਤੌਰ 'ਤੇ ਗਣਤੰਤਰ ਐਲਾਨਿਆ ਗਿਆ ਸੀ। ਇਸ ਮੌਕੇ ਉਨ੍ਹਾਂ ਨੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਵੱਡਮੁੱਲੇ ਯੋਗਦਾਨ ਨੂੰ ਵੀ ਸਿਜਦਾ ਕੀਤਾ। ਉਨ੍ਹਾਂ ਕਿਹਾ ਕਿ ਇਹ ਦਿਹਾੜਾ ਆਜ਼ਾਦੀ ਘੁਲਾਟੀਆਂ ਅਤੇ ਸੰਵਿਧਾਨ-ਘਾੜਿਆਂ ਵੱਲੋਂ ਭਾਰਤ ਦੇ ਸੁਨਹਿਰੀ ਭਵਿੱਖ ਖਾਤਰ ਲਏ ਗਏ ਸੁਪਨਿਆਂ ਨੂੰ ਸਾਕਾਰ ਕਰਨ ਦੀ ਯਾਦ ਦਿਵਾਉਂਦਾ ਹੈ ਅਤੇ ਸਾਨੂੰ ਸਭ ਨੂੰ ਆਪਣੀ ਸਮੁੱਚੀ ਕਾਰਗੁਜ਼ਾਰੀ ਉੱਤੇ ਝਾਤ ਮਾਰਨ ਦਾ ਮੌਕਾ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਫ਼ੌਜੀ ਜਵਾਨਾਂ, ਸ਼ਹੀਦਾਂ ਦੇ ਪਰਿਵਾਰਾਂ ਅਤੇ ਸਾਬਕਾ ਫ਼ੌਜੀਆਂ ਦੀ ਭਲਾਈ ਲਈ ਵਚਨਬੱਧ ਹੈ। ਸੂਬਾ ਸਰਕਾਰ ਵੱਲੋਂ ਸ਼ਹੀਦ ਜਵਾਨਾਂ ਦੇ ਵਾਰਿਸਾਂ ਲਈ ਐਕਸ-ਗ੍ਰੇਸ਼ੀਆ ਰਾਸ਼ੀ 50 ਲੱਖ ਰੁਪਏ ਤੋਂ ਵਧਾ ਕੇ 1 ਕਰੋੜ ਰੁਪਏ ਕੀਤੀ ਗਈ ਹੈ ਅਤੇ ਇਸ ਵਿੱਤੀ ਸਹਾਇਤਾ ਸਕੀਮ ਅਧੀਨ ਅਗਨੀਵੀਰਾਂ ਨੂੰ ਵੀ ਸ਼ਾਮਲ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸੂਬਾ ਵਾਸੀਆਂ ਨੂੰ ਬਿਹਤਰ ਸਿਹਤ ਸੁਵਿਧਾਵਾਂ ਦੇਣ ਦੇ ਵਾਅਦੇ ਨੂੰ ਪੂਰਾ ਕਰਦਿਆਂ ਪੰਜਾਬ ਸਰਕਾਰ ਵੱਲੋਂ 664 ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ ਗਏ ਹਨ। ਇਸ ਤੋਂ ਇਲਾਵਾ ਸਰਕਾਰ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸਵਾ ਸੌ ਹੋਰ ਆਮ ਆਦਮੀ ਕਲੀਨਿਕ ਖੋਲ੍ਹਣ ਦੀ ਤਿਆਰੀ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਵਿੱਚ 80 ਤਰ੍ਹਾਂ ਦੀਆਂ ਦਵਾਈਆਂ ਅਤੇ 38 ਲੈਬ ਟੈਸਟ ਦੀਆਂ ਸੇਵਾਵਾਂ ਮੁਫ਼ਤ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ 1080 ਕਰੋੜ ਰੁਪਏ ਦੀ ਲਾਗਤ ਨਾਲ ਪ੍ਰਾਈਵੇਟ ਕੰਪਨੀ ਜੀਵੀਕੇ ਪਾਵਰ ਦੀ ਮਾਲਕੀ ਵਾਲਾ ਗੋਇੰਦਵਾਲ ਪਾਵਰ ਪਲਾਂਟ ਖ਼ਰੀਦ ਕੇ ਇਤਿਹਾਸ ਸਿਰਜਿਆ ਹੈ। ਇਸ ਪਲਾਂਟ ਦਾ ਨਾਂਅ ਸਾਡੇ ਸਭ ਦੇ ਤੀਜੇ ਗੁਰੂ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ ਦੇ ਨਾਂਅ 'ਤੇ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਘਰੇਲੂ ਖਪਤਕਾਰਾਂ ਨੂੰ ਪ੍ਰਤੀ ਮਹੀਨਾ 300 ਯੂਨਿਟ ਮੁਫ਼ਤ ਦਿੱਤੀ ਜਾ ਰਹੀ ਬਿਜਲੀ ਸਦਕਾ 90 ਫੀਸਦੀ ਤੋਂ ਵੱਧ ਘਰਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ। ਇਸਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਸੂਬੇ ਵਿੱਚ 10.77 ਲੱਖ ਰਾਸ਼ਨ ਕਾਰਡ ਬਹਾਲ ਕਰਕੇ ਲਾਭਪਾਤਰੀਆਂ ਨੂੰ ਵੱਡੀ ਰਾਹਤ ਪਹੁੰਚਾਈ ਗਈ ਹੈ। ਇਸ ਤੋਂ ਇਲਾਵਾ ਮੁੱਖ ਮੰਤਰੀ ਦੇ ਨਿਰਦੇਸ਼ਾਂ ਤਹਿਤ ਲਗਾਈਆਂ ਜਾ ਰਹੀਆਂ 'ਜਨ ਮਾਲ ਲੋਕ ਅਦਾਲਤਾਂ' ਤਹਿਤ ਇਸੇ ਮਹੀਨੇ 6 ਜਨਵਰੀ 'ਤੇ 15 ਜਨਵਰੀ ਨੂੰ ਆਯੋਜਿਤ ਕੀਤੇ ਗਏ ਵਿਸ਼ੇਸ਼ ਕੈਂਪਾਂ 'ਚ ਪੈਂਡਿੰਗ ਇੰਤਕਾਲਾਂ ਦੇ 50,796 ਮਾਮਲੇ ਨਿਪਟਾਏ ਗਏ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਤਰਨ ਤਾਰਨ ਵਿੱਚ ਲਗਾਏ ਗਏ ਵਿਸ਼ੇਸ ਕੈਂਪਾਂ ਦੌਰਾਨ ਲੱਗਭਗ 1500 ਪੈਂਡਿੰਗ ਇੰਤਕਾਲਾਂ ਦਾ ਮੌਕੇ 'ਤੇ ਨਿਪਟਾਰਾ ਕੀਤਾ ਜਾ ਚੁੱਕਾ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦੇ ਯਤਨਾਂ ਸਦਕਾ ਹੀ ਜ਼ਿਲ੍ਹੇ ਅੰਦਰ ਪਰਾਲੀ ਨੂੰ ਅੱਗ ਲਗਾਉਣ ਦੇ ਕੇਸਾਂ ਵਿੱਚ 36 ਫੀਸਦੀ ਗਿਰਾਵਟ ਆਈ ਹੈ। ਇਸੇ ਤਰ੍ਹਾਂ ਪਰਾਲੀ ਦੀ ਸਾਂਭ-ਸੰਭਾਲ ਸੰਬੰਧੀ ਸਾਲ 2022-23 ਦੌਰਾਨ ਕਿਸਾਨਾਂ ਨੂੰ 1183 ਮਸ਼ੀਨਾਂ ਅਤੇ ਸਾਲ 2023-24 ਵਿੱਚ 837 ਮਸ਼ੀਨਾਂ ਸਬਸਿਡੀ 'ਤੇ ਮੁਹੱਈਆ ਕਰਵਾਈਆਂ ਗਈਆਂ ਹਨ। ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 26 ਲੱਖ 85 ਹਜ਼ਾਰ ਰੁਪਏ ਸਿੱਧੀ ਬਿਜਾਈ ਦਾ ਮਾਣਭੱਤਾ ਦਿੱਤਾ ਜਾ ਰਿਹਾ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਤਰਨ ਤਾਰਨ ਵੱਲੋਂ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ 18 ਆਮ ਆਦਮੀ ਕਲੀਨਿਕ ਚੱਲ ਰਹੇ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਸਰਕਾਰ ਵੱਲੋਂ ਜ਼ਿਲ੍ਹੇ ਵਿੱਚ ਫੇਸ-5 ਦੌਰਾਨ 11 ਹੋਰ ਨਵੇਂ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਪੁਰਦ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਮਗਨਰੇਗਾ ਸਕੀਮ ਅਧੀਨ ਰੋਜ਼ਾਨਾ ਰੁਜਗਾਰ ਮੁਹੱਈਆ ਕਰਵਾਉਣ ਦੇ ਟੀਚਿਆਂ ਵਿੱਚ ਜ਼ਿਲ੍ਹਾ ਤਰਨ ਤਾਰਨ ਪੰਜਾਬ ਭਰ ਵਿੱਚ ਦੂਸਰੇ ਸਥਾਨ 'ਤੇ ਪਹੁੰਚ ਚੁੱਕਾ ਹੈ। ਇਸ ਮੌਕੇ ਮੁੱਖ ਤਹਿਸੀਲਦਾਰ ਵਰਿੰਦਰ ਕੁਮਾਰ ਭਾਟੀਆ ਵੱਲੋਂ ਸਹੀਦਾਂ ਦੇ ਪਰਿਵਾਰਾਂ, ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ, ਉੱਘੇ ਪੱਤਰਕਾਰਾਂ ਤੇ ਰਾਜਨੀਤਕ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਸਮਾਗਮ ਦੀਆਂ ਤਿਆਰੀਆਂ ਅਤੇ ਹੋਰ ਪ੍ਰਬੰਧਾਂ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਐੱਸਡੀਐੱਮ ਦਫਤਰ ਭਿੱਖੀਵਿੰਡ ਦੇ ਸੁਪਰਡੈਂਟ ਅਨਿਲ ਕੁਮਾਰ ਨੂੰ ਵਿਸੇਸ ਤੌਰ 'ਤੇ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਮੁੱਖ ਮਹਿਮਾਨ ਤਹਿਸੀਲਦਾਰ ਵਰਿੰਦਰ ਕੁਮਾਰ ਭਾਟੀਆ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਤਰਫੋਂ ਉੱਘੇ ਪੱਤਰਕਾਰਾਂ, ਰਾਜਨੀਤਕ ਅਤੇ ਧਾਰਮਿਕ ਸ਼ਖ਼ਸੀਅਤਾਂ ਨੂੰ ਮੀਮੈਂਟੋਜ਼ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਸਟੇਜ ਸੈਕਟਰੀ ਮਾਸਟਰ ਮਨਮੀਤ ਸਿੰਘ, ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਦੇ ਪ੍ਰਿੰ. ਸੰਜੇ ਸਹਿਗਲ, ਭਾਜਪਾ ਦੇ ਸੀਨੀਅਰ ਆਗੂ ਸਿਤਾਰਾ ਸਿੰਘ ਡਲੀਰੀ, ਪ੍ਰਿੰਸੀਪਲ ਕੰਧਾਲ ਸਿੰਘ ਬਾਠ ਸੈਕਰਡ ਸੋਲਜ਼ ਸਕੂਲ ਕਾਲੇ, ਪ੍ਰਿੰ. ਪਰਮਜੀਤ ਕੁਮਾਰ ਡੀਏਵੀ ਪਬਲਿਕ ਸਕੂਲ ਭਿੱਖੀਵਿੰਡ, ਸ.ਸ.ਸ. ਸਕੂਲ ਆਫ ਐਮੀਨੈਂਸ ਦੇ ਇੰਚਾਰਜ ਮਾਸਟਰ ਸਤਿੰਦਰ ਸਿੰਘ ਪੰਨੂ, ਵਸੀਕਾ ਨਵੀਸ ਯੂਨੀਅਨ ਤਹਿਸੀਲ ਭਿੱਖੀਵਿੰਡ ਦੇ ਪ੍ਰਧਾਨ ਅਨੂ ਸ਼ਰਮਾ, ਰੀਡਰ ਸਵਿੰਦਰ ਸਿੰਘ, ਆਪ ਆਗੂ ਜਸਵਿੰਦਰ ਸਿੰਘ ਡਲੀਰੀ, ਮਾਰਕੀਟ ਕਮੇਟੀ ਭਿੱਖੀਵਿੰਡ ਸੈਕਟਰੀ ਅਨਿਲ ਅਰੋੜਾ, ਮਾ. ਵਰਿੰਦਰ ਕੁਮਾਰ, ਥਾਣਾ ਮੁਖੀ ਗੁਰਚਰਨ ਸਿੰਘ ਭਿੱਖੀਵਿੰਡ, ਤਹਿਸੀਲ ਕੰਪਲੈਕਸ ਭਿੱਖੀਵਿੰਡ ਦੇ ਸਮੂਹ ਮੁਲਾਜ਼ਮ ਗੁਰਮੀਤ ਸਿੰਘ, ਦਵਿੰਦਰ ਸਿੰਘ, ਜਗਰੂਪ ਸਿੰਘ, ਇਕਬਾਲ ਸਿੰਘ, ਅਮਨ ਕੁਮਾਰ, ਮਨੀਸ਼ ਕੁਮਾਰ, ਗੁਰਪ੍ਰੀਤ ਸਿੰਘ ਆਦਿ ਤੋਂ ਇਲਾਵਾ ਹੋਰ ਵੀ ਸਮਾਜ ਸੇਵੀ ਸ਼ਖ਼ਸੀਅਤਾਂ ਹਾਜ਼ਰ ਸਨ।

## ਟਰਾਂਸਪੋਰਟ ਮੰਤਰੀ ਦੇ ਜੱਦੀ ਸ਼ਹਿਰ ਦਾ ਬੱਸ ਅੱਡਾ ਪੰਜ ਦਿਨਾਂ ਤੋਂ ਬੰਦ, ਜਨਤਾ ਪ੍ਰੇਸ਼ਾਨ




**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਜੱਦੀ ਸ਼ਹਿਰ ਪੱਟੀ ਦੇ ਬੱਸ ਅੱਡੇ ਅੰਦਰ ਪਿਛਲੇ ਪੰਜ ਦਿਨਾਂ ਤੋਂ ਸਰਕਾਰੀ ਤੇ ਪ੍ਰਾਈਵੇਟ ਬੱਸਾਂ ਦਾ ਦਾਖਲਾ ਮੁਕੰਮਲ ਬੰਦ ਹੋਣ ਕਰਕੇ ਆਮ ਜਨਤਾ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉੱਥੇ ਸਰਕਾਰ ਵੱਲੋਂ ਇਸ ਸਮੱਸਿਆ ਦੇ ਸਥਾਈ ਹੱਲ ਕਰਨ ਦੀ ਬਜਾਏ ਨਗਰ ਕੌਂਸਲ ਪੱਟੀ ਵੱਲੋਂ ਦੋ ਟਰੈਕਟਰ ਟਰਾਲੀਆਂ ਲਗਾ ਕੇ ਬੱਸ ਅੱਡੇ ਨੂੰ ਬੰਦ ਕਰ ਦਿੱਤਾ ਗਿਆ ਹੈ। ਮਿਨੀ ਬੱਸ ਯੂਨੀਅਨ ਦੇ ਆਗੂਆਂ ਸਮੇਤ ਪਨਬੱਸ ਕੰਟ੍ਰੈਕਟ ਵਰਕਰ ਯੂਨੀਅਨ ਪੱਟੀ ਡਿਪੂ ਦੇ ਜਨਰਲ ਸੈਕਟਰੀ ਸਤਨਾਮ ਸਿੰਘ ਨੇ ਕਿਹਾ ਕਿ ਬੱਸ ਸਟੈਂਡ ਪੱਟੀ ਅੰਦਰ ਨਜਾਇਜ਼ ਪਾਰਕਿੰਗ ਹੋਣ ਕਰਕੇ ਹਰ ਰੋਜ਼ ਵਹੀਕਲ ਚਾਲਕ ਉਨ੍ਹਾਂ ਨਾਲ ਲੜਾਈ ਝਗੜਾ ਕਰਦੇ ਹਨ ਅਤੇ ਜਿਸ ਕਰਕੇ ਬੱਸਾਂ ਦੇ ਟਾਈਮ ਪ੍ਰਭਾਵਿਤ ਹੁੰਦੇ ਹਨ। ਉਨ੍ਹਾਂ ਕਿਹਾ ਕਿ ਬੱਸ ਅੱਡੇ ਅੰਦਰੋਂ ਨਜਾਇਜ਼ ਪਾਰਕਿੰਗ ਨੂੰ ਬੰਦ ਕਰਨ ਲਈ ਜਨਰਲ ਮੈਨੇਜਰ ਡਿਪੂ ਪੱਟੀ ਅਤੇ ਨਗਰ ਕੌਂਸਲ ਪੱਟੀ ਦੇ ਪ੍ਰਬੰਧਕਾਂ ਨੂੰ ਜਾਣੂ ਕਰਵਾਇਆ ਗਿਆ ਸੀ ਪਰ ਸਮੱਸਿਆ ਦਾ ਕੋਈ ਹੱਲ ਨਹੀਂ ਹੋਇਆ ਜਿਸ ਕਰਕੇ ਬੱਸ ਚਾਲਕਾਂ ਵੱਲੋਂ 22 ਦਸੰਬਰ ਤੋਂ ਬੱਸ ਅੱਡੇ ਪੱਟੀ ਅੰਦਰੋਂ ਬੱਸਾਂ ਦਾ ਦਾਖਲਾ ਮੁਕੰਮਲ ਰੂਪ ਵਿੱਚ ਬੰਦ ਕਰਕੇ ਸ਼ਹਿਰ ਦੇ ਕੁੱਲਾ ਚੌਕ ਅੰਦਰ ਕਰ ਦਿੱਤਾ ਗਿਆ ਅਤੇ ਅੱਜ ਜਨਤਾ ਦੀ ਟ੍ਰੈਫਿਕ ਪ੍ਰੇਸ਼ਾਨੀ ਨੂੰ ਵੇਖਦਿਆਂ ਸ਼ਹਿਰ ਦੀ ਦੁਸਹਿਰਾ ਗਰਾਊਂਡ ਵਿੱਚ ਤਬਦੀਲ ਕੀਤਾ ਗਿਆ ਹੈ। ਸਰਕਾਰੀ ਤੇ ਪ੍ਰਾਈਵੇਟ ਟਰਾਂਸਪੋਰਟ ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਸੂਬੇ ਦਾ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਪੱਟੀ ਵੱਲੋਂ ਸ਼ਹਿਰ ਨਾਲ ਸਬੰਧਤ ਹੋਣ ਦੇ ਬਾਵਜੂਦ ਬੱਸ ਚਾਲਕਾਂ ਤੇ ਜਨਤਾ ਦੀ ਪ੍ਰੇਸ਼ਾਨੀ ਵੱਲ ਧਿਆਨ ਨਹੀਂ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਜਿੰਨਾ ਚਿਰ ਬੱਸ ਅੱਡੇ ਅੰਦਰੋਂ ਨਜਾਇਜ਼ ਪਾਰਕਿੰਗ ਅਤੇ ਮੁੱਖ ਗੇਟ ਅੱਗੋਂ ਟ੍ਰੈਫਿਕ ਸਮੱਸਿਆ ਦਾ ਹੱਲ ਨਾ ਕੀਤਾ ਗਿਆ ਉਸ ਸਮੇਂ ਤੱਕ ਉਹ ਬੱਸ ਅੱਡੇ ਪੱਟੀ ਅੰਦਰ ਬੱਸਾਂ ਦਾ ਦਾਖ਼ਲਾ ਬੰਦ ਰੱਖਣਗੇ। ਜਦੋਂ ਮੀਡੀਆਂ ਵੱਲੋਂ ਬੱਸ ਅੱਡੇ ਦੀ ਸਮੱਸਿਆਂ ਦੇ ਹੱਲ ਸਬੰਧੀ ਪ੍ਰਤੀਕਿਰਿਆਂ ਜਾਨਣ ਲਈ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਨੇ ਫੋਨ ਚੁੱਕਣਾ ਜ਼ਰੂਰੀ ਨਹੀਂ ਸਮਝਿਆ। ਨਗਰ ਕੌਂਸਲ ਪੱਟੀ ਦੇ ਈਓ ਅਨਿਲ ਚੋਪੜਾ ਨੇ ਕਿਹਾ ਕਿ ਬੱਸ ਅੱਡਾ ਪੱਟੀ ਅੰਦਰ ਨਜਾਇਜ਼ ਪਾਰਕਿੰਗ ਨੂੰ ਰੋਕਣ ਲਈ ਪੁਲਸ ਕੋਲੋਂ ਮਦਦ ਮੰਗੀ ਹੈ ਅਤੇ ਕੱਲ੍ਹ ਤੱਕ ਬੱਸ ਅੱਡੇ ਅੰਦਰੋਂ ਬੱਸਾਂ ਦੀ ਆਵਾਜਾਈ ਬਹਾਲ ਕਰ ਦਿੱਤੀ ਜਾਵੇਗੀ।

29-JAN-PAGE-12.qxd 1/28/2024 10:25 PM Page 1



# ਬੇਟੀ ਬਿਨਾਂ ਸਮਾਜ ਦੀ ਕਲਪਨਾ ਅਸੰਭਵ : ਬ੍ਰਮ ਸ਼ੰਕਰ ਜਿੰਪਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਸਮਾਜਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ 'ਬੇਟੀ ਬਚਾਓ-ਬੇਟੀ ਪੜ੍ਹਾਓ' ਯੋਜਨਾ ਤਹਿਤ ਅੱਜ ਪਿੰਡ ਸ਼ੇਰਗੜ੍ਹ 'ਚ ਕਰਵਾਏ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ 21 ਨਵਜੰਮੀਆਂ ਬੱਚੀਆਂ ਦੀ ਲੋਹੜੀ ਪਾਈ ਗਈ। ਸਮਾਰੋਹ 'ਚ ਮੁੱਖ ਮਹਿਮਾਨ ਵਜੋਂ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਸ਼ਿਰਕਤ ਕੀਤੀ। ਇਸ ਦੌਰਾਨ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਜ) ਰਾਹੁਲ ਚਾਬਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਸਭ ਤੋਂ ਪਹਿਲਾਂ ਕੈਬਨਿਟ ਮੰਤਰੀ ਨੇ ਪਿੰਡ ਸ਼ੇਰਗੜ੍ਹ 'ਚ ਪਹੁੰਚ ਕੇ ਨਵਜੰਮੀ ਬੱਚੀ ਪ੍ਰੀਤਿਕਾ ਰਾਣੀ ਦੇ ਨਾਮ ਦੀ ਨੇਮ ਪਲੇਟ ਉਸ ਦੇ ਘਰ ਜਾ ਕੇ ਲਗਾਈ। ਇਸ ਉਪਰੰਤ ਉਨ੍ਹਾਂ ਪਿੰਡ ਸ਼ੇਰਗੜ੍ਹ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੇ ਨਾਲ ਲੱਗਦੇ ਸਟੇਡੀਅਮ ਵਿਚ ਪਹੁੰਚ ਕੇ ਨਵਜੰਮੀਆਂ ਬੱਚੀਆਂ ਨੂੰ ਤੋਹਫੇ ਦੇ ਕੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨਾਲ 'ਧੀਆਂ ਦੀ ਲੋਹੜੀ' ਨੂੰ ਮਨਾਇਆ। ਕੈਬਨਿਟ ਮੰਤਰੀ ਨੇ ਸਾਰਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਅੱਜ ਇਸ ਸ਼ੁੱਭ ਮੌਕੇ ਅਸੀਂ ਇਨ੍ਹਾਂ ਨਵਜੰਮੀਆਂ ਬੱਚੀਆਂ ਦੀ ਪਹਿਲੀ ਲੋਹੜੀ ਮਨਾ ਰਹੇ ਹਾਂ। ਉਨ੍ਹਾਂ ਕਿਹਾ ਕਿ ਅੱਜ ਬੇਟੀਆਂ ਦੇ ਬਿਨਾਂ ਸਮਾਜ ਦੀ ਕਲਪਨਾ ਕਰਨਾ ਅਸੰਭਵ ਹੈ, ਇਸ ਲਈ ਲੋਕਾਂ ਨੂੰ ਕੰਨਿਆ ਭਰੂਣ ਹੱਤਿਆ ਵਰਗੀ ਗਲਤ ਸੋਚ ਨੂੰ ਤਿਆਗ ਕੇ ਬੇਟੀਆਂ ਦਾ ਸਤਿਕਾਰ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬੇਟੇ



ਅਤੇ ਬੇਟੀਆਂ ਨੂੰ ਬਰਾਬਰ ਮੌਕੇ ਮਿਲਣੇ ਚਾਹੀਦੇ ਹਨ ਕਿਉਂਕਿ ਬੇਟੀਆਂ ਕਿਸੇ ਵੀ ਖੇਤਰ ਵਿਚ ਕਿਸੇ ਤੋਂ ਘੱਟ ਨਹੀਂ ਹਨ। ਉਨ੍ਹਾਂ ਕਿਹਾ ਕਿ ਅੱਜ ਬੇਟੀਆਂ ਸਮਾਜ ਦੇ ਹਰ ਖੇਤਰ ਦੀ ਪ੍ਰਤੀਨਿਧਤਾ ਕਰਕੇ ਤਰੱਕੀ ਵੀ ਕਰ ਰਹੀਆਂ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਮਾਹਿਲਾ ਸਸ਼ਕਤੀਕਰਨ ਤਾਂ ਹੀ ਸੰਭਵ ਹੋ ਸਕਦਾ ਹੈ, ਜਦ ਬੇਟੀਆਂ ਪੜ੍ਹਾਈ ਕਰਕੇ ਆਪਣਾ ਵਿਕਾਸ ਕਰਨ ਅਤੇ ਆਰਥਕ ਤੌਰ 'ਤੇ ਸੁਤੰਤਰ ਹੋ ਕੇ ਸਮਾਜ ਵਿਚ ਸਿਰ ਉਠਾ ਕੇ ਜਿਊਣ।

ਉਨ੍ਹਾਂ ਸਮਾਰੋਹ ਵਿਚ ਮੌਜੂਦ ਵਿਦਿਆਰਥਣਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਉਹ ਟੀਚੇ ਨਿਰਧਾਰਤ ਕਰਕੇ ਪੜ੍ਹਾਈ ਕਰਨ ਅਤੇ ਆਪਣਾ ਕੈਰੀਅਰ ਚੁਣਨ। ਇਸ ਦੌਰਾਨ ਉਨ੍ਹਾਂ ਨੇ ਸਮਾਜਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮਾਂ ਨਾਲ ਸਮਾਜ ਵਿਚ ਜਾਗਰੂਕਤਾ ਆਉਂਦੀ ਹੈ ਅਤੇ ਪ੍ਰਸ਼ਾਸਨ ਨੂੰ ਸਮੇਂ-ਸਮੇਂ ਸਿਰ ਇਸ ਤਰ੍ਹਾਂ ਦੇ ਆਯੋਜਨ ਕਰਦੇ ਰਹਿਣਾ ਚਾਹੀਦਾ ਹੈ। ਇਸ ਦੌਰਾਨ ਉਨ੍ਹਾਂ ਲੋਹੜੀ ਬਾਲ ਕੇ ਸਮਾਰੋਹ ਦੀ ਸ਼ੁਰੂਆਤ ਵੀ ਕੀਤੀ। ਕੈਬਨਿਟ ਮੰਤਰੀ ਨੇ ਇਸ ਮੌਕੇ ਡਾ. ਰਿਤੂ ਕੁਮਰਾ ਵੱਲੋਂ ਔਰਤਾਂ ਨੂੰ ਸਮਰਪਤ ਲਿਖੀ ਕਿਤਾਬ 'ਵਿੰਗਜ਼ ਟੂ ਫਲਾਈ' ਦਾ ਵੀ ਲੋਕ ਅਰਪਣ ਕੀਤਾ। ਵਧੀਕ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਨੇ ਕਿਹਾ ਕਿ ਬੇਟੀਆਂ ਤਾਂ ਹੀ ਸਮਾਜ ਵਿਚ ਆਪਣਾ ਨਾਮ ਰੌਸ਼ਨ ਕਰ ਸਕਦੀਆਂ ਹਨ, ਜਦ ਉਨ੍ਹਾਂ ਨੂੰ ਪਰਵਾਰ ਤੋਂ ਸਹਿਯੋਗ ਮਿਲੇ, ਇਸ ਲਈ ਉਨ੍ਹਾਂ ਬੇਟੀਆਂ ਦੇ ਪਰਵਾਰਕ ਮੈਂਬਰਾਂ ਅਤੇ ਖਾਸ ਕਰਕੇ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਉਹ ਬੇਟੀਆਂ ਨੂੰ ਵੱਧ ਤੋਂ ਵੱਧ ਉਤਸ਼ਾਹਤ ਕਰਨ ਅਤੇ ਸਹੀ ਦਿਸ਼ਾ ਵਿਚ ਅੱਗੇ ਵਧਣ ਦੀ ਪ੍ਰੇਰਨਾ ਦੇਣ। ਇਸ ਦੌਰਾਨ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ, ਸਕਿੱਟ, ਨਾਟਕ ਵੀ ਪੇਸ਼ ਕੀਤੇ ਅਤੇ ਅੰਤ ਵਿਚ ਮੁੱਖ ਮਹਿਮਾਨ ਨੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਸਨਮਾਨਤ ਵੀ ਕੀਤਾ। ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਹਰਦੀਪ ਕੌਰ, ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ, ਜ਼ਿਲ੍ਹਾ ਸਮਾਜਕ ਸੁਰੱਖਿਆ ਅਫ਼ਸਰ ਮਨਪ੍ਰੀਤ ਸਿੰਘ, ਨਾਇਬ ਤਹਿਸੀਲਦਾਰ ਵਿਜੇ ਕੁਮਾਰ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸ) ਧੀਰਜ ਵਸ਼ਿਸ਼ਟ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ:) ਸੁਖਵਿੰਦਰ ਸਿੰਘ, ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੇ ਪ੍ਰਿੰਸੀਪਲ ਰਾਜਨ ਅਰੋੜਾ, ਸੀ.ਡੀ.ਪੀ.ਓ ਇਇਆ ਰਾਣੀ, ਸੀ.ਡੀ.ਪੀ.ਓ ਮੰਜੂ ਬਾਲਾ, ਕ੍ਰਿਸ਼ਨ ਗੋਪਾਲ ਸ਼ਰਮਾ, ਰਵਿੰਦਰ ਸ਼ਰਮਾ, ਸਰਪੰਚ ਗੁਰਮੀਤ ਕੌਰ, ਸੁਦੇਸ਼, ਕਸ਼ਮੀਰ ਸਿੰਘ, ਪਵਨ ਕੁਮਾਰ, ਸੰਦੀਪ ਚੇਚੀ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

# ਪੰਚਾਇਤੀ ਰਾਜ ਪੈਨਸ਼ਨਰਜ਼ ਯੂਨੀਅਨ ਪੰਜਾਬ ਦੇ ਵਫਦ ਦੀ ਸਹਾਇਕ ਡਾਇਰੈਕਟਰ ਨਾਲ ਮੀਟਿੰਗ



**ਐੱਸ.ਏ.ਐੱਸ. ਨਗਰ (ਗੁਰਜੀਤ ਬਿੱਲਾ)**- ਪੰਚਾਇਤੀ ਰਾਜ ਪੈਨਸ਼ਨਰਜ਼ ਯੂਨੀਅਨ ਪੰਜਾਬ ਦਾ ਇੱਕ ਵਫਦ ਜਥੇਬੰਦੀ ਦੀ ਸੀਨੀਅਰ ਮੀਤ ਪ੍ਰਧਾਨ ਕੁਲਵੰਤ ਕੌਰ ਬਾਠ ਦੀ ਅਗਵਾਈ ਵਿੱਚ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੀ ਸਹਾਇਕ ਡਾਇਰੈਕਟਰ ਪ੍ਰਨੀਤ ਕੌਰ, (ਇੰਚਾਰਜ ਪੈਨਸ਼ਨਰਜ ਸੈੱਲ) ਨੂੰ ਉਨ੍ਹਾਂ ਦੇ ਦਫਤਰ ਵਿੱਚ ਪੈਨਸ਼ਨਰਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਾਉਣ ਦੇ ਸਬੰਧ ਵਿੱਚ ਮਿਲਿਆ। ਮੁਲਾਕਾਤ ਸਮੇਂ ਵਫਦ ਵੱਲੋਂ ਇੰਚਾਰਜ ਦਾ ਅਤੇ ਵਿਭਾਗੀ ਅਧਿਕਾਰੀਆਂ ਦਾ ਧੰਨਵਾਦ ਕੀਤਾ ਗਿਆ ਕਿ ਲੰਮੇ ਸਮੇਂ ਦੀ ਉਡੀਕ ਤੋਂ ਬਾਅਦ ਪੰਚਾਇਤੀ ਰਾਜ ਦੇ ਪੰਚਾਇਤ ਸੰਮਤੀਆਂ/ਜ਼ਿਲ੍ਹਾ ਪ੍ਰੀਸ਼ਦਾਂ ਦੇ ਪੈਨਸ਼ਨਰਾਂ ਲਈ ਛੇਵੇਂ ਪੇ ਕਮਿਸ਼ਨ ਦੀ ਰਿਪੋਰਟ ਲਾਗੂ ਕਰਨ ਲਈ ਪੱਤਰ ਜਾਰੀ ਕਰ ਦਿੱਤਾ ਗਿਆ ਹੈ। ਇਸ ਪੱਤਰ ਨੂੰ ਜਾਰੀ ਕਰਾਉਣ ਲਈ ਵਿਭਾਗ ਦੇ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਲਈ ਗਈ ਵਿਸ਼ੇਸ਼ ਦਿਲਚਸਪੀ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ। ਵਫਦ ਵੱਲੋਂ ਇੰਚਾਰਜ ਸਾਹਿਬ ਨੂੰ ਇਸ ਪੱਤਰ 'ਤੇ ਅਮਲ ਕਰਨ ਸਬੰਧੀ ਪੁੱਛਿਆ ਗਿਆ ਤਾਂ ਉਨ੍ਹਾਂ ਦਾ ਕਹਿਣਾ ਸੀ ਕਿ ਇਸ ਤੇ ਅਗਲੇਰੀ ਕਾਰਵਾਈ ਕਰਨ ਲਈ ਸਮਾਂ ਲੱਗ ਜਾਣਾ ਹੈ। ਉਨ੍ਹਾਂ ਵਫਦ ਨੂੰ ਭਰੋਸਾ ਦਿਵਾਇਆ ਕਿ ਜਿੰਨੀ ਛੇਤੀ ਸੰਭਵ ਹੋ ਸਕਿਆ ਪੈਨਸ਼ਨਰਾਂ ਨੂੰ ਨਵੇਂ ਪੇ-ਕਮਿਸ਼ਨ ਦੀ ਰਿਪੋਰਟ ਅਨੁਸਾਰ ਪੈਨਸ਼ਨਾਂ ਦੇਣੀਆਂ ਸ਼ੁਰੂ ਕਰ ਦਿੱਤੀਆਂ ਜਾਣਗੀਆਂ। ਪੰਚਾਇਤੀ ਰਾਜ ਪੈਨਸ਼ਨਰ ਯੂਨੀਅਨ ਪੰਜਾਬ ਦੇ ਅਹੁਦੇਦਾਰਾਂ ਨੇ ਵਿਭਾਗੀ ਅਧਿਕਾਰੀਆਂ ਨੂੰ ਇਸ ਪੱਤਰ 'ਤੇ ਤੇਜ਼ੀ ਨਾਲ ਕਾਰਵਾਈ ਕਰਨ ਦੀ ਅਪੀਲ ਕਰਦਿਆਂ ਫੈਸਲਾ ਕੀਤਾ ਕਿ ਉਨ੍ਹਾਂ ਵੱਲੋਂ ਆਪਣੀਆਂ ਦੂਜੀਆਂ ਮੰਗਾਂ ਮਨਵਾਉਣ ਲਈ 6 ਫਰਵਰੀ ਨੂੰ ਡਾਇਰੈਕਟਰ ਪੰਚਾਇਤ ਵਿਭਾਗ ਪੰਜਾਬ ਦੇ ਮੁੱਖ ਦਫਤਰ ਵਿਖੇ ਧਰਨਾ ਦਿੱਤਾ ਜਾਵੇਗਾ। ਇਹ ਧਰਨੇ ਉਦੋਂ ਤੱਕ ਜਾਰੀ ਰਹਿਣਗੇ ਜਦੋਂ ਤੱਕ ਵਿਭਾਗੀ ਅਧਿਕਾਰੀਆਂ ਵੱਲੋਂ ਪੈਨਸ਼ਨਰਾਂ ਨੂੰ ਪ੍ਰੇਸ਼ਾਨ ਕਰਨਾ ਬੰਦ ਨਹੀਂ ਕੀਤਾ ਜਾਂਦਾ। ਮੰਗਾਂ ਹਨ : 65, 70 ਸਾਲਾ ਬੁਢਾਪਾ ਭੱਤਾ ਪੈਨਸ਼ਨ ਵਿੱਚ ਸ਼ਾਮਲ ਕਰਨਾ ਤੇ ਬਕਾਇਆ ਦੇਣਾ, ਪੇ-ਗ੍ਰੇਡ ਦੇ ਬਕਾਏ ਜਾਰੀ ਕਰਨਾ ਤੇ ਪੈਨਸ਼ਨ ਨਾਲ ਲਾਉਣਾ, ਬਾਕੀ ਰਹਿੰਦੀਆਂ ਪੈਨਸ਼ਨ ਦੇਣੀਆਂ, ਪੂਰੀ ਸਰਵਿਸ ਦੀ ਪੈਨਸ਼ਨ ਦੇਣ ਵਿੱਚ ਲਾਏ ਅੜਿੱਕਿਆਂ ਨੂੰ ਹਟਾਉਣਾ ਅਤੇ ਪਰਵਾਰਕ ਪੈਨਸ਼ਨਾਂ ਲਾਉਣਾ ਆਦਿ। ਪ੍ਰੈੱਸ ਦੀ ਜਾਣਕਾਰੀ ਲਈ ਪ੍ਰੈੱਸ ਨੋਟ ਜਥੇਬੰਦੀ ਦੇ ਜਨਰਲ ਸਕੱਤਰ ਗੁਰਮੀਤ ਸਿੰਘ ਭਾਂਖਰਪੁਰ ਅਤੇ ਸਕੱਤਰ ਜਾਗੀਰ ਸਿੰਘ ਢਿੱਲੋਂ ਵੱਲੋਂ ਜਾਰੀ ਕੀਤਾ ਗਿਆ।

# ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਖਿਲਾਫ਼ ਕੀਤੀ ਗਈ ਕਾਰਵਾਈ





**ਹੁਸ਼ਿਆਰਪੁਰ, (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**-ਸੜਕ ਸੁਰੱਖਿਆ ਮਹੀਨਾ-2024 ਦੌਰਾਨ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਦੇ ਨਿਰਦੇਸ਼ਾਂ 'ਤੇ ਸਕੱਤਰ ਰਿਜਨਲ ਟਰਾਂਸਪੋਰਟ ਅਥਾਰਟੀ ਆਰ.ਐਸ. ਗਿੱਲ ਨੇ ਇਨਫੋਰਸਮੈਂਟ ਡਰਾਈਵ ਤਹਿਤ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ 'ਤੇ ਕਾਰਵਾਈ ਕਰਦੇ ਹੋਏ ਉਨ੍ਹਾਂ ਦੇ ਚਲਾਨ ਕੱਟੇ ਅਤੇ ਓਵਰਲੋਡ ਗੱਡੀਆਂ ਨੂੰ ਇੰਪਾਊਂਡ ਕੀਤਾ। ਉਨ੍ਹਾਂ ਦੱਸਿਆ ਕਿ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਨਿਰਦੇਸ਼ਾਂ 'ਤੇ ਅਣਅਧਿਕਾਰਤ ਜੁਗਾੜੂ ਮੋਟਰਸਾਈਕਲ ਰੇਹੜੀਆਂ, ਜੋ ਕਿ ਸੜਕਾਂ 'ਤੇ ਹਾਦਸਿਆਂ ਦਾ ਕਾਰਨ ਬਣਦੀਆਂ ਹਨ, ਨੂੰ ਵੱਖ-ਵੱਖ ਥਾਣਿਆਂ ਵਿਚ ਜ਼ਬਤ ਕੀਤਾ ਗਿਆ। ਇਸ ਦੌਰਾਨ ਆਮ ਜਨਤਾ ਨੂੰ ਅਪੀਲ ਕੀਤੀ ਗਈ ਕਿ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਦੇ ਹੋਏ ਗੱਡੀਆਂ ਨੂੰ ਅਣਅਧਿਕਾਰਤ ਤੌਰ 'ਤੇ ਮਾਡੀਫਾਈ ਨਾ ਕੀਤਾ ਜਾਵੇ ਅਤੇ ਦਸਤਾਵੇਜ਼ ਪੂਰੇ ਰੱਖੇ ਜਾਣ। ਸਕੱਤਰ ਰਿਜਨਲ ਟਰਾਂਸਪੋਰਟ ਅਥਾਰਟੀ ਨੇ ਲੋਕਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਮੋਟਰ ਵਹੀਕਲ ਐਕਟ, 1988 ਦੀ ਧਾਰਾ 41 (7) ਅਨੁਸਾਰ ਨਾਨ-ਟਰਾਂਸਪੋਰਟ ਗੱਡੀਆਂ (ਨਿੱਜੀ ਵਾਹਨਾਂ) ਦੀ ਰਜਿਸਟਰੇਸ਼ਨ ਦੀ ਮਿਆਦ 15 ਸਾਲ ਤੱਕ ਹੁੰਦੀ ਹੈ। ਇਸ ਉਪਰੰਤ ਸੈਂਟਰਲ ਮੋਟਰ ਵਹੀਕਲ ਰੂਲਜ਼, 1989 ਦੇ ਰੂਲ 52 ਦੇ ਅਨੁਸਾਰ ਵਾਹਨ ਦੇ ਰਜਿਸਟਰੇਸ਼ਨ ਸਰਟੀਫਿਕੇਟ ਦੀ ਰੀਨਿਊ ਗੱਡੀ ਦੀ ਫਿਜ਼ੀਕਲ ਇੰਸਪੈਕਸ਼ਨ ਉਪਰੰਤ 5 ਸਾਲ ਲਈ ਵਧਾਈ ਜਾਂਦੀ ਹੈ। ਮੋਟਰ ਵਹੀਕਲ ਐਕਟ 1988 ਦੀ ਧਾਰਾ 55 (1) ਅਨੁਸਾਰ ਜੇਕਰ ਕੋਈ ਮੋਟਰ ਵਾਹਨ ਨਸ਼ਟ ਹੋ ਗਿਆ ਹੈ ਜਾਂ ਸਥਾਈ ਤੌਰ 'ਤੇ ਵਰਤੋਂ ਦੇ ਯੋਗ ਨਹੀਂ ਹੈ, ਤਾਂ ਉਸ ਗੱਡੀ, ਟਰੈਕਟਰ, ਮੋਟਰਸਾਈਕਲ ਦਾ ਮਾਲਕ 14 ਦਿਨ ਦੇ ਅੰਦਰ ਜਾਂ ਜਿੰਨੀ ਜਲਦ ਹੋ ਸਕੇ, ਰਜਿਸਟਰ ਕਰਨ ਵਾਲੀ ਅਥਾਰਟੀ, ਸਬੰਧਤ ਸਬ-ਡਵੀਜ਼ਨਲ ਮੈਜਿਸਟਰੇਟ ਜਾਂ ਰਿਜਨਲ ਟਰਾਂਸਪੋਰਟ ਅਫ਼ਸਰ ਕੋਲ ਉਸ ਵਾਹਨ ਦਾ ਰਜਿਸਟਰੇਸ਼ਨ ਸਰਟੀਫਿਕੇਟ ਸਰੰਡਰ ਕਰਵਾਏਗਾ। ਇਨ੍ਹਾਂ ਨਿਯਮਾਂ ਦੀ ਪਾਲਣਾ ਲਈ ਵਾਹਨ ਮਾਲਕ ਨੂੰ ਸੂਚਿਤ ਕੀਤਾ ਗਿਆ ਕਿ ਜਿਨ੍ਹਾਂ ਵਾਹਨਾਂ ਦੀ ਰਜਿਸਟਰੇਸ਼ਨ ਦੀ ਮਿਆਦ 15 ਸਾਲ ਪੂਰੀ ਹੋ ਚੁੱਕੀ ਹੈ ਅਤੇ ਉਨ੍ਹਾਂ ਵਾਹਨਾਂ ਦੀ ਵਰਤੋਂ ਕੀਤੀ ਜਾਂਦੀ ਹੈ, ਤਾਂ ਮੋਟਰ ਵਹੀਕਲ ਐਕਟ ਰੂਲਜ਼ ਦੇ ਅਨੁਸਾਰ ਉਸ ਵਾਹਨ ਦਾ ਰਜਿਸਟਰੇਸ਼ਨ ਰੀਨਿਊ ਕਰਵਾਉਣਾ ਜ਼ਰੂਰੀ ਹੈ। ਸੜਕ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਰਜਿਸਟਰੇਸ਼ਨ ਸਰਟੀਫਿਕੇਟ ਬਿਨਾਂ ਰੀਨਿਊ ਕਰਵਾਏ, ਸੜਕ 'ਤੇ ਚਲਾਉਣ ਵਾਲੇ ਵਾਹਨ ਚਾਲਕਾਂ ਵਿਰੁੱਧ ਮੋਟਰ ਵਹੀਕਲ ਐਕਟ ਤਹਿਤ ਬਣਦੀਆਂ ਧਾਰਾਵਾਂ ਅਨੁਸਾਰ ਕਾਰਵਾਈ ਕਰਦੇ ਹੋਏ ਵਾਹਨ ਜ਼ਬਤ ਕਰ ਲਏ ਜਾਣਗੇ। ਇਸ ਮੌਕੇ ਮੋਟਰ ਵਹੀਕਲ ਇੰਸਪੈਕਟਰ ਰਿਸ਼ੀ ਸ਼ਰਮਾ ਵੀ ਮੌਜੂਦ ਸਨ।

# ਫਿਲੌਰ ਵਿਖੇ ਵਿਰਾਸਤ ਨੂੰ ਦਰਸਾਉਂਦੀਆਂ ਝਾਕੀਆਂ ਦਾ ਕੀਤਾ ਸਵਾਗਤ



**ਫਿਲੌਰ (ਨਿਰਮਲ)**- ਪੰਜਾਬ ਸਰਕਾਰ ਵੱਲੋਂ ਤਿਆਰ ਸੂਬੇ ਦੇ ਅਮੀਰ ਸੱਭਿਆਚਾਰ ਤੇ ਵਿਰਾਸਤ ਨੂੰ ਦਰਸਾਉਂਦੀਆਂ ਝਾਕੀਆਂ ਐਤਵਾਰ ਨੂੰ ਫਿਲੌਰ ਵਿਖੇ ਆਮ ਲੋਕਾਂ ਦੇ ਰੂਬਰੂ ਕੀਤੀਆਂ ਗਈਆਂ। ਝਾਕੀਆਂ 'ਤੇ ਫੁੱਲਾਂ ਦੀ ਵਰਖਾ ਕਰਕੇ ਆਮ ਆਦਮੀ ਪਾਰਟੀ ਦੇ ਜੁਆਇੰਟ ਸਕੱਤਰ ਪੰਜਾਬ ਅਤੇ ਹਲਕਾ ਇੰਚਾਰਜ ਫਿਲੌਰ ਪ੍ਰਿੰਸੀਪਲ ਪ੍ਰੇਮ ਕੁਮਾਰ, ਐਸ.ਡੀ.ਐਮ ਫਿਲੌਰ ਅਮਨਪਾਲ ਸਿੰਘ ਅਤੇ ਹੋਰਨਾਂ ਨੇ ਨਿੱਘਾ ਸਵਾਗਤ ਕੀਤਾ। ਇਨ੍ਹਾਂ ਝਾਕੀਆਂ ਨੂੰ ਕਮਿਊਨਿਟੀ ਹਾਲ ਫਿਲੌਰ ਅਤੇ ਦਾਣਾ ਮੰਡੀ ਗੁਰਾਇਆ ਵਿਖੇ ਖਾਸ ਤੌਰ 'ਤੇ ਲੋਕਾਂ ਦੇ ਰੂਬਰੂ ਕੀਤਾ ਗਿਆ। ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਕਿਹਾ ਕਿ 26 ਜਨਵਰੀ ਦੇ ਸੰਬੰਧ ਵਿੱਚ ਇਹ ਝਾਕੀਆਂ ਦਿੱਲੀ ਭੇਜੀਆਂ ਸਨ, ਪਰ ਮੋਦੀ ਸਰਕਾਰ ਨੇ ਇਨ੍ਹਾਂ ਝਾਕੀਆਂ ਨੂੰ ਅਣਦੇਖਿਆ ਕਰ ਦਿੱਤਾ ਗਿਆ। ਪਰ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਨ੍ਹਾਂ ਝਾਕੀਆਂ ਨੂੰ ਪੂਰਾ ਸਨਮਾਨ ਦਿੰਦੇ ਹੋਏ ਸੂਬਾ ਵਾਸੀਆਂ ਦੇ ਰੂਬਰੂ ਕਰ ਦਿੱਤਾ। ਇਸ ਮੌਕੇ ਈ.ਓ ਦੇਸ ਰਾਜ, ਰੋਸ਼ਨ ਲਾਲ ਚੇਅਰਮੈਨ ਮਾਰਕਿਟ ਕਮੇਟੀ ਫਿਲੌਰ, ਹਰਕਮਲ ਸਿੰਘ ਬੇਗਮਪੁਰ, ਕੌਂਸਲਰ ਸੰਕਰ ਸੰਧੂ, ਜਗਤ ਰਾਮ ਭੱਟੀ ਨਗਰ, ਸੁਦੇਸ਼ ਕੁਮਾਰ ਬਿੱਲਾ, ਦੀਪਾ ਬਕਾਪੁਰ ਪੀ.ਏ ਅਤੇ ਹੋਰ ਹਾਜ਼ਰ ਸਨ।

# ਗਦਰੀ ਬਾਬਿਆਂ ਨੂੰ ਸਮਰਪਤ 17ਵਾਂ ਮੇਲਾ ਚੀਮਿਆਂ ਦਾ 2 ਨੂੰ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** -ਚੀਮਾ ਸਪੋਰਟਸ ਕਲਚਰ ਐਂਡ ਵੈਲਫੇਅਰ ਕਲੱਬ (ਰਜਿ.) ਐਨ.ਆਰ.ਆਈ ਵੀਰ, ਗ੍ਰਾਮ ਪੰਚਾਇਤ ਚੀਮਾਂ ਕਲਾਂ ਤੇ ਚੀਮਾਂ ਖੁਰਦ ਨੂਰਮਹਿਲ ਜ਼ਿਲ੍ਹਾ ਜਲੰਧਰ ਵੱਲੋਂ ਗਦਰੀ ਬਾਬਿਆਂ ਨੂੰ ਸਮਰਪਤ 17ਵਾਂ ਮੇਲਾ ਚੀਮਿਆਂ ਦਾ ਸਾਡੇ ਸਮਾਜ ਵਿਚ ਕੋਹੜ ਵਰਗੀਆਂ ਬਿਮਾਰੀਆਂ ਜਿਵੇਂ ਭਰੂਣ ਹੱਤਿਆ, ਦਾਜ ਅਤੇ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਅਤੇ ਖੇਡਾਂ ਨੂੰ ਪ੍ਰਫੁੱਲਤ ਕਰਨ ਲਈ ਆਓ ਜਾਗ੍ਰਿਤ ਹੋਈਏ ਲਈ 2 ਫਰਵਰੀ ਸੱਭਿਆਚਾਰਕ ਮੇਲਾ ਕਰਵਾਇਆ ਜਾ ਰਿਹਾ ਹੈ। ਇਸ ਮੇਲੇ 'ਤੇ ਮੁੱਖ ਮਹਿਮਾਨ ਬੀਬੀ ਇੰਦਰਜੀਤ ਕੌਰ ਮਾਨ ਆਪ ਵਿਧਾਇਕ ਨਕੋਦਰ, ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਸਾਬਕਾ ਐਮ.ਐਲ.ਏ ਅਤੇ ਡਾ.ਨਵਜੋਤ ਸਿੰਘ ਦਾਹੀਆ ਕਾਂਗਰਸ ਹਲਕਾ ਇੰਚਾਰਜ ਨਕੋਦਰ ਹੋਣਗੇ। ਮੇਲੇ 'ਤੇ ਵਿਸ਼ੇਸ਼ ਸਨਮਾਨ ਨਿਰਮਲ ਰਿਸ਼ੀ , ਬਾਈ ਹਰਦੀਪ ਤੇ ਅਸ਼ੋਕ ਭੌਰਾ ਨੂੰ ਕੀਤਾ ਜਾਵੇਗਾ। ਇਸ ਮੇਲੇ 'ਤੇ ਗਾਇਕ ਗੁਲਾਬ ਸਿੱਧੂ , ਬਲਰਾਜ , ਕਮਲ ਖਾਨ , ਜਸਬੀਰ ਜੱਸੀ , ਸਰਬਜੀਤ ਚੀਮਾ, ਬਾਈ ਹਰਦੀਪ, ਨਛੱਤਰ ਗਿੱਲ, ਹਰਦੀਪ ਚੀਮਾ , ਗੁਰਹੀਰ ਹੁੰਦਲ , ਅਮਨ ਰੋਜ਼ੀ, ਡਿਊਟੀ ਜੋੜੀ ਗੁਰਮੇਲ /ਕੁਲਵਿੰਦਰ ਕੈਲੀ, ਬਲਕਾਰ ਅਣਖੀਲਾ/ਮਨਜਿੰਦਰ ਗੁਲਸ਼ਨ, ਕੌਰ ਗਗਨ , ਸੁਖਰੀਤ ਬੁੱਟਰ, ਲਵਿਸ਼ ਚੌਹਾਨ, ਰਮਨਦੀਪ, ਸੁਖਵਿੰਦਰ ਪੰਛੀ, ਮਕਬੂਲ, ਮਨਜੀਤ ਪੱਪੂ, ਬੱਬੂ ਬਰਾੜ ਤੇ ਕਮੇਡੀ ਕਲਾਕਾਰ ਸੰਤੀ /ਭੋਟੂ ਸ਼ਾਹ ਆਪਣਾ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਨਗੇ। ਮੰਚ ਦੀ ਭੂਮਿਕਾ ਮੱਖਣ ਸ਼ੇਰਪੁਰੀ ਨਿਭਾਉਣਗੇ। ਇਸ ਮੇਲੇ ਦੀ ਜਾਣਕਾਰੀ ਗਾਇਕ ਸਰਬਜੀਤ ਚੀਮਾ ਨੇ ਦਿੱਤੀ।

# ਹਾਈਵੇ ਅਥਾਰਟੀ ਵੱਲੋਂ ਬਣਾਏ ਜਾਣ ਵਾਲੇ ਪੁਲ ਨੂੰ ਲੋਕਾਂ ਨੇ ਰੁਕਵਾਇਆ



**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**-ਪਿੰਡ ਕੋਟਲੀ ਤੇ ਦੁੱਗਰੀ ਕੋਲ ਭਾਰਤ ਮਾਲਾ ਪ੍ਰੋਜੈਕਟ ਤਹਿਤ ਬਣਾਏ ਜਾ ਰਹੇ ਨੈਸ਼ਨਲ ਹਾਈਵੇਅ ਪੁਲ ਨੂੰ ਲੋਕਾਂ ਨੇ ਵਿਰੋਧ ਕਰਦਿਆਂ ਬੰਦ ਕਰਵਾ ਦਿੱਤਾ, ਜਿਸ ਕਾਰਨ ਇਸ ਸੜਕ 'ਤੇ ਆਵਾਜਾਈ ਵੀ ਕਾਫੀ ਸਮਾਂ ਬੰਦ ਰਹੀ । ਪਿੰਡਾਂ ਦੇ ਲੋਕਾਂ ਦਾ ਕਹਿਣਾ ਹੈ ਕਿ ਉਕਤ ਥਾਂ 'ਤੇ 15 ਫੁੱਟ ਉੱਚਾ ਬਣਾਇਆ ਜਾ ਰਿਹਾ ਪੁਲ ਇਲਾਕੇ ਦੇ ਕਿਸਾਨਾਂ ਲਈ ਬਹੁਤ ਹੀ ਨੀਵਾਂ ਹੈ ਅਤੇ ਇਸ ਪੁਲ ਨੂੰ ਘੱਟੋ ਘੱਟ 18 ਫੁੱਟ ਉੱਚਾ ਬਣਾਇਆ ਜਾਵੇ । ਕਿਸਾਨ ਆਗੂ ਜੁਝਾਰ ਸਿੰਘ, ਜਸਪ੍ਰੀਤ ਸਿੰਘ, ਦੀਦਾਰ ਸਿੰਘ, ਸੁਖਵਿੰਦਰ ਸਿੰਘ ਅਤੇ ਨੰਬਰਦਾਰ ਰਣਜੀਤ ਸਿੰਘ ਨੇ ਦੱਸਿਆ ਕਿ ਇਲਾਕਾ ਕਿਸਾਨੀ ਨਾਲ ਸਬੰਧਤ ਹੋਣ ਕਰਕੇ ਕਿਸਾਨਾਂ ਦੀਆਂ ਕੰਬਾਈਨਾਂ ਜੋ ਕਿ 15 ਫੁੱਟ ਦੇ ਕਰੀਬ ਉੱਚੀ ਹੁੰਦੀ ਹੈ ਅਤੇ ਗੰਨੇ ਆਦਿ ਨਾਲ ਭਰੀਆਂ ਟਰੈਕਟਰ ਟਰਾਲੀਆਂ ਇਸ 15 ਫੁੱਟ ਉੱਚੇ ਪੁਲ ਹੇਠੋਂ ਕਿਵੇਂ ਲੰਘ ਜਾਣਗੀਆਂ। ਉਨ੍ਹਾਂ ਕਿਹਾ ਕਿ ਹਰ ਵਾਰ ਮੁਰੰਮਤ ਕਰਨ ਨਾਲ ਉਕਤ ਗੁਰੂ ਗੋਬਿੰਦ ਸਿੰਘ ਮਾਰਗ ਉੱਚਾ ਹੁੰਦਾ ਹੈ, ਜਿਸ ਕਾਰਨ ਨੀਵਾਂ ਪੁਲ ਕਿਵੇਂ ਬਚ ਸਕੇਗਾ । ਮੌਕੇ 'ਤੇ ਪੁੱਜੇ ਥਾਣਾ ਮੁਖੀ ਹਰਸ਼ ਮੋਹਣ ਗੌਤਮ ਕਿਸਾਨਾਂ ਨਾਲ ਹਾਈਵੇਅ ਅਥਾਰਟੀ ਦੇ ਅਧਿਕਾਰੀਆਂ ਨਾਲ ਗੱਲ ਕਰਵਾਈ ਤੇ ਪੁਲ ਦੇ ਨਿਰਮਾਣ ਨੂੰ ਕੁਝ ਦਿਨਾਂ ਲਈ ਰੋਕ ਦਿੱਤਾ ਗਿਆ ਹੈ ।

ਦੂਜੇ ਪਾਸੇ ਅਥਾਰਟੀ ਦੇ ਅਧਿਕਾਰੀਆਂ ਨੇ ਵੀ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਉਹ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਧਿਆਨ ਰੱਖ ਕੇ ਹੀ ਨਿਰਮਾਣ ਕਰਵਾਉਣਗੇ। ਉਧਰ ਕਿਸਾਨਾਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪੁਲ ਦੀ ਉਚਾਈ ਵਧਾਈ ਨਾ ਗਈ ਤਾਂ ਉਹ ਪੁਲ ਨੂੰ ਕਿਸੇ ਵੀ ਕੀਮਤ 'ਤੇ ਬਣਨ ਨਹੀਂ ਦੇਣਗੇ । ਉਕਤ ਥਾਂ ਤੇ ਪਿੰਡ ਤਾਲਾਪੁਰ, ਡਹਿਰ, ਮੁੰਡੀਆਂ, ਸ਼ਾਤਪੁਰ, ਗਧਰਾਮ ਖੁਰਦ ਅਤੇ ਗੱਗੋ ਆਦਿ ਪਿੰਡਾਂ ਦੇ ਕਿਸਾਨਾਂ ਵੱਲੋਂ ਪੁੱਜ ਕੇ ਵਿਰੋਧ ਕੀਤਾ ਗਿਆ । ਇਸ ਮੌਕੇ ਸਾਧੂ ਸਿੰਘ, ਕੁਲਦੀਪ ਸਿੰਘ, ਬਹਾਦਰ ਸਿੰਘ ਅਤੇ ਪਰਮਜੀਤ ਸਿੰਘ ਆਦਿ ਹਾਜ਼ਰ ਸਨ ।

# ਅਫੀਮ ਤੇ 100 ਟਰਾਮਾਡੋਲ ਨਸ਼ੀਲੀਆਂ ਗੋਲੀਆਂ ਸਮੇਤ ਚਾਰ ਕਾਬੂ

**ਜਲੰਧਰ( ਸ਼ੈਲੀ ਐਲਬਰਟ)**-ਨਸ਼ਾ ਤਸਕਰਾਂ ਖਿਲਾਫ ਜਾਰੀ ਮੁਹਿੰਮ ਨੂੰ ਜਾਰੀ ਰੱਖਦੇ ਹੋਏ ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਸ ਨੇ 1.5 ਕਿਲੋ ਅਫੀਮ ਅਤੇ 100 ਟਰਾਮਾਡੋਲ ਨਸ਼ੀਲੀਆਂ ਗੋਲੀਆਂ ਸਮੇਤ ਚਾਰ ਤਸਕਰਾਂ ਨੂੰ ਕਾਬੂ ਕੀਤਾ ਹੈ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਪੁਲਸ ਵੱਲੋਂ ਸ਼ਹਿਰ ਵਿੱਚ ਨਸ਼ਿਆਂ ਵਿਰੁੱਧ ਮੁਹਿੰਮ ਵਿੱਢੀ ਗਈ ਹੈ। ਉਨ੍ਹਾਂ ਦੱਸਿਆ ਕਿ ਸ਼ਨੀਵਾਰ ਸ਼ਾਮ ਨੂੰ ਸਪੈਸ਼ਲ ਸੈੱਲ ਦੀ ਟੀਮ ਵੱਲੋਂ ਗਸ਼ਤ ਦੌਰਾਨ ਕਮਿਸ਼ਨਰੇਟ ਨੇ ਇੱਕ ਹੌਂਡਾ ਅਮੇਜ ਕਾਰ ਨੂੰ ਰੋਕਿਆ ਤਾਂ ਕਾਰ ਚਾਲਕ ਨੇ ਕਾਹਲੀ ਨਾਲ ਇੱਕ ਕਾਲੇ ਰੰਗ ਦਾ ਪੋਲੀਥੀਨ ਬੈਗ ਸੜਕ 'ਤੇ ਸੁੱਟ ਦਿੱਤਾ। ਸਵਪਨ ਸ਼ਰਮਾ ਨੇ ਦੱਸਿਆ ਕਿ ਪੁਲਸ ਟੀਮ ਨੇ ਸੁੱਟੇ ਗਏ ਪੋਲੀਥੀਨ ਬੈਗ ਦੀ ਜਾਂਚ ਕਰਨ 'ਤੇ ਡੇਢ ਕਿਲੋ ਅਫੀਮ ਬਰਾਮਦ ਕੀਤੀ, ਜਿਸ ਤੋਂ ਬਾਅਦ ਹਰਜੀਤ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਪਿੰਡ ਬੁਤਾਲਾ ਰਾਜਪੁਰ, ਨੇੜੇ ਬਿਆਸ ਅੰਮ੍ਰਿਤਸਰ ਅਤੇ ਦਵਿੰਦਰ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਪਿੰਡ ਬੁਤਾਲਾ ਰਾਜਪੁਰ, ਨੇੜੇ ਬਿਆਸ ਅੰਮ੍ਰਿਤਸਰ ਨੂੰ ਗ੍ਰਿਫਤਾਰ ਕੀਤਾ ਗਿਆ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਫੜੇ ਗਏ ਦੋਵੇਂ ਦੋਸ਼ੀਆਂ ਦਾ ਕੋਈ ਅਪਰਾਧਿਕ ਪਿਛੋਕੜ ਨਹੀਂ ਹੈ ਅਤੇ ਪੁਲਸ ਨੇ ਥਾਣਾ ਕੈਂਟ ਜਲੰਧਰ ਵਿਖੇ ਐਫ.ਆਈ.ਆਰ ਦਰਜ ਕੀਤੀ ਹੈ। ਇਸੇ ਤਰ੍ਹਾਂ ਉਨ੍ਹਾਂ ਦੱਸਿਆ ਕਿ ਸਪੈਸ਼ਲ ਸੈੱਲ ਦੀ ਇਕ



ਹੋਰ ਟੀਮ ਨੇ ਗੁਰੂ ਨਾਨਕਪੁਰਾ ਰੇਲਵੇ ਕਰਾਸਿੰਗ 'ਤੇ ਟੀ ਪੁਆਇੰਟ ਰੇਲਵੇ ਕੁਆਰਟਰ ਨੇੜੇ ਦੋ ਨੌਜਵਾਨਾਂ ਨੂੰ ਉਨ੍ਹਾਂ ਵੱਲ ਆਉਂਦੇ ਦੇਖਿਆ। ਸਵਪਨ ਸ਼ਰਮਾ ਨੇ ਦੱਸਿਆ ਕਿ ਪੁਲਸ ਨੇ ਸ਼ੱਕ ਦੇ ਆਧਾਰ 'ਤੇ ਨੌਜਵਾਨਾਂ ਦੀ ਚੈਕਿੰਗ ਕੀਤੀ ਤਾਂ ਉਨ੍ਹਾਂ ਕੋਲੋਂ ਪੋਲੀਥੀਨ ਦੇ ਪੈਕੇਟਾਂ 'ਚੋਂ 50-50 ਨਸ਼ੀਲੀਆਂ ਗੋਲੀਆਂ ਅਤੇ ਟਰਾਮਾਡੋਲ ਦੀਆਂ 100 ਗੋਲੀਆਂ ਬਰਾਮਦ ਹੋਈਆਂ।

ਪੁਲਸ ਕਮਿਸ਼ਨਰ ਨੇ ਦੱਸਿਆ ਕਿ ਦੋਵਾਂ ਨੌਜਵਾਨਾਂ ਦੀ ਪਛਾਣ ਦੀਪਕ ਕੁਮਾਰ ਉਰਫ ਦੀਪੂ ਪੁੱਤਰ ਮਿਸਰੀ ਲਾਲ ਵਾਸੀ ਸਟਾਰ ਪੈਰਾਡਾਈਜ਼ ਕਾਲੋਨੀ ਨੇੜੇ ਸ਼ਿਵ ਮੰਦਰ ਲੰਮਾ ਪਿੰਡ ਜਲੰਧਰ ਅਤੇ ਅਜੀਤ ਸਿੰਘ ਉਰਫ ਰਾਜੂ ਪੁੱਤਰ ਅਵਤਾਰ ਸਿੰਘ ਵਾਸੀ ਐਚ.ਐਨ.121 ਕਾਕੀ ਪਿੰਡ ਨੇੜੇ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਦੋਵਾਂ ਦੋਸ਼ੀਆਂ ਖਿਲਾਫ ਥਾਣਾ ਨਿਊ ਬਾਰਾਦਰੀ ਜਲੰਧਰ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

ਸ਼ਰਮਾ ਨੇ ਦੱਸਿਆ ਕਿ ਦੀਪੂ ਖਿਲਾਫ ਐਨ ਡੀ ਪੀ ਐਸ ਅਤੇ ਜਾਅਲਸਾਜ਼ੀ ਦੇ ਗੰਭੀਰ ਦੋਸ਼ਾਂ ਤਹਿਤ ਨੌਂ ਐਫ ਆਈ ਆਰਜ਼ ਪਹਿਲਾਂ ਹੀ ਜਲੰਧਰ, ਕਪੂਰਥਲਾ ਅਤੇ ਹੁਸ਼ਿਆਰਪੁਰ ਦੇ ਥਾਣਿਆਂ ਵਿੱਚ ਪੈਂਡਿੰਗ ਹਨ ਜਦੋਂਕਿ ਅਜੀਤ ਸਿੰਘ ਉਰਫ ਰਾਜੂ ਖਿਲਾਫ ਪਟਿਆਲਾ ਵਿੱਚ ਐਨ ਡੀ ਪੀ ਐਸ ਦੀਆਂ ਧਾਰਾਵਾਂ ਤਹਿਤ ਇੱਕ ਐਫ ਆਈ ਆਰ ਲੰਬਿਤ ਹੈ।

# ਜਲੰਧਰ ਦੇ ਪੰਜ ਜਿਗਰੀ ਯਾਰਾਂ ਦਾ ਅੰਤਮ ਸੰਸਕਾਰ

**ਜਲੰਧਰ (ਸੁਰਿੰਦਰ ਕੁਮਾਰ)**- ਜਲੰਧਰ ਦੇ ਪੰਜ ਲੜਕਿਆਂ ਦੀ ਜਲੰਧਰ ਪਠਾਨਕੋਟ ਜੀ ਟੀ ਰੋਡ 'ਤੇ ਹੋਈ ਦਰਦ ਭਰੀ ਕਾਰ-ਟਰੱਕ ਹਾਦਸੇ 'ਚ ਮੌਤ ਤੋਂ ਬਾਅਦ ਪੂਰੇ ਇਲਾਕੇ 'ਚ ਸੋਗ ਦੀ ਲਹਿਰ ਫੈਲ ਗਈ। ਇਨ੍ਹਾਂ ਲੜਕਿਆਂ ਵਿੱਚ ਅੰਕਿਤ, ਰਿਸ਼ਵ, ਇੰਦਰਜੀਤ, ਸੁਰਜੀਤ ਤੇ ਰਾਜੂ ਸ਼ਾਮਲ ਸਨ। ਇਨ੍ਹਾਂ ਵਿੱਚੋਂ ਚਾਰ ਭਾਰਗੋ ਕੈਂਪ ਇਲਾਕੇ ਦੇ ਰਹਿਣ ਵਾਲ ਤੇ ਪੰਜਵਾਂ ਲੜਕਾ ਘਾਹ ਮੰਡੀ ਦਾ ਨਿਵਾਸੀ ਸੀ। ਇਨ੍ਹਾਂ ਦੇ ਪਰਵਾਰਾਂ ਨੂੰ ਪੋਸਟਮਾਸਟਮ ਕਰਵਾਉਣ ਤੋਂ ਬਾਅਦ ਪੁਲਸ ਨੇ ਲਾਸ਼ਾਂ ਅੰਤਿਮ ਸੰਸਕਾਰ ਲਈ ਸੌਂਪੀਆਂ ਸਨ। ਇਹ ਹਾਦਸਾ ਸ਼ੁੱਕਰਵਾਰ ਦੀ ਰਾਤ 9 ਵਜੇ ਉਸ ਸਮੇਂ ਵਾਪਰਿਆ ਜਦੋਂ ਇਹ ਪੰਜੇ ਦੋਸਤ ਇਕ ਸਮਾਗਮ ਵਿੱਚ ਮਿਲਣ ਤੋਂ ਬਅਾਦ ਇੱਕ ਗੱਡੀ ਵਿੱਚ ਸਵਾਰ ਹੋ ਕੇ ਜਲੰਧਰ ਨੂੰ ਆ ਰਹੇ ਸਨ। ਦਸੂਹਾ ਨੇੜੇ ਇਹ ਹਾਦਸਾ ਇਨ੍ਹਾਂ ਦੀ ਕਾਰ ਟਰੱਕ ਵਿੱਚ ਟਕਰਾਉਣ ਕਰਕੇ ਲੱਗੀ ਅੱਗ ਵਿੱਚ ਚਾਰੇ ਦੇ ਮਾਰੇ ਜਾਣ ਦਾ ਵਾਪਰਿਆ। ਜਿਹੜੀ ਗੱਡੀ ਹਾਦਸੇ ਦਾ ਸ਼ਿਕਾਰ ਹੋਈ ਰਿਸ਼ਵ ਦੀ ਸੀ। ਉਹ ਉਸ ਨੂੰ ਖੁਦ ਹੀ ਚਲਾ ਰਿਹਾ ਸੀ। ਟੱਕਰ ਲੱਗਣ ਤੋਂ ਬਾਅਦ ਇਸ ਗੱਡੀ ਵਿੱਚ ਲੱਗਾ ਸੀ ਐਨ ਜੀ ਗੈਸ ਦਾ ਸਿਲੰਡਰ ਬਲਾਸਟ ਹੋ ਗਿਆ ਤੇ ਇਸ ਗੱਡੀ 'ਚ ਅੱਗ ਇੱਕਦਮ ਫੈਲ ਗਈ ਜਿਹੜੀ ਪੰਜਾਂ ਦੋਸਤਾਂ ਦੀ ਮੌਤ ਦਾ ਕਾਰਨ ਬਣੀ। ਤਿੰਨਾਂ ਦੀ ਥਾਂ 'ਤੇ ਹੀ ਮੌਤ ਹੋ ਗਈ ਤੇ ਦੋ ਦੀ ਹਸਪਤਾਲ ਲਿਜਾਂਦਿਆਂ ਮੌਤ ਹੋਈ। ਪੰਜੇ ਬੁਰੀ ਤਰ੍ਹਾਂ ਸੜ ਚੁੱਕੇ ਸਨ। ਇਨ੍ਹਾ ਨੌਜਵਾਨਾਂ ਨੇ ਇਹ ਭਿਆਨਕ ਹਾਦਸਾ ਹੋਣ ਤੋਂ ਪਹਿਲਾਂ 20 ਮਿੰਟ ਪਹਿਲਾਂ ਇੱਕ ਆਪਣੀ ਵੀਡਿਉ ਵੀ ਪਾਈ ਜਿਸ ਵਿੱਚ ਗੱਡੀ ਦੀ ਸਪੀਡ 130 ਕਿਲੋਮੀਟਰ ਦਿਖਾਈ ਸੀ। ਜਿਹੜੀ ਮੌਤ ਦਾ ਕਾਰਨ ਬਣੀ ਤੇ ਇਸ ਵਿੱਚ ਪੰਜ ਘਰਾਂ ਦੇ ਚਿਰਾਗ ਬੁਝ ਗਏ।

# ਸਪੋਰਟਸ ਕਲੱਬ ਭੁਲਾਣਾ ਵੱਲੋਂ ਗੋਲਡ ਕਬੱਡੀ ਕੱਪ 9 ਨੂੰ





**ਸੁਲਤਾਨਪੁਰ ਲੋਧੀ, ( ਹਨੀ )**- ਸ਼ਹੀਦ ਉਧਮ ਸਿੰਘ ਸਪੋਰਟਸ ਕਲੱਬ ਰਜਿ ਭੁਲਾਣਾ, ਪ੍ਰਵਾਸੀ ਭਾਰਤੀਆਂ ਅਤੇ ਨਗਰ ਨਿਵਾਸੀਆਂ ਦੇ ਸਾਂਝੇ ਸਹਿਯੋਗ ਨਾਲ ਨਾਰਥ ਇੰਡੀਆ ਕਬੱਡੀ ਫੈਡਰੇਸ਼ਨ ਦੀਆਂ 8 ਚੋਟੀ ਦੀਆਂ ਟੀਮਾਂ ਦਾ ਗੋਲਡ ਕਬੱਡੀ ਕੱਪ ਕਰਵਾਇਆ ਜਾ ਰਿਹਾ ਹੈ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਲੱਬ ਪ੍ਰਧਾਨ ਕੁਲਦੀਪ ਟੋਪੂ,ਦੇਵ ਸੁਨੇਹਾ, ਰਣਜੀਤ ਸਿੰਘ ਗੁਰਾਇਆ ਨੇ ਦੱਸਿਆ ਕਿ ਇਹ ਗੋਲਡ ਕਬੱਡੀ ਕੱਪ 9 ਫਰਵਰੀ ਨੂੰ ਪਿੰਡ ਭੁਲਾਣਾ ਵਿਖੇ ਹੋਵੇਗਾ। ਇਸ ਗੋਲਡ ਕਬੱਡੀ ਕੱਪ ਨੂੰ ਕਰਵਾਉਣ ਲਈ ਜਿੱਥੇ ਸੇਵਾ ਸਿੰਘ ਰੰਧਾਵਾ ਪ੍ਰਧਾਨ ਉਨਟਾਰੀਓ ਕਬੱਡੀ ਫੈਡਰੇਸ਼ਨ, ਗੁਰਦੇਵ ਸਿੰਘ ਪੰਛੀ ਯੂ ਐੱਸ ਏ, ਕਾਲਾ ਜਰਮਨੀ, ਬਹਾਦਰ ਸਿੰਘ ਯੂ ਕੇ, ਨੇਕਾ ਮੈਰੀਪੁਰ ਕਬੱਡੀ ਪ੍ਰਮੋਟਰ ਅਹਿਮ ਸਹਿਯੋਗ ਦੇ ਰਹੇ ਹਨ। ਉਥੇ ਹੀ ਇਸ ਗੋਲਡ ਕਬੱਡੀ ਕੱਪ ਦਾ ਉਦਘਾਟਨ ਪ੍ਰਸਿੱਧ ਖੇਡ ਪ੍ਰਮੋਟਰ ਤੇ ਸਮਾਜ ਸੇਵਕ ਹਰਨੇਕ ਸਿੰਘ ਨੇਕਾ ਮੈਰੀਪੁਰ ਕਰਨਗੇ। ਜਦਕਿ ਨਾਰਥ ਇੰਡੀਆ ਕਬੱਡੀ ਫੈਡਰੇਸ਼ਨ ਦੀਆਂ 8 ਚੋਟੀ ਦੀਆਂ ਟੀਮਾਂ ਜੋ ਇਸ ਕੱਪ ਵਿੱਚ ਭਾਗ ਲੈਣਗੀਆਂ ਦੀਆਂ ਜੇਤੂ ਟੀਮਾਂ ਤੇ ਖਿਡਾਰੀਆਂ ਨੂੰ ਅਰਜੁਨਾ ਐਵਾਰਡੀ ਸੱਜਣ ਸਿੰਘ ਚੀਮਾ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਇਨਾਮਾਂ ਦੀ ਵੰਡ ਕਰਨਗੇ।

# ਪੰਜਾਬ ਸਰਕਾਰ ਮੁਲਾਜ਼ਮਾਂ 'ਤੇ ਨਾ ਝਾੜੇ ਪੱਲਾ : ਸੁਨੀਲ ਰਾਣਾ

**ਨੰਗਲ (ਸੁਰਜੀਤ ਢੇਰ)**-ਪੰਜਾਬ ਰੋਡਵੇਜ਼ ਪਨਬੱਸ ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਵਲੋ ਸਾਂਝੇ ਤੌਰ 'ਤੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਪ੍ਰਧਾਨ ਸੁਨੀਲ ਰਾਣਾ ਨੇ ਦੱਸਿਆ ਕਿ ਪਨਬੱਸ ਅਤੇ ਪੀ ਆਰ ਟੀ ਸੀ ਮੁਲਾਜ਼ਮ ਜੋ ਸੂਬੇ ਅੰਦਰ ਨਿਗੂਣੀਆਂ ਤਨਖਾਹਾਂ 'ਤੇ ਲੋਕ ਸੇਵਾਵਾ ਨਿਭਾਅ ਰਹੇ ਹਨ, ਜਿਨ੍ਹਾਂ ਦੇ ਮਸਲੇ ਮੌਜੂਦਾ ਸਰਕਾਰ ਹੱਲ ਨਹੀਂ ਕਰ ਰਹੀ, ਹੁਣ ਮਸਲੇ ਹੱਲ ਕਰਨ ਦੀ ਬਜਾਏ ਪ੍ਰੈੱਸ ਬਿਆਨਾਂ ਵਿੱਚ ਕਿਰਤੀ ਲੋਕਾਂ ਨੂੰ ਬਦਨਾਮ ਕਰਨ 'ਤੇ ਲੱਗੀ ਹੋਈ ਹੈ ਜਿਸ ਵਿੱਚ ਕੱਚੇ ਮੁਲਾਜ਼ਮਾਂ ਨੂੰ ਚੋਰ ਦੱਸਿਆ ਜਾ ਰਿਹਾ ਹੈ ਅਤੇ ਨਜਾਇਜ਼ ਬਦਨਾਮ ਕੀਤਾ ਜਾ ਰਿਹਾ ਹੈ। ਇਸ ਦਾ ਕਾਰਨ ਹੈ 52 ਸਵਾਰੀਆਂ ਬੈਠਾਉਣਾ ਅਤੇ ਸਰਕਾਰੀ ਕਾਨੂੰਨ ਅਤੇ ਹਦਾਇਤਾਂ ਅਨੁਸਾਰ ਸਹੂਲਤਾਂ ਦੇ ਕਾਰਨ ਸਰਕਾਰ ਆਪਣੀ ਨਾਕਾਮੀ ਨੂੰ ਮੁਲਾਜ਼ਮਾਂ ਨੂੰ ਬਦਨਾਮ ਕਰਕੇ ਪੱਲਾ ਝਾੜ ਰਹੀ ਹੈ ਕਿਉਂਕਿ ਪਿਛਲੇ 2 ਸਾਲਾਂ ਵਿੱਚ 500 ਦੇ ਕਰੀਬ ਸਰਕਾਰੀ ਬੱਸਾਂ ਕੰਡਮ ਹੋਈਆਂ ਹਨ। ਸਰਕਾਰ ਤੋਂ ਜੋ ਫਰੀ ਸਫਰ ਦਾ ਪੈਸਾ ਲੈਣਾ ਹੈ ਨਾ ਤਾਂ ਸਮੇਂ ਸਿਰ ਉਹ ਦਿੱਤਾ ਗਿਆ ਉਲਟ ਪੀ.ਆਰ.ਟੀ.ਸੀ ਵਿੱਚ ਕਿਲੋਮੀਟਰ ਸਕੀਮ ਤਹਿਤ ਬੱਸਾਂ ਪਾ ਕੇ ਪ੍ਰਾਈਵੇਟ ਕਾਰਪੋਰੇਟ ਨੂੰ ਜ਼ਿਆਦਾ ਫਾਇਦਾ ਦਿੱਤਾ ਗਿਆ । ਸਰਕਾਰ ਵਿਭਾਗਾਂ 'ਚ ਨਵੀਆਂ ਬੱਸਾਂ ਪਾਉਣ ਅਤੇ ਪੰਜਾਬ ਦੇ ਲੋਕਾਂ ਨੂੰ ਨਵੀਆਂ ਸਰਕਾਰੀ ਬੱਸਾਂ ਸਰਵਿਸ ਦੇਣ ਦੀ ਬਜਾਏ ਮੁਲਾਜ਼ਮਾਂ ਨੂੰ ਚੋਰ ਅਤੇ ਨਜਾਇਜ਼ ਬਲੈਕਮੇਲਿੰਗ ਵਰਗੇ ਇਲਜ਼ਾਮ ਲਗਾ ਕੇ ਸਰਕਾਰ ਅਤੇ ਟਰਾਂਸਪੋਰਟ ਮੰਤਰੀ ਭੱਜ ਰਹੇ ਹਨ। ਅਜਿਹੇ ਬਿਆਨਾਂ ਦੀ ਯੂਨੀਅਨ ਵਲੋਂ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਜਾਂਦੀ ਹੈ। ਦਿਆਲ ਮਾਹੀ ਨੇ ਦੱਸਿਆ ਕਿ ਪੰਜਾਬ ਸਰਕਾਰ ਟਰਾਂਸਪੋਰਟ ਵਿਭਾਗ ਵਿੱਚ ਪਹਿਲਾਂ ਆਪ ਹੀ ਕਾਨੂੰਨ ਬਹਾਲ ਕਰਨ ਦੀ ਗੱਲ ਕਰਦੀ ਹੈ ਅਤੇ ਬਾਅਦ ਵਿੱਚ ਆਪ ਹੀ ਕਾਨੂੰਨ ਦੀਆ ਧੱਜੀਆਂ ਉਡਾਉਣ ਦੀ ਗੱਲ ਕਰਦੀ ਹੈ। ਜਿਸ ਕਾਨੂੰਨ ਦਾ ਮਹਿਕਮੇ ਅਤੇ ਮੁਲਾਜ਼ਮਾਂ ਨੂੰ ਨੁਕਸਾਨ ਹੁੰਦਾ ਹੈ ਉਹ ਪਹਿਲ ਦੇ ਅਧਾਰ 'ਤੇ ਰੋਡਵੇਜ਼ ਪਨਬੱਸ/ਪੀ ਆਰ ਟੀ ਸੀ 'ਤੇ ਲਾਗੂ ਕਰਦੇ ਹਨ ਜਿਵੇਂ ਵੀ ਟੀ ਐਸ ਜਾਂ ਹੋਰ ਸਕੀਮਾਂ ਨੂੰ ਪਹਿਲਾਂ ਜਾਂ ਕੇਵਲ ਪਨਬੱਸ ਪੀ ਆਰ ਟੀ ਸੀ 'ਤੇ ਹੀ ਲਾਗੂ ਕੀਤਾ ਜਾਂਦਾ ਹੈ ਪ੍ਰਾਈਵੇਟ 'ਤੇ ਨਹੀਂ। ਮੰਤਰੀ ਨੇ ਮੀਡੀਆ ਵਿੱਚ ਕਿਹਾ ਹੈ ਮੁਲਾਜ਼ਮ ਚੋਰੀ ਕਰਦੇ ਹਨ ਅਤੇ ਓਵਰਲੋਡ ਕਾਰਨ ਕਿਸੇ ਦਾ ਨੁਕਸਾਨ ਨਹੀਂ ਹੋਇਆ। ਸੈਂਕੜੇ ਬੱਸਾਂ ਦੇ ਟਾਇਰ ਪਾਟਣ, ਲੋਕਾਂ ਨੂੰ ਸੱਟਾਂ ਲੱਗਣ ਅਤੇ ਡਿੱਗਣ ਕਾਰਨ ਮੌਤ ਜਾਂ ਸੱਟਾਂ ਲੱਗਣ ਵਾਲਿਆਂ ਦੀ ਗਿਣਤੀ ਬਹੁਤ ਹੈ। ਯੂਨੀਅਨ ਦੇ ਆਗੂਆਂ ਨੇ ਕਿਹਾ ਸਰਕਾਰ ਵਲੋਂ ਜਥੇਬੰਦੀ ਨੂੰ ਮੀਟਿੰਗਾਂ ਦਿੱਤੀਆਂ ਗਈਆਂ ਹਨ ਉਸ ਵਿੱਚ ਸਮੂਹ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇ, 10 ਹਜ਼ਾਰ ਸਰਕਾਰੀ ਬੱਸਾਂ ਕੀਤੀਆ ਜਾਣ। ਜੇਕਰ ਹੱਲ ਨਾ ਕੀਤਾ ਗਿਆ ਤਾਂ ਤਿੱਖਾ ਸੰਘਰਸ਼ ਕੀਤਾ ਜਾਵੇਗਾ।

# ਸ੍ਰੀ ਗੁਰੂ ਰਵਿਦਾਸ ਪ੍ਰਕਾਸ਼ ਪੁਰਬ ਸੰਬੰਧੀ ਪੋਸਟਰ ਰਿਲੀਜ਼



**ਅੱਡਾ ਸਰਾਂ (ਕਾਜਲ )**-ਸ੍ਰੀ ਗੁਰੂ ਰਵਿਦਾਸ ਜੀ ਦਾ 647 ਵਾਂ ਪ੍ਰਕਾਸ਼ ਪੁਰਬ ਪਿੰਡ ਕੰਧਾਲਾ ਜੱਟਾਂ ਵਿਖੇ 24 ਫਰਵਰੀ ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ । ਜਿਸ ਸਬੰਧ ਵਿਚ ਮਹਾਨ ਨਗਰ ਕੀਰਤਨ ਅਤੇ ਕੀਰਤਨ ਦਰਬਾਰ ਕਰਵਾਇਆ ਜਾਵੇਗਾ । ਇਸ ਸਬੰਧੀ ਸ੍ਰੀ ਗੁਰੂ ਰਵਿਦਾਸ ਸਭਾ ਰਜਿ. ਕੰਧਾਲਾ ਜੱਟਾਂ ਵੱਲੋਂ ਨਗਰ ਦੀ ਸਮੂਹ ਸੰਗਤ ਦੀ ਮੌਜੂਦਗੀ ਵਿਚ ਅੱਜ ਪੋਸਟਰ ਅਤੇ ਪ੍ਰੋਗਰਾਮ ਪੱਤਰ ਰਿਲੀਜ਼ ਕੀਤਾ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਕੈਪਟਨ ਹਰੀ ਓਮ ਸਿੰਘ ਨੇ ਦੱਸਿਆ ਕਿ ਗੁਰਪੁਰਬ ਸਬੰਧੀ 16 ਫਰਵਰੀ ਤੋਂ 22 ਫਰਵਰੀ ਤੱਕ 7 ਪ੍ਰਭਾਤ ਫੇਰੀਆਂ ਕੱਢੀਆਂ ਜਾਣੀਆਂ ਹਨ। ਲੜੀਵਾਰ ਸ੍ਰੀ ਅਖੰਡ ਪਾਠ ਸਾਹਿਬ 18 ਫਰਵਰੀ ਤੋਂ 20 ਫਰਵਰੀ ਅਤੇ 20 ਫਰਵਰੀ ਤੋਂ 22 ਫਰਵਰੀ, 22 ਫਰਵਰੀ ਤੋਂ 24 ਫਰਵਰੀ ਨੂੰ ਪੂਰੇ ਨਗਰ ਦੀਆਂ ਸੰਗਤਾਂ ਵੱਲੋਂ ਕਰਵਾਏ ਜਾ ਰਹੇ ਹਨ ।23 ਫਰਵਰੀ ਨੂੰ ਮਹਾਨ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਸਜਾਇਆ ਜਾਵੇਗਾ। ਨਗਰ ਕੀਰਤਨ ਦੀ ਆਰੰਭਤਾ ਸਵੇਰੇ 9 ਵਜੇ ਹੋ ਜਾਵੇਗੀ ਅਤੇ ਸਮਾਪਤੀ ਲਗਭਗ 5 ਵਜੇ ਕੀਤੀ ਜਾਵੇਗੀ।

ਜਿਸ ਦੌਰਾਨ ਪਿੰਡ ਦਰੀਆ, ਨਗਰ ਕੰਧਾਲਾ ਜੱਟਾਂ ਵਿਖੇ ਵੱਖ ਵੱਖ ਪੜਾਵਾਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਜਾਵੇਗਾ । ਜਿਸ ਵਿਚ ਨਿਰਮਲੇ ਸੰਤ ਬਾਬਾ ਮੱਖਣ ਸਿੰਘ ਦਰੀਆ ਅਤੇ ਪੰਥ ਦੇ ਪ੍ਰਸਿੱਧ ਅੰਤਰਰਾਸਟਰੀ ਗੋਲਡ ਮੈਡਲ ਢਾਡੀ ਜੱਥਾ ਜਸਪਾਲ ਸਿੰਘ ਤਾਨ ਫਤਿਹਗੜ੍ਹ ਸਾਹਿਬ ਵਾਲੇ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਨਗੇ। ਉਨ੍ਹਾਂ ਦੱਸਿਆ ਕਿ 20 ਫਰਵਰੀ ਤੋਂ ਰਾਤਰੀ ਦੇ ਦੀਵਾਨਾਂ ਦੀ ਆਰੰਭਤਾ ਹੋ ਜਾਣੀ ਹੈ ਜਿਸ ਵਿਚ 20 ਫਰਵਰੀ ਨੂੰ ਭਾਈ ਸੁਖਵਿੰਦਰ ਸਿੰਘ ਓਡਰੇ ਦਸੂਹੇ ਵਾਲੇ, 21 ਫਰਵਰੀ ਨੂੰ ਭਾਈ ਮਲਕੀਤ ਸਿੰਘ ਖਾਨਪੁਰ ਥਿਆੜੇ ਵਾਲੇ ਅਤੇ 22 ਫਰਵਰੀ ਨੂੰ ਭਾਈ ਮਨਜਿੰਦਰ ਸਿੰਘ ਰਾਇਪੁਰ ਰਸੂਲਪੁਰ ਜਲੰਧਰ ਵਾਲਿਆਂ ਦਾ ਜਥਾ ਹਾਜ਼ਰੀ ਭਰੇਗਾ। 24 ਫਰਵਰੀ ਨੂੰ ਸ੍ਰੀ ਅਖੰਡ ਪਾਠ ਦੇ ਭੋਗ ਉਪਰੰਤ ਸਵੇਰ ਤੋਂ ਰਾਤ ਤੱਕ ਮਹਾਨ ਕੀਰਤਨ ਦਰਬਾਰ ਕਰਵਾਇਆ ਜਾਵੇਗਾ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਉਪ ਪ੍ਰਧਾਨ ਸੂਬੇਦਾਰ ਬਖ਼ਸ਼ੀਸ਼ ਸਿੰਘ, ਸਰਪੰਚ ਜੋਗਿੰਦਰ ਸਿੰਘ ਹੀਰ, ਸੂਬੇਦਾਰ ਅਰਜਿੰਦਰ ਸਿੰਘ, ਥਾਣੇਦਾਰ ਹਰਦੀਪ ਸਿੰਘ , ਸੂਬੇਦਾਰ ਤਰਸੇਮ ਸਿੰਘ, ਖਜ਼ਾਨਚੀ ਹਰਭਜਨ ਸਿੰਘ, ਮਨਦੀਪ ਸਿੰਘ, ਦੇਸ ਰਾਜ, ਅਮਰੀਕ ਸਿੰਘ, ਜਗਪ੍ਰੀਤ ਸਿੰਘ, ਕੁਲਵਿੰਦਰ ਸਿੰਘ, ਜਸਵੀਰ ਸਿੰਘ ਲੱਕੀ, ਹਰਦੇਵ ਸਿੰਘ ਗੁਰਮੇਲ ਸਿੰਘ, ਧਰਮ ਸਿੰਘ, ਬਲਵਿੰਦਰ ਸਿੰਘ, ਚਰਨਜੀਤ ਪੜਬੱਗਾ, ਸੁਖਵਿੰਦਰ ਸਿੰਘ, ਅਮਰਜੀਤ ਸਿੰਘ, ਗੁਰਦੇਵ ਸਿੰਘ, ਜਯੰਤ ਹੀਰ, ਸੰਦੀਪ ਸਿੰਘ, ਦਵਿੰਦਰ ਸਿੰਘ,ਹਰਪ੍ਰੀਤ ਸਿੰਘ, ਗੁਰਨਾਮ ਸਿੰਘ ,ਲਵਪ੍ਰੀਤ ਸਿੰਘ, ਜਸਕਰਨ ਸਿੰਘ, ਕੁਲਵੰਤ ਸਿੰਘ, ਸੁੱਖੀ ਬਹਿਰੀਨ ਅਤੇ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

# ਕੇਂਦਰ ਸਰਕਾਰ ਦੀ ਵਾਅਦਾ-ਖਿਲਾਫੀ ਵਿਰੁੱਧ ਟਰੈਕਟਰ ਪਰੇਡ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ )**- ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ 26 ਜਨਵਰੀ ਨੂੰ ਕੇਂਦਰ ਸਰਕਾਰ ਦੀ ਵਾਧਾ ਖਿਲਾਫੀ ਕਾਰਨ ਕਿਰਤੀ ਕਿਸਾਨ ਯੂਨੀਅਨ ਵੱਲੋ ਸੈਂਕੜਿਆਂ ਦੀ ਗਿਣਤੀ ਵਿਚ ਟਰੈਕਟਰ ਪਰੇਡ ਨੂਰਮਹਿਲ ਤੋਂ ਸ਼ੁਰੂ ਕੀਤੀ ਗਈ। ਜਿਸ ਵਿੱਚ ਇਕ ਵੱਡਾ ਕਾਫਲਾ ਪਿੰਡ ਮੁਆਈ ਤੋਂ ਅਤੇ ਫਿਲੌਰ ਤੋਂ ਟਰੈਕਟਰ, ਟਰੱਕਾਂ ਸਮੇਤ ਕਿਰਤੀ ਕਿਸਾਨ ਯੂਨੀਅਨ ਦੇ ਵਰਕਰ ਭਾਰੀ ਗਿਣਤੀ ਵਿੱਚ ਹਾਜ਼ਰ ਹੋਏ। ਇਹ ਕਾਫਲਾ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੰਤੋਖ ਸਿੰਘ ਸੰਧੂ ਦੀ ਅਗਵਾਈ ਹੇਠ ਚੱਲਿਆ ਜੋ ਲਾਡੋਵਾਲ ਟੋਲ ਪਲਾਜ਼ਾ 'ਤੇ ਜਾ ਕੇ ਸਮਾਪਤ ਕੀਤਾ ਗਿਆ। ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਕੀਤੇ ਸਮਝੌਤੇ ਅਨੁਸਾਰ ਐਮ ਐੱਸ ਪੀ ਦੀ ਗਰੰਟੀ ਕਾਨੂੰਨ ਬਣਾਇਆ ਜਾਵੇ ਅਤੇ ਲਖੀਮਪੁਰ ਖੀਰੀ ਕਾਂਡ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿੱਤੀਆਂ ਜਾਣ , ਕਿਸਾਨ ਆਗੂਆਂ 'ਤੇ ਦਰਜ ਝੂਠੇ ਪਰਚੇ ਰੱਦ ਕੀਤੇ ਜਾਣ । ਮਾਰਚ ਵਿੱਚ ਕਿਰਤੀ ਕਿਸਾਨ ਯੂਨੀਅਨ ਜ਼ਿਲਾ ਸਕੱਤਰ ਗੁਰਕਮਲ ਸਿੰਘ ਖਜ਼ਾਨਚੀ, ਸੁਰਿੰਦਰ ਸਿੰਘ, ਗੁਰਨਾਮ ਸਿੰਘ, ਤੱਗੜ, ਤਰਪ੍ਰੀਤ ਸਿੰਘ ਉੱਪਲ, ਹਰਦੀਪ ਸਿੰਘ ਯੂਥ ਆਗੂ, ਸੁਰਜੀਤ ਸਿੰਘ ਸਮਰਾ, ਅਵਤਾਰ ਸਿੰਘ ਸੰਧੂ, ਰਣਜੀਤ ਸਿੰਘ ਪ੍ਰਧਾਨ ਟਰੱਕ ਯੂਨੀਅਨ ਫਿਲੌਰ ਹਾਜ਼ਰ ਸਨ।

# ਸਾਥੀ ਹਰਬੰਸ ਸਿੰਘ ਮਿੱਠੂ ਦੀ ਅੰਤਮ ਅਰਦਾਸ ਭਲਕੇ

**ਜਲੰਧਰ** : ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਅਤੇ ਸੀ ਪੀ ਐਮ ਪੰਜਾਬ ਦੀ ਬਠਿੰਡਾ ਜ਼ਿਲ੍ਹੇ ਅੰਦਰ ਸਥਾਪਨਾ ਕਰਨ ਵਾਲੇ ਮੋਢੀ ਆਗੂਆਂ ਚੋਂ ਇਕ ਸਾਥੀ ਹਰਬੰਸ ਸਿੰਘ ਮਿੱਠੂ ਵਾਸੀ ਜਿਉਂਦ ਸੰਖੇਪ ਬਿਮਾਰੀ ਉਪਰੰਤ ਸਦੀਵੀ ਵਿਛੋੜਾ ਦੇ ਗਏ। ਆਪ ਮਰਹੂਮ ਕਾਮਰੇਡ ਸੁਰਜੀਤ ਗਿੱਲ ਦੀ ਪ੍ਰੇਰਨਾ ਸਦਕਾ ਕਮਿਊਨਿਸਟ ਲਹਿਰ ਸੰਗ ਜੁੜੇ ਸਨ ਅਤੇ ਉਨ੍ਹਾਂ ਆਪਣੇ ਜੀਵਨ ਦੇ ਲਗਭਗ ਸਾਢੇ ਚਾਰ ਦਹਾਕੇ ਲੋਕ ਘੋਲਾਂ ਦੇ ਲੇਖੇ ਲਾਏ। ਸੀ ਪੀ ਆਈ (ਐਮ) ਦੇ ਮੁੱਖ ਪਰਚੇ 'ਲੋਕ ਲਹਿਰ' ਦੇ ਸ਼ੁਰੂਆਤੀ ਦਿਨਾਂ 'ਚ ਆਪ ਨੇ ਜਲੰਧਰ ਸੂਬਾਈ ਦਫਤਰ ਵਿਖੇ ਰਹਿ ਕੇ ਪਰਚਾ ਨੂੰ ਪੱਕੇ ਪੈਰੀਂ ਕਰਨ ਵਾਲੀ ਮੁਢਲੀ ਟੀਮ ਨਾਲ ਜੁੜ ਕੇ ਮਿਸਾਲੀ ਸੇਵਾਵਾਂ ਦਿੱਤੀਆਂ ਸਨ। ਆਪ ਨੇ ਨੌਜਵਾਨ ਸਭਾ ਪੰਜਾਬ ਅਤੇ ਡੀ ਵਾਈ ਐਫ ਆਈ ਦੀ ਕਾਇਮੀ ਅਤੇ ਮਜ਼ਬੂਤੀ 'ਚ ਵੀ ਵਡੇਰਾ ਯੋਗਦਾਨ ਪਾਇਆ ਸੀ। ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ, ਪੰਜਾਬ ਰਾਜ ਕਮੇਟੀ ਦੇ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ, ਕੇਂਦਰੀ ਕਮੇਟੀ ਦੇ ਮੈਂਬਰ ਸਾਥੀ ਮਹੀਪਾਲ, ਬਠਿੰਡਾ-ਮਾਨਸਾ ਜ਼ਿਲ੍ਹਾ ਕਮੇਟੀ ਦੇ ਸਕੱਤਰ ਸਾਥੀ ਲਾਲ ਚੰਦ ਸਰਦੂਲਗੜ੍ਹ ਨੇ ਸਾਥੀ ਹਰਬੰਸ ਸਿੰਘ ਮਿੱਠੂ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਉਨ੍ਹਾਂ ਦੇ ਸਪੁੱਤਰ ਸੁਖਪਾਲ ਸ਼ਰਮਾ ਅਤੇ ਪਰਵਾਰ ਨਾਲ ਸੰਵੇਦਨਾਵਾਂ ਸਾਂਝੀਆਂ ਕੀਤੀਆਂ ਹਨ। ਸਾਥੀ ਹਰਬੰਸ ਸਿੰਘ ਮਿੱਠੂ ਦੀ ਅੰਤਮ ਅਰਦਾਸ 30 ਜਨਵਰੀ ਮੰਗਲਵਾਰ ਨੂੰ ਬਾਅਦ ਦੁਪਹਿਰ 12-30 ਵਜੇ ਪਿੰਡ ਜਿਉਂਦ ਦੇ ਗੁਰਦੁਆਰਾ ਸਾਹਿਬ ਵਿਖੇ ਹੋਵੇਗੀ।

# ਕੰਗ ਜਗੀਰ ਦੇ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਨੂੰ ਜਨਰੇਟਰ ਭੇਟ

**ਫਿਲੌਰ (ਨਿਰਮਲ)**- ਸ੍ਰੀਮਤੀ ਸਾਰਾ ਸੰਧੂ ਪਤਨੀ ਬਲਵੀਰ ਸੰਧੂ ਹਾਲ ਵਾਸੀ ਇਟਲੀ ਨੇ ਆਪਣੀ ਸਵ: ਮਾਤਾ ਗਿਆਨ ਕੌਰ ਦੀ ਯਾਦ ਵਿੱਚ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਕੰਗ ਜਗੀਰ ਨੂੰ 20 ਕਿੱਲੋਵਾਟ ਦਾ ਜਨਰੇਟਰ ਭੇਟ ਕੀਤਾ। ਇਸ ਮੌਕੇ ਮਾਸਟਰ ਜਸਪਾਲ ਸੰਧੂ ਨੇ ਦੱਸਿਆ ਕਿ ਇਹ ਪਰਵਾਰ ਲਗਾਤਾਰ ਗੁਰੂ ਘਰ ਨਾਲ ਜੁੜਿਆ ਹੋਇਆ ਹੈ ਅਤੇ ਹਰੇਕ ਸਾਲ ਗੁਰੂ ਘਰ ਦੀ ਕੋਈ ਨਾ ਕੋਈ ਸੇਵਾ ਜ਼ਰੂਰ ਕਰਦੇ ਹਨ। ਪਰਵਾਰ ਦੇ ਇਸ ਕੀਤੇ ਨੇਕ ਉਪਰਾਲੇ ਲਈ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ ਅਤੇ ਨਗਰ ਨਿਵਾਸੀਆਂ ਨੇ ਨੇਕ ਦਿਲ ਪਰਵਾਰ ਦਾ ਧੰਨਵਾਦ ਕੀਤਾ ਅਤੇ ਪ੍ਰਬੰਧਕ ਕਮੇਟੀ ਨੇ ਸਾਰਾ ਸੰਧੂ ਅਤੇ ਬਲਵੀਰ ਸੰਧੂ ਦਾ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਚਾਹ ਪਕੌੜਿਆਂ ਦਾ ਲੰਗਰ ਲਗਾਇਆ ਗਿਆ । ਇਸ ਮੌਕੇ ਸਰਪੰਚ ਰਮੇਸ਼ਵਰ ਨਾਥ, ਸਾਬਕਾ ਸਰਪੰਚ ਭਜਨ ਲਾਲ ਸੰਧੂ, ਕਮੇਟੀ ਪ੍ਰਧਾਨ ਰਾਮ ਸੰਧੂ, ਮਹਿੰਦਰ ਸਿੰਘ ਸੰਧੂ, ਰਜੇਸ਼ ਕੁਮਾਰ ਸੰਧੂ, ਡਾਕਟਰ ਬਿੱਕਰ ਸਿੰਘ ਸੰਧੂ, ਗੁਰਚਰਨ ਦਾਸ ਸੰਧੂ ਅਤੇ ਹੋਰ ਹਾਜ਼ਰ ਸਨ।



# ਪੀ ਸੀ ਐੱਮ ਐੱਸ ਡੀ ਕਾਲਜ 'ਚ 'ਗੁਣਵੱਤਾ ਭਾਰਤ ਸੰਕਲਪ' ਦਾ ਆਯੋਜਨ



**ਜਲੰਧਰ ( ਇਕਬਾਲ ਸਿੰਘ ਉੱਭੀ )**- ਕੁਆਲਿਟੀ ਕੌਂਸਲ ਆਫ ਇੰਡੀਆ ਦੇ ਨਿਰਦੇਸ਼ਾਂ ਅਨੁਸਾਰ ਨੌਜਵਾਨ ਆਬਾਦੀ ਨੂੰ ਜਾਗਰੂਕ ਕਰਨ ਅਤੇ ਉਨ੍ਹਾਂ ਨੂੰ ਯੂਥ ਫਾਰ ਕੁਆਲਿਟੀ ਭਾਰਤ ਮਿਸ਼ਨ 2024 ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਪੀ.ਸੀ.ਐਮ.ਐਸ.ਡੀ ਕਾਲਜ ਫਾਰ ਵੂਮੈਨ ਦੇ ਪੀ ਜੀ ਡਿਪਾਰਟਮੈਂਟ ਆਫ ਕਾਮਰਸ ਐਂਡ ਮੈਨੇਜਮੈਂਟ ਨੇ ਇੱਕ "ਗੁਣਵੱਤਾ ਭਾਰਤ ਸੰਕਲਪ" ਜਾਂ "ਗੁਣਵੱਤਾ ਪੂਰਨ ਭਾਰਤ ਪ੍ਰਤਿਗਿਆ" ਦਾ ਆਯੋਜਨ ਕੀਤਾ। ਇਸ ਵਚਨ ਦੇ ਉਦੇਸ਼ ਜੀਵਨ ਦੇ ਸਾਰੇ ਪਹਿਲੂਆਂ ਵਿੱਚ ਗੁਣਵੱਤਾ ਲਈ ਕੋਸ਼ਿਸ਼ ਕਰਨਾ, 'ਵਿਕਸਿਤ ਭਾਰਤ' ਦੀ ਸਿਰਜਣਾ ਕਰਨਾ, ਇੱਕ ਸਾਫ ਅਤੇ ਹਰਿਆ ਭਰਿਆ ਭਾਰਤ ਲਈ ਚੇਤਨਾ ਨੂੰ ਉਤਸ਼ਾਹਤ ਕਰਨਾ, 'ਵੋਕਲ ਫਾਰ ਲੋਕਲ' ਮੁਹਿੰਮ ਨੂੰ ਗਲੇ ਲਗਾਉਣਾ ਅਤੇ ਉਤਸ਼ਾਹਤ ਕਰਨਾ ਅਤੇ ਸਵਦੇਸੀ ਉਤਪਾਦਾਂ ਦਾ ਸਮਰਥਨ ਕਰਨਾ, ਆਰਥਕ ਵਿਕਾਸ ਨੂੰ ਉਤਸ਼ਾਹਤ ਕਰਨਾ ਸੀ। ਇਸ ਵਿੱਚ ਪੀ ਜੀ ਡਿਪਾਰਟਮੈਂਟ ਆਫ ਕਾਮਰਸ ਐਂਡ ਮੈਨੇਜਮੈਂਟ ਅਤੇ ਪੀ ਜੀ ਡਿਪਾਰਟਮੈਂਟ ਆਫ ਇਕਨੋਮਿਕਸ ਦੇ ਫੈਕਲਟੀ ਮੈਂਬਰਾਂ ਨੇ ਭਾਗ ਲਿਆ। ਰਚਨਾ ਕੁਮਾਰੀ, ਸਹਾਇਕ ਪ੍ਰੋਫੈਸਰ, ਪੀ ਜੀ ਡਿਪਾਰਟਮੈਂਟ ਆਫ ਕਾਮਰਸ ਐਂਡ ਮੈਨੇਜਮੈਂਟ ਨੇ ਸਹੁੰ ਚੁਕਾਈ। ਪੀ ਜੀ ਡਿਪਾਰਟਮੈਂਟ ਆਫ ਕਾਮਰਸ ਐਂਡ ਮੈਨੇਜਮੈਂਟ ਦੇ 76 ਵਿਦਿਆਰਥੀਆਂ ਨੇ ਸਰਗਰਮੀ ਨਾਲ ਭਾਗ ਲਿਆ ਅਤੇ "ਗੁਣਵੱਤਾਪੁਰਾਨ ਭਾਰਤ ਪ੍ਰਤਿਗਿਆ" ਲਈ ਸਹੁੰ ਚੁੱਕੀ। ਇਸ ਮੌਕੇ ਪ੍ਰਧਾਨ ਨਰੇਸ਼ ਬੁਧੀਆ , ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕੀ ਕਮੇਟੀ ਦੇ ਹੋਰ ਮੈਂਬਰਾਂ ਨੇ ਜਾਗਰੂਕਤਾ ਗਤੀਵਿਧੀ ਨੂੰ ਸਫਲਤਾਪੂਰਵਕ ਕਰਵਾਉਣ ਲਈ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ।